ਵੀਰਵਾਰ, 22 ਮਈ, 2025
9 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 351

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • THURSDAY, 22 MAY, 2025 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪ੍ਰੋਫੈਸਰ ਮਹਿਮੂਦਾਬਾਦ ਨੂੰ ਮਿਲੀ ਜ਼ਮਾਨਤ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ 'ਅਪ੍ਰੇਸ਼ਨ ਸਿੰਧੂਰ' ਬਾਰੇ ਕਥਿਤ ਟਿੱਪਣੀਆਂ ਨਾਲ 'ਦੇਸ਼ ਦੀ ਪ੍ਰਭੂਸੱਤਾ, ਏਕਤਾ ਤੇ ਅਖੰਡਤਾ ਨੂੰ ਖਤਰੇ ਵਿਚ ਪਾਉਣ ਬਦਲੇ' ਗ੍ਰਿਫਤਾਰ ਕੀਤੇ ਅਸ਼ੋਕਾ ਯੂਨੀਵਰਸਿਟੀ ਦੇ ਐਸੋਸੀਏਟ ਪ੍ਰੋਫੈਸਰ ਅਲੀ ਖਾਨ ਮਹਿਮੂਦਾਬਾਦ ਖਿਲਾਫ ਆਈ ਜੀ ਪੀ ਦੀ ਅਗਵਾਈ ਹੇਠ ਵਿਸ਼ੇਸ਼ ਜਾਂਚ ਦੇ ਹੁਕਮ ਦਿੱਤੇ ਹਨ। ਜਸਟਿਸ ਸੂਰੀਆ ਕਾਂਤ ਤੇ ਜਸਟਿਸ ਕੋਟੀਸ਼ਵਰ ਸਿੰਘ ਦੀ ਬੈਂਚ ਨੇ ਹਾਲਾਂਕਿ ਮਹਿਮੂਦਾਬਾਦ ਨੂੰ ਅੰਤਰਮ ਜ਼ਮਾਨਤ 'ਤੇ ਰਿਹਾਅ ਕਰਨ ਦੇ ਹੁਕਮ ਦਿੱਤੇ ਹਨ। ਬੈਂਚ ਨੇ ਐਸੋਸੀਏਟ ਪ੍ਰੋਫੈਸਰ ਨੂੰ ਜਾਂਚ ਵਿਚ ਸ਼ਾਮਲ ਹੋਣ ਤੇ ਆਪਣਾ ਪਾਸਪੋਰਟ ਜਮ੍ਹਾਂ ਕਰਵਾਉਣ ਲਈ ਵੀ ਕਿਹਾ ਹੈ। ਪ੍ਰੋਫੈਸਰ ਨੂੰ ਦੋ ਐੱਫ ਆਈ ਆਰ'ਜ਼ ਦਰਜ ਹੋਣ ਮਗਰੋਂ ਐਤਵਾਰ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

## ਲੁਧਿਆਣਾ, ਫਿਰੋਜ਼ਪੁਰ ਤੇ ਅੰਬਾਲਾ ਦੇ ਡੀ ਸੀ ਦਫਤਰ ਉਡਾਉਣ ਦੀ ਧਮਕੀ

**ਲੁਧਿਆਣਾ** : ਇੱਥੇ ਡੀ ਸੀ ਦਫਤਰ ਨੂੰ ਈਮੇਲ ਰਾਹੀਂ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਬੰਬ ਨਿਰੋਧਕ ਦਸਤੇ ਅਤੇ ਖੋਜੀ ਕੁੱਤੇ ਪੁੱਜ ਗਏ, ਪਰ ਜਾਂਚ ਦੌਰਾਨ ਕੋਈ ਵੀ ਮਾੜੀ ਵਸਤੂ ਨਹੀਂ ਮਿਲੀ। ਡੀ ਸੀ ਫਿਰੋਜ਼ਪੁਰ ਨੂੰ ਵੀ ਈਮੇਲ 'ਤੇ ਅਜਿਹੀ ਹੀ ਧਮਕੀ ਮਿਲੀ। ਈ-ਮੇਲ ਰਾਹੀਂ ਡੀ ਸੀ ਦਫਤਰ ਅੰਬਾਲਾ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਕਾਰਨ ਘਬਰਾਹਟ ਪੈਦਾ ਹੋ ਗਈ, ਪਰ ਜਾਂਚ ਦੌਰਾਨ ਕੋਈ ਵੀ ਮਾੜੀ ਵਸਤੂ ਨਹੀਂ ਮਿਲੀ।

## ਧਮਾਕੇ 'ਚ ਚਾਰ ਬੱਚੇ ਮਰੇ

**ਕਰਾਚੀ** : ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਬੁੱਧਵਾਰ ਸਵੇਰੇ ਸਕੂਲ ਬੱਸ ਨੂੰ ਨਿਸ਼ਾਨਾ ਬਣਾ ਕੇ ਕੀਤੇ ਧਮਾਕੇ 'ਚ ਚਾਰ ਬੱਚਿਆਂ ਦੀ ਮੌਤ ਹੋ ਗਈ, ਜਦੋਂਕਿ 38 ਹੋਰ ਜ਼ਖਮੀ ਹੋ ਗਏ। ਮੀਡੀਆ ਰਿਪੋਰਟਾਂ ਮੁਤਾਬਕ ਧਮਾਕਾ ਖੁਜ਼ਦਾਰ ਜ਼ਿਲ੍ਹੇ ਵਿੱਚ ਹੋਇਆ। ਬੱਸ ਫੌਜੀ ਛਾਉਣੀ ਦੇ ਸਕੂਲ ਜਾ ਰਹੀ ਸੀ।

## ਕੈਲਾਸ਼ ਮਾਨਸਰੋਵਰ ਦੀ ਯਾਤਰਾ ਲਈ 720 ਸ਼ਰਧਾਲੂਆਂ ਦੀ ਚੋਣ

**ਨਵੀਂ ਦਿੱਲੀ** : ਪਿਛਲੇ ਪੰਜ ਸਾਲਾਂ ਤੋਂ ਮੁਅੱਤਲ ਚੱਲ ਰਹੀ ਕੈਲਾਸ਼ ਮਾਨਸਰੋਵਰ ਦੀ ਯਾਤਰਾ ਲਈ ਇਸ ਸਾਲ 720 ਸ਼ਰਧਾਲੂਆਂ ਸਮੇਤ 30 ਸੰਪਰਕ ਅਧਿਕਾਰੀਆਂ ਦੀ ਚੋਣ ਕੀਤੀ ਗਈ ਹੈ। ਸ਼ਰਧਾਲੂਆਂ ਦੀ ਚੋਣ ਇੱਕ ਕੰਪਿਊਟਰ ਜਨਰੇਟਡ ਲੱਕੀ ਡਰਾਅ, ਰੈਂਡਮ (ਗੈਰ-ਪ੍ਰਣਾਲੀਬੱਧ) ਅਤੇ ਲਿੰਗ-ਸੰਤੁਲਤ ਚੋਣ ਪ੍ਰਕਿਰਿਆ ਰਾਹੀਂ ਕੀਤੀ ਗਈ। ਯਾਤਰਾ ਜੂਨ ਦੇ ਤੀਜੇ ਹਫਤੇ ਤੋਂ ਮੁੜ ਸ਼ੁਰੂ ਹੋਵੇਗੀ ਅਤੇ 25 ਅਗਸਤ ਨੂੰ ਖਤਮ ਹੋਵੇਗੀ। ਕੈਲਾਸ਼ ਪਰਬਤ ਅਤੇ ਮਾਨਸਰੋਵਰ ਝੀਲ ਹਿੰਦੂ ਧਰਮ ਦੇ ਪਵਿੱਤਰ ਸਥਾਨ ਹਨ ਅਤੇ ਤਿੱਬਤ ਵਿੱਚ ਸਥਿਤ ਹਨ। ਵਿਦੇਸ਼ ਮੰਤਰਾਲਾ ਨੇ ਦੱਸਿਆ ਕਿ 720 ਸ਼ਰਧਾਲੂਆਂ ਦੇ ਕੁੱਲ 15 ਜਥੇ ਹੋਣਗੇ ਅਤੇ ਹਰੇਕ ਜਥੇ ਵਿੱਚ 48 ਯਾਤਰੀ ਹੋਣਗੇ। ਇਨ੍ਹਾਂ ਜਥਿਆਂ ਵਿੱਚੋਂ ਕੁਝ ਉੱਤਰਾਖੰਡ ਅਤੇ ਕੁਝ ਸਿੱਕਮ ਰਾਹੀਂ ਜਾਣਗੇ।

## ਕੋਲਕਾਤਾ 'ਤੇ ਡਰੋਨ-ਨੁਮਾ ਵਸਤੂਆਂ ਨਜ਼ਰ ਆਈਆਂ

**ਕੋਲਕਾਤਾ** : ਇੱਥੇ ਹੇਸਟਿੰਗਜ਼ ਖੇਤਰ, ਵਿਦਿਆਸਾਗਰ ਸੇਤੂ ਅਤੇ ਮੈਦਾਨ ਉੱਤੇ ਸੋਮਵਾਰ ਰਾਤ ਨੂੰ ਘੱਟੋ-ਘੱਟ 8-10 ਡਰੋਨ-ਨੁਮਾ ਵਸਤੂਆਂ ਉੱਡਦੀਆਂ ਨਜ਼ਰ ਆਈਆਂ। ਕੇਂਦਰ ਨੇ ਇਸ ਘਟਨਾ ਬਾਰੇ ਪੱਛਮੀ ਬੰਗਾਲ ਸਰਕਾਰ ਤੋਂ ਰਿਪੋਰਟ ਮੰਗੀ ਹੈ। ਡਰੋਨ ਵਰਗੀਆਂ ਵਸਤੂਆਂ ਸੋਮਵਾਰ ਦੇਰ ਰਾਤ ਦੱਖਣੀ 24 ਪਰਗਨਾ ਜ਼ਿਲ੍ਹੇ ਦੇ ਮਹੇਸ਼ਤਲਾ ਦੀ ਦਿਸ਼ਾ ਤੋਂ ਉੱਡਦੀਆਂ ਵੇਖੀਆਂ ਗਈਆਂ। ਫਿਰ ਇਹ ਹੇਸਟਿੰਗਜ਼ ਖੇਤਰ, ਦੂਜੇ ਹੁਗਲੀ ਪੁਲ (ਵਿਦਿਆਸਾਗਰ ਸੇਤੂ) ਅਤੇ ਫੋਰਟ ਵਿਲੀਅਮ (ਫੌਜ ਦਾ ਪੂਰਬੀ ਕਮਾਂਡ ਹੈੱਡਕੁਆਰਟਰ) ਉੱਤੇ ਉੱਡਦੀਆਂ ਰਹੀਆਂ।

## ਪਾਕਿਸਤਾਨੀ ਫੜਿਆ



**ਅੰਮ੍ਰਿਤਸਰ** : ਬੀ ਐੱਸ ਐੱਫ ਜਵਾਨਾਂ ਨੇ ਅੰਮ੍ਰਿਤਸਰ ਦੇ ਸਰਹੱਦੀ ਪਿੰਡ ਕਰੀਮਪੁਰਾ ਨਾਲ ਲੱਗਦੇ ਖੇਤਰ 'ਚੋਂ ਪਾਕਿਸਤਾਨੀ ਘੁਸਪੈਠੀਏ ਨੂੰ ਕਾਬੂ ਕੀਤਾ ਹੈ। ਤਲਾਸ਼ੀ ਲੈਣ 'ਤੇ ਉਸ ਦੇ ਕਬਜ਼ੇ ਵਿੱਚੋਂ 330 ਰੁਪਏ ਦੀ ਪਾਕਿਸਤਾਨੀ ਕਰੰਸੀ ਬਰਾਮਦ ਕੀਤੀ ਗਈ। ਉਸ ਨੂੰ ਅਗਲੇਰੀ ਜਾਂਚ ਲਈ ਸਥਾਨਕ ਪੁਲਸ ਹਵਾਲੇ ਕਰ ਦਿੱਤਾ ਗਿਆ ਹੈ।

# ਬਸਾਵਾਰਾਜੂ ਸਣੇ 27 ਨਕਸਲੀ ਮਾਰ'ਤੇ



**ਨਰਾਇਣਪੁਰ** : ਛੱਤੀਸਗੜ੍ਹ ਦੇ ਨਰਾਇਣਪੁਰ-ਬੀਜਾਪੁਰ ਜ਼ਿਲ੍ਹਿਆਂ ਦੀ ਸਰਹੱਦ ਨਾਲ ਲੱਗਦੇ ਜੰਗਲਾਂ ਵਿੱਚ ਸੁਰੱਖਿਆ ਬਲਾਂ ਨੇ ਮੁਕਾਬਲੇ ਵਿੱਚ 27 ਨਕਸਲੀ ਮਾਰ ਦਿੱਤੇ। ਇਨ੍ਹਾਂ ਵਿੱਚ ਸੀ ਪੀ ਆਈ (ਮਾਓਵਾਦੀ) ਦਾ ਜਨਰਲ ਸਕੱਤਰ ਨੰਬਾਲਾ ਕੇਸ਼ਵ ਰਾਓ ਉਰਫ ਬਸਾਵਾਰਾਜੂ ਵੀ ਸੀ। ਅਧਿਕਾਰੀਆਂ ਨੇ ਕਿਹਾ ਕਿ ਦੁਵੱਲੀ ਗੋਲੀਬਾਰੀ ਵਿੱਚ ਇੱਕ ਜਵਾਨ ਸ਼ਹੀਦ ਤੇ ਇੱਕ ਜ਼ਖਮੀ ਹੋ ਗਿਆ ਹੈ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਤਿੰਨ ਦਹਾਕਿਆਂ ਵਿੱਚ ਇਹ ਪਹਿਲੀ ਵਾਰ ਹੈ, ਜਦੋਂ ਸੁਰੱਖਿਆ ਬਲਾਂ ਨੇ ਜਨਰਲ ਸਕੱਤਰ ਰੈਂਕ ਦੇ ਨਕਸਲੀ ਨੂੰ ਮਾਰ ਮੁਕਾਇਆ ਹੈ। ਉਨ੍ਹਾ ਕਿਹਾ ਕਿ ਮੋਦੀ ਸਰਕਾਰ 31 ਮਾਰਚ, 2026 ਤੱਕ ਨਕਸਲਵਾਦ ਨੂੰ ਖਤਮ ਕਰ ਦੇਵੇਗੀ।

ਛੱਤੀਸਗੜ੍ਹ ਦੇ ਉਪ ਮੁੱਖ ਮੰਤਰੀ ਵਿਜੈ ਸ਼ਰਮਾ ਨੇ ਕਿਹਾ ਕਿ ਮੁਕਾਬਲਾ ਅਬੂਜਮਾਤ ਤੇ ਇੰਦਰਾਵਤੀ ਨੈਸ਼ਨਲ ਪਾਰਕ ਇਲਾਕੇ ਦਰਮਿਆਨ ਸੰਘਣੇ ਜੰਗਲਾਂ ਵਿੱਚ ਉਦੋਂ ਹੋਇਆ, ਜਦੋਂ ਚਾਰ ਜ਼ਿਲ੍ਹਿਆਂ ਦੀ ਪੁਲਸ ਤੇ ਜ਼ਿਲ੍ਹਾ ਰਿਜ਼ਰਵ ਗਾਰਡ ਦੀ ਸਾਂਝੀ ਟੀਮ ਨਕਸਲ ਵਿਰੋਧੀ ਅਪ੍ਰੇਸ਼ਨ 'ਤੇ ਸੀ। ਬਸਾਵਾਰਾਜੂ 'ਤੇ 1.5 ਕਰੋੜ ਰੁਪਏ ਦਾ ਇਨਾਮ ਸੀ। ਨਕਸਲੀ ਕਮਾਂਡਰ ਰੂਪੇਸ਼ ਅਤੇ ਕਈ ਹੋਰ ਵੱਡੇ ਨਕਸਲੀ ਆਗੂਆਂ ਦੇ ਮਾਰੇ ਜਾਣ ਦੀ ਵੀ ਖਬਰ ਹੈ। ਗਣਪਤੀ ਤੋਂ ਬਾਅਦ ਨਵੰਬਰ 2018 ਵਿੱਚ ਬਸਾਵਾਰਾਜੂ ਨੂੰ ਨਕਸਲੀ ਸੰਗਠਨ ਦੀ ਕਮਾਨ ਸੌਂਪੀ ਗਈ ਸੀ।

## ਬਸਾਵਾਰਾਜੂ ਦਾ ਮੁਕਾਬਲਾ ਗ਼ੈਰ-ਅਦਾਲਤੀ ਕਤਲ : ਜਮਹੂਰੀ ਫਰੰਟ

**ਜਲੰਧਰ**: ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਬਿਆਨ ਜਾਰੀ ਕਰਕੇ ਸੀ ਪੀ ਆਈ (ਮਾਓਵਾਦੀ) ਦੇ ਜਨਰਲ ਸਕੱਤਰ ਬਸਾਵਾਰਾਜੂ ਸਮੇਤ 27 ਮਾਓਵਾਦੀ ਕਾਰਕੁਨਾਂ ਦੀ ਕਥਿਤ ਮੁਕਾਬਲੇ ਵਿਚ ਹੱਤਿਆ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਮੀਡੀਆ ਰਿਪੋਰਟਾਂ ਅਨੁਸਾਰ ਮਾਓਵਾਦੀ ਪਾਰਟੀ ਪਿਛਲੇ ਮਹੀਨਿਆਂ 'ਚ ਲਿਖਤੀ ਰੂਪ ਵਿਚ ਕਈ ਵਾਰ ਗੱਲਬਾਤ ਦੀ ਪੇਸ਼ਕਸ਼ ਕਰ ਚੁੱਕੀ ਹੈ, ਇਸ ਦੇ ਬਾਵਜੂਦ ਭਾਜਪਾ ਸਰਕਾਰ ਵੱਲੋਂ ਫ਼ੌਜੀ ਓਪਰੇਸ਼ਨਾਂ ਰਾਹੀਂ ਕਤਲੇਆਮ ਜਾਰੀ ਰੱਖਣਾ ਦਰਸਾਉਂਦਾ ਹੈ ਕਿ ਹਕੂਮਤ ਦਾ ਇੱਕੋ-ਇਕ ਮਨੋਰਥ ਇਨਕਲਾਬੀ ਤਾਕਤਾਂ ਦਾ ਜਿਸਮਾਨੀ ਸਫ਼ਾਇਆ ਕਰਕੇ ਭਾਰਤੀ ਲੋਕਾਂ ਨੂੰ ਇਹ ਅਹਿਸਾਸ ਕਰਾਉਣਾ ਹੈ ਕਿ ਨੰਗੇ ਅਨਿਆਂ ਤੇ ਲੁੱਟ-ਖਸੁੱਟ ਦਾ ਬੇਕਿਰਕ ਰਾਜ ਅਜਿੱਤ ਹੈ ਅਤੇ ਦੱਬੇ-ਕੁਚਲੇ ਤੇ ਮਿਹਨਤਕਸ਼ ਹਿੱਸਿਆਂ ਨੂੰ ਜਥੇਬੰਦ ਸੰਘਰਸ਼ ਤੇ ਮੁਕਤੀ ਦਾ ਸੁਪਨਾ ਲੈਣਾ ਬੰਦ ਕਰ ਦੇਣਾ ਚਾਹੀਦਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਮਾਓਵਾਦੀ ਪਾਰਟੀ ਦੇ ਜਨਰਲ ਸਕੱਤਰ ਦੇ ਕਤਲ ਉੱਪਰ ਉਚੇਚਾ ਟਵੀਟ ਕਰਕੇ ਇਸ ਨੂੰ 'ਨਕਸਲਵਾਦ ਵਿਰੁੱਧ ਭਾਰਤ ਦੀ ਲੜਾਈ' ਕਹਿਣਾ ਅਤੇ ਇਸ ਨੂੰ ਤਿੰਨ ਦਹਾਕਿਆਂ ਵਿਚ ਭਾਰਤੀ ਸੁਰੱਖਿਆ ਦਸਤਿਆਂ ਦੀ 'ਸਭ ਤੋਂ ਵੱਡੀ ਪ੍ਰਾਪਤੀ' ਕਹਿ ਕੇ ਵਡਿਆਉਣਾ ਇਸ ਗੱਲ ਦਾ ਸਬੂਤ ਹੈ ਕਿ ਇਸ ਹਕੂਮਤ ਦਾ ਇੱਕੋ-ਇਕ ਮਨੋਰਥ ਕਰੂਰ ਕਤਲੇਆਮ ਰਾਹੀਂ ਖ਼ੌਫ਼ ਪੈਦਾ ਕਰਨਾ ਅਤੇ ਤਬਦੀਲੀ ਦੇ ਹਰ ਵਿਚਾਰ ਨੂੰ ਲਹੂ 'ਚ ਡੁਬੋਣਾ ਹੈ। ਫਰੰਟ ਦੇ ਆਗੂਆਂ ਨੇ ਕਿਹਾ ਕਿ ਫਾਸ਼ੀਵਾਦੀ ਹਕੂਮਤ ਨੂੰ ਇਤਿਹਾਸ ਤੋਂ ਸਬਕ ਸਿੱਖ ਲੈਣਾ ਚਾਹੀਦਾ ਹੈ। ਇਤਿਹਾਸ ਗਵਾਹ ਹੈ ਕਿ ਜਿਸਮਾਨੀ ਕਤਲੇਆਮ ਬਿਹਤਰੀ ਜ਼ਿੰਦਗੀ ਲਈ ਸਮਾਜਿਕ ਤਬਦੀਲੀ ਦੀ ਮਨੁੱਖੀ ਰੀਝ ਦਾ ਬੀਜ ਨਾਸ਼ ਨਹੀਂ ਕਰ ਸਕਦੇ। ਜਦੋਂ ਤੱਕ ਲੋਟੂ-ਜਾਬਰ ਰਾਜ ਪ੍ਰਬੰਧ ਹੈ, ਲੋਕ ਕਿਸੇ ਨਾ ਕਿਸੇ ਰੂਪ 'ਚ ਅਜਿਹੇ ਆਦਮਖ਼ੋਰ ਪ੍ਰਬੰਧ ਨਾਲ ਟੱਕਰ ਲੈਂਦੇ ਰਹਿਣਗੇ। ਉਨ੍ਹਾਂ ਮੰਗ ਕੀਤੀ ਕਿ ਮੋਦੀ ਸਰਕਾਰ ਫ਼ੌਜੀ ਅਪਰੇਸ਼ਨਾਂ ਅਤੇ ਗ਼ੈਰਅਦਾਲਤੀ ਸਜ਼ਾਵਾਂ ਦਾ ਤਾਨਾਸ਼ਾਹ ਸਿਲਸਿਲਾ ਬੰਦ ਕਰੇ ਅਤੇ ਭਾਰਤੀ ਲੋਕਾਂ ਦੇ ਬੁਨਿਆਦੀ ਮਸਲਿਆਂ ਦੇ ਹੱਲ ਲਈ ਮਾਓਵਾਦੀ ਪਾਰਟੀ ਸਮੇਤ ਹਥਿਆਰਬੰਦ ਟਾਕਰਾ ਲਹਿਰਾਂ ਨਾਲ ਗੱਲਬਾਤ ਦਾ ਅਮਲ ਸ਼ੁਰੂ ਕਰੇ।

# ਬੀ ਬੀ ਐੱਮ ਬੀ ਦੇ ਪੁਨਰਗਠਨ ਦਾ ਮੁੱਦਾ ਨੀਤੀ ਆਯੋਗ ਦੀ ਮੀਟਿੰਗ 'ਚ ਚੁੱਕਾਂਗੇ : ਮਾਨ



**ਨੰਗਲ, (ਸੁਰਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ ਬੀ ਐੱਮ ਬੀ) ਦੇ ਪੁਨਰਗਠਨ ਦਾ ਮੁੱਦਾ ਸਨਿੱਚਰਵਾਰ ਨੂੰ ਹੋਣ ਵਾਲੀ ਨੀਤੀ ਆਯੋਗ ਦੀ ਮੀਟਿੰਗ ਵਿੱਚ ਉਠਾਏਗੀ।

ਜੇਤੂ ਰੈਲੀ ਨੂੰ ਬੁੱਧਵਾਰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਇਸ ਮੁੱਦੇ ਨੂੰ ਪ੍ਰਧਾਨ ਮੰਤਰੀ ਦੀ ਪ੍ਰਧਾਨਗੀ ਹੇਠ ਹੋਣ ਵਾਲੀ ਮੀਟਿੰਗ ਵਿੱਚ ਉਠਾਉਣਗੇ। ਉਨ੍ਹਾ ਕਿਹਾ ਕਿ ਕਿਉਂਕਿ ਪਾਣੀ ਦਾ ਪੱਧਰ ਵਾਰ-ਵਾਰ ਬਦਲ ਰਿਹਾ ਹੈ, ਇਸ ਲਈ ਹਰ ਜਲ ਸਮਝੌਤੇ ਦੀ ਹਰੇਕ 25 ਸਾਲਾਂ ਬਾਅਦ ਸਮੀਖਿਆ ਕੀਤੀ ਜਾਣੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟ ਕੀਤਾ ਕਿ ਜਿਸ ਤਰੀਕੇ ਨਾਲ ਬੀ ਬੀ ਐੱਮ ਬੀ ਸੂਬੇ ਦੇ ਪਾਣੀਆਂ ਦੇ ਜਾਇਜ਼ ਹਿੱਸੇ ਨੂੰ ਖੋਹਣ ਲਈ ਇੱਕ ਧਿਰ ਬਣ ਗਈ ਹੈ, ਉਹ ਮੰਦਭਾਗਾ ਅਤੇ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾ ਕਿਹਾ ਕਿ ਹਰਿਆਣਾ ਨੇ ਇਸ ਸਾਲ ਮਾਰਚ ਵਿੱਚ ਆਪਣੇ ਹਿੱਸੇ ਦਾ ਪਾਣੀ ਖ਼ਤਮ ਕਰ ਦਿੱਤਾ ਸੀ, ਪਰ ਬੀ ਬੀ ਐੱਮ ਬੀ ਨੇ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਦੀ ਕਠਪੁਤਲੀ ਵਾਂਗ ਕੰਮ ਕੀਤਾ, ਤਾਂ ਜੋ ਸੂਬੇ ਦਾ ਪਾਣੀ ਖੋਹਿਆ ਜਾ ਸਕੇ। ਮਾਨ ਨੇ ਕਿਹਾ ਕਿ ਅਲੋਕਾਰੀ ਗੱਲ ਇਹ ਹੈ ਕਿ ਬੀ ਬੀ ਐੱਮ ਬੀ ਦੇ ਚੇਅਰਮੈਨ ਖ਼ੁਦ ਸੂਬੇ ਦੇ ਪਾਣੀਆਂ ਨੂੰ ਚੋਰੀ ਕਰਨ ਲਈ ਨੰਗਲ ਆਏ, ਜਿਸ ਨੂੰ ਸੂਬੇ ਦੇ ਲੋਕਾਂ ਨੇ ਨਾਕਾਮ ਕਰ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਉਹੀ ਬੀ ਬੀ ਐੱਮ ਬੀ ਹੈ, ਜਿਸ ਨੇ ਆਪਣੇ ਬਹੁਤ ਹੀ ਮਹੱਤਵਪੂਰਨ ਪ੍ਰਾਜੈਕਟਾਂ ਲਈ ਪੰਜਾਬ ਤੋਂ 32 ਕਰੋੜ ਰੁਪਏ ਲਏ ਸਨ ਅਤੇ ਇਹ ਪੈਸਾ ਕਦੇ ਵੀ ਸੂਬੇ ਨੂੰ ਵਾਪਸ ਨਹੀਂ ਕੀਤਾ ਗਿਆ। ਉਨ੍ਹਾ ਕਿਹਾ ਕਿ ਪੰਜਾਬ ਦਾ ਬੀ ਬੀ ਐੱਮ ਬੀ ਕੋਲ ਲਗਭਗ 150 ਕਰੋੜ ਰੁਪਏ (ਸਹੀ ਰੂਪ ਵਿੱਚ 142 ਕਰੋੜ ਰੁਪਏ) ਬਕਾਇਆ ਹਨ ਅਤੇ ਸੂਬਾ ਸਰਕਾਰ ਜਲਦੀ ਇਸ ਪੈਸੇ ਦੀ ਵਸੂਲੀ ਲਈ ਦਾਅਵਾ ਕਰੇਗੀ। ਮਾਨ ਨੇ ਕਿਹਾ ਕਿ ਬੀ ਬੀ ਐੱਮ ਬੀ ਵੱਲੋਂ ਪੰਜਾਬ ਦੇ ਕੋਟੇ ਦੀਆਂ ਤਿੰਨ ਹਜ਼ਾਰ ਅਸਾਮੀਆਂ ਜਾਣ-ਬੁੱਝ ਕੇ ਨਹੀਂ ਭਰੀਆਂ ਗਈਆਂ ਹਨ, ਤਾਂ ਜੋ ਪਾਣੀਆਂ ਉੱਤੇ ਸੂਬੇ ਦੇ ਦਾਅਵੇ ਨੂੰ ਕਮਜ਼ੋਰ ਕੀਤਾ ਜਾ ਸਕੇ। ਮਾਨ ਨੇ ਕਿਹਾ ਕਿ ਸੂਬੇ ਦੇ ਪਾਣੀਆਂ ਨੂੰ ਖੋਹਣ ਲਈ ਬੀ ਬੀ ਐੱਮ ਬੀ ਕੇਂਦਰ ਦੇ ਹੱਥਾਂ ਵਿੱਚ ਖੇਡਿਆ, ਪਰ ਸੂਬੇ ਦੇ ਬਹਾਦਰ ਅਤੇ ਮਿਹਨਤੀ ਕਿਸਾਨਾਂ ਨੇ ਉਨ੍ਹਾਂ ਦੇ ਨਾਪਾਕ ਯਤਨਾਂ ਨੂੰ ਨਾਕਾਮ ਕਰ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਲਗਭਗ 20 ਦਿਨਾਂ ਤੱਕ ਸੂਬੇ ਦੇ ਮਿਹਨਤੀ ਅਤੇ ਸੁਚੇਤ ਲੋਕਾਂ ਨੇ ਹਰਿਆਣਾ ਅਤੇ ਕੇਂਦਰ ਨੂੰ ਪੰਜਾਬ ਤੋਂ ਇੱਕ ਵੀ ਬੂੰਦ ਪਾਣੀ ਚੋਰੀ ਨਹੀਂ ਕਰਨ ਦਿੱਤਾ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ, ਜਦੋਂ ਕਿ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਰੈਲੀ ਵਿੱਚ ਸ਼ਾਮਲ ਸਾਰੇ ਪਤਵੰਤਿਆਂ ਅਤੇ ਲੋਕਾਂ ਦਾ ਧੰਨਵਾਦ ਕੀਤਾ।

## ਸਰਕਾਰ ਦੇ ਕਿਰਤ ਵਿਰੋਧੀ ਜਾਬਰ ਢੰਗ-ਤਰੀਕਿਆਂ ਦਾ ਵਿਰੋਧ ਕਰੋ : ਜਗਰੂਪ

ਮੋਗਾ-ਪੰਜਾਬ ਵਿੱਚ ਕੰਮ ਦਾ ਸੋਕੜਾ ਪਿਆ ਹੋਇਆ, ਕੰਮ ਨਹੀਂ ਤਾਂ ਰੋਟੀ ਨਹੀਂ, ਰੋਟੀ ਬਗੈਰ ਜ਼ਿੰਦਗੀ ਨਹੀਂ ਚਲਦੀ। ਪਿਛਲੇ ਪੰਜ ਸਾਲਾਂ ਵਿੱਚ ਰੁਜ਼ਗਾਰ ਲਈ ਪ੍ਰਵਾਸ ਦਾ ਰੁਝਾਨ ਭਾਰੂ ਰਿਹਾ, ਮੱਧ ਵਰਗ ਦੇ ਬਹੁਤ ਸਾਰੇ ਨੌਜਵਾਨ ਮੁੰਡੇ-ਕੁੜੀਆਂ ਵਿਦੇਸ਼ਾਂ ਵਿੱਚ ਰੁਜ਼ਗਾਰ ਲੱਭਦੇ ਫਿਰਦੇ ਹਨ। ਇਹ ਵਿਚਾਰ ਪੇਸ਼ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਕਿਰਤ ਵਿਰੋਧੀ ਜਾਬਰ ਢੰਗ-ਤਰੀਕਿਆਂ ਦਾ ਵਿਰੋਧ ਕਰੀਏ।ਬੇਰੁਜ਼ਗਾਰ ਬੇਜ਼ਮੀਨੇ ਰੁਜ਼ਗਾਰ ਅਤੇ ਸਰਪਲੱਸ ਜ਼ਮੀਨੀ ਹੱਕ ਲਈ ਸਰਗਰਮ ਹਨ। ਨਰੇਗਾ ਇੱਕ ਵੱਡਾ ਸਹਾਰਾ ਹੈ, ਜਿਸ ਨੂੰ ਪੰਜਾਬ ਦੀ ਅਫਸਰਸ਼ਾਹੀ ਅਤੇ ਹੁਕਮਰਾਨ ਮਿਲ ਕੇ ਬਰਬਾਦ ਕਰ ਰਹੇ ਹਨ। ਕੇਂਦਰ ਵੱਲੋਂ ਮਿਲਣ ਵਾਲੀ ਉਜਰਤ ਹਰਿਆਣੇ ਨਾਲੋਂ 52 ਰੁਪਏ ਘੱਟ ਹੈ। ਸਾਡੇ ਖੇਤੀਬਾੜੀ ਵਿੱਚ ਬਿਨਾਂ ਰੋਟੀ ਵਾਲਾ ਰੇਟ ਨਰੇਗਾ ਕਾਮਿਆਂ ਨੂੰ ਮਿਲੇ, ਪੰਜਾਬ ਸਰਕਾਰ ਕੇਂਦਰ ਤੋਂ ਪ੍ਰਾਪਤ ਕਰਨ ਦੀ ਮੰਗ ਹੀ ਨਹੀਂ ਕਰਦੀ, ਲਾਗੂ ਕਰਵਾਉਣਾ ਤਾਂ ਦੂਰ ਦੀ ਗੱਲ ਹੈ।100 ਦਿਨ ਤੋਂ ਵਧਾ ਕੇ 200 ਦਿਨ ਕਰਵਾਉਣਾ ਅਤੇ ਵਾਜਬ ਦਿਹਾੜੀ ਰੇਟ

● ਬਾਕੀ ਸਫ਼ਾ 2 'ਤੇ

## ਕਾਂਗਰਸ ਨੂੰ ਬਦਨਾਮ ਕਰਨ 'ਤੇ ਅਮਿਤ ਮਾਲਵੀਆ ਤੇ ਅਰਨਬ ਗੋਸਵਾਮੀ ਖਿਲਾਫ ਐੱਫ ਆਈ ਆਰ



**ਬੇਂਗਲੁਰੂ** : ਭਾਜਪਾ ਆਈ ਟੀ ਸੈੱਲ ਦੇ ਮੁਖੀ ਅਮਿਤ ਮਾਲਵੀਆ ਅਤੇ ਰਿਪਬਲਿਕ ਟੀ ਵੀ ਦੇ ਮੁੱਖ ਸੰਪਾਦਕ ਅਰਨਬ ਗੋਸਵਾਮੀ ਵਿਰੁੱਧ ਕਥਿਤ ਤੌਰ 'ਤੇ ਗਲਤ ਜਾਣਕਾਰੀ ਚਲਾਉਣ ਦੇ ਦੋਸ਼ ਹੇਠ ਐੱਫ ਆਈ ਆਰ ਦਰਜ ਕੀਤੀ ਗਈ ਹੈ। ਮੰਗਲਵਾਰ ਨੂੰ ਹਾਈ ਗਰਾਊਂਡਸ ਪੁਲਸ ਸਟੇਸ਼ਨ ਵਿੱਚ ਇੰਡੀਅਨ ਯੂਥ ਕਾਂਗਰਸ ਦੇ ਕਾਨੂੰਨੀ ਸੈੱਲ ਦੇ ਮੁਖੀ ਸ਼੍ਰੀਕਾਂਤ ਸਵਰੂਪ ਦੀ ਸ਼ਿਕਾਇਤ ਦੇ ਆਧਾਰ 'ਤੇ ਦੋਵਾਂ ਵਿਰੁੱਧ ਭਾਰਤੀ ਨਿਆਂ ਸੰਹਿਤਾ ਦੀ ਧਾਰਾ 192 (ਦੰਗਾ ਕਰਨ ਦੇ ਇਰਾਦੇ ਨਾਲ ਜਾਣਬੁੱਝ ਕੇ ਭੜਕਾਉਣਾ) ਅਤੇ 352 (ਸ਼ਾਂਤੀ ਭੰਗ ਕਰਨ ਲਈ ਜਾਣਬੁੱਝ ਕੇ ਅਪਮਾਨ) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ। ਸਵਰੂਪ ਨੇ ਮਾਲਵੀਆ ਅਤੇ ਗੋਸਵਾਮੀ 'ਤੇ 'ਸਪੱਸ਼ਟ ਤੌਰ 'ਤੇ ਗਲਤ ਜਾਣਕਾਰੀ ਫੈਲਾਉਣ ਲਈ ਇੱਕ ਘਿਨਾਉਣੀ ਅਤੇ ਅਪਰਾਧਕ ਤੌਰ 'ਤੇ ਪ੍ਰੇਰਿਤ ਮੁਹਿੰਮ ਦੀ ਮਾਸਟਰਮਾਈਂਡਿੰਗ (ਮੁੱਖ ਸਾਜ਼ਿਸ਼) ਕਰਨ ਦਾ ਦੋਸ਼ ਲਾਇਆ ਹੈ। ਉਸ ਨੇ ਕਿਹਾ ਕਿ ਮੁਲਜ਼ਮਾਂ ਨੇ ਖਰਾਬ ਢੰਗ ਨਾਲ ਇਸ ਮਨਘੜਤ ਦਾਅਵੇ ਦਾ ਪ੍ਰਚਾਰ ਕੀਤਾ ਹੈ ਕਿ ਤੁਰਕੀ ਵਿੱਚ ਇਸਤੰਬੁਲ ਕਾਂਗਰਸ ਸੈਂਟਰ ਇੰਡੀਅਨ ਨੈਸ਼ਨਲ ਕਾਂਗਰਸ (ਆਈ ਐੱਨ ਸੀ) ਦਾ ਦਫਤਰ ਹੈ। ਉਸ ਨੇ ਕਿਹਾ, 'ਇਹ ਕਾਰਵਾਈ ਭਾਰਤੀ ਜਨਤਾ ਨੂੰ ਧੋਖਾ ਦੇਣ, ਇਕ ਪ੍ਰਮੁੱਖ ਰਾਜਨੀਤਕ ਸੰਸਥਾ ਨੂੰ ਬਦਨਾਮ ਕਰਨ, ਰਾਸ਼ਟਰਵਾਦੀ ਭਾਵਨਾਵਾਂ ਨਾਲ ਛੇੜਛਾੜ ਕਰਨ, ਜਨਤਕ ਅਸ਼ਾਂਤੀ ਭੜਕਾਉਣ, ਕੌਮੀ ਸੁਰੱਖਿਆ ਅਤੇ ਲੋਕਤੰਤਰੀ ਅਖੰਡਤਾ ਨੂੰ ਕਮਜ਼ੋਰ ਕਰਨ ਦੇ ਸਪੱਸ਼ਟ ਅਤੇ ਨਿਰਵਿਵਾਦ ਅਪਰਾਧਕ ਇਰਾਦੇ ਨਾਲ ਕੀਤੀ ਗਈ ਸੀ।'

ਸਵਰੂਪ ਨੇ ਅੱਗੇ ਕਿਹਾ ਕਿ ਮਾਲਵੀਆ ਅਤੇ ਗੋਸਵਾਮੀ ਦੀਆਂ ਕਾਰਵਾਈਆਂ ਭਾਰਤ ਅਤੇ ਤੁਰਕੀ ਵਿਚਕਾਰ ਤਣਾਅਪੂਰਨ ਸੰਬੰਧਾਂ ਦੇ ਅਸਥਿਰ ਪਿਛੋਕੜ ਵਿਰੁੱਧ ਸੈੱਟ ਕੀਤੀਆਂ ਗਈਆਂ ਹਨ। ਮਾਲਵੀਆ ਅਤੇ ਗੋਸਵਾਮੀ ਦੀਆਂ ਕਾਰਵਾਈਆਂ ਭਾਰਤ ਦੀਆਂ ਲੋਕਤੰਤਰੀ ਨੀਂਹਾਂ, ਜਨਤਕ ਸੁਰੱਖਿਆ ਅਤੇ ਰਾਸ਼ਟਰੀ ਸੁਰੱਖਿਆ 'ਤੇ ਇੱਕ ਅਸਾਧਾਰਣ ਹਮਲੇ ਨੂੰ ਦਰਸਾਉਂਦੀਆਂ ਹਨ। ਸਵਰੂਪ ਨੇ ਭਾਰਤੀ ਪ੍ਰੈੱਸ ਕੌਂਸਲ, ਸੂਚਨਾ ਅਤੇ ਪ੍ਰਸਾਰਨ ਮੰਤਰਾਲੇ, ਸੀ ਬੀ ਆਈ ਅਤੇ ਹੋਰ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਵੀ ਇਸ ਸ਼ਿਕਾਇਤ ਨੂੰ ਐਮਰਜੈਂਸੀ ਵਜੋਂ ਲੈਣ ਦੀ ਅਪੀਲ ਕੀਤੀ ਹੈ।

# ਢੱਡਰੀਆਂ ਵਾਲੇ ਦੀ ਖਿਮਾ ਯਾਚਨਾ ਪ੍ਰਵਾਨ




**ਅੰਮ੍ਰਿਤਸਰ** : ਸ੍ਰੀ ਅਕਾਲ ਤਖਤ ਸਾਹਿਬ ਵਿਖੇ ਬੁੱਧਵਾਰ ਪੰਜ ਸਿੰਘ ਸਾਹਿਬਾਨ ਅੱਗੇ ਸੰਤ ਰਣਜੀਤ ਸਿੰਘ ਢੱਡਰੀਆਂ ਵਾਲੇ ਨੇ ਖਿਮਾ ਯਾਚਨਾ ਕੀਤੀ ਅਤੇ ਸਿੰਘ ਸਾਹਿਬਾਨ ਨੇ ਇਸ ਖਿਮਾ ਯਾਚਨਾ ਨੂੰ ਪ੍ਰਵਾਨ ਕਰਦਿਆਂ ਉਸ ਨੂੰ ਪ੍ਰਚਾਰ ਕਰਨ ਦੀ ਆਗਿਆ ਦੇ ਦਿੱਤੀ। ਸਾਬਕਾ ਜਥੇਦਾਰ ਗਿਆਨੀ ਗੁਰਮੁਖ ਸਿੰਘ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ, ਤਖਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਤੇ ਹੋਰ ਸਿੱਖ ਆਗੂ ਵੀ ਅਕਾਲ ਤਖਤ ਅੱਗੇ ਪੇਸ਼ ਹੋਏ। ਸਿੰਘ ਸਾਹਿਬਾਨ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਰਾਜਦੀਪ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੁਗਿੰਦਰ ਸਿੰਘ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖਸ਼ੀਸ਼ ਸਿੰਘ ਸ਼ਾਮਲ ਸਨ।

## ਸਰਪੰਚਣੀ ਦੀ ਧੀ ਹੈਰੋਇਨ ਸਣੇ ਫੜੀ

**ਜਲੰਧਰ** : ਕਰਤਾਰਪੁਰ ਦੇ ਇੱਕ ਪਿੰਡ ਦੇ ਸਰਪੰਚ ਦੀ ਧੀ ਦੀ ਕਥਿਤ ਨਸ਼ੀਲੇ ਪਦਾਰਥ ਤੋਲਦੇ ਹੋਏ ਵੀਡੀਓ ਵਾਇਰਲ ਹੋਣ ਤੋਂ ਬਾਅਦ ਜਲੰਧਰ ਦਿਹਾਤੀ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ। ਉਸ ਦੀ ਪਛਾਣ ਪਰਮਜੀਤ ਕੌਰ ਉਰਫ ਪੰਮੋ ਵਜੋਂ ਹੋਈ ਹੈ, ਜੋ ਕਰਤਾਰਪੁਰ ਦੇ ਪਿੰਡ ਨਾਹਰਪੁਰ ਦੀ ਸਰਪੰਚ ਰਣਜੀਤ ਕੌਰ ਦੀ ਧੀ ਹੈ। ਮੰਗਲਵਾਰ ਨੂੰ ਕਰਤਾਰਪੁਰ ਪੁਲਸ ਨੇ ਇੱਕ ਨਾਕੇ ਦੌਰਾਨ ਪਰਮਜੀਤ ਕੌਰ ਨੂੰ 18 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ।

ਵਾਇਰਲ ਵੀਡੀਓ ਵਿੱਚ ਇੱਕ ਮਹਿਲਾ ਨੂੰ ਚਿੱਟੇ ਪਦਾਰਥ ਵਾਲਾ ਇੱਕ ਛੋਟਾ ਜਿਹਾ ਬੈਗ ਫੜੇ ਦੇਖਿਆ ਜਾ ਸਕਦਾ ਹੈ। ਉਸ ਕੋਲ ਤੁਲਾਈ ਵਾਲੀ ਇਲੈਕਟ੍ਰਾਨਿਕ ਮਸ਼ੀਨ ਵੀ ਮੌਜੂਦ ਹੈ, ਜਦੋਂ ਕਿ ਇੱਕ ਆਦਮੀ ਉਸ ਕੋਲ ਖੜ੍ਹਾ ਹੈ। ਕਰਤਾਰਪੁਰ ਦੇ ਐੱਸ ਐੱਚ ਓ ਰਮਨਦੀਪ ਸਿੰਘ ਨੇ ਕਿਹਾ ਕਿ ਇੱਕ ਨਾਕੇ ਦੌਰਾਨ ਪੰਮੋ ਨੂੰ ਮੰਗਲਵਾਰ 3 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਤਲਾਸ਼ੀ ਲੈਣ 'ਤੇ ਉਸ ਤੋਂ 15 ਗ੍ਰਾਮ ਹੋਰ ਹੈਰੋਇਨ ਬਰਾਮਦ ਹੋਈ। ਉਸ ਖਿਲਾਫ ਮਾਰਚ 2022 ਵਿੱਚ ਦਰਜ ਇੱਕ ਐੱਨ ਡੀ ਪੀ ਐੱਸ ਕੇਸ ਸਮੇਤ ਪਹਿਲਾਂ ਤਿੰਨ ਮਾਮਲੇ ਦਰਜ ਹਨ।

ਐੱਸ ਐੱਚ ਓ ਨੇ ਕਿਹਾ ਕਿ ਵਾਇਰਲ ਹੋਈ ਵੀਡੀਓ ਵਿੱਚ ਮੌਜੂਦ ਮਹਿਲਾ ਇਹੀ ਹੈ, ਪਰ ਇਹ ਇੱਕ ਪੁਰਾਣੀ ਵੀਡੀਓ ਹੈ, ਕਿਉਂਕਿ ਉਹ ਸਰਦੀਆਂ ਦੇ ਕੱਪੜੇ ਪਾਏ ਹੋਏ ਦਿਖਾਈ ਦੇ ਰਹੀ ਹੈ।

## ਗੁਜਰਾਤ 'ਚ ਸ਼ੇਰਾਂ ਦੀ ਗਿਣਤੀ ਵਧੀ



**ਗਾਂਧੀਨਗਰ** : ਇਸ ਮਹੀਨੇ ਕੀਤੀ ਗਈ ਜਨਗਣਨਾ ਦੇ ਅਨੁਸਾਰ ਗੁਜਰਾਤ ਵਿੱਚ ਏਸ਼ੀਆਈ ਸ਼ੇਰਾਂ ਦੀ ਗਿਣਤੀ 'ਚ ਵਾਧਾ ਹੋਇਆ ਹੈ। ਇਹ ਅਨੁਮਾਨਤ ਆਬਾਦੀ ਪੰਜ ਸਾਲ ਪਹਿਲਾਂ 674 ਸੀ, ਜੋ ਕਿ ਹੁਣ 891 ਹੋ ਗਈ ਹੈ। ਜੰਗਲਾਤ ਵਿਭਾਗ ਨੇ ਕਿਹਾ ਕਿ ਤਾਜ਼ਾ ਗਿਣਤੀ ਦੇ ਅਨੁਸਾਰ ਅੰਦਾਜ਼ਨ 196 ਨਰ, 330 ਮਾਦਾ, 140 ਵੱਡੇ ਬੱਚੇ ਅਤੇ 225 ਬੱਚੇ ਹਨ। ਜਿਵੇਂ-ਜਿਵੇਂ ਸ਼ੇਰਾਂ ਦੀ ਆਬਾਦੀ ਵਧ ਰਹੀ ਹੈ ਸੌਰਾਸ਼ਟਰ ਖੇਤਰ ਵਿਚ ਉਨ੍ਹਾਂ ਦਾ ਫੈਲਾਅ ਵੀ ਵਧਿਆ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਇਹ ਜਾਨਵਰ ਪਹਿਲਾਂ ਜੂਨਾਗੜ੍ਹ ਅਤੇ ਅਮਰੇਲੀ ਜ਼ਿਲ੍ਹਿਆਂ ਦੇ ਗਿਰ ਰਾਸ਼ਟਰੀ ਪਾਰਕ ਤੱਕ ਸੀਮਤ ਸਨ, ਪਰ ਹੁਣ ਉਹ 11 ਜ਼ਿਲ੍ਹਿਆਂ ਵਿੱਚ ਫੈਲ ਗਏ ਹਨ।

## ਪੂਜਾ ਖੇੜਕਰ ਦੀ ਪੇਸ਼ਗੀ ਜ਼ਮਾਨਤ ਮਨਜ਼ੂਰ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਭਾਰਤੀ ਪ੍ਰਸ਼ਾਸਨਕ ਸੇਵਾ (ਆਈ ਏ ਐੱਸ) ਦੀ ਸਾਬਕਾ ਪ੍ਰੋਬੇਸ਼ਨਰ ਪੂਜਾ ਖੇੜਕਰ ਨੂੰ ਪੇਸ਼ਗੀ ਜ਼ਮਾਨਤ ਦੇ ਦਿੱਤੀ ਹੈ। ਖੇੜਕਰ 'ਤੇ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਧੋਖਾਧੜੀ, ਹੋਰਨਾਂ ਪੱਛੜੇ ਵਰਗਾਂ ਤੇ ਵਿਕਲਾਂਗਤਾ ਕੋਟੇ ਤਹਿਤ ਗਲਤ ਤਰੀਕੇ ਨਾਲ ਲਾਭ ਲੈਣ ਦਾ ਦੋਸ਼ ਹੈ। ਜਸਟਿਸ ਬੀ ਵੀ ਨਾਗਰਤਨਾ ਤੇ ਜਸਟਿਸ ਸਤੀਸ਼ ਚੰਦਰ ਸ਼ਰਮਾ ਦੀ ਬੈਂਚ ਨੇ ਜ਼ਮਾਨਤ ਦਿੰਦਿਆਂ ਕਿਹਾ, 'ਉਸ ਨੇ ਕਿਹੜਾ ਗੰਭੀਰ ਅਪਰਾਧ ਕੀਤਾ ਹੈ ? ਉਹ ਡਰੱਗ ਮਾਫੀਆ ਜਾਂ ਅੱਤਵਾਦੀ ਨਹੀਂ । ਉਸ ਨੇ 302 (ਕਤਲ) ਨਹੀਂ ਕੀਤਾ। ਉਹ ਐੱਨ ਡੀ ਪੀ ਐੱਸ ਤਹਿਤ ਅਪਰਾਧੀ ਨਹੀਂ। ਤੁਹਾਡੇ ਕੋਲ ਕੋਈ ਸਿਸਟਮ ਜਾਂ ਸਾਫਟਵੇਅਰ ਹੋਣਾ ਚਾਹੀਦਾ ਹੈ। ਤੁਸੀਂ ਜਾਂਚ ਪੂਰੀ ਕਰੋ। ਉਸ ਨੇ ਸਭ ਕੁਝ ਗੁਆ ਦਿੱਤਾ ਹੈ ਅਤੇ ਉਸ ਨੂੰ ਕਿਤੇ ਵੀ ਨੌਕਰੀ ਨਹੀਂ ਮਿਲੇਗੀ।' ਬੈਂਚ ਨੇ ਕਿਹਾ, 'ਕੇਸ ਦੇ ਤੱਥਾਂ ਅਤੇ ਹਾਲਾਤ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਇੱਕ ਢੁੱਕਵਾਂ ਮਾਮਲਾ ਹੈ, ਜਿੱਥੇ ਦਿੱਲੀ ਹਾਈ ਕੋਰਟ ਨੂੰ ਪਟੀਸ਼ਨਰ ਨੂੰ ਜ਼ਮਾਨਤ ਦੇਣੀ ਚਾਹੀਦੀ ਹੈ।'

ਉਧਰ, ਦਿੱਲੀ ਪੁਲਸ ਵੱਲੋਂ ਪੇਸ਼ ਵਕੀਲ ਨੇ ਪੇਸ਼ਗੀ ਜ਼ਮਾਨਤ ਦਾ ਵਿਰੋਧ ਕਰਦਿਆਂ ਕਿਹਾ ਕਿ ਖੇੜਕਰ ਜਾਂਚ ਵਿੱਚ ਸਹਿਯੋਗ ਤੋਂ ਇਨਕਾਰੀ ਹੈ ਤੇ ਉਸ ਖਿਲਾਫ ਲੱਗੇ ਦੋਸ਼ ਗੰਭੀਰ ਹਨ। ਖੇੜਕਰ 'ਤੇ 2022 ਦੀ ਯੂ ਪੀ ਐੱਸ ਸੀ ਸਿਵਲ ਸੇਵਾਵਾਂ ਪ੍ਰੀਖਿਆ ਮੌਕੇ ਰਾਖਵਾਂਕਰਨ ਲਾਭ ਪ੍ਰਾਪਤ ਕਰਨ ਲਈ ਆਪਣੀ ਅਰਜ਼ੀ ਵਿੱਚ ਗਲਤ ਜਾਣਕਾਰੀ ਪੇਸ਼ ਕਰਨ ਦਾ ਦੋਸ਼ ਹੈ। ਉਸ ਨੇ ਹਾਲਾਂਕਿ ਆਪਣੇ ਖਿਲਾਫ ਲੱਗੇ ਸਾਰੇ ਦੋਸ਼ਾਂ ਦਾ ਖੰਡਨ ਕੀਤਾ ਹੈ।

## ਅੱਜ-ਨਾਮਾ

ਚਿੰਤਾ ਵਾਲੀ ਆ ਸੁਣੀਂਦੀ ਖਬਰ ਮੁੜ ਕੇ,
ਕੋਰੋਨਾ ਲੱਗਾ ਹੈ ਕਰਨ ਫਿਰ ਮਾਰ ਬੇਲੀ।
ਪਿਛਲੀ ਵਾਰ ਜੋ ਵਰਤਿਆ ਕਹਿਰ ਹੈਸੀ,
ਸਕੂ ਉਹ ਭੁੱਲ ਨਹੀਂ ਕਦੇ ਸੰਸਾਰ ਬੇਲੀ।
ਜਿਨ੍ਹਾਂ ਘਰਾਂ ਵਿੱਚ ਏਸ ਨੇ ਪੈਰ ਪਾਇਆ,
ਰੋਵਣ ਅਜੇ ਤੱਕ ਪੀੜਤ ਪਰਵਾਰ ਬੇਲੀ।
ਏਧਰੋਂ-ਓਧਰੋਂ ਮਿਲਦੀ ਆ ਖਬਰ ਕੋਈ,
ਜਾਗਦੀ ਲੱਗੇ ਨਹੀਂ ਅਜੇ ਸਰਕਾਰ ਬੇਲੀ।
ਸਿਰ 'ਤੇ ਪੁੱਜੀ ਮੁਸੀਬਤ ਹੈ ਸੁਣੀ ਚਰਚਾ,
ਵਿਰਲਾ ਬੋਲਿਆ ਕੋਈ ਆ ਮਾਹਰ ਬੇਲੀ।
ਵਧ ਗਈ ਮਾਰ ਤੇ ਲਾਉਣਗੇ ਦੋਸ਼ ਸਾਰੇ,
ਅਜੇ ਤਾਂ ਭਾਰੂ ਨੇਹੋਰ ਹੀ ਆਹਰ ਬੇਲੀ।

-ਤੀਸ ਮਾਰ ਖਾਂ

# ਬਾਨੂ ਮੁਸ਼ਤਾਕ ਦੇ 'ਹਾਰਟ ਲੈਂਪ' ਨੂੰ ਇੰਟਰਨੈਸ਼ਨਲ ਬੁੱਕਰ ਪੁਰਸਕਾਰ



**ਲੰਡਨ** : ਲੇਖਕਾ, ਵਕੀਲ ਤੇ ਸਮਾਜੀ ਕਾਰਕੁਨ ਬਾਨੂ ਮੁਸ਼ਤਾਕ ਨੂੰ ਉਸ ਦੇ ਕੰਨੜ ਕਹਾਣੀ ਸੰਗ੍ਰਹਿ 'ਹਾਰਟ ਲੈਂਪ' ਲਈ ਵੱਕਾਰੀ ਇੰਟਰਨੈਸ਼ਨਲ ਬੁੱਕਰ ਪੁਰਸਕਾਰ 2025 ਨਾਲ ਨਿਵਾਜਿਆ ਗਿਆ ਹੈ। 'ਹਾਰਟ ਲੈਂਪ' ਇਹ ਪੁਰਸਕਾਰ ਹਾਸਲ ਕਰਨ ਵਾਲੀ ਪਹਿਲੀ ਕੰਨੜ ਕਿਤਾਬ ਬਣ ਗਈ ਹੈ, ਜਿਸ ਨਾਲ ਭਾਰਤੀ ਸਾਹਿਤ ਨੂੰ ਇੱਕ ਹੋਰ ਇਤਿਹਾਸਕ ਮਾਣ ਮਿਲਿਆ ਹੈ। ਇਥੇ ਟੇਟ ਮਾਡਰਨ ਵਿੱਚ ਕਰਵਾਏ ਸ਼ਾਨਦਾਰ ਸਮਾਗਮ ਦੌਰਾਨ ਬਾਨੂ ਮੁਸ਼ਤਾਕ ਨੂੰ ਉਸ ਦੀ ਅਨੁਵਾਦਕ ਦੀਪਾ ਭਾਸਤੀ ਨਾਲ ਇਹ ਸਨਮਾਨ ਦਿੱਤਾ ਗਿਆ। ਦੀਪਾ ਨੇ ਇਸ ਸੰਗ੍ਰਹਿ ਦਾ ਅਨੁਵਾਦ ਕੰਨੜ ਤੋਂ ਅੰਗਰੇਜ਼ੀ ਵਿੱਚ ਕੀਤਾ ਹੈ। ਹਾਰਟ ਲੈਂਪ 12 ਕਹਾਣੀਆਂ ਦਾ ਸੰਗ੍ਰਹਿ ਹੈ, ਜੋ ਦੱਖਣੀ ਭਾਰਤ ਦੇ ਪਿਤਰ ਸੱਤਾਵਾਦੀ ਸਮਾਜ ਵਿੱਚ ਰਹਿਣ ਵਾਲੀਆਂ ਸਧਾਰਨ ਮਹਿਲਾਵਾਂ ਦੇ ਸੰਘਰਸ਼, ਸਹਿਣ-ਸ਼ਕਤੀ, ਵਿਦਰੋਹ ਤੇ ਭੈਣ-ਭਰਾਵਾਂ ਦੀਆਂ ਕਹਾਣੀਆਂ ਬਿਆਨ ਕਰਦਾ ਹੈ। ਤਿੰਨ ਦਹਾਕਿਆਂ (1990-2023) ਵਿੱਚ ਲਿਖੀਆਂ ਗਈਆਂ ਇਨ੍ਹਾਂ ਕਹਾਣੀਆਂ ਨੂੰ ਦੀਪਾ ਭਾਸਤੀ ਨੇ ਖੁਦ ਚੁਣਿਆ ਤੇ ਅਨੁਵਾਦ 'ਚ ਖੇਤਰੀ ਭਾਸ਼ਾਵਾਂ ਦੀ ਵੰਨ-ਸੁਵੰਨਤਾ ਨੂੰ ਬਰਕਰਾਰ ਰੱਖਿਆ। ਸੰਵਾਦਾਂ ਵਿੱਚ ਢੁਕਵੇਂ ਉਰਦੂ ਤੇ ਅਰਬੀ ਸ਼ਬਦਾਂ ਨੂੰ ਮੂਲ ਰੂਪ 'ਚ ਪੇਸ਼ ਕੀਤਾ ਗਿਆ ਹੈ। ਬਾਨੂ ਮੁਸ਼ਤਾਕ ਨੇ ਪੁਰਸਕਾਰ ਸਵੀਕਾਰ ਕਰਦੇ ਹੋਏ ਕਿਹਾ, 'ਇਹ ਪੁਰਸਕਾਰ ਵੰਨ-ਸੁਵੰਨਤਾ ਦੀ ਜਿੱਤ ਹੈ। ਹਰੇਕ ਕਹਾਣੀ ਅਹਿਮ ਹੈ ਤੇ ਸਾਹਿਤ ਸਾਨੂੰ ਇੱਕ-ਦੂਜੇ ਦੇ ਜੀਵਨ ਵਿੱਚ ਉਤਰਨ ਦਾ ਮੌਕਾ ਦਿੰਦਾ ਹੈ।' ਦੀਪਾ ਭਾਸਤੀ ਨੇ ਇਸ ਨੂੰ ਆਪਣੀ 'ਸੁੰਦਰ ਭਾਸ਼ਾ' ਲਈ ਜਿੱਤ ਦੱਸਿਆ। ਜੱਜਾਂ ਦੀ ਅਗਵਾਈ ਕਰ ਰਹੇ ਮੈਕਸ ਪੋਰਟਰ ਨੇ ਇਸ ਨੂੰ 'ਇਨਕਲਾਬੀ ਅਨੁਵਾਦ' ਕਿਹਾ, ਜਿਸ ਨੇ ਅੰਗਰੇਜ਼ੀ ਪਾਠਕਾਂ ਲਈ ਨਵਾਂ ਤਜਰਬਾ ਤੇ ਭਾਸ਼ਾਈ ਬਨਾਵਟ ਪੇਸ਼ ਕੀਤੀ।

ਇਹ ਪੁਰਸਕਾਰ ਹਰ ਸਾਲ ਮਈ ਤੇ ਅਪਰੈਲ ਦਰਮਿਆਨ ਯੂ ਕੇ ਜਾਂ ਆਇਰਲੈਂਡ ਵਿੱਚ ਪ੍ਰਕਾਸ਼ਤ ਕਿਸੇ ਵੀ ਭਾਸ਼ਾ ਤੋਂ ਅੰਗਰੇਜ਼ੀ 'ਚ ਅਨੁਵਾਦਤ ਸਰਵੋਤਮ ਗਲਪ ਨੂੰ ਦਿੱਤਾ ਜਾਂਦਾ ਹੈ। ਜੇਤੂ ਨੂੰ ਕਰੀਬ 52 ਲੱਖ ਰੁਪਏ ਦੀ ਰਾਸ਼ੀ ਦਿੱਤੀ ਜਾਂਦੀ ਹੈ, ਜੋ ਲੇਖਕ ਤੇ ਅਨੁਵਾਦਕ ਵਿਚਾਲੇ ਇਕਸਾਰ ਵੰਡੀ ਜਾਂਦੀ ਹੈ। 'ਹਾਰਟ ਲੈਂਪ' ਤੋਂ ਪਹਿਲਾਂ ਸਿਰਫ ਇੱਕ ਭਾਰਤੀ ਪੁਸਤਕ-ਗੀਤਾਂਜਲੀ ਸ੍ਰੀ ਦੀ 'ਰੇਤ ਸਮਾਧੀ' (ਅਨੁਵਾਦ : ਡੇਜ਼ੀ ਰੌਕਵੇਲ) ਨੂੰ 2022 ਵਿੱਚ ਇਹ ਸਨਮਾਨ ਮਿਲਿਆ ਸੀ। ਇਸ ਸਾਲ ਲਈ ਨਾਮਜ਼ਦ ਹੋਰਨਾਂ ਪੁਸਤਕਾਂ ਵਿੱਚ ਫਰੈਂਚ, ਜਪਾਨੀ, ਡੈਨਿਸ਼, ਇਤਾਲਵੀ ਭਾਸ਼ਾਵਾਂ ਦੀਆਂ ਰਚਨਾਵਾਂ ਦੀ ਸ਼ਾਮਲ ਸਨ, ਜਿਨ੍ਹਾਂ ਦੇ ਲੇਖਕਾਂ ਤੇ ਅਨੁਵਾਦਕਾਂ ਨੂੰ ਵੀ ਇਨਾਮੀ ਰਾਸ਼ੀ ਦਿੱਤੀ ਗਈ ਹੈ।

## ਐੱਸ ਐੱਮ ਓ ਦੀ ਸਿਵਲ ਸਰਜਨ ਕੋਲ ਸ਼ਿਕਾਇਤ



**ਤਲਵੰਡੀ ਸਾਬੋ, (ਜਗਦੀਪ ਗਿੱਲ)**-ਐੱਸ ਐੱਮ ਓ ਤਲਵੰਡੀ ਸਾਬੋ ਵਿਰੁੱਧ ਡਾਕਟਰ ਬਿਕਰਮ ਪ੍ਰਤਾਪ ਖਿੱਚੀ ਮੈਡੀਕਲ ਅਫਸਰ ਐੱਸ ਡੀ ਐੱਚ ਤਲਵੰਡੀ ਸਾਬੋ ਸਣੇ ਇੱਕ ਦਰਜਨ ਦੇ ਕਰੀਬ ਡਾਕਟਰਾਂ ਬੁੱਧਵਾਰ ਸਿਵਲ ਸਰਜਨ ਬਠਿੰਡਾ ਨੂੰ ਲਿਖਤੀ ਸ਼ਿਕਾਇਤ ਕਰ ਦਿੱਤੀ। ਸ਼ਿਕਾਇਤ 'ਚ ਮਰਦ ਡਾਕਟਰਾਂ ਦੇ ਨਾਲ ਲੇਡੀ ਡਾਕਟਰਾਂ ਪ੍ਰਤੀ ਅੱਪ ਸ਼ਬਦ ਬੋਲਣ ਦੇ ਗੰਭੀਰ ਇਲਜ਼ਾਮ ਲਗਾਏ ਗਏ ਹਨ। ਪੀੜਤ ਡਾਕਟਰਾਂ ਵੱਲੋਂ ਕਿਹਾ ਗਿਆ ਹੈ ਕਿ ਐੱਸ ਐੱਮ ਓ ਤਲਵੰਡੀ ਸਾਬੋ ਵੱਲੋਂ ਐਮਰਜੈਂਸੀ ਡਿਊਟੀ ਕਰਦੇ ਡਾਕਟਰਾਂ ਨੂੰ ਕਿਸੇ ਐੱਮ ਐੱਲ ਏ ਦਾ ਹਵਾਲਾ ਦੇ ਕੇ ਧਮਕਾਇਆ ਜਾ ਰਿਹਾ ਹੈ। ਉਕਤ ਪੀੜਤ ਡਾਕਟਰਾਂ ਦਾ ਕਹਿਣਾ ਹੈ ਕਿ ਇਹਨਾਂ ਪ੍ਰਸਥਿਤੀਆਂ ਦੇ ਚਲਦਿਆਂ ਉਹਨਾਂ ਨੂੰ ਆਪਣੀ ਨਿਰਪੱਖ ਡਿਊਟੀ ਨਿਭਾਉਣ ਵਿੱਚ ਭਾਰੀ ਦਿੱਕਤਾਂ ਆ ਰਹੀਆਂ ਹਨ ਅਤੇ ਨਾਲ ਹੀ ਉਹ ਭਾਰੀ ਮਾਨਸਿਕ ਪਰੇਸ਼ਾਨੀਆਂ ਦਾ ਸਾਹਮਣਾ ਵੀ ਕਰ ਰਹੇ ਹਨ।ਉਧਰ ਐੱਸ ਐੱਮ ਓ ਤਲਵੰਡੀ ਸਾਬੋ ਡਾਕਟਰ ਰਵੀਕਾਂਤ ਗੁਪਤਾ ਨੇ ਸਾਰੇ ਇਲਜ਼ਾਮਾਂ ਨੂੰ ਨਿਰਾਧਾਰ ਦੱਸਿਆ। ਉਨ੍ਹਾ ਕਿਹਾ ਕਿ ਡਿਊਟੀ ਵਿੱਚ ਕੁਤਾਹੀਆਂ ਜਾਂ ਬੇਨਿਯਮੀਆਂ ਕਰਨ ਵਾਲਿਆਂ ਨੂੰ ਉਹ ਡਾਂਟਦੇ ਜ਼ਰੂਰ ਹਨ, ਪਰੰਤੂ ਅਜਿਹਾ ਪਬਲਿਕ ਦੇ ਹਿੱਤ ਵਿੱਚ ਹੀ ਕੀਤਾ ਜਾ ਰਿਹਾ ਹੈ।

## ਨਸ਼ਿਆਂ ਵਿਰੁੱਧ ਜੰਗ 'ਚ ਪਿੰਡਾਂ ਦੇ ਵਾਸੀਆਂ ਨੇ ਲਿਆ ਇਕਜੁੱਟ ਹੋਣ ਦਾ ਪ੍ਰਣ



**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਤਹਿਤ ਜ਼ਿਲ੍ਹੇ ਭਰ ਵਿੱਚ ਨਸ਼ਾ ਮੁਕਤੀ ਯਾਤਰਾ ਰਾਹੀਂ ਲੋਕ ਜਾਗਰੂਕਤਾ ਮੁਹਿੰਮ ਜ਼ੋਰਾਂ 'ਤੇ ਜਾਰੀ ਹੈ। ਇਸੇ ਕੜੀ ਅਧੀਨ ਪਿੰਡ ਭੱਦਲਵੱਢ, ਕਰਮਗੜ੍ਹ ਅਤੇ ਅਮਲਾ ਸਿੰਘ ਵਾਲਾ ਵਿੱਚ ਆਯੋਜਿਤ ਨਸ਼ਾ ਮੁਕਤੀ ਇਕੱਠਾਂ ਦੌਰਾਨ ਪਿੰਡ ਵਾਸੀਆਂ ਨੇ ਨਸ਼ਿਆਂ ਵਿਰੁੱਧ ਇਕਜੁੱਟ ਹੋ ਕੇ ਲੜਨ ਦਾ ਐਲਾਨ ਕੀਤਾ।ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ ਨੇ ਨਸ਼ਿਆਂ ਦੇ ਖ਼ਤਰੇ ਬਾਰੇ ਚੇਤਾਵਨੀ ਦਿੰਦਿਆਂ ਲੋਕਾਂ ਨੂੰ ਇਕਜੁੱਟ ਹੋਣ ਦੀ ਅਪੀਲ ਕੀਤੀ। ਉਨ੍ਹਾਂ ਪਿੰਡ ਵਾਸੀਆਂ ਤੋਂ ਨਸ਼ਿਆਂ ਵਿਰੋਧੀ ਸਹੁੰ ਵੀ ਚੁਕਵਾਈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲਤ ਨੂੰ ਤੋੜਨ ਲਈ ਪਿੰਡ ਪੱਧਰ 'ਤੇ ਲੋਕ-ਹਿੱਤਸ਼ੀਲਤਾ ਜ਼ਰੂਰੀ ਹੈ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਰਾਮ ਤੀਰਥ ਮੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ ਫੈਸਲਾਕੁੰਨ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰੀਕੇ ਨਾਲ ਨਸ਼ਾ ਤਸਕਰਾਂ ਦੀ ਸਹਾਇਤਾ ਨਾ ਕਰਨ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਇੱਕ ਪਾਸੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਰਹੀ ਹੈ, ਤੇ ਦੂਜੇ ਪਾਸੇ ਨਸ਼ਾ ਪੀੜਤਾਂ ਦੀ ਮੁੜ ਸਧਾਰ ਵੱਲ ਉਪਰਾਲੇ ਕਰ ਰਹੀ ਹੈ, ਤਾਂ ਜੋ ਉਹ ਸਮਾਜ ਦੇ ਮੁੱਖ ਧਾਰੇ ਨਾਲ ਜੁੜ ਸਕਣ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਰੋਜ਼ਗਾਰ ਦੀਆਂ ਮੌਕਿਆਂ ਵੱਲ ਉਤਸ਼ਾਹਤ ਕੀਤਾ ਜਾ ਰਿਹਾ ਹੈ। ਇਸ ਸਮਾਗਮ ਵਿੱਚ ਐਸ.ਡੀ.ਐਮ. ਬਰਨਾਲਾ ਹਰਪ੍ਰੀਤ ਸਿੰਘ ਅਟਵਾਲ, ਬੀ.ਡੀ.ਪੀ.ਓ. ਸੁਖਵਿੰਦਰ ਸਿੰਘ ਸਿੱਧੂ, ਐੱਸ.ਐਮ.ਓ. ਡਾ. ਗੁਰਤਜਿੰਦਰ ਕੌਰ, ਹਲਕਾ ਕੋਆਰਡੀਨੇਟਰ ਕੁਲਦੀਪ ਸਿੰਘ, ਬਲਰਾਜ ਸਿੰਘ ਬੀ ਈ ਈ, ਸਰਪੰਚ ਹਰਕੇਸ਼ ਸਿੰਘ, ਸਰਪੰਚ ਦਰਸ਼ਨ ਸਿੰਘ, ਸਰਪੰਚ ਸਰਬਜੀਤ ਸਿੰਘ ਆਦਿ ਹਾਜ਼ਰ ਸਨ।

## ਬਾਬਾ ਹਰਨਾਮ ਸਿੰਘ (ਪਾਤਸ਼ਾਹ) ਦਾ 42ਵਾਂ ਸਾਲਾਨਾ ਜੋੜ ਮੇਲਾ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)** ਗੁਰਦੁਆਰਾ ਜੋਤੀ ਸਰੂਪ ਜੱਥਾ ਦਮਦਮੀ ਟਕਸਾਲ ਜੋਗੇਵਾਲਾ ਵਿਖੇ ਬਾਬਾ ਹਰਨਾਮ ਸਿੰਘ (ਪਾਤਸ਼ਾਹ) ਦੇ 42ਵਾਂ ਸਲਾਨਾ ਜੋੜ ਮੇਲਾ ਸਮਾਗਮ ਦੌਰਾਨ ਜਿਥੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਥੇ ਹੀ ਦੀਵਾਨ ਹਾਲ ਵਿੱਚ ਧਾਮਿਕ ਸਮਾਗਮ ਕਰਵਾਇਆ ਗਿਆ ਜਿਸ ਦੌਰਾਨ ਹੁਕਮਰਾਨੇ ਦੀ ਸ਼ਬਦਾਂ ਦੇ ਅਰਥਾਂ ਦੀ ਕਥਾ ਗਿਆਨੀ ਭੁਪਿੰਦਰ ਸਿੰਘ ਬੋਪਾਰਾਏ ਵੱਲੋਂ ਸਰਵਨ ਕਰਵਾਈ ਗਈ। ਉਪਰੰਤ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਅਤੇ ਰਾਗੀ ਜਥਾ ਭਾਈ ਪ੍ਰਭਜੋਤ ਸਿੰਘ ਜਲੰਧਰ ਵਾਲੇ ਵਲੋਂ ਗੁਰਬਾਣੀ ਕੀਰਤਨ ਰਾਂਹੀ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਸਮਾਗਮ ਦੌਰਾਨ ਸਿੰਘ ਸਾਹਿਬ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਗਿਆਨੀ ਗੁਰਵਿੰਦਰ ਸਿੰਘ, ਸੰਤ ਗਿਆਨੀ ਰਾਮ ਸਿੰਘ ਦਮਦਮੀ ਟਕਸਾਲ, ਸੰਤ ਗੁਰਮੀਤ ਸਿੰਘ ਖੋਸਾ ਕੋਟਲਾ ਵਾਲੇ, ਗਿਆਨੀ ਜਸਵਿੰਦਰ ਸਿੰਘ, ਬਾਬਾ ਰੇਸ਼ਮ ਸਿੰਘ ਖੁਖਰਾਣਾ, ਸੰਤ ਗਿਆਨੀ ਅਮੀਰ ਸਿੰਘ ਜੀ ਜਬਦੀ ਟਕਸਾਲ, ਸੰਤ ਗੁਰਨਾਮ ਸਿੰਘ ਡਰੋਲੀ ਭਾਈ, ਸੰਤ ਸੁਰਜੀਤ ਸਿੰਘ ਮਹਿਰੋਂ ਨੇ ਸੰਗਤਾਂ ਦੇ ਸਨਮੁੱਖ ਹੁੰਦਿਆਂ ਕਿਹਾ ਕਿ ਸੰਤ ਬਾਬਾ ਹਰਨਾਮ ਸਿੰਘ ਜੀ (ਪਾਤਸ਼ਾਹ) ਤੇ ਗੁਰੂ ਸਾਹਿਬ ਦੀ ਏਨੀ ਬਖਸ਼ਿਸ਼ ਸੀ ਕਿ 1930 ਵਿੱਚ ਪਹਿਲਾ ਉਨ੍ਹਾਂ ਨੂੰ ਦਮਦਮੀ ਟਕਸਾਲ ਮੁੱਖੀ ਸੰਤ ਬਾਬਾ ਸੁੰਦਰ ਸਿੰਘ ਜੀ ਭਿੰਡਰਾਂ ਵਾਲਿਆ ਦੀ ਸੰਗਤ ਕੀਤੀ ਉਥੇ ਹੀ ਉਨ੍ਹਾਂ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮਹਾਂਪੁਰਖਾਂ ਨਾਲ ਬੋਪਾਰਾਵਾਂ ਰਹਿ ਕਰਕੇ ਗੁਰਬਾਣੀ ਕਥਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਸੰਤ ਬਾਬਾ ਹਰਨਾਮ ਸਿੰਘ ਜੀ (ਪਾਤਸ਼ਾਹ) ਵਲੋਂ ਕੁਝ ਸਾਲ ਭਿੰਡਰ ਕਲਾਂ ਗੁਰਦੁਆਰਾ ਅਖੰਡ ਪ੍ਰਕਾਸ਼ ਵਿਖੇ ਵੀ ਸੇਵਾਵਾਂ ਨਿਭਾਈਆਂ ਅਤੇ ਅਤੇ 40 ਸਾਲ ਦੇ ਕਰੀਬ ਪਿੰਡ ਮਨਾਵਾਂ ਵਿੱਚ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਅਸਥਾਨ ਗੁਰਦੁਆਰਾ ਗੁਰੂ ਵਿੱਚ ਕਥਾ ਵਿਚਾਰਾਂ ਰਾਂਹੀਂ ਸੰਗਤਾਂ ਨੂੰ ਨਿਹਾਲ ਕਰਦੇ ਰਹੇ ਉਪਰੰਤ ਉਨ੍ਹਾਂ ਵਲੋਂ ਪਿੰਡ ਜੋਗੇਵਾਲਾ ਵਿਖੇ ਪੱਕਾ ਪੜਾਅ ਕੀਤਾ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਸਿਖਿਆਰਥੀਆਂ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਸ਼ੁੱਧ ਸੰਥਿਆ ਦਿੱਤੀ ਅੱਜ ਉਨ੍ਹਾਂ ਦੇ ਸਿੱਖਿਆਰਥੀ ਦੇਸ਼ ਹੀ ਨਹੀ ਬਲਕਿ ਵਿਦੇਸ਼ਾਂ ਵਿੱਚ ਗੁਰਬਾਣੀ ਰਾਂਹੀਂ ਸੰਗਤਾਂ ਨੂੰ ਨਿਹਾਲ ਕਰਨ ਰਹੇ ਹਨ। ਸੰਤ ਬਾਬਾ ਹਰਨਾਮ ਸਿੰਘ ਜੀ (ਪਾਤਸ਼ਾਹ) ਅਕਾਲ ਚਲਾਨੇ ਉਪਰੰਤ ਉਨ੍ਹਾਂ ਵਲੋਂ ਵਿਦਿਆਰਥੀਆਂ ਗੁਰਬਾਣੀ ਦੀ ਸ਼ੁੱਧ ਸਿੱਖਿਆ ਦੇਣ ਦੀ ਸੇਵਾ ਬਾਬਾ ਬਲਦੇਵ ਸਿੰਘ ਜੀ ਵਲੋਂ ਨਿਰੰਤਰ ਨਿਭਾਈ ਜਾ ਰਹੀ ਹੈ। ਗੁਰੂ ਸਾਹਿਬ ਕ੍ਰਿਪਾ ਕਰਨ ਤਾਂ ਜੋ ਇਹ ਟਕਸਾਲ ਏਸੇ ਤਰਾਂ ਹੀ ਚੜਦੀ ਕਲਾ ਵਿੱਚ ਰਹੇ। ਇਸ ਸਮਾਗਮ ਦੌਰਾਨ ਸ਼ਹੀਦਾਂ ਦੇ ਪਰਵਾਰਾਂ ਦਾ ਸਨਮਾਨ ਕੀਤਾ ਗਿਆ ਉਥੇ ਵੱਡੀ ਗਿਣਤੀ ਵਿੱਚ ਪੁੱਜੇ ਸੰਤਾਂ ਮਹਾਂਪੁਰਸ਼ਾਂ, ਸਮਾਜ ਸੇਵੀ ਸੰਸਥਾਵਾਂ ਦੇ ਆਗੂ ਅਤੇ ਵਿਧਾਇਕ ਬੀਬੀ ਅਮਨਦੀਪ ਕੌਰ ਅਰੋੜਾ ਦਾ ਵੀ ਸਨਮਾਨ ਕੀਤਾ ਗਿਆ। ਇਨ੍ਹਾਂ ਸਮਾਗਮਾਂ ਵਿੱਚ ਸਟੇਜ ਦੀ ਸੇਵਾ ਗਿਆਨੀ ਹਰਪ੍ਰੀਤ ਸਿੰਘ ਜੋਗੇਵਾਲਾ ਵਲੋਂ ਨਿਭਾਈ ਗਈ। ਸਮਾਗਮ ਦੌਰਾਨ ਢਾਡੀ ਅਤੇ ਕਵੀਸ਼ਰੀ ਜੱਥਿਆ ਵਲੋਂ ਸਿੱਖ ਇਤਿਹਾਸ ਤੇ ਬੀਰਰੱਸ ਵਾਰਾਂ ਗਾਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੇ ਅੰਤ ਵਿੱਚ ਬਾਬਾ ਬਲਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਜੋਤੀ ਸਰੂਪ ਵਲੋਂ ਸਮੁੱਚੀ ਸੰਗਤ ਅਤੇ ਸੰਤਾਂ ਮਹਾਂਪੁਰਸ਼ਾਂ ਦਾ ਇਸ ਅਸਥਾਨ ਦੇ ਪੁੱਜਣ ਲਈ ਧੰਨਵਾਦ ਕੀਤਾ।

## ਅਗਰਵਾਲ ਸਭਾ ਦਾ ਸਾਲਾਨਾ ਸਮਾਗਮ 25 ਨੂੰ



**ਨਾਭਾ (ਵਰਿੰਦਰ ਵਰਮਾ)** ਅਗਰਵਾਲ ਸਭਾ ਵੱਲੋਂ 25 ਮਈ ਨੂੰ ਉਦਘਾਟਨ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ।ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਦੱਸਿਆ ਕਿ ਇਸ ਉਦਘਾਟਨ ਸਮਾਰੋਹ ਵਿੱਚ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਅਗਰਵਾਲ ਸਭਾ ਦੇ ਜ਼ਿਲ੍ਹਾ ਪ੍ਰਧਾਨ ਓਮ ਪ੍ਰਕਾਸ਼ ਗਰਗ, ਚੇਅਰਮੈਨ ਅਸ਼ੋਕ ਬਾਂਸਲ ਨਾਭਾ, ਪ੍ਰਧਾਨ ਰਵਨੀਸ਼ ਗੋਇਲ, ਜਨਰਲ ਸਕੱਤਰ ਐਡਵੋਕੇਟ ਭਾਰਤ ਭੂਸ਼ਨ ਜੈਨ ਅਤੇ ਨਰੇਸ਼ ਗੁਪਤਾ ਨੇ ਕਿਹਾ ਕਿ ਮਹਾਰਾਜਾ ਅਗਰਸੇਨ ਜੀ ਦੀ ਉਸਾਰੀ ਦਾ ਕੰਮ ਕਰਾਇਆ ਜਾ ਰਿਹਾ ਹੈ, ਜਿਸ ਦਾ ਉਦਘਾਟਨ 25 ਮਈ ਨੂੰ ਠੀਕ 11 ਵਜੇ ਸਵੇਰੇ ਅਗਰਵਾਲ ਸਭਾ ਪਟਿਆਲਾ ਗੇਟ ਵਿਖੇ ਕੀਤਾ ਜਾਵੇਗਾ, ਜਿਸ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਉਨ੍ਹਾਂ ਦੇ ਚੰਡੀਗੜ੍ਹ ਨਿਵਾਸ ਵਿਖੇ ਨਿੱਘਾ ਸੱਦਾ ਪੱਤਰ ਦਿੱਤਾ ਗਿਆ।

## ਬ੍ਰਦਰਜ਼ ਰੈਸਟੋਰੈਂਟ 'ਚ ਲੱਗੀ ਭਿਆਨਕ ਅੱਗ ਨਾਲ 35 ਲੱਖ ਦਾ ਨੁਕਸਾਨ

**ਮਮਦੋਟ (ਜਸਬੀਰ ਸਿੰਘ ਕੰਬੋਜ)** ਫ਼ਿਰੋਜ਼ਪੁਰ-ਮਮਦੋਟ ਸੜਕ 'ਤੇ ਬਿਜਲੀ ਘਰ ਦੇ ਸਾਹਮਣੇ ਨਵੇਂ ਬਣੇ ਬ੍ਰਦਰਜ਼ ਰੈਸਟੋਰੇਟ ਵਿੱਚ ਮੰਗਲਵਾਰ ਤੜਕਸਾਰ ਅੱਗ ਲੱਗ ਜਾਣ ਕਾਰਨ ਸਾਰਾ ਸਮਾਨ ਸੜ ਕੇ ਸਵਾਹ ਹੋ ਗਿਆ। ਸਵੇਰੇ ਤੜਕਸਾਰ ਕਰੀਬ 5 ਕੁ ਵਜੇ ਮਮਦੋਟ ਬਿਜਲੀ ਘਰ ਦੇ ਸਾਹਮਣੇ ਨਵੇਂ ਬਣੇ ਬ੍ਰਦਰਜ਼ ਰੈਸਟੋਰੈਂਟ ਵਿੱਚ ਜਿਵੇਂ ਹੀ ਅੱਗ ਦੀਆਂ ਲਪਟਾਂ ਨਿਕਲਣੀਆਂ ਸ਼ੁਰੂ ਹੋਈਆਂ ਤਾਂ ਸੜਕ 'ਤੇ ਸੈਰ ਕਰਨ ਵਾਸਤੇ ਜਾਂਦੇ ਤੇ ਆਂਢ ਗੁਆਂਢ ਨੇ ਰੈਸਟੋਰੇਟ ਦੇ ਮਾਲਕਾਂ ਨੂੰ ਫੋਨ 'ਤੇ ਇਸ ਅੱਗ ਲੱਗਣ ਬਾਰੇ ਸੂਚਨਾ ਦਿੱਤੀ। ਅੱਗ ਏਨੀ ਭਿਆਨਕ ਸੀ ਕਿ ਲਾਟਾਂ ਦੂਰ-ਦੂਰ ਤੱਕ ਪਹੁੰਚ ਰਹੀਆਂ ਸਨ। ਅੱਗ ਲੱਗਣ ਦੀ ਖ਼ਬਰ ਸੁਣ ਕੇ ਪੁਲਸ ਥਾਣਾ ਮਮਦੋਟ ਦੀ ਟੀਮ ਅਤੇ ਬੀ.ਐਸ.ਐਫ. ਸੈਕਟਰ ਵਿੱਚੋਂ ਬੀ.ਐਸ.ਐਫ. ਦੇ ਜਵਾਨ ਅੱਗ 'ਤੇ ਕਾਬੂ ਪਾਉਣ ਲਈ 2 ਕੈਂਟਰ ਪਾਣੀ ਲੈ ਕੇ ਪਹੁੰਚੇ। ਅੱਗ ਭਿਆਨਕ ਹੋਣ ਕਾਰਨ ਅੱਗ ਤੇ ਕਾਬੂ ਨਹੀ ਪਾਇਆ ਜਾ ਸਕਿਆ। ਕਰੀਬ 06 ਵਜੇ ਫਾਇਰ ਬ੍ਰਿਗੇਡ ਦੀ ਗੱਡੀ ਤੇ ਨਾਲ ਆਈ ਟੀਮ ਨੇ ਬੜੀ ਜੱਦੋ ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾ ਲਿਆ ਅਤੇ ਦੂਜੀਆਂ ਦੁਕਾਨਾਂ ਨੂੰ ਅੱਗ ਦੀਆਂ ਲਪਟਾਂ ਤੋਂ ਬਚਾ ਲਿਆ ਗਿਆ . ਬ੍ਰਦਰਜ਼ ਰੈਸਟੋਰੈਂਟ ਦੇ ਮਾਲਕ ਸ਼ਿੰਦਰ ਸਿੰਘ ਪੁੱਤਰ ਨਾਜ਼ਰ ਸਿੰਘ, ਗਗਨਦੀਪ ਸਿੰਘ ਪੁੱਤਰ ਸਤਨਾਮ ਸਿੰਘ ਤੇ ਉਨ੍ਹਾਂ ਦੇ ਭਰਾ ਮੁਖਤਿਆਰ ਸਿੰਘ ਨੇ ਦੱਸਿਆ ਕਿ ਅੱਜ ਤੋਂ ਕਰੀਬ ਸਾਢੇ 3 ਮਹੀਨੇ ਪਹਿਲਾਂ ਕਰੀਬ 35-40 ਲੱਖ ਰੁਪਏ ਲਾ ਕੇ ਇਹ ਨਵਾਂ ਰੈਸਟੋਰੇਟ ਤਿਆਰ ਕੀਤਾ ਸੀ, ਜੋ ਬਿਲਕੁਲ ਅੱਗ ਦੀ ਲਪੇਟ 'ਚ ਆ ਗਿਆ ਹੈ, ਜਿਸ ਕਾਰਨ ਸਾਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਦੱਸਿਆ ਕਿ ਇਸ ਅੱਗ ਦੌਰਾਨ 2 ਡੀਪ-ਫਰੀਜ਼ਰ, 3 ਏ.ਸੀ., 01 ਓਮਨ , 04 ਗੈਸ ਸਿਲੰਡਰ, 01 ਮੈਕ੍ਰੋਵੇਵ, 02 ਫਰਾਇਲ, 01 ਇਲੈਕਟ੍ਰਿਕ ਤੰਦੂਰ, ਗਰਿੱਲਰ, ਕਰੋਕਰੀ ਤੇ ਰੈਸਟੋਰੇਟ ਦਾ ਸਾਰਾ ਨਵਾ ਫਰਨੀਚਰ ਸੜ ਕੇ ਸਵਾਹ ਹੋ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਲਿਖਤੀ ਤੌਰ 'ਤੇ ਪੁਲਸ ਥਾਣਾ ਮਮਦੋਟ ਨੂੰ ਇਤਲਾਹ ਦੇ ਦਿੱਤੀ ਗਈ ਹੈ। ਪੀੜਤ ਪਰਵਾਰ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਉਨ੍ਹਾਂ ਦੇ ਰੈਸਟੋਰੈਂਟ ਨੂੰ ਅੱਗ ਲੱਗਣ ਕਾਰਨ ਉਨ੍ਹਾਂ ਦਾ ਕਾਰੋਬਾਰ ਪੂਰੀ ਤਰ੍ਹਾਂ ਬੰਦ ਹੋ ਗਿਆ ਹੈ, ਇਸ ਕਰਕੇ ਉਨ੍ਹਾਂ ਦੀ ਮਦਦ ਕੀਤੀ ਜਾਵੇ, ਤਾਂ ਜੁ ਉਹ ਆਪਣੇ ਪਰਵਾਰ ਤੇ ਬੱਚਿਆਂ ਨੂੰ ਪਾਲ ਸਕਨ।



## ਵਿਧਾਇਕ ਸਵਨਾ ਨੇ ਮਾਧਵ ਨਗਰੀ 'ਚ 2 ਕਰੋੜ ਨਾਲ ਪੈ ਰਹੇ ਸੀਵਰੇਜ ਦੇ ਕੰਮ ਦਾ ਲਿਆ ਜਾਇਜ਼ਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਮਾਧਵ ਨਗਰੀ ਦਾ ਦੌਰਾ ਕੀਤਾ। ਇੱਥੇ ਉਹਨਾਂ ਨੇ ਪੰਜਾਬ ਸਰਕਾਰ ਵੱਲੋਂ 2 ਕਰੋੜ ਰੁਪਏ ਦੀ ਲਾਗਤ ਨਾਲ ਪਾਏ ਜਾ ਰਹੇ ਸੀਵਰੇਜ ਦਾ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਹ ਕੰਮ ਆਉਣ ਵਾਲੇ ਕੁਝ ਹੀ ਦਿਨਾਂ ਵਿੱਚ ਮੁਕੰਮਲ ਹੋ ਜਾਵੇਗਾ, ਜਿਸ ਤੋਂ ਬਾਅਦ ਇੱਥੇ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਵਿਛਾ ਕੇ ਲੋਕਾਂ ਨੂੰ ਮੁਫਤ ਪਾਣੀ ਦੇ ਕੁਨੈਕਸ਼ਨ ਦਿੱਤੇ ਜਾਣਗੇ ਅਤੇ ਸੜਕ ਵੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਇਸ ਇਲਾਕੇ ਦੇ ਲੋਕਾਂ ਨੂੰ ਬਹੁਤ ਲਾਭ ਹੋਵੇਗਾ। ਵਿਧਾਇਕ ਨੇ ਦੱਸਿਆ ਕਿ ਸ਼ਹਿਰ ਵਿੱਚ ਹੋਰ ਵੀ ਕਈ ਇਲਾਕੇ ਪਹਿਚਾਣੇ ਗਏ ਹਨ ਜਿੱਥੇ ਸੀਵਰੇਜ ਦਾ ਕੰਮ ਹੋਣ ਵਾਲਾ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ 6 ਕਰੋੜ ਰੁਪਏ ਖਰਚੇ ਕੀਤੇ ਜਾਣਗੇ ਅਤੇ ਸ਼ਹਿਰ ਦੇ ਬਕਾਇਆ ਪਏ ਸਾਰੇ ਇਲਾਕਿਆਂ ਵਿੱਚ ਸੀਵਰੇਜ ਪਾਇਆ ਜਾਵੇਗਾ।ਇਸ ਦੌਰਾਨ ਵਿਧਾਇਕ ਵੱਲੋਂ ਘਰ ਘਰ ਜਾ ਕੇ ਲੋਕਾਂ ਦੀਆਂ ਮੁਸਕਿਲਾਂ ਸੁਣੀਆਂ ਗਈਆਂ ਅਤੇ ਮੌਕੇ 'ਤੇ ਹੀ ਅਧਿਕਾਰੀਆਂ ਨੂੰ ਮੁਸ਼ਕਿਲਾਂ ਦੇ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਲੋਕਾਂ ਨੇ ਵਿਧਾਇਕ ਦੇ ਇਲਾਕੇ ਵਿਚ ਪਹੁੰਚਣ ਦਾ ਸਵਾਗਤ ਕੀਤਾ।

## ਬੀਬੀ ਮਾਣੂੰਕੇ ਵੱਲੋਂ ਕੋਠੇ ਰਾਹਲਾਂ, ਅਗਵਾੜ ਲਧਾਈ ਤੇ ਅਗਵਾੜ ਗੁੱਜਰਾਂ 'ਚ ਜਲਸੇ



**ਜਗਰਾਉਂ (ਸੰਜੀਵ ਅਰੋੜਾ)** ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹਲਕੇ ਦੇ ਪਿੰਡ ਕੋਠੇ ਰਾਹਲਾਂ, ਅਗਵਾੜ ਲਧਾਈ ਤੇ ਅਗਵਾੜ ਗੁੱਜਰਾਂ ਵਿੱਚ ਨਗਰ ਨਿਵਾਸੀਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ ਤੇ ਚਿੱਟੇ ਵਰਗੇ ਮਾਰੂ ਨਸ਼ਿਆਂ ਨੂੰ ਰੋਕਣ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਕੇ ਹੋਏ ਜਲਸੇ ਕੀਤੇ। ਇਨ੍ਹਾਂ ਪਿੰਡਾਂ ਦੇ ਰੱਖੇ ਗਏ ਵੱਖ-ਵੱਖ ਸਮਾਗਮਾਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਖਿਆ ਕਿ ਲੋਕੋ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਤੁਹਾਡੇ ਧੀਆਂ-ਪੁੱਤਰਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਈ ਹੈ, ਇਸ ਲਈ ਆਓ ਸਾਰੇ ਸਰਕਾਰ ਦਾ ਸਾਥ ਦੇ ਕੇ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰੀਏ। ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਜੇਕਰ ਕੋਈ ਸਰਪੰਚ, ਪੰਚਾਇਤ ਮੈਂਬਰ ਜਾਂ ਨੰਬਰਦਾਰ ਕਿਸੇ ਵੀ ਚਿੱਟੇ ਦੇ ਸਮੱਗਲਰ ਜਾਂ ਨਸ਼ੇੜੀ ਦੀ ਸਹਾਇਤਾ ਲਈ ਸਿਫ਼ਾਰਸ਼ ਕਰਕੇ ਜਾਂ ਸਾਥ ਦੇਵੇਗਾ ਤਾਂ ਉਸ ਵਿਰੁੱਧ ਵੀ ਸਖਤ ਕਾਰਵਾਈ ਹੋ ਸਕਦੀ ਹੈ ਤੇ ਉਸ ਵਿਰੁੱਧ ਪਿੰਡਾਂ ਵਿੱਚ ਇਕੱਠ ਕਰਕੇ ਵਿਰੋਧ ਦਾ ਮਤਾ ਪਾਇਆ ਜਾਵੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਕੋਆਰਡੀਨੇਟਰ ਵਿਕਰਮਜੀਤ ਸਿੰਘ ਵਿੱਕੀ ਥਿੰਦ, ਸਿੱਖਿਆ ਕੋਆਰਡੀਨੇਟਰ ਮਾ. ਪਰਮਿੰਦਰ ਸਿੰਘ ਗਿੱਦੜਵਿੰਡੀ, ਯੂਥ ਪ੍ਰਧਾਨ ਸਤਿੰਦਰ ਸਿੰਘ ਗਾਲਿਬ, ਥਾਣਾ ਸਿਟੀ ਜਗਰਾਉਂ ਦੇ ਐਸ.ਐਚ.ਓ.ਵਰਿੰਦਰਪਾਲ ਸਿੰਘ ਉਪਲ ਆਦਿ ਵੀ ਨੇ ਵੀ ਲੋਕਾਂ ਨੂੰ ਮਾਰੂ ਨਸ਼ਿਆਂ ਦੇ ਖਾਤਮੇ ਲਈ ਸਹਿਯੋਗ ਕਰਨ ਦੀ ਅਪੀਲ ਕੀਤੀ।

## ਕਿਰਤੀ ਕਾਲਜ 'ਚ ਅੱਤਵਾਦ ਵਿਰੋਧੀ ਦਿਵਸ ਮਨਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਸਰਕਾਰੀ ਕਿਰਤੀ ਕਾਲਜ ਨਿਆਲ ਵਿਖੇ ਪੰਜਾਬ ਸਰਕਾਰ ਤੇ ਯੁਵਕ ਸੇਵਾਵਾਂ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਲਜ ਪ੍ਰਿੰਸੀਪਲ ਗੁਰਵੀਨ ਕੌਰ ਦੀ ਦੇਖ-ਰੇਖ ਹੇਠ ਕਾਲਜ ਦੇ ਐੱਨਐੱਸਐੱਸ ਵਿਭਾਗ ਤੇ ਰੈੱਡ ਰਿੱਬਨ ਕਲੱਬ, ਵੱਲੋਂ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਐੱਨਐੱਸਐੱਸ ਦੇ ਪ੍ਰੋਗਰਾਮ ਅਫ਼ਸਰ ਹਰਮੀਤ ਸਿੰਘ ਨੇ ਆਏ ਮੁੱਖ ਮਹਿਮਾਨ, ਕਾਲਜ ਸਟਾਫ ਅਤੇ ਵਿਦਿਆਰਥੀਆ ਨੂੰ ਜੀ ਆਇਆਂ ਆਖਦਿਆ ਦੱਸਿਆ ਕਿ ਇਹ ਦਿਨ ਹਰ ਸਾਲ 21 ਮਈ ਨੂੰ ਅੱਤਵਾਦ ਦੇ ਵਿਰੁੱਧ ਸ਼ਹੀਦ ਹੋਏ ਸੈਨਿਕਾਂ ਤੇ ਨਾਗਰਿਕਾਂ ਨੂੰ ਸ਼ਰਧਾਂਜਲੀ ਦੇਣ ਅਤੇ ਸਮਾਜ ਨੂੰ ਅੱਤਵਾਦ ਦੇ ਖਤਰੇ ਤੋਂ ਜਾਗਰੂਕ ਕਰਨ ਲਈ ਮਨਾਇਆ ਜਾਂਦਾ ਹੈ। ਕਾਲਜ ਦੇ ਵਾਇਸ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਕਿਹਾ ਕਿ ਨੌਜਵਾਨ ਵਰਗ ਨੂੰ ਸਮੂਹਿਕ ਰੂਪ ਵਿੱਚ ਅੱਤਵਾਦ ਦੇ ਖਿਲਾਫ ਅੱਗੇ ਆਉਣਾ ਚਾਹੀਦਾ ਹੈ ਤੇ ਅੰਤਰਰਾਸ਼ਟਰੀ ਸੰਬੰਧਾਂ ਨੂੰ ਸੁਖਾਵੇਂ ਬਣਾਉਣ ਲਈ ਆਵਾਜ਼ ਉਠਾਨੀ ਚਾਹੀਦੀ ਹੈ।ਐੱਨਐੱਸਐੱਸ ਦੇ ਪ੍ਰੋਗਰਾਮ ਅਫ਼ਸਰ ਪ੍ਰੋ ਜਗਦੀਸ਼ ਸਿੰਘ ਵੱਲੋਂ ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਨੂੰ ਅੱਤਵਾਦ ਵਿਰੁੱਧ ਸਹੁੰ ਚੁਕਾਈ ਗਈ।

## ਪਸ਼ੂ ਮੰਡੀਆਂ ਦਾ 22 ਕਰੋੜ ਘਟ ਕੇ ਟੈਂਡਰ ਲੈਣਾ ਭ੍ਰਿਸ਼ਟਾਚਾਰ ਮੁਕਤ ਪੰਜਾਬ ਦੇ ਬੋਰਡਾਂ ਦਾ ਚਿੜਾਅ ਰਿਹਾ ਮੂੰਹ : ਪੰਜਾਬ ਕਿਸਾਨ ਯੂਨੀਅਨ

**ਮਾਨਸਾ (ਆਤਮਾ ਸਿੰਘ ਪਮਾਰ)** ਪੰਜਾਬ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਗੁਰਨਾਮ ਸਿੰਘ ਭੀਖੀ, ਗੁਰਜੰਟ ਸਿੰਘ ਮਾਨਸਾ, ਗੋਰਾ ਸਿੰਘ ਭੈਣੀ ਅਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਦੱਸਿਆ ਕਿ ਜਥੇਬੰਦੀ ਦਾ ਇੱਕ ਵਫ਼ਦ ਪਸ਼ੂ ਮੰਡੀਆਂ ਸੰਬੰਧੀ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਓਮਾ ਸ਼ੰਕਰ ਗੁਪਤਾ ਆਈ ਏ ਐਸ ਨੂੰ ਮਿਲਣ ਲਈ ਸੈਕਟਰ 92 ਮੁਹਾਲੀ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਪਹੁੰਚਿਆ। ਆਗੂਆਂ ਨੇ ਕਿਹਾ ਕਿ ਦੋ ਧਿਰੀ ਗੱਲਬਾਤ ਦੌਰਾਨ ਡਾਇਰੈਕਟਰ ਨੇ ਕਿਸੇ ਵੀ ਗੱਲ ਦਾ ਤਸੱਲੀਬਖਸ਼ ਜੁਆਬ ਨਹੀਂ ਦਿੱਤਾ, ਸਗੋਂ ਯੂਨੀਅਨ ਦੇ ਆਗੂਆਂ ਨਾਲ ਦੁਰਵਿਹਾਰ ਕਰਨ ਅਤੇ ਕੁਰੱਖਤ ਸ਼ਬਦਾਵਲੀ ਦੀ ਵਰਤੋਂ ਵੀ ਕੀਤੀ।ਉਨ੍ਹਾਂ ਅਜਿਹੇ ਵਿਹਾਰ ਚੋਂ ਕਥਿਤ ਭ੍ਰਿਸ਼ਟਾਚਾਰ ਦੀ ਬੂਅ ਆ ਰਹੀ ਸੀ। ਆਗੂਆਂ ਨੇ ਕਿਹਾ ਕਿ ਡਾਇਰੈਕਟਰ ਦਫ਼ਤਰ ਦੇ ਸਾਹਮਣੇ ਹੀ ਉਨ੍ਹਾਂ ਰੋਸ ਪ੍ਰਦਰਸ਼ਨ ਕੀਤਾ ਤੇ ਕਿਹਾ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਚੱਲਦਿਆਂ ਠੇਕੇਦਾਰਾਂ ਲਈ ਬੇਲੋੜੀਆਂ ਸ਼ਰਤਾਂ ਲਾਉਂਦਿਆਂ ਮੰਡੀਆਂ ਲੈਣ ਲਈ ਤਿੰਨ ਸਾਲਾਂ ਦੇ ਤਜਰਬੇ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਇਹੀ ਠੇਕਾ 94 ਕਰੋੜ ਦਾ ਸੀ, ਜੋ ਇਸ ਵਾਰ 72 ਕਰੋੜ 46 ਲੱਖ ਦਾ ਹੈ। ਵਿਭਾਗ ਵੱਲੋਂ ਆਪਣੇ ਚਹੇਤਿਆਂ ਦੀਆਂ ਫਾਈਲਾਂ, ਜਿਨ੍ਹਾਂ ਵਿੱਚ ਸੁਖਪਾਲ ਭੱਟੀ, ਮਨਜਿੰਦਰ ਸਿੰਘ ਬਿੱਟੂ, ਹਾਜੀ ਇਨਾਮ, ਮਿੱਕੀ ਤੇ ਸੁਦਾਮ ਗਰੁੱਪ ਦੀਆਂ ਫਾਇਲਾਂ ਜਮ੍ਹਾਂ ਕਰਾ ਲਈਆਂ, ਜਿਨ੍ਹਾਂ ਵਿੱਚੋਂ ਹਰਦੀਪ ਸਿੰਘ ਐਂਡ ਕੰਪਨੀ, ਨਸੀਬ ਅਹਿਮਦ ਐਂਡ ਕੰਪਨੀ, ਚੌਧਰੀ ਰਾਕੇਸ਼ ਐਂਡ ਕੰਪਨੀ, ਹਾਜੀ ਨਸੀਬ ਦੀਆਂ ਫਾਇਲਾਂ ਲੈਣ ਤੋਂ ਇਨਕਾਰ ਕਰ ਦਿੱਤ। ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਪੂਰੇ ਪੰਜਾਬ 'ਚ ਹਰ ਚਾਹਵਾਨ ਵਿਅਕਤੀ ਨੂੰ ਖੁੱਲ੍ਹੇ ਤੌਰ 'ਤੇ ਟੈਂਡਰ ਭਰਨ ਦਾ ਮੌਕਾ ਪ੍ਰਦਾਨ ਕਰੇ। ਪੰਜਾਬ ਸਰਕਾਰ ਮੰਡੀਆਂ ਅੰਦਰ ਵੈਟਨਰੀ ਡਾਕਟਰਾਂ, ਛਾਂ ਤੇ ਪਾਣੀ ਦਾ ਵੀ ਪੁਖਤਾ ਪ੍ਰਬੰਧ ਕਰੇ ਅਤੇ ਠੇਕੇਦਾਰੀ ਰਾਹੀਂ ਕਮਾਏ ਪੈਸੇ ਨੂੰ ਕਿਸਾਨਾਂ ਮਜ਼ਦੂਰਾਂ ਦੇ ਸਾਂਝੇ ਹਿੱਤਾਂ ਲਈ ਵਰਤਿਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਲਿਖਾਈ ਦੇ ਵੀ ਅੱਧੇ ਰੇਟ ਕੀਤੇ ਜਾਣ। ਇਸ ਸਮੇਂ ਜਥੇਬੰਦੀ ਦੇ ਮੈਂਬਰ ਅਮਰੀਕ ਸਿੰਘ ਮਾਨਸਾ, ਅਲੀ ਖਾਨ ਆਦਿ ਵੀ ਹਾਜ਼ਰ ਸਨ। ਪਤਾ ਲੱਗਾ ਹੈ ਦੇਰ ਸਾਮ ਨੂੰ ਡਾਇਰੈਕਟਰ ਦੇ ਬੁਲਾਉਣ ਤੇ ਸਪੈਸ਼ਲ ਸੈੱਲ ਮੋਹਾਲੀ ਤੋਂ ਐਸ.ਪੀ ਮਨਪ੍ਰੀਤ ਨੇ ਪਹੁੰਚ ਕੇ ਦੋਹਾਂ ਧਿਰਾਂ ਦੀ ਗੱਲਬਾਤ ਸੁਣ ਕੇ ਜਥੇਬੰਦੀ ਦੇ ਸੁਝਾਅ ਮੰਨਣ ਦੀ ਗੱਲ ਕਹਿਕੇ ਮਾਮਲਾ ਟਿਕਾ ਦਿੱਤਾ ਤੇ ਅਗਲੀ ਕਾਰਵਾਈ ਕਾਗਜ਼ੀ ਪੁਲੰਦਿਆਂ ਵਿੱਚ ਬੰਦ ਹੋ ਕੇ ਕੋਰਟ ਦੇ ਦਰਵਾਜ਼ੇ ਸਟੇਅ ਲਈ ਪਹੁੰਚ ਗਈ ਹੈ ਤੇ ਹਾਲ ਦੀ ਘੜੀ ਫਿਲਹਾਲ ਬੋਲੀ ਦਸ ਦਿਨ ਲਈ ਅੱਗੇ ਪਾ ਦਿੱਤੀ ਗਈ ਹੈ।



## ਭੂਆ ਦੇ ਮੁੰਡੇ ਵੱਲੋਂ ਮਾਮੇ ਦੇ ਮੁੰਡੇ ਦਾ ਕਤਲ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)** ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਘੋਣੇਵਾਲ ਦੇ ਨਜ਼ਦੀਕ ਬੁੱਧਵਾਰ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਭੂਆ ਦੇ ਮੁੰਡੇ ਵੱਲੋਂ ਮਾਮੇ ਦੇ ਮੁੰਡੇ ਦਾ ਕਤਲ ਕਰ ਦਿੱਤਾ ਗਿਆ। ਮ੍ਰਿਤਕ ਭੁਪਿੰਦਰ ਸਿੰਘ ਪੁੱਤਰ ਗੁਲਜ਼ਾਰ ਸਿੰਘ (46) ਵਾਸੀ ਪਿੰਡ ਰਾਮਦਵਾਲੀ ਦੇ ਪੁੱਤਰ ਜਸਕਰਨ ਸਿੰਘ ਨੇ ਦੱਸਿਆ ਕਿ ਮੈਂ ਆਪਣੇ ਪਿਤਾ ਦੇ ਮਾਮੇ ਦੇ ਮੁੰਡੇ ਬੂਟਾ ਸਿੰਘ ਪੁੱਤਰ ਨਿਰੰਜਨ ਸਿੰਘ ਵਾਸੀ ਪਿੰਡ ਧਰਮਾਬਾਦ ਨਾਲ ਕਣਕ ਦੇ ਸੀਜ਼ਨ ਦੌਰਾਨ ਰੀਪਰ ਚਲਾਉਣ ਦਾ ਕੰਮ ਕਰਨ ਲਈ ਲੱਗਾ ਹੋਇਆ ਸੀ। ਉਸ ਨੇ ਦੱਸਿਆ ਕਿ ਮੇਰੇ ਉਹਨਾਂ ਕੋਲ ਲੈਣ ਵਾਲੇ ਕੁਝ ਪੈਸੇ ਬਕਾਇਆ ਰਹਿੰਦੇ ਸਨ। ਜਦ ਮੈਂ ਉਹਨਾਂ ਕੋਲੋਂ ਪਹਿਲੇ ਕੰਮ ਦੇ ਪੈਸੇ ਮੰਗੇ ਤਾਂ ਉਹਨਾਂ ਮੈਨੂੰ ਅਗਾਂਹ ਹੋਰ ਟਰੈਕਟਰ ਚਲਾਉਣ ਵਾਸਤੇ ਕਿਹਾ। ਜਸਕਰਨ ਸਿੰਘ ਨੇ ਕਿਹਾ ਕਿ ਮੈਂ ਜਦ ਉਹਨਾਂ ਨੂੰ ਇਨਕਾਰ ਕੀਤਾ ਤਾਂ ਉਹਨਾਂ ਮੈਨੂੰ ਪੈਸੇ ਦੇਣ ਦੀ ਬਜਾਏ ਉੱਥੇ ਹੀ ਬੰਨ੍ਹ ਲਿਆ ਤੇ ਮੇਰੇ ਪਿਤਾ ਨੂੰ ਫੋਨ 'ਤੇ ਕਿਹਾ ਕਿ ਅਸੀਂ ਤੇਰੇ ਮੁੰਡੇ ਨੂੰ ਬੰਨ੍ਹ ਲਿਆ ਹੈ, ਜੇ ਤੇਰੇ ਕੋਲ ਹਿੰਮਤ ਹੈ ਤਾਂ ਛੁਡਾ ਕੇ ਲੈ ਜਾ। ਕੁਝ ਚਿਰ ਬਾਅਦ ਜਦ ਮੇਰਾ ਪਿਤਾ ਉੱਥੇ ਪਹੁੰਚਿਆ ਤਾਂ ਪਹਿਲਾਂ ਤੋਂ ਹੀ ਤਿਆਰ ਬੈਠੇ ਸਾਡੇ ਰਿਸ਼ਤੇਦਾਰਾਂ ਨੇ ਮੇਰੇ ਪਿਤਾ 'ਤੇ ਟਰੈਕਟਰ ਚੜ੍ਹਾ ਦਿੱਤਾ। ਵਾਰ-ਵਾਰ ਟਰੈਕਟਰ ਚਾੜ੍ਹਨ ਦੇ ਨਾਲ ਉਸ ਦੀ ਮੌਕੇ ਤੇ ਹੀ ਮੌਤ ਹੋ ਗਈ। ਮੁਲਜ਼ਮ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਫਰਾਰ ਹੋ ਗਏ। ਮੇਰੇ ਵੱਲੋਂ ਰੌਲਾ ਪਾਉਣ 'ਤੇ ਲੋਕ ਇਕੱਠੇ ਹੋਏ, ਜਿਨ੍ਹਾਂ ਦੀ ਮਦਦ ਨਾਲ ਮੈਂ ਆਪਣੇ ਪਿਤਾ ਨੂੰ ਸਿਵਲ ਹਸਪਤਾਲ ਡੇਰਾ ਬਾਬਾ ਨਾਨਕ ਵਿਖੇ ਲਿਆਂਦਾ, ਜਿੱਥੇ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ ਗਿਆ।ਡੀ ਐੱਸ ਪੀ ਡੇਰਾ ਬਾਬਾ ਨਾਨਕ ਜੋਗਾ ਸਿੰਘ ਤੇ ਐੱਸ ਐੱਚ ਓ ਸਤਪਾਲ ਸਿੰਘ ਸਿਵਲ ਹਸਪਤਾਲ ਡੇਰਾ ਬਾਬਾ ਨਾਨਕ ਵਿਖੇ ਮੌਕੇ 'ਤੇ ਪਹੁੰਚ ਗਏ ਤੇ ਭੁਪਿੰਦਰ ਸਿੰਘ ਦੀ ਲਾਸ਼ ਨੂੰ ਕਬਜੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

## ਪੁਲਸ ਕਰਮਚਾਰੀ ਦੀ ਵਰਦੀ ਪਾੜਨ ਦੇ ਦੋਸ਼ ਹੇਠ ਨੌਜਵਾਨ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਮੰਡੀ ਗੋਬਿੰਦਗੜ੍ਹ ਦੇ ਮਾਤਾ ਰਾਣੀ ਮਹੱਲੇ ਵਿੱਚ ਇੱਕ ਦਰਖਾਸਤ ਦੀ ਪੜਤਾਲ ਕਰਨ ਗਏ ਥਾਣੇਦਾਰ 'ਤੇ ਹਮਲਾ ਕਰਨ ਅਤੇ ਹੌਲਦਾਰ ਦੀ ਵਰਦੀ ਪਾੜ ਦੇਣ ਦੇ ਕਥਿਤ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਸਬ-ਇੰਸਪੈਕਟਰ ਨੇ ਦੱਸਿਆ ਕਿ ਇੱਕ ਦਰਖਾਸਤ ਦੀ ਪੜਤਾਲ ਦੇ ਸਬੰਧ 'ਚ ਉਹ ਅਤੇ ਉਸਦਾ ਇੱਕ ਸਾਥੀ ਹੌਲਦਾਰ ਮੰਡੀ ਗੋਬਿੰਦਗੜ੍ਹ ਦੇ ਮਾਤਾ ਰਾਣੀ ਮਹੱਲੇ 'ਚ ਗਏ ਸਨ, ਜਿੱਥੇ ਸਕੂਟਰ 'ਤੇ ਸਵਾਰ ਇੱਕ ਨੌਜਵਾਨ ਨੂੰ ਉਸ ਵੱਲੋਂ ਉਸਦਾ ਨਾਂਅ ਪਤਾ ਪੁੱਛਿਆ ਗਿਆ ਤਾਂ ਉਸਨੇ ਆਪਣਾ ਨਾਂਅ ਸੋਨੂੰ ਦੱਸਿਆ ਜਿਸ ਸਬੰਧੀ ਸ਼ੱਕ ਪੈਣ 'ਤੇ ਉਸਨੇ ਉਕਤ ਨੌਜਵਾਨ ਨੂੰ ਕੋਈ ਸ਼ਨਾਖਤੀ ਕਾਰਡ ਦਿਖਾਉਣ ਲਈ ਕਿਹਾ, ਪਰ ਉਕਤ ਨੌਜਵਾਨ ਨੇ ਸ਼ਨਾਖਤੀ ਕਾਰਡ ਦਿਖਾਉਣ ਦੀ ਬਜਾਏ ਆਪਣੀ ਜੇਬ 'ਚੋਂ ਕੋਈ ਲੋਹਾ ਨੁਮਾ ਚੀਜ਼ ਕੱਢ ਕੇ ਉਸ ਦੇ ਹੱਥ 'ਤੇ ਮਾਰ ਦਿੱਤੀ ਤੇ ਨਾਲ ਖੜੇ ਹੌਲਦਾਰ ਦੀ ਵਰਦੀ ਕਾਲਰ ਤੋਂ ਖਿੱਚ ਕੇ ਪਾੜ ਦਿੱਤੀ। ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕਰਾਏ ਮੁਕੱਦਮੇ 'ਚ ਤਰਨਜੀਤ ਸਿੰਘ ਨਾਗਰਾ ਵਾਸੀ ਮੰਡੀ ਗੋਬਿੰਦਗੜ੍ਹ ਨੂੰ ਗ੍ਰਿਫਤਾਰ ਕਰਕੇ ਮੰਡੀ ਗੋਬਿੰਦਗੜ੍ਹ ਪੁਲਿਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਕਾਮਰਸ ਦੇ ਵਿਦਿਆਰਥੀਆਂ ਲਈ ਸੂਝਵਾਨ ਕਰੀਅਰ ਕਾਊਂਸਲਿੰਗ ਸੈਸ਼ਨ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਬਰੌਂਡਵੇ ਪਬਲਿਕ ਸਕੂਲ, ਮਨਾਲ ਨੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ (ਕਾਮਰਸ ਸਟ੍ਰੀਮ) ਦੇ ਵਿਦਿਆਰਥੀਆਂ ਲਈ ਇੱਕ ਗਿਆਨਵਾਨ ਕਰੀਅਰ ਕਾਊਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਵਿੱਚ ਪੇਸ਼ੇਵਰ ਸੀ.ਏ.ਆਕਾਸ਼, ਸ਼੍ਰੀਵਾਸਤਵ ਅਤੇ ਸੀ.ਏ. ਸੋਨੀਆ ਚਾਵਲਾ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ, ਜਿਨ੍ਹਾਂ ਨੇ ਸੀ.ਏ., ਸੀ.ਐਸ. ਅਤੇ ਆਈ.ਸੀ.ਡਬਲਯੂ.ਏ.ਵਰਗੇ ਵੱਕਾਰੀ ਪੇਸ਼ੇਵਰ ਕੋਰਸਾਂ ਦੇ ਆਪਣੇ ਡੂੰਘੇ ਗਿਆਨ ਨਾਲ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ। ਮਾਹਰਾਂ ਨੇ ਵਿਦਿਆਰਥੀਆਂ ਨਾਲ ਇੱਕ ਇੰਟਰਐਕਟਿਵ ਗੱਲਬਾਤ ਵਿੱਚ ਹਿੱਸਾ ਲਿਆ । ਸੈਸ਼ਨ ਦਾ ਆਯੋਜਨ ਹਰਪ੍ਰੀਤ ਕੌਰ, ਇੱਕ ਸਮਰਪਿਤ ਕਾਮਰਸ ਫੈਕਲਟੀ ਮੈਂਬਰ ਅਤੇ ਨਿਤੀਸ਼ ਜੈਨ, ਸਰਗਰਮ ਕਾਮਰਸ ਕੋਆਰਡੀਨੇਟਰ ਦੁਆਰਾ ਕੀਤਾ ਗਿਆ ਸੀ। ਸਕੂਲ ਦੀ ਲੀਡਰਸ਼ਿਪ, ਜਿਸ ਵਿੱਚ ਚੇਅਰਮੈਨ ਰਣਜੀਤ ਸਿੰਘ, ਡਾਇਰੈਕਟਰ ਨਵਰੀਤ ਕੌਰ ਅਤੇ ਪ੍ਰਿੰਸੀਪਲ ਐਮ.ਏ. ਸੈਫੀ ਸ਼ਾਮਲ ਸਨ, ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਿੰਪੋਜ਼ੀਅਮ, ਵਰਕਸ਼ਾਪਾਂ ਅਤੇ ਉਦਯੋਗਿਕ ਐਕਸਪੋਜ਼ਰ ਵਿਜ਼ਿਟਾਂ ਸਮੇਤ ਆਉਣ ਵਾਲੇ ਅਕਾਦਮਿਕ ਸਮਾਗਮਾਂ ਦੀ ਇੱਕ ਲੜੀ ਦੀਆਂ ਯੋਜਨਾਵਾਂ ਦਾ ਐਲਾਨ ਕਰਕੇ ਸੰਪੂਰਨ ਵਿਦਿਆਰਥੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ।



## ਫਰੈਸ਼ਰ ਕਮ ਫੇਅਰਵੈੱਲ ਪਾਰਟੀ ਕੀਤੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵਿੱਚ ਫਰੈਸ਼ਰ ਕਮ ਫੇਅਰਵੇਲ ਪਾਰਟੀ ਕਰਾਈ ਗਈ, ਜਿਸ ਵਿੱਚ ਨੌਵੀਂ ਤੋਂ ਲੈ ਕੇ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ।ਪਾਰਟੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੇ ਵਿਰਸੇ ਨਾਲ ਜੋੜਨਾ ਅਤੇ ਪੰਜਾਬੀ ਸੱਭਿਆਚਾਰ ਬਾਰੇ ਜਾਣਕਾਰੀ ਦੇਣਾ ਰਿਹਾ। ਪਾਰਟੀ ਵਿੱਚ ਪਹੁੰਚੇ ਵਿਦਿਆ ਮੰਦਿਰ ਦੇ ਪ੍ਰਧਾਨ ਸ਼੍ਰੀ ਪ੍ਰੇਮ ਪ੍ਰਕਾਸ਼ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਹੋਰ ਗਤੀਵਿਧੀਆਂ ਦੇ ਵਿੱਚ ਭਾਗ ਲੈਣ ਲਈ ਵੀ ਪ੍ਰੇਰਨਾ ਦਿੱਤੀ ਤੇ ਅਗਲੇ ਸਾਲ ਦੇ ਲਈ ਉਨ੍ਹਾਂ ਨੂੰ ਵਧੀਆ ਨੰਬਰ ਲੈ ਕੇ ਮੈਰਿਟਾਂ ਪ੍ਰਾਪਤ ਕਰਨ ਦੇ ਲਈ ਆਸ਼ੀਰਵਾਦ ਦਿੱਤਾ। ਵਿੱਦਿਆ ਮੰਦਰ ਦੇ ਪ੍ਰਿੰਸੀਪਲ ਰੁਪਿੰਦਰ ਪਟਿਆਲ ਨੇ ਵੀ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਵਿੱਚ ਅੱਗੇ ਜਾਣ ਦੀ ਪ੍ਰੇਰਨਾ ਦਿੰਦੇ ਹੋਏ ਅਤੇ ਆਪਣੇ ਵੱਡਿਆਂ ਦਾ ਆਦਰ ਕਰਨ ਦੀ ਪ੍ਰੇਰਨਾ ਦਿੱਤੀ।

## ਸਮਾਜ ਸੇਵਾ 'ਚ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਦਾ ਅਹਿਮ ਰੋਲ : ਮੁਕੇਸ਼ ਜੁਨੇਜਾ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** 'ਆਪ' ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਚਲਾਈ ਜਾ ਰਹੀ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਤਹਿਤ ਲੜਕੀਆਂ ਤੇ ਔਰਤਾਂ ਨੂੰ ਸਿਲਾਈ ਦੀ ਮੁਫ਼ਤ ਸਿਖਲਾਈ ਦੇਣ ਲਈ ਸੁਨਾਮ ਹਲਕੇ ਵਿੱਚ ਚਲਾਏ ਜਾ ਰਹੇ ਮੁਫ਼ਤ ਸਿਲਾਈ ਸੈਂਟਰ ਉਪਲੀ ਤੇ ਕਿਲਾ ਭਰੀਆਂ ਦਾ ਮਾਰਕੀਟ ਕਮੇਟੀ, ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ ਨੇ ਦੌਰਾ ਕੀਤਾ। ਚੇਅਰਮੈਨ ਮੁਕੇਸ਼ ਜੁਨੇਜਾ ਨੇ ਕਿਹਾ ਕਿ ਸਮਾਜ ਸੇਵਾ ਦੇ ਖੇਤਰ ਵਿੱਚ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਦਾ ਯੋਗਦਾਨ ਬਹੁਤ ਅਹਿਮ ਹੈ।ਉਨ੍ਹਾਂ ਕਿਹਾ ਕਿ ਸਮਾਜ ਦੀ ਬਿਹਤਰੀ ਲਈ ਇਹ ਜ਼ਰੂਰੀ ਹੈ ਕਿ ਨੌਜਵਾਨ ਲੜਕੇ ਲੜਕੀਆਂ ਨੂੰ ਵੱਧ ਤੋਂ ਵੱਧ ਹੁਨਰਮੰਦ ਬਣਾਇਆ ਜਾਵੇ ਕਿਉਂਕਿ ਹੁਨਰਮੰਦ ਨੌਜਵਾਨਾਂ ਲਈ ਰੁਜ਼ਗਾਰ ਦੇ ਬਹੁਤ ਜ਼ਿਆਦਾ ਮੌਕੇ ਉਪਲਬਧ ਹੁੰਦੇ ਹਨ ਜਾਂ ਫਿਰ ਉਹ ਆਪਣਾ ਸਵੈ ਰੁਜ਼ਗਾਰ ਵੀ ਸ਼ੁਰੂ ਕਰ ਸਕਦੇ ਹੁੰਦੇ ਹਨ, ਜਿਸ ਨਾਲ ਉਹ ਆਪਣੇ ਪੈਰਾਂ 'ਤੇ ਖੜੇ ਹੋ ਕੇ ਇੱਕ ਚੰਗੀ ਜ਼ਿੰਦਗੀ ਬਸਰ ਕਰਨ ਦੇ ਯੋਗ ਬਣ ਜਾਂਦੇ ਹਨ। ਚੇਅਰਮੈਨ ਮਾਰਕੀਟ ਕਮੇਟੀ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ।ਉੱਥੇ ਵੱਖੋ-ਵੱਖ ਸਮਾਜ ਸੇਵੀ ਸੰਸਥਾਵਾਂ ਵੀ ਇਸ ਵਿੱਚ ਭਰਵਾਂ ਯੋਗਦਾਨ ਪਾ ਰਹੀਆਂ ਹਨ। ਸ਼੍ਰੀ ਜੁਨੇਜਾ ਨੇ ਸਿਖਲਾਈ ਲੈਣ ਵਾਲੀਆਂ ਔਰਤਾਂ ਤੇ ਲੜਕੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਕੱਲ੍ਹ ਨੂੰ ਜਦੋਂ ਉਹ ਆਪਣਾ ਸਵੈ ਰੁਜ਼ਗਾਰ ਸ਼ੁਰੂ ਕਰਨ ਤੇ ਚੰਗੀ ਕਮਾਈ ਵਾਲੇ ਪਾਸੇ ਵਧਣ ਤਾਂ ਉਹ ਵੀ ਸਮਾਜ ਸੇਵਾ ਵਿੱਚ ਵੱਧ ਤੋਂ ਵੱਧ ਯੋਗਦਾਨ ਜ਼ਰੂਰ ਪਾਉਣ।ਉਨ੍ਹਾਂ ਨੇ ਔਰਤਾਂ ਤੇ ਲੜਕੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਸਲਾਈ ਸੈਂਟਰਾਂ ਵਿੱਚ ਦਿੱਤੀ ਜਾ ਰਹੀ ਮੁਫਤ ਸਿਖਲਾਈ ਦਾ ਵੱਧ ਤੋਂ ਵੱਧ ਲਾਭ ਲੈ ਕੇ ਆਪਣੇ ਪੈਰਾਂ 'ਤੇ ਖੜੀਆਂ ਹੋਣ।



## ਮੰਡੀਆਂ 'ਚੋਂ 130.07 ਲੱਖ ਮੀਟ੍ਰਿਕ ਟਨ ਕਣਕ ਦੀ ਹੋਈ ਖਰੀਦ : ਬਰਸਟ

**ਸਮਾਣਾ (ਇਕਬਾਲ ਸਿੰਘ ਬੱਲ)** ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਹਾੜੀ ਸੀਜ਼ਨ 2025-26 ਦੌਰਾਨ ਪੰਜਾਬ ਰਾਜ ਦੀਆਂ ਸਮੂਹ ਮੰਡੀਆਂ ਵਿੱਚ ਕਣਕ ਦੇ ਖਰੀਦ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੇ ਗਏ।ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਦੀਆਂ ਸਹੂਲਤਾਂ ਦਾ ਪੂਰਾ ਧਿਆਨ ਰੱਖਿਆ ਗਿਆ ਤੇ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਵਾਰ ਸੂਬੇ ਦੀਆਂ ਮੰਡੀਆਂ ਵਿੱਚੋਂ ਸਰਕਾਰੀ ਏਜੰਸੀਆਂ ਤੇ ਪ੍ਰਾਈਵੇਟ ਪੱਧਰ ਤੇ 130.07 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।ਸਰਕਾਰੀ ਏਜੰਸੀਆਂ ਨੇ 119.23 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ, ਜਿਸਦੇ ਤਹਿਤ ਪਨਗ੍ਰੇਨ ਵੱਲੋਂ 38,21,965 ਮੀਟ੍ਰਿਕ ਟਨ, ਐਫ.ਸੀ.ਆਈ. ਵੱਁ 3,02,215 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 31,33,676 ਮੀਟ੍ਰਿਕ ਟਨ, ਪਨਸਪ ਵੱਲੋਂ 28,12,180 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 18,53,240 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।ਇਸਦੇ ਨਾਲ ਹੀ ਪ੍ਰਾਈਵੇਟ 10.83 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ ਹੈ।ਮੰਡੀਆਂ ਵਿੱਚੋਂ 120.68 ਲੱਖ ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਸਭ ਤੋਂ ਵੱਧ ਸੰਗਰੂਰ ਵਿੱਚ 9,50,267 ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ ਹੈ, ਜਿਸ ਤੋਂ ਬਾਅਦ ਦੂਜੇ ਨੰਬਰ 'ਤੇ ਸ੍ਰੀ ਮੁਕਤਸਰ ਸਾਹਿਬ ਵਿੱਚ 9,10,348 ਮੀਟ੍ਰਿਕ ਟਨ ਤੇ ਤੀਜੇ ਨੰਬਰ ਤੇ ਪਟਿਆਲਾ ਵਿੱਚ 8,97,913 ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਫ਼ਸਲ ਦੀ ਅਦਾਇਗੀ ਨਾਲੋਂ-ਨਾਲ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਗਈ ਹੈ ਤੇ ਕਿਸਾਨਾਂ ਨੂੰ 27898.77 ਕਰੋੜ ਰੁਪਏ ਦੀ ਅਦਾਇਗੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਚੁੱਕੀ ਹੈ। ਬਰਸਟ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਖੜੀ ਹੈ ਤੇ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਖਰੀਦ ਕਾਰਜ ਸ਼ੁਰੂ ਹੋਣ ਤੋਂ ਪਹਿਲਾ ਹੀ ਪੁਖਤਾ ਪ੍ਰਬੰਧ ਕੀਤੇ ਗਏ ਸਨ, ਜਿਸਦੇ ਤਹਿਤ ਪੀਣ ਯੋਗ ਸਾਫ਼ ਪਾਣੀ, ਬਿਜਲੀ ਦੀਆਂ ਲਾਈਟਾਂ, ਸਾਫ਼-ਸਫਾਈ, ਬਾਥਰੂਮਾਂ, ਛਾਂ ਤੇ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿੱਖੇ ਕੰਟਰੋਲ ਰੂਮ ਦੀ ਸਥਾਪਨਾ ਵੀ ਕੀਤੀ ਗਈ ਸੀ, ਤਾਂ ਜੁ ਨੁਕਸਾਨ ਆਪਣੀ ਫਸਲ ਨੂੰ ਬਿਨਾਂ ਕਿਸੇ ਤੰਗੀ ਤੋਂ ਵੇਚ ਸਕਣ। ਇਸ ਤੋਂ ਇਲਾਵਾ ਮੰਡੀ ਬੋਰਡ ਵੱਲੋਂ ਅਧਿਕਾਰੀਆਂ ਦੀਆਂ ਟੀਮਾਂ ਬਣਾ ਕੇ ਮੰਡੀਆਂ ਵਿੱਚ ਲਗਾਤਾਰ ਖਰੀਦ ਕਾਰਜਾਂ ਦੀ ਚੈਕਿੰਗ ਕੀਤੀ ਗਈ ਅਤੇ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਗਈ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਸੀਜਨ ਦੌਰਾਨ ਕਣਕ ਦੇ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਵੱਲੋਂ ਇਮਾਨਦਾਰੀ ਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਦੀ ਸ਼ਲਾਘਾ ਕੀਤੀ।

## ਕਾਰਟੂਨ ਫੈਂਸੀ ਡਰੈੱਸ ਮੁਕਾਬਲਾ ਕਰਾਇਆ

**ਜਗਰਾਉਂ (ਸੰਜੀਵ ਅਰੋੜਾ)** ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਯੂ.ਕੇ.ਜੀ. ਜਮਾਤ ਦੇ ਵਿਦਿਆਰਥੀਆਂ ਵਿਚਕਾਰ ਇੱਕ ਕਾਰਟੂਨ ਵਿਸ਼ੇ ਨੂੰ ਲੈ ਕੇ ਫੈਂਸੀ ਡਰੈੱਸ ਮੁਕਾਬਲਾ ਕਰਾਇਆ ਗਿਆ, ਜਿਸ ਵਿੱਚ ਬਹੁਤ ਸਾਰੇ ਵਿਦਿਆਰਥੀ ਕਈ ਰੂਪ ਧਾਰ ਕੇ ਸਕੂਲ ਵਿੱਚ ਪਹੁੰਚੇ, ਜਿਨ੍ਹਾਂ ਵਿੱਚੋਂ ਐਸ਼ਨੂਰ ਕੌਰ ਪਹਿਲੇ ਤਾਨਿਸ਼ ਸਹਿਗਲ ਤੇ ਕੀਰਤਮਾਨ ਕੌਰ ਦੂਜੇ ਗੁਰਦਿੱਤ ਸਿੰਘ, ਜੁਝਾਰ ਸਿੰਘ ਤੀਜੇ ਤੇ ਕੌਂਸੋਲੇਸ਼ਨ ਪ੍ਰਾਈਜ਼ ਨਿਤਿਆ ਤੇ ਏਕਨੂਰ ਸਿੰਘ ਨੂੰ ਦਿੱਤਾ ਗਿਆ। ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਇਨਾਮ ਦਿੰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦਾ ਮਨੋਬਲ ਵਧਾਉਂਦੀਆਂ ਹਨ ਤੇ ਉਹ ਵੱਡੇ ਮੰਚ 'ਤੇ ਜਾਣ ਲਈ ਤਿਆਰ ਹੋ ਜਾਂਦੇ ਹਨ। ਇਸ ਦੇ ਨਾਲ ਹੀ ਹੈੱਡ ਮਿਸਟ੍ਰਿਸ ਪ੍ਰੀਤ ਕਮਲ ਨੇ ਕਿਹਾ ਕਿ ਅਸੀਂ ਇਨ੍ਹਾਂ ਦੇ ਆਉਣ ਵਾਲੇ ਭਵਿੱਖ ਨੂੰ ਸੁਨਹਿਰੀ ਕਰਨ ਲਈ ਇਨ੍ਹਾਂ ਦੇ ਜੀਵਨ ਨੂੰ ਰੰਗਾਂ ਭਰਿਆ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੇ ਹਾਂ। ਸਕੂਲ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਵੀ ਇਨ੍ਹਾਂ ਛੋਟੇ-ਛੋਟੇ ਵਿਦਿਆਰਥੀਆਂ ਨੂੰ ਵਧਾਈ ਦੇ ਪਾਤਰ ਦੱਸਿਆ।



...ਸਫ਼ਾ 1 ਦੇ ਬਾਕੀ

### ਸਰਕਾਰ ਦੇ ਕਿਰਤ ਵਿਰੋਧੀ ਜਾਬਰ...

ਦਵਾਉਣਾ ਪੰਜਾਬ ਦੇ ਹਾਕਮਾਂ ਦੀ ਜ਼ਿੰਮੇਵਾਰੀ ਬਣਦੀ ਹੈ, ਪਰ ਉਹ ਜ਼ਿੰਮੇਵਾਰੀ ਤੋਂ ਭੱਜ ਗਏ ਹਨ।

ਸਰਪਲੱਸ ਜ਼ਮੀਨ ਦੀ ਵੰਡ ਜੀਵਨ ਦੀ ਗਰੰਟੀ ਬਣਦੀ ਹੈ, ਬੇਜ਼ਮੀਨੇ ਲੋਕਾਂ ਲਈ ਜ਼ਮੀਨ ਦਾ ਹੋਣਾ ਰੋਟੀ ਦਾ ਹੋਣਾ ਬਣ ਜਾਂਦਾ ਹੈ।ਇਹ ਮੁਥਾਜ਼ੀ ਨੂੰ ਘਟਾਉਂਦੀ ਹੈ। ਸਰਪਲੱਸ ਜ਼ਮੀਨ ਬੇਜ਼ਮੀਨਿਆਂ ਵਿੱਚ ਵੰਡਣ ਦਾ ਕੰਮ ਸਰਕਾਰ ਨੇ ਨਹੀਂ ਕੀਤਾ, ਇਸ ਲਈ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਸਰਗਰਮੀ ਕਰ ਰਹੀ ਹੈ। ਭਾਵੇਂ ਇਹ ਰੁਜ਼ਗਾਰ ਦੀ ਸੀਮਤ ਲੋੜ ਨੂੰ ਪੂਰਾ ਹੀ ਕਰ ਸਕੇਗੀ, ਫਿਰ ਵੀ ਇਹ ਅੰਸ਼ਿਕ ਜਮਾਤੀ ਘੋਲ ਹੈ। ਲੋੜਵੰਦ ਬਹੁਤੇ ਅਤੇ ਜ਼ਮੀਨ ਘੱਟ ਹੋਣ ਕਾਰਨ ਇਸ ਅੱਗੇ ਢੇਰ ਸਾਰੀਆਂ ਮੁਸ਼ਕਲਾਂ ਹੋਣੀਆਂ ਸੁਭਾਵਿਕ ਹਨ।ਇਹ ਰੁਜ਼ਗਾਰ ਦੀ ਮੰਗ ਨੂੰ ਉਭਾਰਦੀ ਹੈ।ਰੁਜ਼ਗਾਰ ਦੀ ਮੰਗ ਹੋਵੇ ਜਾਂ ਜ਼ਮੀਨ ਦੀ ਵੰਡ ਦੀ ਮੰਗ ਹੋਵੇ, ਜੋ ਪੱਕਾ ਰੁਜ਼ਗਾਰ ਦਿੰਦੀ ਹੈ, ਇਸ ਪ੍ਰਤੀ ਸਰਕਾਰ ਦੀ ਨੀਤ ਅਤੇ ਨੀਤੀ ਕਿਰਤ ਦੀ ਧਿਰ ਦੇ ਵਿਰੁੱਧ ਹੈ। ਉਸ ਨੇ ਜੋ ਰੁਖ ਇਸ ਘੋਲ ਪ੍ਰਤੀ ਅਪਨਾਇਆ ਹੈ, ਉਹ ਅੱਤ ਦਾ ਘਿਨਾਉਣਾ ਹੈ। ਇਸ ਦੀ ਨਿੰਦਿਆ ਕਰਦੇ ਹਾਂ, ਇਸ ਦੇ ਵਿਰੋਧ ਦਾ ਸੱਦਾ ਦਿੰਦੇ ਹਾਂ ਤੇ ਸਰਕਾਰ ਨੂੰ ਕਹਿੰਦੇ ਹਾਂ ਕਿ ਸਾਰੇ ਗ੍ਰਿਫਤਾਰ ਕੀਤੇ ਔਰਤਾਂ-ਮਰਦ ਫੌਰੀ ਰਿਹਾ ਕੀਤੇ ਜਾਣ। ਜਬਰ ਬੰਦ ਕੀਤਾ ਜਾਵੇ।ਰੁਜ਼ਗਾਰ ਦੇਣ ਅਤੇ ਸਰਪਲੱਸ ਜ਼ਮੀਨ ਦੀ ਵੰਡ ਦਾ ਠੋਸ ਪ੍ਰੋਗਰਾਮ ਐਲਾਨਿਆ ਜਾਵੇ।

## ਹਲਕੇ ਦੇ ਕਿਸੇ ਵੀ ਸਕੂਲ ਨੂੰ ਸਹੂਲਤਾਂ ਤੋਂ ਵਾਂਝੇ ਨਹੀਂ ਰਹਿਣ ਦਿੱਤਾ ਜਾਵੇਗਾ : ਵਿਧਾਇਕ ਪੰਡੋਰੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਹੈ ਕਿ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਬੁਨਿਆਦੀ ਢਾਂਚੇ ਪੱਖੋਂ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਵਿਕਸਿਤ ਕੀਤਾ ਜਾਵੇ, ਜਿਸ ਤਹਿਤ ਸਕੂਲਾਂ ਵਿਚ ਲੱਖਾਂ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਕਰਾਏ ਗਏ ਹਨ। ਇਹ ਪ੍ਰਗਟਾਵਾ ਵਿਧਾਇਕ ਮਹਿਲ ਕਲਾਂ ਅਤੇ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਵਿਧਾਨ ਸਭਾ ਕੁਲਵੰਤ ਸਿੰਘ ਪੰਡੋਰੀ ਨੇ ਸਿੱਖਿਆ ਕ੍ਰਾਂਤੀ ਤਹਿਤ ਮਹਿਲ ਕਲਾਂ ਦੇ ਸਕੂਲ ਆਫ ਐਮੀਨੈਂਸ ਵਿੱਚ ਸਾਢੇ 68 ਲੱਖ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਹਲਕੇ ਦੇ ਕਿਸੇ ਸਕੂਲ ਨੂੰ ਚਾਰਦੀਵਾਰੀ, ਕਲਾਸਰੂਮ ਜਾਂ ਹੋਰ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਨਹੀਂ ਰਹਿਣ ਦਿੱਤਾ ਜਾਵੇਗਾ। ਸਕੂਲ ਪ੍ਰਬੰਧਕ ਕਮੇਟੀ ਦੇ ਚੈਅਰਮੈਨ ਜਗਸੀਰ ਸਿੰਘ ਖ਼ਾਲਸਾ ਨੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵਲੋਂ ਮਹਿਲ ਕਲਾਂ ਦੇ ਸਕੂਲਾਂ ਦੀ ਤਰੱਕੀ ਅਤੇ ਵਿਕਾਸ ਲਈ ਨਿਭਾਈਆਂ ਜਾ ਰਹੀਆਂ ਅਣਥੱਕ ਸੇਵਾਵਾਂ ਦੀ ਸ਼ਲਾਘਾ ਕੀਤੀ। ਪ੍ਰਿੰ: ਰਜਿੰਦਰਪਾਲ ਸਿੰਘ ਨੇ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਵਿਧਾਇਕ ਪੰਡੋਰੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਅੱਜ ਵਿਧਾਇਕ ਪੰਡੋਰੀ ਨੇ ਇੱਥੇ 68 ਲੱਖ 55 ਹਜ਼ਾਰ ਦੀ ਲਾਗਤ ਵਾਲੇ (ਸਮੇਤ 3 ਸਾਇੰਸ ਲੈਬਾਂ), ਸਰਕਾਰੀ ਪ੍ਰਾਇਮਰੀ ਸਕੂਲ ਮਹਿਲ ਕਲਾਂ ਦੇ 9.37 ਲੱਖ ਦੇ ਕੰਮਾਂ ਦਾ ਉਦਘਾਟਨ ਕੀਤਾ। ਇਸ ਮੌਕੇ ਸਕੂਲੀ ਬੱਚਿਆਂ ਵਲੋਂ ਸੱਭਿਆਚਾਰਕ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਸਿੱਖਿਆ ਕੋਆਰਡੀਨੇਟਰ ਚਰਨਜੀਤ ਸਿੰਘ, ਹਰਮਨਜੀਤ ਸਿੰਘ ਕੁਤਬਾ, ਪੁਨੀਤ ਮਾਨ ਗਹਿਲ, ਬਿੰਦਰ ਸਿੰਘ ਖ਼ਾਲਸਾ, ਯੁੱਧ ਨਸ਼ਿਆਂ ਵਿਰੁੱਧ ਦੇ ਕੁਆਡੀਨੇਟਰ ਮਹਿਕਪ੍ਰੀਤ ਸਿੰਘ ਚੀਮਾ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਬੇਅੰਤ ਸਿੰਘ ਮਿੱਠੂ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਬੀ.ਐਨ.ਓ. ਜਸਵਿੰਦਰ ਸਿੰਘ, ਹੈੱਡਮਾਸਟਰ ਕੁਲਦੀਪ ਸਿੰਘ ਕਮਲ, ਮੀਡੀਆ ਕੋਆਰਡੀਨੇਟਰ ਹਰਵਿੰਦਰ ਰੋਮੀ, ਸਰਕਾਰੀ ਪ੍ਰਾਇਮਰੀ ਸਕੂਲ ਮਹਿਲ ਕਲਾਂ ਦੇ ਇੰਚਾਰਜ ਸ਼ਿੰਦਰਪਾਲ ਕੌਰ, ਹਰਪ੍ਰੀਤ ਸਿੰਘ ਠੁੱਲੀਵਾਲ, ਕੁਨਾਲ ਦੂਬੇ, ਜੋਨੀ ਪੰਡੋਰੀ, ਸਤੀਸ਼ ਕੁਮਾਰ ਬਾਂਸਲ ਆਦਿ ਹਾਜ਼ਰ ਸਨ।

## ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਫੋਨ ਬਰਾਮਦ, ਕੈਦੀਆਂ ਤੇ ਹਵਾਲਾਤੀਆਂ ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 4 ਹਵਾਲਾਤੀਆਂ ਤੇ 2 ਕੈਦੀਆਂ ਕੋਲੋਂ ਕੁੱਲ 6 ਮੋਬਾਇਲ ਫੋਨ ਬਰਾਮਦ ਹੋਣ ਦੀ ਘਟਨਾ ਸਾਹਮਣੇ ਆਈ ਹੈ। ਪੁਲਸ ਨੇ ਉਨ੍ਹਾਂ ਖਿਲਾਫ 52-ਏ ਪ੍ਰੀਜ਼ਨਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਇਹ ਮੋਬਾਇਲ ਫੋਨ ਵੱਖ-ਵੱਖ ਤਲਾਸ਼ੀਆਂ ਦੌਰਾਨ ਮਿਲੇ ਹਨ। ਸੁਪਰਡੈਂਟ ਕੇਂਦਰੀ ਜੇਲ੍ਹ ਵੱਲੋਂ ਭੇਜੇ ਗਏ ਪੱਤਰ ਪੱਤਰ ਨੰਬਰ 3303 'ਚ ਹਵਾਲਾਤੀ ਅਨਮੋਲ ਉਰਫ ਪੰਨੂੰ (ਅੰਮ੍ਰਿਤਸਰ), ਸੇਵਕ ਸਿੰਘ (ਬਠਿੰਡਾ) ਤੇ ਕੈਦੀ ਭੁਪਿੰਦਰ ਉਰਫ ਮੋਨੂੰ (ਹੁਸ਼ਿਆਰਪੁਰ) ਕੋਲੋਂ 2 ਟੱਚ ਸਕਰੀਨ ਮੋਬਾਇਲ ਫੋਨ ਬਰਾਮਦ ਹੋਏ। ਪੱਤਰ ਨੰਬਰ 3334 'ਚ ਹਵਾਲਾਤੀ ਕਰਨ ਉਰਫ ਐੱਮ.ਜੇ (ਫਿਰੋਜ਼ਪੁਰ) ਤੇ ਕੈਦੀ ਡਿੰਪਲ ਉਰਫ ਮਿੰਟੂ (ਫਿਰੋਜ਼ਪੁਰ) ਕੋਲੋਂ 2 ਮੋਬਾਇਲ ਫੋਨ ਮਿਲੇ। ਪੱਤਰ ਨੰਬਰ 3562 'ਚ ਹਵਾਲਾਤੀ ਸੁਖਦੇਵ ਸਿੰਘ ਉਰਫ ਬੱਗੂ (ਥਾਣਾ ਅਮੀਰਖਾਸ) ਕੋਲੋਂ 1 ਮੋਬਾਇਲ ਫੋਨ ਬਰਾਮਦ ਹੋਇਆ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਸਾਰੇ ਹਵਾਲਾਤੀਆਂ ਤੇ ਕੈਦੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਜਾਂਚ ਜਾਰੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਬਾਹਰ ਕੱਢਣਾ : ਰਮਨ ਬਹਿਲ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਏ ਜਾ ਰਹੇ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਤਹਿਤ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਅਧੀਨ ਆਉਂਦੇ ਪਿੰਡਾਂ ਤਿੱਬੜੀ ਅਤੇ ਪੰਧੇਰ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਜਾਗਰੂਕਤਾ ਸਭਾਵਾਂ ਕੀਤੀਆਂ ਗਈਆਂ, ਜਿਨ੍ਹਾਂ ਦੀ ਅਗਵਾਈ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਕੀਤੀ ਗਈ। ਇਸ ਮੌਕੇ ਪਿੰਡਾਂ ਵਿੱਚ ਹੋਈਆਂ ਜਨਤਕ ਸਭਾਵਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਬਹਿਲ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਅਤੇ ਉਨ੍ਹਾਂ ਨੂੰ ਸਿਹਤਮੰਦ, ਸਸ਼ਕਤ ਅਤੇ ਉਜਵਲ ਭਵਿੱਖ ਵੱਲ ਲਿਜਾਣਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਿਲਾਫ਼ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ।ਇਸ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ।ਪਿੰਡ ਪੱਧਰ 'ਤੇ ਬਣੀਆਂ ਵਿਲੇਜ ਡਿਫੈਂਸ ਕਮੇਟੀਆਂ ਨੇ ਵੀ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਨੌਜਵਾਨਾਂ ਦੇ ਪੁਨਰਵਾਸ ਅਤੇ ਸਲਾਹ ਸੇਵਾਵਾਂ ਦੀ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਨਸ਼ਾ ਵੇਚਣ ਅਤੇ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਰਕਾਰ ਦੀ ਤਰਜੀਹ ਹੈ ਕਿ ਹਰ ਪਿੰਡ ਅਤੇ ਹਰ ਗਲੀ ਨੂੰ ਨਸ਼ਾ ਮੁਕਤ ਕੀਤਾ ਜਾਵੇ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ, ਟਰੱਸਟੀ ਤੇ ਬਲਾਕ ਪ੍ਰਧਾਨ ਹਿਤੇਸ਼ ਮਹਾਜਨ, ਬਲਾਕ ਪ੍ਰਧਾਨ ਰਣਜੀਤ ਸਿੰਘ ਰਾਣਾ ਬੱਬਰੀ, ਸਿੱਖਿਆ ਕੋਆਰਡੀਨੇਟਰ ਅਸ਼ਵਨੀ ਕੁਮਾਰ, ਸਰਪੰਚ ਬਲਕਰਨ ਸਿੰਘ ਥਾਣੇਦਾਰ ਤੋਂ ਇਲਾਵਾ ਇਲਾਕੇ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।

## ਪ੍ਰਬੰਧਕ ਕਮੇਟੀ ਸਤਿਗੁਰੂ ਕਬੀਰ ਮੰਦਿਰ ਫੱਜੂਪੁਰ ਦੀ ਅਹਿਮ ਮੀਟਿੰਗ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪ੍ਰਬੰਧਕ ਕਮੇਟੀ ਸਤਿਗੁਰੂ ਕਬੀਰ ਮੰਦਿਰ (ਰਜਿ.) ਫੱਜੂਪੁਰ (ਧਾਰੀਵਾਲ) ਦੇ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਵਿਖੇ ਹੋਈ। ਮੀਟਿੰਗ ਵਿੱਚ ਕਮੇਟੀ ਵੱਲੋਂ ਕੀਤੇ ਪਿੱਛਲੀ ਕਾਰਗੁਜਾਰੀ ਦਾ ਲੇਖਾ ਜੋਖਾ ਕੀਤਾ ਗਿਆ ਅਤੇ ਜੂਨ ਮਹੀਨੇ ਵਿੱਚ ਮਨਾਏ ਜਾਣ ਵਾਲੇ ਸਤਿਗੁਰੂ ਕਬੀਰ ਜੀ ਦੇ ਪ੍ਰਕਾਸ਼ ਪੂਰਬ ਦੇ ਸਬੰਧ ਵਿੱਚ ਇਲਾਕੇ ਅੰਦਰ ਪ੍ਰਭਾਤ ਫੇਰੀਆਂ ਕੱਢਣ, ਨਗਰ ਕੀਰਤਨ ਕੱਢਣ ਅਤੇ ਸਮਾਗਮਾਂ ਦੀਆਂ ਤਿਆਰੀਆਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮ ਭਗਤ ਅਹਿਮਦਾਬਾਦ, ਹਰੀ ਰਾਮ ਭਗਤ, ਪ੍ਰੇਮ ਸਿੰਘ ਬੇਦੀ ਕਲੋਨੀ ਧਾਰੀਵਾਲ, ਸਾਂਈ ਦਾਸ ਭਗਤ, ਕੁੰਦਨ ਲਾਲ ਮੁੱਖ ਸੇਵਾਦਾਰ, ਬਲਵਿੰਦਰ ਬਿੰਦਾ, ਨੰਬਰਦਾਰ ਕੀਮਤੀ ਲਾਲ, ਮਾਸਟਰ ਸੁਭਾਸ਼ ਚੰਦਰ, ਭਗਤ ਦੀਨਾ ਨਾਥ, ਹਰਵਿੰਦਰ ਪਾਲ, ਨੰਬਰਦਾਰ ਪ੍ਰੇਮ ਪਾਲ ਲੇਹਲ, ਪੂਰਨ ਚੰਦ, ਤਲਵਿੰਦਰ ਪਾਲ, ਅਜੀਤ ਸਿੰਘ, ਸਾਬਕਾ ਸਰਪੰਚ ਸੁਖਦੇਵ ਸਿੰਘ, ਹਰਮੀਤ ਭਗਤ, ਜਤਿੰਦਰ ਭਗਤ ਦੀਨਪੁਰ, ਲਲਿਤ ਪ੍ਰਸਾਦ ਐਡਵੋਕੇਟ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਦੇ 23 ਵਿਦਿਆਰਥੀਆਂ ਦੀ ਅਕਾਲ ਅਕੈਡਮੀ 'ਚ ਅਧਿਆਪਕਾਂ ਵਜੋਂ ਚੋਣ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖ਼ਾਲਸਾ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਅਕਾਲ ਅਕੈਡਮੀ (ਬੜੂ ਸਾਹਿਬ) ਦੇ ਸਹਿਯੋਗ ਨਾਲ ਇਕ ਪਲੇਸਮੈਂਟ ਡਰਾਈਵ ਆਯੋਜਿਤ ਕੀਤੀ ਗਈ। ਅਕਾਲ ਅਕੈਡਮੀ, ਜੋ ਕਿ 129 ਸੀ. ਬੀ. ਐੱਸ. ਈ. ਸਕੂਲਾਂ ਦੀ ਇਕ ਪ੍ਰਸਿੱਧ ਚੇਨ ਹੈ, ਨੇ ਵਿਦਿਆਰਥੀਆਂ ਨੂੰ ਅਧਿਆਪਨ ਦੇ ਖੇਤਰ 'ਚ ਕੈਰੀਅਰ ਦੇ ਮੌਕੇ ਪ੍ਰਦਾਨ ਕੀਤੇ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਪਲੇਸਮੈਂਟ ਸੈੱਲ ਦੀ ਸਮਰਪਿਤ ਮਿਹਨਤ ਅਤੇ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਭਰਤੀ ਮੁਹਿੰਮ 'ਚ ਵਿਗਿਆਨ, ਅੰਗ੍ਰੇਜ਼ੀ, ਹਿਊਮੈਨੀਟੀਜ਼, ਕਾਮਰਸ ਅਤੇ ਸਮਾਜਿਕ ਵਿਗਿਆਨ ਦੇ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੇ ਭਾਗ ਲਿਆ।ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀ ਪੀ. ਜੀ. ਟੀ., ਟੀ. ਜੀ. ਟੀ. ਅਤੇ ਪ੍ਰਾਇਮਰੀ ਅਧਿਆਪਕ ਦੇ ਅਹੁੱਦਿਆਂ ਲਈ ਚੋਣ ਕੀਤੀ ਗਈ।ਡਾ. ਰੰਧਾਵਾ ਨੇ ਕਿਹਾ ਕਿ ਗੰਭੀਰ ਚੋਣ ਪ੍ਰੀਕ੍ਰਿਆ ਤੋਂ ਬਾਅਦ 23 ਵਿਦਿਆਰਥੀਆਂ ਨੇ ਅਕਾਲ ਅਕੈਡਮੀ ਦੇ ਤਹਿਤ ਪ੍ਰਸਿੱਧ ਵਿਦਿਅਕ ਸੰਸਥਾਂਵਾਂ 'ਚ ਨੌਕਰੀ ਪ੍ਰਾਪਤ ਕੀਤੀ।ਇਸ ਮੌਕੇ ਕੰਪਿਊਟਰ ਸੈਂਟਰ ਦੇ ਡਾਇਰੈਕਟਰ ਅਤੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਇੰਚਾਰਜ ਡਾ. ਹਰਭਜਨ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਭਰੋਸਾ ਦਿਵਾਇਆ ਕਿ ਭਵਿੱਖ 'ਚ ਵੀ ਉਨ੍ਹਾਂ ਲਈ ਅਜਿਹੇ ਪਲੇਸਮੈਂਟ ਦੇ ਮੌਕਿਆਂ ਦਾ ਜਾਰੀ ਰਹੇਗਾ।ਇਸ ਮੌਕੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਅਸਿਸਟੈਂਟ ਡਾਇਰੈਕਟਰ ਡਾ. ਅਨੂਰੀਤ ਕੌਰ ਨੇ ਕਿਹਾ ਕਿ ਪਲੇਸਮੈਂਟ ਸੈੱਲ ਸਮੇਂ ਸਮੇਂ 'ਤੇ ਵੱਖ—ਵੱਖ ਸੈਮੀਨਾਰ ਅਤੇ ਵਰਕਸ਼ਾਪਾਂ ਦਾ ਆਯੋਜਨ ਕਰਦਾ ਹੈ ਜੋ ਵਿਦਿਆਰਥੀਆਂ ਨੂੰ ਆਉਣ ਵਾਲੀ ਇੰਟਰਵਿਊ ਦੀ ਤਿਆਰੀ 'ਚ ਮਦਦ ਕਰਦਾ ਹੈ।ਇਸ ਨਿਯੁਕਤੀ ਪ੍ਰੀਕ੍ਰਿਆ 'ਚ ਪਲੇਸਮੈਂਟ ਕੋਆਰਡੀਨੇਟਰ ਪ੍ਰੋ. ਸੋਨਾਲੀ ਤੁਲੀ. ਪ੍ਰੋ. ਹਰਿਆਲੀ ਢਿੱਲੋਂ, ਪ੍ਰੋ. ਰੋਹਿਤ ਕਾਕੜੀਆ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

## ਜ਼ਿਲ੍ਹਾ ਗੁਰਦਾਸਪੁਰ 'ਚ 20 ਹੋਰ ਆਮ ਆਦਮੀ ਕਲੀਨਿਕ ਬਣਾਏ ਜਾਣਗੇ : ਸਿਵਲ ਸਰਜਨ

**ਗੁਰਦਾਸਪੁਰ (ਜਨਕ ਮਹਾਜਨ)**-ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਜਿਲਾ ਸਿਹਤ ਸੋਸਾਇਟੀ ਦੀ ਮੀਟਿੰਗ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਹੋਈ।ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਜੀ ਨੇ ਕਿਹਾ ਕਿ ਜਿਲੇ ਵਿੱਚ 20 ਹੋਰ ਆਮ ਆਦਮੀ ਕਲੀਨਿਕ ਬਣਾਏ ਜਾਣਗੇ ।ਇਸ ਸਬੰਧੀ ਕਾਰਵਾਈ ਜਾਰੀ ਹੈ। ਜਿਲੇ ਵਿੱਚ ਸਿਹਤ ਸਹੂਲਤਾਂ ਨੂੰ ਬਿਹਤਰ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸਮੂਹ ਸਿਹਤ ਸੰਸਥਾਵਾਂ 100 ਫੀਸਦੀ ਟੀਕਾਕਰਨ ਨੂੰ ਯਕੀਨੀ ਬਣਾਉਣ ।ਟੀਕਾਕਰਨ ਦਾ ਸਾਰਾ ਰਿਕਾਰਡ ਆਨਲਾਈਨ ਕੀਤਾ ਜਾਵੇ । ਟੀਬੀ ਸਕਰੀਨਿੰਗ ਵਧਾਈ ਜਾਵੇ ।ਸ਼ੱਕੀ ਮਰੀਜ਼ਾਂ ਦੇ ਥੁੱਕ ਦੀ ਜਾਂਚ ਕੀਤੀ ਜਾਵੇ । ਇਨ੍ਹਾਂ ਦਿਨੀਂ ਗਰਮੀ ਦਾ ਪ੍ਰਕੋਪ ਕਾਫੀ ਵੱਧ ਗਿਆ ਹੈ। ਗਰਮ ਹਵਾਵਾਂ ਕਾਰਨ ਲੂ ਲੱਗਣ ਦਾ ਖਤਰਾ ਕਾਫੀ ਵੱਧ ਜਾਂਦਾ ਹੈ। ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਕਿ ਸਰੀਰ ਦੇ ਤਾਪਮਾਨ ਨੂੰ ਠੀਕ ਰੱਖਣ ਲਈ ਧੁੱਪ ਦੇ ਸਿੱਧੇ ਸੰਪਰਕ ਤੋ ਬਚਿਆ ਜਾਵੇ।ਪਾਣੀ ਅਤੇ ਤਰਲ ਪਦਾਰਥਾਂ ਦਾ ਜਿਆਦਾ ਸੇਵਨ ਕੀਤਾ ਜਾਵੇ ।ਉਨ੍ਹਾਂ ਕਿਹਾ ਕਿ ਪਰਿਵਾਰ ਨਿਯੋਜਨ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ।ਬੱਚਿਆਂ ਦੇ ਜਨਮ ਵਿੱਚ ਅੰਤਰ ਰੱਖਣ ਲਈ ਪ੍ਰੇਰਿਤ ਕੀਤਾ ਜਾਵੇ ।ਗਰਭਵਤੀ ਮਾਵਾਂ ਦਾ ਮਹੀਨਾਵਾਰ ਚੈਕਅਪ ਯਕੀਨੀ ਬਣਾਇਆ ਜਾਵੇ। ਹਾਈ ਰਿਸਕ ਕੇਸਾਂ ਦਾ ਸਪੈਸ਼ਲਿਸਟ ਡਾਕਟਰ ਤੋ ਚੈਕਅਪ ਕਰਾਇਆ ਜਾਵੇ। ਡਿਲੀਵਰੀ ਕੇਸਾਂ ਦੀ ਰੈਫਰਲ ਸਬੰਧੀ ਕਾਰਨ ਸਪਸ਼ਟ ਕੀਤੇ ਜਾਣ। ਏਐਨਸੀ ਰਜਿਸਟ੍ਰੇਸ਼ਨ 100 ਫੀਸਦੀ ਹੋਵੇ।ਉਨ੍ਹਾਂ ਕਿਹਾ ਕਿ ਆਉਂਦੇ ਮਹੀਨਿਆਂ ਵਿੱਚ ਗੰਦੇ ਪਾਣੀ ਨਾਲ ਹੋਣ ਵਾਲੇ ਰੋਗਾਂ ਦੀ ਰੋਕਥਾਮ ਲਈ ਜਰੂਰੀ ਹੈ ਕਿ ਵਾਟਰ ਸੈਂਪਲਿੰਗ ਵਧਾਈ ਜਾਵੇ।ਇਸ ਮੌਕੇ ਏਸੀਐਸ ਡਾਕਟਰ ਪ੍ਰਭਜੋਤ ਕੌਰ ਕਲਸੀ, ਜ਼ਿਲਾ ਪਰਿਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ, ਜ਼ਿਲਾ ਟੀਕਾਕਰਨ ਅਫਸਰ ਡਾ. ਮਮਤਾ, ਡਾ. ਭਾਵਨਾ ਸ਼ਰਮਾ, ਡਾ. ਗੁਰਪ੍ਰੀਤ ਕੌਰ, ਜ਼ਿਲਾ ਸਿਹਤ ਅਫਸਰ ਡਾ. ਅੰਕੁਰ, ਸੀਨੀਅਰ ਮੈਡੀਕਲ ਅਫਸਰ ਡਾ. ਵਿੰਮੀ ਮਹਾਜਨ, ਡਾ. ਅਰਵਿੰਦ ਮਹਾਜਨ, ਅਮਰਦੀਪ ਸਿੰਘ, ਡਾ. ਗੁਨੀਤ ਕੌਰ, ਡਾ. ਬ੍ਰਿਜੇਸ਼, ਡਾ. ਲਲਿਤ ਮੋਹਨ, ਡਾ. ਨੀਲਮ ਕੁਮਾਰੀ, ਡਾ. ਮਨਮੋਹਨਜੀਤ ਸਿੰਘ, ਡਾ. ਵਰਿੰਦਰ ਮੋਹਨ, ਡਾ. ਸੁਚੇਤਨ ਅਬਰੋਲ, ਡਾ. ਵੰਦਨਾ, ਮਾਸ ਮੀਡੀਆ ਅਫਸਰ ਪਰਮਿੰਦਰ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਸਰਕਾਰੀ ਕਾਲਜ ਡੇਰਾਬੱਸੀ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ




**ਡੇਰਾ ਬੱਸੀ (ਵਿਨੇ ਕੁਮਾਰ ਜੈਨ)**—ਸਰਕਾਰੀ ਕਾਲਜ ਡੇਰਾਬੱਸੀ ਵਿਖੇ ਰਾਸ਼ਟਰੀ ਸੇਵਾ ਯੋਜਨਾ ਇਕਾਈ ਵੱਲੋਂ ਪ੍ਰਿੰਸੀਪਲ ਗੀਤਾਂਜਲੀ ਕਾਲੜਾ ਦੀ ਯੋਗ ਅਗਵਾਈ ਹੇਠ ਅੱਤਵਾਦੀ ਵਿਰੋਧੀ ਦਿਵਸ ਮਨਾਇਆ ਗਿਆ। ਰਾਜਨੀਤੀ ਸ਼ਾਸਤਰ ਵਿਭਾਗ ਦੇ ਪ੍ਰੋ. ਸੁਨੀਲ ਕੁਮਾਰ ਨੇ ਵਿਦਿਆਰਥੀਆਂ ਨੂੰ ਅੱਤਵਾਦ ਦੁਆਰਾ ਸਮਾਜ ਨੂੰ ਪਹੁੰਚਾਏ ਜਾਂਦੇ ਨੁਕਸਾਨਾਂ ਬਾਰੇ ਦੱਸਿਆ।ਉਨ੍ਹਾਂ ਨੇ ਕਿਹਾ ਕਿ ਜਿਹੜੇ ਵੀ ਦੇਸ਼ ਜਾਂ ਸੰਸਥਾ ਅੱਤਵਾਦ ਇਕਾਈਆਂ ਨੂੰ ਸਿੱਧੇ ਜਾ ਅਸਿੱਧੇ ਤੌਰ 'ਤੇ ਸਮਰਥਨ ਕਰਦੇ ਹਨ ਅੰਤ ਵਿੱਚ ਉਨ੍ਹਾਂ ਨੂੰ ਹੀ ਨੁਕਸਾਨ ਦਾ ਸਾਹਮਣਾ ਕਰਨਾ ਪੈਂਦਾ ਹੈ।ਅੱਤਵਾਦ ਕਦੇ ਵੀ ਕਿਸੇ ਰਾਜਨੀਤੀ ਮਸਲੇ ਦਾ ਹੱਲ ਨਹੀਂ ਹੋ ਸਕਦਾ।ਅਪ੍ਰੈਲ 2025 ਵਿੱਚ ਹੋਏ ਪਹਿਲਗਾਮ ਅੱਤਵਾਦੀ ਹਮਲੇ ਵਿੱਚ ਕਈ ਨਿਰਦੋਸ਼ਾਂ ਨੇ ਆਪਣੀ ਜਾਨ ਗੁਆਈ ਅਤੇ ਦੇਸ਼ ਦਾ ਜਾਨੀ ਅਤੇ ਮਾਲੀ ਨੁਕਸਾਨ ਹੋਇਆ।ਇਸ ਸੰਦਰਭ ਵਿੱਚ ਅੱਤਵਾਦ ਦੇ ਕਾਰਨਾਂ ਨੂੰ ਜਾਣਨਾ ਬੇਹੱਦ ਜ਼ਰੂਰੀ ਹੈ ਤਾਂ ਜੋ ਭਵਿੱਖ ਵਿੱਚ ਮਨੁੱਖੀ ਘਾਣ ਨੂੰ ਰੋਕਿਆ ਜਾ ਸਕੇ।ਇਸ ਮੌਕੇ ਡਾ. ਗੁਰਮੀਤ ਸਿੰਘ, ਪ੍ਰੋ. ਮਨਜੋਤ ਸਿੰਘ, ਐੱਨ. ਐੱਸ. ਐੱਸ. ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਰਵਿੰਦਰ ਸਿੰਘ, ਪ੍ਰੋ. ਕੋਮਲ ਦਿਉਲ ਅਤੇ ਐੱਨ. ਐੱਸ. ਐੱਸ ਦੇ ਵਲੰਟੀਅਰ ਸ਼ਾਮਿਲ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 12 ਹਜ਼ਾਰ ਨਸ਼ਾ ਤਸਕਰ ਕਾਬੂ, 9.70 ਕਰੋੜ ਡਰੱਗ ਮਨੀ ਜ਼ਬਤ : ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਹਿਲੀ ਮਾਰਚ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਦ੍ਰਿੜ ਵਚਨਬੱਧਤਾ ਤਹਿਤ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਕਰਨ ਲਈ ਵਿੱਢੀ ਗਈ ਯੁੱਧ ਨਸ਼ਿਆਂ ਵਿਰੁੱਧ ਪ੍ਰਚੰਡ ਮੁਹਿੰਮ ਵਿੱਚ ਅਮਨ ਪਸੰਦ ਨਾਗਰਿਕਾਂ ਦੀ ਆਪ ਮੁਹਾਰੇ ਸ਼ਮੂਲੀਅਤ ਨਾਲ ਪਿੱਛਲੇ 80 ਦਿਨਾਂ 'ਚ ਮਜ਼ਬੂਤ ਲੋਕ ਲਹਿਰ ਉਸਰ ਚੁੱਕੀ ਹੈ ਅਤੇ ਇਸ ਮੁਹਿੰਮ ਤਹਿਤ ਪੰਜਾਬ ਪੁਲਸ ਵੱਲੋਂ ਦਿਨ ਰਾਤ ਨਸ਼ਾ ਤਸਕਰਾਂ ਵਿਰੁੱਧ ਚਲਾਏ ਜਾ ਰਹੇ ਅਪਰੇਸ਼ਨ 'ਚ ਪੰਜਾਬ ਪੁਲੀਸ ਨੇ ਹੁਣ ਤੱਕ 7150 ਦੇ ਕਰੀਬ ਐੱਫ. ਆਈ. ਆਰ. ਦਰਜ ਕੀਤੀਆਂ ਹਨ ਅਤੇ 11 ਹਜ਼ਾਰ 954 ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਕੋਲੋਂ 515 ਕਿਲੋਗ੍ਰਾਮ ਹੈਰੋਇਨ, 224 ਕਿਲੋਗ੍ਰਾਮ ਅਫੀਮ , 124 ਕੁਇੰਟਲ ਭੁੱਕੀ , 8 ਕਿਲੋਗ੍ਰਾਮ ਚਰਸ, 150 ਕਿਲੋਗ੍ਰਾਮ ਗਾਂਜਾ, ਢਾਈ ਕਿਲੋਗ੍ਰਾਮ ਆਈਸੀਈ., 24.22 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 9.70 ਕਰੋੜ ਰੁਪਏ ਡਰੱਗ ਮਨੀ ਬਰਾਮਦ ਕਰਕੇ ਜ਼ਬਤ ਕਰਨ 'ਚ ਮਿਸਾਲੀ ਸਫਲਤਾ ਹਾਸਲ ਕੀਤੀ ਹੈ। ਸ: ਧਾਲੀਵਾਲ ਅੱਜ ਹਲਕੇ ਦੇ ਪਿੰਡਾਂ ਸੱਲੋਦੀਨ ਅਤੇ ਤਲਵੰਡੀ ਸਿਪਾਹੀ ਮੱਲ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਕਰਵਾਈਆਂ ਗਈਆਂ ਪ੍ਰਭਾਵਸ਼ਾਲੀ ਨਸ਼ਾ ਵਿਰੋਧੀ ਚੇਤਨਾ ਰੈਲੀਆਂ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਨੇ ਸੂਬਾ ਮਾਨ ਸਰਕਾਰ ਦਾ ਅਹਿਦ ਦੁਹਰਾਉਂਦਿਆਂ ਸਪੱਸ਼ਟ ਕੀਤਾ ਕਿ ਸੂਬੇ 'ਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਦ੍ਰਿੜ ਰਾਜਸੀ ਇੱਛਾ ਸ਼ਕਤੀ ਨਾਲ ਨਸ਼ਾ ਤਸਕਰਾਂ ਵਿਰੁੱਧ ਬਿਨ੍ਹਾਂ ਕਿਸੇ ਭੈਅ ਤੋਂ ਯੁੱਧ ਲੜ ਰਹੀ ਹੈ,ਜਿਸ ਦੇ ਪਿਛਲੇ 80 ਦਿਨਾਂ ਦੌਰਾਨ ਨਸ਼ਿਆਂ ਦੀ ਸਪਲਾਈ ਲਾਈਨ ਤੋੜਨ ਦੇ ਬੜੇ ਵੱਡੇ ਸਾਰਥਿਕ ਨਤੀਜੇ ਮਿਲੇ ਹਨ। ਸ: ਧਾਲੀਵਾਲ ਨੇ ਇਹ ਵੀ ਕਿਹਾ ਕਿ 31 ਮਈ ਤੱਕ ਨਸ਼ਿਆਂ ਦੀ ਸਪਲਾਈ ਲਾਈਨ ਤੋੜਣ 'ਚ ਸਫਲ ਹੋਣ ਪਿੱਛੋਂ ਪੰਜਾਬ ਸਰਕਾਰ ਦਾ ਮੁੱਖ ਏਜੰਡਾ ਨਸ਼ਾ ਪੀੜਤਾਂ ਦੇ ਮੁੜ ਵਸੇਬੇ ਤੇ ਕੇਂਦਰਿਤ ਹੋਵੇਗਾ ਅਤੇ ਨਸ਼ਾ ਤਸਕਰਾਂ ਵਿਰੁੱਧ ਯੁੱਧ ਜਾਰੀ ਰੱਖ ਕੇ ਨਸ਼ਿਆਂ ਨੂੰ ਠੱਲ ਪਾਉਣ ਸਮੇਤ ਨਸ਼ਾ ਪੀੜਤਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਪੰਜਾਬ ਸਰਕਾਰ ਇਕੋ ਸਮੇਂ ਦੋਹਾਂ ਫਰੰਟਾਂ ਤੇ ਯਤਨਸ਼ੀਲ ਨਜ਼ਰ ਆਵੇਗੀ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਨਸ਼ਿਆਂ ਦੀ ਲਾਹਨਤ ਨਾਲ ਨਜਿੱਠਣ ਲਈ ਨੌਜੁਆਨਾਂ ਦੀ ਉਰਜਾ ਸ਼ਕਤੀ ਨੂੰ ਸਹੀ ਦਿਸ਼ਾ ਵਿੱਚ ਚਲਾਉਣ ਲਈ ਨਸ਼ਾ ਛੁਡਾਊ ਕੇਂਦਰਾਂ 'ਚ ਇਲਾਜ ਲਈ ਭਰਤੀ ਕਰਵਾਇਆ ਜਾਵੇਗਾ।ਪੰਜਾਬ 'ਚ ਨਸ਼ਾ ਛੁਡਾਊ ਕੇਂਦਰਾਂ ਵਿੱਚ ਬਿਸਤਰਿਆਂ ਦੀ ਗਿਣਤੀ ਵਧਾਈ ਜਾ ਰਹੀ ਹੈ, ਜਿਸ ਕਰਕੇ ਅੰਮ੍ਰਿਤਸਰ ਵਿਖੇ ਗਿਣਤੀ ਵਧਾ ਕੇ 300 ਬਿਸਤਰਿਆਂ ਤੱਕ ਕਰ ਦਿੱਤੀ ਗਈ ਹੈ।ਸ: ਧਾਲੀਵਾਲ ਨੇ ਨਸ਼ਾ ਮੁਕਤੀ ਚੇਤਨਾ ਯਾਤਰਾ ਰੈਲੀਆਂ 'ਚ ਸ਼ਾਮਲ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਕੇ ਡਿਫੈਂਸ ਕਮੇਟੀਆਂ, ਯੂਥ ਕਲੱਬਾਂ, ਗ੍ਰਾਮ ਪੰਚਾਇਤਾਂ, ਨੰਬਰਦਾਰਾਂ ਤੇ ਹੋਰ ਮੋਹਤਬਰਾਂ ਕੋਲੋਂ ਭਰਵੇਂ ਸਹਿਯੋਗ ਦੀ ਮੰਗ ਕੀਤੀ ਅਤੇ ਰੈਲੀਆਂ 'ਚ ਹਾਜ਼ਰ ਅਫਸਰਾਂ ਸਮੇਤ ਆਮ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਮੂਹਿਕ ਸਹੁੰ ਚੁਕਾਈ ਗਈ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਐੱਸਡੀਐੱਮ ਅਜਨਾਲਾ ਸ: ਰਵਿੰਦਰ ਸਿੰਘ ਅਰੋੜਾ, ਡੀਐੱਸਪੀ ਹਰਭਜਨ ਸਿੰਘ, ਗੁਰਜੰਟ ਸਿੰਘ ਸੋਹੀ, ਪੀਏ ਮੁਖਤਾਰ ਸਿੰਘ ਬਲੜਵਾਲ, ਮਾਰਕਿਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਬੱਬੂ ਸੱਲੋਦੀਨ, ਸਰਪੰਚ ਸੁੱਖ ਕੰਦੋਵਾਲੀ, ਸਰਪੰਚ ਬਿੱਲਾ ਖਤਰਾਏ ਖੁਰਦ, ਸਰਪੰਚ ਥੰਮਣ ਸਿੰਘ ਬਾਠ, ਕਵਲਦੀਪ ਸਿੰਘ ਆਦਿ ਮੌਜੂਦ ਸਨ।



## ਖੇਡਾਂ 'ਚ ਵਧੀਆ ਸੇਵਾਵਾਂ ਦੇਣ ਵਾਲੇ ਅਧਿਆਪਕ ਸਨਮਾਨਿਤ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਜੇਸ਼ ਕੁਮਾਰ ਦੀ ਅਗਵਾਈ ਵਿੱਚ ਜ਼ਿਲ੍ਹਾ ਪੱਧਰੀ ਸਮਾਗਮ ਗੁਰਦਾਸਪੁਰ ਵਿਖੇ ਕਰਵਾਇਆ ਗਿਆ।ਇਸ ਸਮਾਗਮ ਵਿੱਚ ਜ਼ੋਨਲ ਖੇਡਾਂ ਵਿੱਚ ਵਧੀਆ ਸੇਵਾਵਾਂ ਦੇਣ ਵਾਲੇ ਅਧਿਆਪਕ ਸਨਮਾਨਿਤ ਕੀਤੇ ਗਏ ।ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਹੈੱਡਮਾਸਟਰ-ਕਮ-ਬੀਐੱਨਓ ਕਾਦੀਆਂ-1 ਨੇ ਦੱਸਿਆ ਕਿ ਕੁਲਦੀਪ ਕੌਰ ਨੇ ਸਰਕਾਰੀ ਹਾਈ ਸਕੂਲ ਬਸਰਾਏ ਦੇ ਵਿਦਿਆਰਥੀਆਂ ਨੂੰ ਸਟੇਟ, ਜ਼ਿਲ੍ਹਾ ਅਤੇ ਜ਼ੋਨਲ ਖੇਡਾਂ ਤੱਕ ਪਹੁੰਚਾਉਣ ਵਿੱਚ ਪੂਰੀ ਮਿਹਨਤ ਕੀਤੀ ਹੈ, ਜਿਸ ਨਾਲ ਬੱਚੇ ਸਟੇਟ, ਜ਼ਿਲ੍ਹਾ ਅਤੇ ਜ਼ੋਨਲ ਖੇਡਾਂ ਵਿੱਚ ਇਨਾਮ ਪ੍ਰਾਪਤ ਕਰ ਚੁੱਕੇ ਹਨ।ਇਸ ਤਰ੍ਹਾਂ ਦੇ ਸਨਮਾਨ ਅਧਿਆਪਕ ਲਈ ਪ੍ਰੇਰਨਾ ਸ੍ਰੋਤ ਹਨ।ਸਕੂਲ ਪਹੁੰਚਣ 'ਤੇ ਅਧਿਆਪਕਾਂ ਦਾ ਸਨਮਾਨ ਕੀਤਾ ਅਤੇ ਭਵਿੱਖ ਵਿੱਚ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।ਕੁਲਦੀਪ ਕੌਰ ਦੇ ਸਨਮਾਨਿਤ ਹੋਣ 'ਤੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਹੈ।

## ਕਾਂਗਰਸੀ ਆਗੂ ਬਿਕਰਮ ਸਿੰਘ ਢਿੱਲੋਂ ਨੇ ਚੇਅਰਮੈਨ ਕੋਟ ਸਿਵੀਆਂ ਨੂੰ ਦਿੱਤਾ ਮੰਗ ਪੱਤਰ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਸੀਨੀਅਰ ਕਾਂਗਰਸੀ ਆਗੂ ਬਿਕਰਮ ਸਿੰਘ ਢਿੱਲੋਂ ਨੇ ਮੰਗਲਵਾਰ ਨੂੰ ਕਸਬਾ ਝਬਾਲ ਦੇ ਅੰਦਰ ਆਉਂਦੀਆਂ ਸੜਕਾਂ ਨੂੰ ਰਿਪੇਅਰ ਲਈ ਝਬਾਲ ਦੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਕੋਟ ਸਿਵੀਆਂ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਕਾਂਗਰਸੀ ਆਗੂ ਬਿਕਰਮ ਸਿੰਘ ਢਿੱਲੋਂ ਨੇ ਦੱਸਿਆ ਕਿ ਕਸਬਾ ਝਬਾਲ ਦੇ ਅੰਦਰ ਬਹੁਤ ਹੀ ਇਤਿਹਾਸਕ ਗੁਰਦੁਆਰਾ ਸਾਹਿਬਾਨ ਨੇ ਜਿਨ੍ਹਾਂ ਵਿੱਚ ਇਤਿਹਾਸਕ ਗੁਰਦੁਆਰਾ ਬੀਬੀ ਵੀਰੋ ਜੀ ਮਾਤਾ ਭਾਗ ਕੌਰ ਜੀ ਨੂੰ ਆਉਂਦੀਆਂ ਲਿੰਕ ਸੜਕਾਂ ਜੋ ਕਿ ਮਾਰਕਿਟ ਕਮੇਟੀ ਝਬਾਲ ਦੇ ਅੰਡਰ ਆਉਂਦੀਆਂ ਹਨ, ਉਨ੍ਹਾਂ ਸੜਕਾਂ ਦੀ ਹਾਲਤ ਬਹੁਤ ਤਰਸਯੋਗ ਹੈ। ਰੋਜ਼ਾਨਾ ਹਜ਼ਾਰਾਂ ਦੀ ਤਾਦਾਦ ਵਿੱਚ ਸੰਗਤਾਂ ਗੁਰੂ ਨੂੰ ਨਤਮਸਤਕ ਹੋਣ ਆਉਂਦੀਆਂ ਹਨ ਉਨ੍ਹਾਂ ਨੂੰ ਬਹੁਤ ਮੁਸ਼ਕਲ ਆਉਂਦੀ ਹੈ। ਇਸ ਨੂੰ ਮੁੱਖ ਰੱਖਦਿਆਂ ਇਨ੍ਹਾਂ ਸੜਕਾਂ ਦੀ ਰਿਪੇਅਰ ਕਰਨ ਲਈ ਅੱਜ ਚੇਅਰਮੈਨ ਮਾਰਕੀਟ ਕਮੇਟੀ ਬਲਵਿੰਦਰ ਸਿੰਘ ਝਬਾਲ ਨੂੰ ਮੰਗ ਪੱਤਰ ਦਿੱਤਾ ਗਿਆ ਹੈ ਤਾਂ ਕਿ ਇਹ ਸੜਕਾਂ ਪਹਿਲ ਦੇ ਆਧਾਰ ਤੇ ਬਣਾਈਆਂ ਜਾਣ। ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਕੋਟ ਸਿਵਿਆਂ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਕਸਬਾ ਝਬਾਲ ਦੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ ਤੇ ਗੁਰਦੁਆਰਾ ਬੀਬੀ ਵੀਰੋ ਜੀ ਤੋਂ ਗੇਟ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਨੂੰ ਜਾਂਦੀ ਸੜਕ ਡਬਲ ਕੀਤੀ ਜਾ ਰਹੀ। ਇਸ ਮੌਕੇ ਉਨ੍ਹਾਂ ਨਾਲ ਮੈਂਬਰ ਬਚਿੱਤਰ ਸਿੰਘ, ਮੈਂਬਰ ਸੁਰਜੀਤ ਸਿੰਘ, ਮੈਂਬਰ ਮਨਜੀਤ ਸਿੰਘ, ਮੈਂਬਰ ਜਗਤਾਰ ਸਿੰਘ, ਮੈਂਬਰ ਅਵਤਾਰ ਸਿੰਘ, ਹਰਪਾਲ ਸਿੰਘ, ਢਿੱਲੋਂ ਝਬਾਲ, ਸਾਬਕਾ ਇੰਸਪੈਕਟਰ ਅਜੀਤ ਸਿੰਘ, ਸਾਬਕਾ ਇੰਸਪੈਕਟਰ ਅਜਮੇਰ ਸਿੰਘ, ਬਲਵਿੰਦਰ ਸਿੰਘ, ਫੌਜੀ ਕਸ਼ਮੀਰ ਸਿੰਘ, ਤਰਲੋਕ ਸਿੰਘ ਢਿੱਲੋਂ, ਦਿਲਬਾਗ ਸਿੰਘ ਆਦਿ ਹੋਰ ਵੀ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ



## ਜ਼ਿਲਾ ਪੁਲਸ ਮੁਖੀ ਵੱਲੋਂ ਸਕੂਲ ਆਫ ਐਮੀਨੈਂਸ ਅਜਨਾਲਾ ਦੇ ਬੱਚਿਆਂ ਨਾਲ ਰੂ-ਬਰੂ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਸਕੂਲਾਂ ਵਿੱਚ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦ ਜ਼ਿਲਾ ਪੁਲਸ ਮੁਖੀ ਅੰਮ੍ਰਿਤਸਰ ਮਨਿੰਦਰ ਸਿੰਘ ਨੇ ਸਕੂਲ ਆਫ ਐਮੀਨੈਂਸ ਅਜਨਾਲਾ ਦੇ ਬੱਚਿਆਂ ਨੂੰ ਇਨ੍ਹਾਂ ਪ੍ਰੀਖਿਆ ਦੀ ਤਿਆਰੀ ਲਈ ਅਗਵਾਈ ਦੇਣ ਦਾ ਫੈਸਲਾ ਕਰ ਲਿਆ।ਜ਼ਿਲਾ ਪੁਲਸ ਮੁਖੀ ਮਨਿੰਦਰ ਸਿੰਘ ਸਕੂਲ ਆਫ ਐਮੀਨੈਂਸ ਅਜਨਾਲਾ ਪੁੱਜੇ ਅਤੇ ਉਨ੍ਹਾਂ ਦਸਵੀਂ ਤੇ ਬਾਰਵੀਂ ਜਮਾਤ ਤੇ ਬੱਚਿਆਂ ਦੀ ਇਸ ਵਿਸ਼ੇ ਉੱਤੇ ਕਲਾਸ ਲਈ।ਉਨ੍ਹਾਂ ਦੀ ਅੱਜ ਇਸ ਪਲੇਠੀ ਕਲਾਸ ਨੇ ਬੱਚਿਆਂ ਵਿੱਚ ਇੱਕ ਆਸ ਦੀ ਚਿਣਗ ਜਗਾਈ ਤੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਉਹਨਾਂ ਦੀਆਂ ਗੱਲਾਂ ਸੁਣੀਆਂ। 2019 ਬੈਚ ਦੇ ਆਈਪੀਐੱਸ ਅਧਿਕਾਰੀ ਮਨਿੰਦਰ ਸਿੰਘ ਨੇ ਸਫਲਤਾ ਦੀ ਕੁੰਜੀ ਬੱਚਿਆਂ ਹੱਥ ਫੜਾਉਂਦੇ ਕਿਹਾ ਕਿ ਸਭ ਤੋਂ ਜ਼ਰੂਰੀ ਹੈ, ਤੁਹਾਡੇ ਵਿੱਚ ਆਤਮ ਵਿਸ਼ਵਾਸ ਦਾ ਹੋਣਾ।ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ ਦੇ ਬੱਚੇ ਜਾਂ ਆਮ ਲੋਕ ਦੁਸ਼ਮਣ ਨਾਲ ਲੜਨ ਲਈ ਬੰਦੂਕਾਂ ਤੇ ਤਲਵਾਰਾਂ ਚੁੱਕਣ ਲਈ ਵੱਡਾ ਹੌਸਲਾ ਰੱਖਦੇ ਹਨ ਪਰ ਆਪਣੇ ਦਿਲ ਦੀ ਗੱਲ ਕਰਨ ਲਈ ਝਿਜਕ ਜਾਂਦੇ ਹਨ। ਦੂਸਰਾ ਸਾਡੇ ਬਹੁ ਗਿਣਤੀ ਬੱਚੇ ਅੰਗਰੇਜ਼ੀ ਭਾਸ਼ਾ ਨੂੰ ਵੱਡਾ ਹਊਆ ਮੰਨ ਲੈਂਦੇ ਹਨ ਜੋ ਕਿ ਇੱਕ ਬੋਲੀ ਤੋਂ ਵੱਧ ਕੇ ਕੁਝ ਨਹੀਂ।ਉਨ੍ਹਾਂ ਬੱਚਿਆਂ ਨੂੰ ਰੋਜ਼ਾਨਾ ਅਖਬਾਰ ਪੜ੍ਹਨ ਲਈ ਪ੍ਰੇਰਦੇ ਹੋਏ ਕਿਹਾ ਕਿ ਸਧਾਰਨ ਜਾਣਕਾਰੀ ਦਾ ਟੈਸਟ ਅਖਬਾਰ ਤੋਂ ਬਿਨਾਂ ਪਾਸ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਬੱਚਿਆਂ ਨੂੰ ਫੋਨ ਉਤੇ ਘੱਟ ਤੋਂ ਘੱਟ ਸਮਾਂ ਬਤੀਤ ਕਰਨ ਅਤੇ ਪੜਾਈ ਤੋਂ ਵਾਧੂ ਸਮਾਂ ਗਰਾਉਂਡ ਵਿੱਚ ਖੇਡਣ ਉਤੇ ਬਤੀਤ ਕਰਨ ਦਾ ਸੰਦੇਸ਼ ਦਿੱਤਾ ।ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਉਹ ਜੋ ਵੀ ਬਣਨਾ ਚਾਹੁੰਦੇ ਹਨ ਪਹਿਲਾਂ ਉਸ ਵਾਸਤੇ ਇੱਛਾ ਸ਼ਕਤੀ ਬਣਾਉਣ ਦੂਸਰਾ ਉਸ ਟੀਚੇ ਦੀ ਪ੍ਰਾਪਤੀ ਲਈ ਪੜ੍ਹਾਈ ਕਰਨ ਅਤੇ ਇਸ ਦੌਰਾਨ ਚੰਗੀ ਸੰਗਤ ਦੀ ਚੋਣ ਕਰਨ।ਜੋ ਬੱਚੇ ਉਨ੍ਹਾਂ ਦੇ ਵਿਚਾਰਾਂ ਨਾਲ ਨਹੀਂ ਚੱਲ ਸਕਦੇ ਉਨ੍ਹਾਂ ਨੂੰ ਤਿਲਾਂਜਲੀ ਦੇਣ।ਉਨ੍ਹਾਂ ਕਿਹਾ ਕਿ ਮਾਪੇ ਅਤੇ ਅਧਿਆਪਕ ਦੋਵੇਂ ਤੁਹਾਡੇ ਸੱਚੇ ਦਿਲੋਂ ਮਾਰਗ ਦਰਸ਼ਨ ਕਰਦੇ ਹਨ ਸੋ ਉਨ੍ਹਾਂ ਦੀ ਗੱਲ ਕਿਸੇ ਵੀ ਹਾਲਤ ਵਿੱਚ ਨਾ ਟਾਲੀ ਜਾਵੇ, ਨਹੀਂ ਤਾਂ ਸਾਰੀ ਉਮਰ ਪਛਤਾਵਾ ਰਹਿ ਜਾਂਦਾ ਹੈ ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਉਹ ਲਗਾਤਾਰ ਬੱਚਿਆਂ ਦੀ ਕਲਾਸ ਲੈਂਦੇ ਰਹਿਣਗੇ ਅਤੇ ਸਮੇਂ ਦੇ ਨਾਲ ਨਾਲ ਬੱਚਿਆਂ ਦੇ ਮਾਂ ਪਿਓ ਨੂੰ ਵੀ ਮਿਲਣਾ ਚਾਹੁਣਗੇ।ਇਸ ਮੌਕੇ ਸਿੱਖਿਆ ਕੋਆਰਡੀਨੇਟਰ ਅਮਨਦੀਪ ਕੌਰ ਧਾਲੀਵਾਲ ਨੇ ਉਨ੍ਹਾਂ ਦਾ ਇਸ ਨੇਕ ਕਾਰਜ ਲਈ ਧੰਨਵਾਦ ਕਰਦੇ ਹੋਏ ਕਿਹਾ ਕਿ ਤੁਹਾਡੇ ਤਜ਼ਰਬੇ ਦਾ ਸਾਡੇ ਬੱਚਿਆਂ ਨੂੰ ਜ਼ਰੂਰ ਵੱਡਾ ਫਾਇਦਾ ਹੋਵੇਗਾ।ਇਸ ਮੌਕੇ ਸਕੂਲ ਪ੍ਰਿੰਸੀਪਲ ਸੁਦੇਸ਼ ਕੁਮਾਰ ਅਰੋੜਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ।ਹੋਰਨਾਂ ਤੋਂ ਇਲਾਵਾ ਇਸ ਮੌਕੇ ਸ਼ਹਿਰੀ ਪ੍ਰਧਾਨ ਅਮਿਤ ਔਲ, ਡਿਪਟੀ ਡੀਈਓ ਰਜੇਸ਼ ਖੰਨਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



## ਨੈਸ਼ਨਲ ਲੋਕ ਅਦਾਲਤ ਲਈ ਸਮਾਂ ਮੁੜ ਤਹਿ

**ਧਾਰੀਵਾਲ ਮਨਦੀਪ ਸਿੰਘ ਵਿੱਕੀ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਦੀਪਕ ਸਿੱਬਲ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਿਕ ਦੂਸਰੀ ਨੈਸ਼ਨਲ ਲੋਕ ਅਦਾਲਤ ਦਾ ਸਮਾਂ ਮੁੜ ਤਹਿ ਕੀਤਾ ਗਿਆ ਹੈ ਜੋ ਕਿ ਹੁਣ 24.05.2025 ਨੂੰ ਲਗਾਈ ਜਾ ਰਹੀ ਹੈ।ਸ੍ਰੀ ਦਿਲਬਾਗ ਸਿੰਘ ਜੌਹਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੀ ਰਹਿਨੁਮਾਈ ਹੇਠ ਹਰਪ੍ਰੀਤ ਸਿੰਘ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜ਼ਨ, ਬਟਾਲਾ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਦੂਸਰੀ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ।ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫ਼ੌਜਦਾਰੀ, ਚੈੱਕ ਬਾਉਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਅਤੇ ਪਰਿਵਾਰਿਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਣਗੇ।ਇਸ ਤੋਂ ਇਲਾਵਾ ਪ੍ਰੀ-ਲਿਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਣਗੇ।ਇਸ ਸਬੰਧੀ ਸ੍ਰੀ ਦਿਲਬਾਗ ਸਿੰਘ ਜੌਹਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਨੇ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਅਤੇ ਧੰਨ ਦੀ ਬੱਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ।ਲੋਕ ਅਦਾਲਤਾਂ ਰਾਹੀਂ ਫ਼ੈਸਲੇ ਹੋਏ ਕੇਸਾਂ ਦੇ ਲਾਭਾਂ ਤੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫ਼ੈਸਲਾ ਹੋਏ ਕੇਸ ਦੀ ਅੱਗੇ ਕੋਈ ਅਪੀਲ ਨਹੀਂ ਹੋ ਸਕਦੀ ਕਿਉਂਕਿ ਲੋਕ ਅਦਾਲਤ ਵਿੱਚ ਫ਼ੈਸਲਾ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਂਦਾ ਹੈ।ਇਸ ਨਾਲ ਝਗੜਾ ਹਮੇਸ਼ਾ ਲਈ ਖ਼ਤਮ ਹੋ ਜਾਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕ ਅਦਾਲਤ ਰਾਹੀਂ ਫ਼ੈਸਲਾ ਹੋਏ ਕੇਸਾਂ ਵਿੱਚ ਲਗਾਈ ਗਈ, ਕੋਰਟ ਫ਼ੀਸ ਵੀ ਵਾਪਸ ਕੀਤੀ ਜਾਂਦੀ ਹੈ।

## ਚੇਅਰਮੈਨ ਸੇਖਵਾਂ ਦੀ ਅਗਵਾਈ 'ਚ ਨਸ਼ਾ ਮੁਕਤੀ ਯਾਤਰਾ ਪਹੁੰਚੀ ਝੰਡਾ ਲੁਬਾਣਾ, ਭੈਣੀ ਮੀਆਂ ਖਾਂ ਤੇ ਮੇਹੜੇ




**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਭਗਵੰਤ ਮਾਨ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਦਾ ਲੱਕ ਤੋੜਿਆ ਹੈ ਜਿਸ ਤਹਿਤ ਕਈ ਨਸ਼ਾ ਤਸਕਰ ਗ੍ਰਿਫ਼ਤਾਰ ਕੀਤੇ ਗਏ ਹਨ। ਨਾਲ ਹੀ ਨਸ਼ਾ ਤਸਕਰਾਂ ਦੇ ਘਰਾਂ ਉੱਤੇ ਪੀਲਾ ਪੰਜਾ ਚਲਾ ਕੇ ਨਸ਼ਿਆਂ ਦੀ ਆਮਦਨ ਤੋਂ ਬਣੀਆਂ ਇਮਾਰਤਾਂ ਢਾਹੀਆਂ ਜਾ ਰਹੀਆਂ ਹਨ, ਕਿਉਂਕਿ ਨਸ਼ਿਆਂ ਪ੍ਰਤੀ ਸਰਕਾਰ ਦੀ ਜ਼ੀਰੋ ਸਹਿਣਸ਼ੀਲਤਾ ਨੀਤੀ ਹੈ। ਇਹ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਸ਼ਾਮ ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਝੰਡਾ ਲੁਬਾਣਾ, ਭੈਣੀ ਮੀਆਂ ਖਾਂ ਤੇ ਮੇਹੜੇ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਦੇ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਨਾਲ ਨਾਲ ਨਸ਼ੇ ਤੋਂ ਪੀੜਤ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੀ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ ਜਿੱਥੇ ਨਸ਼ਿਆਂ ਵਰਗੀਆਂ ਅਲਾਮਤਾਂ ਲਈ ਕੋਈ ਥਾਂ ਨਹੀਂ ਹੈ। ਲੋਕਾਂ ਨੂੰ ਇਸ ਲੋਕ ਲਹਿਰ ਦਾ ਹਿੱਸਾ ਬਣਨ ਲਈ ਪ੍ਰੇਰਿਤ ਕਰਦੇ ਹੋਏ ਉਨ੍ਹਾਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਖੇਡਾਂ ਨਾਲ ਜੁੜਨ ਅਤੇ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਉੱਦਮ ਦਾ ਹਿੱਸਾ ਬਣਨ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਬੱਚਿਆਂ ਅਤੇ ਨੌਜਵਾਨਾਂ ਨੂੰ ਨਵੀਂ ਦਸ਼ਾ ਅਤੇ ਦਿਸ਼ਾ ਮਿਲਦੀ ਹੈ ਜਿਸ ਨਾਲ ਉਨ੍ਹਾਂ ਦੀ ਊਰਜਾ ਸਹੀ ਥਾਂ ਉੱਤੇ ਲੱਗਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਆਪਣੇ ਨਾਲ ਜੋੜ ਰਹੀ ਹੈ। ਉਨ੍ਹਾਂ ਪਿੰਡ ਦੇ ਨੌਜਵਾਨਾਂ ਨੂੰ ਉਤਸ਼ਾਹਿਤ ਕੀਤਾ ਕਿ ਉਹ ਸਵੈ ਰੁਜ਼ਗਾਰ ਦੇ ਮੌਕੇ ਲੱਭਣ ਅਤੇ ਇਸ ਵਿੱਚ ਸਰਕਾਰ ਵੱਲੋਂ ਵੀ ਉਨ੍ਹਾਂ ਦੀ ਹਰ ਤਰਾਂ ਨਾਲ ਮਦਦ ਕੀਤੀ ਜਾਵੇਗੀ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੀਐੱਮਸ਼੍ਰੀ ਸਰਕਾਰੀ ਸਕੂਲ 'ਚ ਨਾਟਕ ਦਾ ਸਫਲ ਮੰਚਨ




**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੀਐੱਮਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਵੱਲੋਂ ਕੀਤੇ ਵਿਸ਼ੇਸ਼ ਉਪਰਾਲੇ ਤਹਿਤ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵ ਪ੍ਰਤੀ ਜਾਗਰੂਕ ਕਰਨ ਲਈ ਬਾਬਾ ਨਾਮਦੇਵ ਥੀਏਟਰ ਸੁਸਾਇਟੀ ਘੁਮਾਣ ਦੇ ਸਹਿਯੋਗ ਨਾਲ ਇਕ ਨਾਟਕ ਦਾ ਸਫ਼ਲ ਮੰਚਨ ਕੀਤਾ ਗਿਆ।ਸੁਸਾਇਟੀ ਦੇ ਨਿਰਦੇਸ਼ਕ ਪ੍ਰਿਤਪਾਲ ਸਿੰਘ ਨੇ ਆਪਣੇ ਸਾਥੀ ਕਲਾਕਾਰਾਂ ਨਾਲ ਬਹੁਤ ਵਧੀਆ ਤਰੀਕੇ ਨਾਲ ਨਾਟਕ ਦੀ ਪੇਸ਼ਕਾਰੀ ਕੀਤੀ ।ਆਪਣੇ ਨਾਟਕ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਪੜ੍ਹਾਈ ਕਰਕੇ ਆਪਣੇ ਮਾਤਾ ਪਿਤਾ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਸੁਨੇਹਾ ਦਿੱਤਾ। ਆਪਣੇ ਨਾਟਕ ਵਿਚ ਉਨ੍ਹਾਂ ਨੇ ਨਸ਼ਿਆਂ, ਮਾੜੀ ਸੰਗਤ, ਪੈਸੇ ਦੀ ਬਰਬਾਦੀ ਆਦਿ ਵਿਸ਼ਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਇਸ ਪ੍ਰੋਗਰਾਮ ਦੀ ਸਮਾਪਤੀ ਤੇ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਵੱਲੋਂ ਨਾਟਕ ਮੰਡਲੀ ਦਾ ਧੰਨਵਾਦ ਕੀਤਾ ਗਿਆ ।ਸਕੂਲ ਦੀ ਪ੍ਰਬੰਧਕ ਕਮੇਟੀ, ਸਕੂਲ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਇਸ ਨਾਟਕ ਮੰਚ ਦੀ ਸੰਸਥਾ ਨੂੰ ਫੰਡ ਵੀ ਦਿੱਤਾ ਗਿਆ ।ਇਸ ਸਮੇਂ ਸਮੁੱਚਾ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਹਾਜ਼ਰ ਸੀ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ 'ਚ ਮਨਾਇਆ 'ਮਾਂ ਦਿਵਸ'



**ਝਬਾਲ (ਹਰਜਿੰਦਰ ਸਿੰਘ ਸੋਨੀ)**—ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਸਰਦਾਰ ਇੰਦਰਬੀਰ ਸਿੰਘ ਨਿੱਜਰ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ 'ਮਾਂ ਦਿਵਸ' ਮਨਾਇਆ ਗਿਆ ਜਿਸ ਵਿੱਚ ਨਰਸਰੀ ਕਲਾਸ ਦੇ ਵਿਦਿਆਰਥੀਆਂ ਦੀਆਂ ਮਾਵਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਆਰੰਭਤਾ ਸਕੂਲ ਸ਼ਬਦ ਰਾਹੀਂ ਕੀਤੀ ਗਈ। ਸਕੂਲ ਦੇ ਪ੍ਰਿੰਸੀਪਲ ਨੇ ਆਏ ਹੋਏ ਮਾਪਿਆਂ ਨੂੰ 'ਜੀ ਆਇਆ' ਆਖਦਿਆਂ ਆਪਣੇ ਵਿਚਾਰ ਸਾਂਝੇ ਕੀਤੇ।ਉਪਰੰਤ ਵਿਦਿਆਰਥੀਆਂ ਦੁਆਰਾ ਰੰਗਾ-ਰੰਗ ਪ੍ਰੋਗਰਾਮ ਪੇਸ਼ ਕਰਕੇ ਆਏ ਹੋਏ ਮਹਿਮਾਨਾਂ ਦਾ ਮਨੋਰੰਜਨ ਕੀਤਾ ਗਿਆ । ਨਰਸਰੀ ਤੋਂ ਪਹਿਲੀ ਜਮਾਤ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਵੈਲਕਮ ਸੌਂਗ, ਵੱਖ-ਵੱਖ ਗੀਤਾਂ, ਕਵਿਤਾਵਾਂ, ਕੋਰੀਓਗ੍ਰਾਫੀ, ਮਾਡਲਿੰਗ, ਭੰਗੜਾ ਆਦਿ ਰਾਹੀਂ ਆਏ ਹੋਏ ਮਾਪਿਆਂ ਦਾ ਮਨ ਮੋਹ ਲਿਆ ।ਨਰਸਰੀ ਜਮਾਤ ਦੇ ਬੱਚਿਆਂ ਦੀਆਂ ਮਾਵਾਂ ਦਾ ਵੱਖ-ਵੱਖ ਖੇਡਾਂ ਰਾਹੀਂ ਮਨੋਰੰਜਨ ਕੀਤਾ ਗਿਆ। ਸਕੂਲ ਦੇ ਅਧਿਆਪਕਾਂ ਦੁਆਰਾ ਮਾਂ ਦੀ ਵੱਖ-ਵੱਖ ਭੂਮਿਕਾ ਦਾ ਰੋਲ ਅਦਾ ਕਰਦਿਆਂ ਹੋਇਆਂ ਬੱਚਿਆਂ ਨੂੰ ਮਾਪਿਆਂ ਦਾ ਸਤਿਕਾਰ ਕਰਨ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਸਰਦਾਰ ਮਨਜੀਤ ਸਿੰਘ ਢਿੱਲੋਂ,ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਆਏ ਹੋਏ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੀ ਜ਼ਿੰਦਗੀ ਵਿੱਚ ਮਾਂ ਦੀ ਬੜੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ।ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ ਜੋ ਬੱਚਿਆਂ ਨੂੰ ਚੰਗੇ ਮਾੜੇ ਦੀ ਸੇਧ ਦੇ ਕੇ ਜੀਵਨ ਵਿੱਚ ਉੱਚੀਆਂ ਬੁਲੰਦੀਆਂ ਹਾਸਲ ਕਰਨ ਵਿੱਚ ਮਦਦ ਕਰਦੀ ਹੈ।ਇਸ ਲਈ ਸਾਰੇ ਬੱਚਿਆਂ ਨੂੰ ਆਪਣੇ ਮਾਪਿਆਂ ਦਾ ਆਦਰ ਸਤਿਕਾਰ ਕਰਨਾ ਚਾਹੀਦਾ ਹੈ। ਸਟੇਜ ਸੈਕਟਰੀ ਦੀ ਭੂਮਿਕਾ ਮੈਡਮ ਗੁਰਵਿੰਦਰ ਕੌਰ ਅਤੇ ਮੈਡਮ ਅੰਮ੍ਰਿਤਾ ਵੱਲੋਂ ਬਾਖੂਬੀ ਨਿਭਾਈ ਗਈ ।ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ ।

## ਸ਼ੈਰੀ ਕਲਸੀ ਨੇ ਸਰਕਾਰੀ ਸਕੂਲ ਡੱਲਾ 'ਚ ਕੀਤਾ ਨਵੇਂ ਕਲਾਸ ਰੂਮ ਦਾ ਉਦਘਾਟਨ



**ਬਟਾਲਾ, ਮਈ (ਡਾ. ਮਲਵਿੰਦਰ ਸਿੰਘ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸੂਬੇ ਅੰਦਰ ਸਿੱਖਿਆ ਦੇ ਖੇਤਰ ਵਿੱਚ ਵੱਡਾ ਨਿਖਾਰ ਆਇਆ ਹੈ ਅਤੇ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਪੜ੍ਹਨ ਦਾ ਸੁਖਾਵਾਂ ਮਾਹੌਲ ਮੁਹੱਈਆ ਕਰਵਾਇਆ ਗਿਆ ਹੈ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ ਵਿਖੇ ਨਵੇਂ ਕਲਾਸ ਰੂਮ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਬੀਪੀਈਓ ਬਲਵਿੰਦਰ ਸਿੰਘ, ਮਾਸਟਰ ਤਿਲਕ ਰਾਜ, ਨਵਦੀਪ ਸਿੰਘ ਸਮੇਤ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਵਾਸੀ ਮੌਜੂਦ ਸਨ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਸਕੂਲੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ, ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਲਈ ਅਹਿਮ ਜ਼ਰੀਆ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਅਜਿਹਾ ਉਸਾਰੂ ਮਾਹੌਲ ਸਿਰਜਿਆ ਜਾ ਸਕੇ ਜਿਸ ਨਾਲ ਨਵੇਂ ਦਾਖਲਿਆਂ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਉਡੀਕ ਨਾ ਕਰਨੀ ਪਵੇ।

## ਮਜ਼ਦੂਰ ਮੰਗਾਂ ਨੂੰ ਲੈ ਕੇ ਟਰੇਡ ਯੂਨੀਅਨ ਮੋਰਚਾ ਤੇ ਐੱਸ ਕੇ ਐੱਮ ਵੱਲੋਂ ਜ਼ਿਲ੍ਹਾ ਹੈੱਡਕੁਆਰਟਰ ਗੁਰਦਾਸਪੁਰ ਵਿਖੇ ਧਰਨਾ



**ਗੁਰਦਾਸਪੁਰ, (ਜਨਕ ਮਹਾਜਨ)**-ਮੋਦੀ ਸਰਕਾਰ ਵਲੋਂ ਮਜ਼ਦੂਰ ਪੱਖੀ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿਚ ਬਣਾਏ ਚਾਰ ਲੇਬਰ ਕੋਡਜ਼ ਰੱਦ ਕਰਨ, ਅੱਠ ਘੰਟੇ ਕੰਮ ਦਿਹਾੜੀ ਨੂੰ ਵਧਾ ਕੇ ਬਾਰਾ ਘੰਟੇ ਕਰਨ ਵਿਰੁੱਧ, ਮੋਦੀ ਸਰਕਾਰ ਵਲੋਂ ਖੇਤੀ ਧੰਦੇ ਤੇ ਪਬਲਿਕ ਸੈਕਟਰ ਦੀ ਤਬਾਹੀ ਕਰਨ ਲਈ ਜ਼ਿੰਮੇਵਾਰ ਦੇਸੀ ਵਿਦੇਸ਼ੀ ਬਹੁਰਾਸ਼ਟਰੀ ਕੰਪਨੀਆਂ ਦੀਆਂ ਸੰਸਾਰੀਕਰਨ, ਉਦਾਰੀਕਰਨ ਤੇ ਨਿੱਜੀਕਰਨ ਵਾਲੀਆਂ ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ ਨੂੰ ਇਕਜੁੱਟ ਹੋ ਕੇ ਤਿੱਖਾ ਕਰਨ ਦੇ ਉਦੇਸ਼ ਨਾਲ ਕੇਂਦਰੀ ਟਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਦੇ ਸੱਦੇ ਤਹਿਤ ਦੇਸ਼ ਵਿਆਪੀ ਜ਼ਿਲ੍ਹਾ ਹੈਡਕੁਆਰਟਰ ਉਤੇ ਧਰਨਾ ਦੇਣ ਦੇ ਉਲੀਕੇ ਪ੍ਰੋਗਰਾਮ ਅਨੁਸਾਰ ਟਰੇਡ ਯੂਨੀਅਨਾਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਏਟਕ, ਸੀਟੂ, ਏਕਟੂ ਅਤੇ ਸੀ ਟੀ ਯੂ ਪੰਜਾਬ ਅਤੇ ਕਿਸਾਨ ਜਥੇਬੰਦੀਆਂ ਮਿਲ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਵਿਸ਼ਾਲ ਧਰਨਾ ਦਿੱਤਾ। 9 ਜੁਲਾਈ 2025 ਦੇਸ਼ ਵਿਆਪੀ ਹੜਤਾਲ ਨੂੰ ਸਫਲ ਕਰਨ ਪਿੰਡ-ਪਿੰਡ ਹੋਕਾ ਦੇਣ ਦਾ ਸੱਦਾ ਦਿੱਤਾ। ਧਰਨੇ ਦੀ ਪ੍ਰਧਾਨਗੀ ਟਰੇਡ ਯੂਨੀਅਨ ਮੋਰਚੇ ਵਿਚ ਸ਼ਾਮਿਲ ਜਥੇਬੰਦੀਆਂ ਏਟਕ, ਸੀਟੂ, ਏਕਟੂ ਤੇ ਸੀ ਟੀ ਯੂ ਪੰਜਾਬ ਵੱਲੋਂ ਕ੍ਰਮਵਾਰ ਬਲਵਿੰਦਰ ਸਿੰਘ ਉਦੀਪੁਰ, ਰੂਪ ਸਿੰਘ ਪੱਡਾ, ਪ੍ਰੇਮ ਮਸੀਹ ਸੋਨਾ, ਜਸਵੰਤ ਸਿੰਘ ਬੁੱਟਰ ਅਤੇ ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਿਲ ਕਿਸਾਨ ਆਗੂਆਂ ਰਾਜਗੁਰਵਿੰਦਰ ਸਿੰਘ ਲਾਡੀ, ਹਰਜੀਤ ਸਿੰਘ ਕਾਹਲੋਂ, ਗੁਲਜਾਰ ਸਿੰਘ ਬਸੰਤ ਕੋਟ, ਲਖਵਿੰਦਰ ਸਿੰਘ ਮਰੜ, ਸੁਖਦੇਵ ਸਿੰਘ ਭਾਗੋਕਾਵਾਂ, ਸੰਗਤ ਸਿੰਘ ਜੀਵਨਚੱਕ, ਬਲਬੀਰ ਸਿੰਘ ਬੈਂਸ, ਗੁਰਦੀਪ ਸਿੰਘ ਮੁਸਤਫਾਬਾਦ, ਮੁਲਾਜ਼ਮ ਫੈਡਰੇਸ਼ਨ ਆਗੂ ਕੁਲਦੀਪ ਸਿੰਘ ਪੂਰੋਵਾਲ, ਸੋਹਨ ਸਿੰਘ ਅਤੇ ਦਿਲਦਾਰ ਸਿੰਘ ਭੰਡਾਲ ਸਾਥੀਆਂ ਨੇ ਅਗਵਾਈ ਕੀਤੀ। 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਦੀਆਂ ਮੁੱਖ ਮੰਗਾਂ 'ਚ ਮਜ਼ਦੂਰ ਪੱਖੀ ਸਾਰੇ ਕਿਰਤ ਕਾਨੂੰਨਾਂ ਨੂੰ ਬਹਾਲ ਰੱਖਿਆ ਜਾਵੇ, ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਮਿਨੀਮਮ ਵੇਜ਼ ਘੱਟੋ-ਘੱਟ 26 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਤੇ ਦਿਹਾੜੀ 7 ਸੌ ਰੁਪਏ ਨਿਸਚਿਤ ਕੀਤੀ ਜਾਵੇ, ਅੱਠ ਘੰਟੇ ਕੰਮ ਦਿਹਾੜੀ ਦਾ ਸਮਾਂ ਪਹਿਲੇ ਦੀ ਤਰ੍ਹਾਂ ਬਹਾਲ ਰੱਖਿਆ ਜਾਵੇ, ਭੱਠਿਆਂ ਸਮੇਤ ਸਾਰੇ ਉਦਯੋਗਿਕ ਕੇਂਦਰਾਂ ਅੰਦਰ ਕਿਰਤ ਕਾਨੂੰਨ ਸਖਤੀ ਨਾਲ ਲਾਗੂ ਕੀਤੇ ਜਾਣ, ਪੰਜਾਬ ਸਰਕਾਰ ਵਲੋਂ ਸਾਲ 2012 ਤੋਂ ਰੋਕੀ ਮਿਨੀਮਮ ਸੋਧ ਤੁਰੰਤ ਜਾਰੀ ਕੀਤੀ, ਓਵਰ ਟਾਈਮ ਦਾ ਦੂਣੇ ਰੇਟ ਵਿਚ ਮਿਲਣਾ ਯਕੀਨੀ ਬਣਾਇਆ ਜਾਵੇ, ਆਸ਼ਾ ਵਰਕਰ ਮਿਡ-ਡੇ-ਮੀਲ ਵਰਕਰ ਆਂਗਣਵਾੜੀ ਵਰਕਰ ਤੇ ਹੋਰ ਸਕੀਮ ਅਧਾਰਿਤ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਵਿਚ ਸ਼ਾਮਿਲ ਕੀਤਾ ਜਾਏ, ਪੰਜਾਬ ਦੇ ਲੇਬਰ ਵਿਭਾਗ ਅੰਦਰੋਂ ਢਿੱਲਮੱਠ ਨੀਤੀ ਨੂੰ ਦੂਰ ਕੀਤਾ ਜਾਵੇ, ਮਨਰੇਗਾ ਤਹਿਤ ਸਾਰਾ ਸਾਲ ਕੰਮ ਦਿੱਤਾ ਜਾਏ ਤੇ ਦਿਹਾੜੀ ਘੱਟੋ-ਘੱਟ 700 ਰੁਪਏ ਕੀਤੀ ਜਾਵੇ, ਸ਼ਾਮਲ ਹਨ। ਧਰਨੇ ਨੂੰ ਸੰਬੋਧਨ ਕਰਦਿਆਂ ਟਰੇਡ ਯੂਨੀਅਨ ਆਗੂ ਵਿਜੇ ਕੁਮਾਰ ਸੋਹਲ, ਰਣਬੀਰ ਸਿੰਘ ਵਿਰਕ, ਸੁਭਾਸ਼ ਕੈਰੇ, ਧਿਆਨ ਸਿੰਘ ਠਾਕੁਰ, ਸ਼ਿਵ ਕੁਮਾਰ, ਰਣਜੀਤ ਕੌਰ, ਮਾਇਆਧਾਰੀ, ਮੁਰਾਰੀ ਲਾਲ ਦੀਨਾਨਗਰ ਕਿਸਾਨ ਆਗੂ ਬਲਬੀਰ ਸਿੰਘ ਕੱਤੋਵਾਲ, ਸੁਖਦੇਵ ਸਿੰਘ ਭਾਗੋਕਾਂਵਾਂ, ਬਲਬੀਰ ਸਿੰਘ ਬੈਂਸ, ਗੁਲਜਾਰ ਸਿੰਘ ਬਸੰਤ ਕੋਟ, ਮੱਖਣ ਸਿੰਘ ਕੁਹਾੜ, ਸੁਰਜੀਤ ਸਿੰਘ ਘੁਮਾਣ,ਬਚਨ ਸਿੰਘ ਭੰਬੋਈ, ਅਸ਼ਵਨੀ ਕੁਮਾਰ ਲੱਖਣਕਲਾਂ, ਬਲਬੀਰ ਸਿੰਘ ਉੱਚਾਧਕਾਲਾ, ਅਵਤਾਰ ਸਿੰਘ ਠੱਠਾ ਅਤੇ ਹੋਰ ਬੁਲਾਰੇ ਆਗੂਆਂ ਨੇ ਉਪਰੋਕਤ ਮੰਗਾਂ ਦੇ ਨਾਲ ਨਾਲ ਜਿੱਥੇ ਨਸ਼ਾ ਤੇ ਮਾਈਨਿੰਗ ਮਾਫੀਆ ਰਾਜ ਦੇ ਅਤੰਕ ਦੀ ਮਾਰ ਤੋਂ ਬਚਣ ਦੀ ਗੱਲ ਕੀਤੀ ਉੱਥੇ ਮਹਿੰਗਾਈ ਬੇਰੁਜ਼ਗਾਰੀ ਤੇ ਭਰਿਸ਼ਟਾਚਾਰ ਲਈ ਜਿੰਮੇਵਾਰ ਕੇਂਦਰ ਤੇ ਪੰਜਾਬ ਸਰਕਾਰ ਨੂੰ ਰੱਜ ਕੇ ਕੋਸਿਆ, ਨਾਲ ਹੀ ਦੇਸ਼ ਅੰਦਰ ਸਦੀਆਂ ਪੁਰਾਣੀ ਭਾਈਚਾਰਕ ਸਾਂਝ ਨੂੰ ਤੋੜਨ ਲਈ ਆਰ ਐਸ ਐਸ ਤੇ ਭਾਜਪਾ ਦੀ ਧਰਮ ਤੇ ਜਾਤ-ਪਾਤ ਅਧਾਰਿਤ ਸਮਾਜਿਕ ਵੰਡ ਪਾਉਣ ਦੀ ਕੋਸ਼ਿਸ਼ ਤੋਂ ਵੀ ਖਬਰਦਾਰ ਕੀਤਾ। ਇਸ ਮੌਕੇ ਬੂਟਾ ਰਾਮ ਆਜ਼ਾਦ ਕੇਂਦਰੀ ਪੰਜਾਬੀ ਲੇਖਕ ਸਭਾ, ਅਬਿਨਾਸ਼ ਸਿੰਘ ਪੈਨਸ਼ਨਰ ਆਗੂ, ਸਟੀਫਨ ਮਸੀਹ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਕਿਸਾਨ ਤੇ ਮਜ਼ਦੂਰ ਆਗੂ ਜੋਗਿੰਦਰ ਸਿੰਘ ਲੇਹਲ, ਪਲਵਿੰਦਰ ਸਿੰਘ ਸਵਾਮੀ, ਸੁਰਜੀਤ ਸਿੰਘ ਘੁਮਾਣ, ਅਜੀਤ ਸਿੰਘ ਹੁੰਦਲ, ਗੁਰਦੀਪ ਸਿੰਘ ਕਮਾਲਪੁਰ, ਹਰਪਾਲ ਸਿੰਘ ਸੋਹਲ, ਕੁਲਜੀਤ ਸਿੰਘ ਰੰਧਾਵਾ, ਮੱਖਣ ਸਿੰਘ ਤਿੱਬੜ, ਡਾ ਬਲਬੀਰ ਸਿੰਘ ਪੀਰਾਂ ਬਾਗ, ਬਲਦੇਵ ਸਿੰਘ ਖਹਿਰਾ, ਜਰਨੈਲ ਸਿੰਘ ਸਪਰਾਏ ਕੋਠੀ, ਬੇਅੰਤ ਸਿੰਘ ਆਦਿ ਹਾਜ਼ਰ ਸਨ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਕਾਮਰੇਡ ਧਿਆਨ ਸਿੰਘ ਠਾਕੁਰ ਨੇ ਨਿਭਾਈ।

## ਨੌਵੇਂ ਪਾਤਸ਼ਾਹ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਕਰਵਾਏ ਜਾਣਗੇ ਸਮਾਗਮ:ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਸੂਬਾ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ।ਸਰਕਾਰ ਵੱਲੋਂ ਉਨ੍ਹਾਂ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਉਤੇ ਵੱਡੇ ਸਮਾਗਮ ਕਰਵਾਏ ਜਾਣਗੇ।ਅਜਨਾਲਾ ਹਲਕੇ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਲੜੀਵਾਰ ਸਮਾਗਮ ਕਰਵਾਉਣ ਲਈ ਪੂਰੀ ਤਰ੍ਹਾਂ ਸਮਰਪਿਤ ਹੈ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬੇਮਿਸਾਲ ਅਤੇ ਵਿਲੱਖਣ ਕੁਰਬਾਨੀ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗੀ, ਨੂੰ ਸਿਜਦਾ ਕਰਨ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੈਮੀਨਾਰ ਵੀ ਕਰਵਾਏ ਜਾਣਗੇ ।ਉਨ੍ਹਾਂ ਨੇ ਕਿਹਾ ਕਿ ਇਸ ਦੇ ਨਾਲ-ਨਾਲ ਰਾਜ ਭਰ ਵਿੱਚ ਲੜੀਵਾਰ ਸਮਾਗਮ ਕਰਵਾਏ ਜਾਣਗੇ ਅਤੇ ਗੁਰੂ ਸਾਹਿਬ ਦੀਆਂ ਚਰਨ-ਛੋਹ ਪ੍ਰਾਪਤ ਥਾਵਾਂ ਦਾ ਵਿਆਪਕ ਵਿਕਾਸ ਯਕੀਨੀ ਬਣਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸਾਡੇ ਹਲਕੇ ਵਿੱਚ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਗੁਰੂ ਸਾਹਿਬ ਨੇ ਚਰਨ ਪਾਏ ਹਨ ਅਤੇ ਅਸੀਂ ਉਥੋਂ ਦੇ ਸਕੂਲ ਲਈ ਦੋ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਪਵਿੱਤਰ ਸਥਾਨਾਂ ਦੀ ਇਤਿਹਾਸਕ ਮਹੱਤਤਾ ਨੂੰ ਉਜਾਗਰ ਕਰਦਿਆਂ ਬਾਖੂਬੀ ਢੰਗ ਨਾਲ ਸਜਾਏਗੀ ਅਤੇ ਇਨ੍ਹਾਂ ਸਥਾਨਾਂ ਲਈ ਜੋ ਵੀ ਲੋੜ ਹੋਈ ਉਹ ਕੰਮ ਕਰਵਾਏ ਜਾਣਗੇ।

## ਬੀ ਜੀ ਐੱਸ ਪਬਲਿਕ ਸਕੂਲ ਡੇਰਾ ਭਗਤਾਂ ਦਾ ਨਤੀਜਾ ਰਿਹਾ ਸ਼ਾਨਦਾਰ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲਿਆਂ ਦੀ ਅਗਵਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਆ ਸੰਸਥਾ ਬੀ. ਜੀ. ਐੱਸ. ਪਬਲਿਕ ਸਕੂਲ ਡੇਰਾ ਭਗਤਾਂ ਤਰਸਿੱਕਾ ਦਾ ਨਤੀਜਾ ਰਿਹਾ ਸ਼ਾਨਦਾਰ ਜਿਸ ਵਿੱਚ ਦਸਵੀਂ ਕਲਾਸ ਸਕੂਲ ਦੀ ਵਿਦਿਆਰਥਣ ਜਸਨਪਰੀਤ ਕੌਰ ਨੇ 92% ਰੂਬਲਪਰੀਤ ਕੌਰ ਨੇ 85%, ਗੁਰਸੇਵਕ ਸਿੰਘ ਨੇ 82% ਨੰਬਰ ਪ੍ਰਾਪਤ ਕਰਕੇ ਪਹਿਲਾ, ਦੂਜਾ, ਤੀਸਰਾ ਅਸਥਾਨ ਪ੍ਰਾਪਤ ਕੀਤਾ ਜਿਸ ਵਿੱਚ ਸਕੂਲ ਦੀ ਪ੍ਰਿੰਸੀਪਲ ਮੈਡਮ ਕਵਲਜੀਤ ਕੌਰ, ਕਲਰਕ ਮੈਡਮ ਗੁਰਪ੍ਰੀਤ ਕੌਰ, ਇਨਚਾਰਜ ਮੈਡਮ ਹਰਪ੍ਰੀਤ ਕੌਰ, ਮੈਡਮ ਸੀਮਾ ਸ਼ਰਮਾ ਨੇ ਚੰਗੇ ਨੰਬਰ ਪ੍ਰਾਪਤ ਕਰਨ ਵਾਲਿਆਂ ਵਿਦਿਆਰਥੀਆਂ ਨੂੰ ਸਕੂਲ ਵੱਲੋਂ ਮੂੰਹ ਮਿੱਠਾ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਕੀਤੀਆਂ ਗਈਆਂ।

ਨਵਾਂ ਜ਼ਮਾਨਾ
ਵੀਰਵਾਰ, 22 ਮਈ 2025

# ਮਸ਼ਹੂਰੀਜੀਵੀ

ਕਈ ਫਿਲਮਸਾਜ਼ਾਂ ਨੇ ਅਪ੍ਰੇਸ਼ਨ ਸਿੰਧੂਰ ਦਾ ਲਾਹਾ ਲੈਣ ਲਈ 'ਸਿੰਧੂਰ' ਨਾਂਅ ਵਾਲੇ ਫਿਲਮੀ ਟਾਈਟਲ ਆਪਣੇ ਨਾਂਅ ਰਜਿਸਟਰਡ ਕਰਨ ਲਈ ਅਰਜ਼ੀਆਂ ਦਿੱਤੀਆਂ ਹਨ। ਕਰੀਬ ਦੋ ਦਰਜਨ ਕਾਰਪੋਰੇਟ ਘਰਾਣਿਆਂ ਨੇ ਇਸ ਨੂੰ ਟਰੇਡਮਾਰਕ ਵਜੋਂ ਰਜਿਸਟਰਡ ਕਰਨ ਲਈ ਅਰਜ਼ੀਆਂ ਦਿੱਤੀਆਂ ਹਨ। ਰਿਲਾਇੰਸ ਵੀ ਇਨ੍ਹਾਂ ਵਿੱਚ ਸ਼ਾਮਲ ਸੀ ਪਰ ਉਸ ਨੇ ਚੁੱਪ-ਚੁਪੀਤੇ ਅਰਜ਼ੀ ਵਾਪਸ ਲੈ ਲਈ। ਹਾਲਾਂਕਿ ਅਪ੍ਰੇਸ਼ਨ ਸਿੰਧੂਰ ਦੌਰਾਨ ਭਾਰਤ ਦੇ ਕਈ ਲੋਕਾਂ ਨੂੰ ਵੀ ਜਾਨਾਂ ਗੁਆਉਣੀਆਂ ਪਈਆਂ ਹਨ, ਪਰ ਵਪਾਰਕ ਘਰਾਣੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਥਨ 'ਤੇ ਹੀ ਚੱਲ ਰਹੇ ਹਨ। ਆਫਤ ਨੂੰ ਮੌਕੇ ਵਿੱਚ ਬਦਲਣ ਦਾ ਨੁਸਖਾ ਮੋਦੀ ਨੇ ਹੀ ਦੱਸਿਆ ਸੀ। ਵਪਾਰਕ ਘਰਾਣੇ ਹਾਲੇ ਆਪਣੇ ਉਤਪਾਦ ਬਾਜ਼ਾਰ ਵਿੱਚ ਪੇਸ਼ ਕਰਨਗੇ, ਪਰ ਰੇਲ ਭਵਨ ਬਾਜ਼ੀ ਲੈ ਗਿਆ ਹੈ। ਉਸ ਨੇ ਅਜਿਹੀਆਂ ਰੇਲ ਟਿਕਟਾਂ ਵੇਚਣੀਆਂ ਸ਼ੁਰੂ ਕਰ ਦਿੱਤੀਆਂ ਹਨ, ਜਿਨ੍ਹਾਂ 'ਤੇ ਮੋਦੀ ਦੀ ਤਸਵੀਰ ਲੱਗੀ ਹੋਈ ਹੈ। ਕੋਵਿਡ-19 ਦੀ ਵੈਕਸੀਨ ਲੁਆਉਣ ਤੋਂ ਬਾਅਦ ਜਾਰੀ ਕੀਤੇ ਜਾਂਦੇ ਸਰਟੀਫਿਕੇਟ 'ਤੇ ਵੀ ਮੋਦੀ ਦੀ ਤਸਵੀਰ ਲਾਈ ਗਈ ਸੀ।

ਭਾਰਤੀ ਰੇਲਵੇ ਦੀਆਂ ਟਿਕਟਾਂ ਉੱਤੇ 'ਅਪ੍ਰੇਸ਼ਨ ਸਿੰਧੂਰ' ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਸਵੀਰ ਨੂੰ ਲੈ ਕੇ ਸਿਆਸੀ ਵਿਵਾਦ ਛਿੜ ਗਿਆ ਹੈ। ਆਫਤ ਨੂੰ ਮੌਕੇ ਵਿੱਚ ਬਦਲਣ 'ਚ ਮਾਹਰ ਭਾਜਪਾ ਦੀ ਅਗਵਾਈ ਵਾਲੀ ਐੱਨ ਡੀ ਏ ਸਰਕਾਰ ਨੇ ਅਪ੍ਰੇਸ਼ਨ ਸਿੰਧੂਰ ਦਾ ਸਿਆਸੀ ਲਾਹਾ ਲੈਣ ਲਈ ਰੇਲਵੇ ਟਿਕਟਾਂ 'ਤੇ ਮੋਦੀ ਦੀ ਤਸਵੀਰ ਲਾਉਣ ਦਾ ਜਿਹੜਾ ਕੌਤਕ ਕੀਤਾ ਹੈ, ਆਪੋਜ਼ੀਸ਼ਨ ਪਾਰਟੀਆਂ ਤੇ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਵਾਲਿਆਂ ਨੇ ਉਸ ਨੂੰ ਚੋਣ ਲਾਭ ਲਈ ਫੌਜੀ ਕਾਰਵਾਈ ਦਾ ਘੋਰ ਸਿਆਸੀਕਰਨ ਦੱਸਦਿਆਂ ਸਖਤ ਨਿੰਦਾ ਕੀਤੀ ਹੈ। ਲੋਕ ਸਭਾ ਵਿੱਚ ਕਾਂਗਰਸ ਦੇ ਵ੍ਹਿਪ ਮਣੀਕਮ ਟੈਗੋਰ ਨੇ ਕਿਹਾ ਹੈ ਕਿ ਅਪ੍ਰੇਸ਼ਨ ਸਿੰਧੂਰ ਨੂੰ ਹੁਣ ਸ਼ੈਂਪੂ ਦੀ ਤਰ੍ਹਾਂ ਵੇਚਿਆ ਜਾ ਰਿਹਾ ਹੈ। ਸਾਂਸਦ ਕੁੰਵਰ ਦਾਨਿਸ਼ ਅਲੀ ਨੇ ਪ੍ਰਧਾਨ ਮੰਤਰੀ ਉੱਤੇ ਜੰਗ ਤੇ ਸ਼ਹਾਦਤ ਨੂੰ ਮੌਕੇ ਦੇ ਰੂਪ ਵਿੱਚ ਦੇਖਣ ਦਾ ਦੋਸ਼ ਲਾਉਂਦਿਆਂ ਕਿਹਾ ਹੈ ਕਿ ਫੌਜੀਆਂ ਦੇ ਮੁਕਾਬਲੇ ਮੋਦੀ ਦੇ ਅਕਸ ਨੂੰ ਚਮਕਾਉਣਾ ਹੰਕਾਰ ਦੀ ਇੰਤਹਾ ਹੈ। ਲੜਾਈ ਦੌਰਾਨ ਮਾਸੂਮ ਲੋਕਾਂ ਦਾ ਖ਼ੂਨ ਵਗਿਆ, ਜਵਾਨਾਂ ਨੇ ਜਾਨ ਦੀ ਪਰਵਾਹ ਕੀਤੇ ਬਿਨਾਂ ਪਾਕਿਸਤਾਨ ਨੂੰ ਜਵਾਬ ਦਿੱਤਾ ਤੇ ਪ੍ਰਧਾਨ ਮੰਤਰੀ ਨੇ ਨਵਾਂ ਇਸ਼ਤਿਹਾਰ ਕਢਵਾ ਲਿਆ। ਜਿਹੜੇ ਸ਼ਹੀਦ ਹੋਏ, ਉਨ੍ਹਾਂ ਦਾ ਨਾ ਕੋਈ ਨਾਂਅ, ਨਾ ਚਿਹਰਾ, ਪਰ ਆਪਣੀ ਤਸਵੀਰ ਲੁਆ ਲਈ। ਸੋਸ਼ਲ ਮੀਡੀਆ ਦੀ ਵਰਤੋਂ ਕਰਨ ਵਾਲੇ ਕਈ ਲੋਕਾਂ ਨੇ ਕਿਹਾ ਹੈ ਕਿ ਸਰਕਾਰ 'ਵਿਗਿਆਪਨ-ਗ੍ਰਸਤ' ਹੈ ਅਤੇ ਬਿਹਾਰ ਦੇ ਵੋਟਰਾਂ ਨੂੰ ਲੁਭਾਉਣ ਲਈ ਫੌਜ ਦੀ ਬਹਾਦਰੀ ਨੂੰ ਇੱਕ ਉਤਪਾਦ ਦੀ ਤਰ੍ਹਾਂ ਵੇਚ ਰਹੀ ਹੈ। ਰੇਲਵੇ ਟਿਕਟ 'ਤੇ ਅਪ੍ਰੇਸ਼ਨ ਸਿੰਧੂਰ ਨੂੰ ਮੋਦੀ ਦੇ ਇਸ਼ਤਿਹਾਰ ਵਜੋਂ ਵਰਤਣਾ ਦੇਸ਼ਭਗਤੀ ਨਹੀਂ, ਸਗੋਂ ਸੌਦੇਬਾਜ਼ੀ ਹੈ।

ਪੁਲਵਾਮਾ ਦੀ ਘਟਨਾ ਤੋਂ ਬਾਅਦ ਭਾਰਤੀ ਫੌਜ ਵੱਲੋਂ ਪਾਕਿਸਤਾਨ ਖਿਲਾਫ ਕੀਤੀ ਗਈ ਕਾਰਵਾਈ ਦਾ ਵੀ ਮੋਦੀ ਨੇ ਇਸੇ ਤਰ੍ਹਾਂ ਦੀ ਇਸ਼ਤਿਹਾਰਬਾਜ਼ੀ ਕਰਕੇ ਫਾਇਦਾ ਉਠਾਇਆ ਸੀ। ਭਾਰਤੀ ਫੌਜ ਪਾਕਿਸਤਾਨੀ ਫੌਜ ਵਾਂਗ ਸਿਆਸੀ ਲਾਲਸਾ ਰੱਖਣ ਵਾਲੀ ਨਹੀਂ ਹੈ ਤੇ ਉਸ ਨੂੰ ਗੈਰਸਿਆਸੀ ਹੀ ਰਹਿਣ ਦੇਣਾ ਚਾਹੀਦਾ ਹੈ। ਕਿਸੇ ਨੂੰ ਵੀ ਉਸ ਦੀ ਬਹਾਦਰੀ ਦੇ ਕਾਰਨਾਮਿਆਂ ਨੂੰ ਆਪਣੇ ਸਿਆਸੀ ਹਿੱਤਾਂ ਲਈ ਨਹੀਂ ਵਰਤਣਾ ਚਾਹੀਦਾ।

## ਮਨੁੱਖ ਤੋਂ ਬਚਾਓ

ਰੁੱਖ 'ਤੇ ਬੈਠੇ ਪੰਛੀ, ਗੱਲਾਂ ਆਪਸ 'ਚ ਕਰਦੇ,
ਮਨੁੱਖ ਕਿੰਨਾ ਹੈਵਾਨ ਹੋ ਗਿਆ, ਸਾਰੇ ਇਸ ਤੋਂ ਡਰਦੇ।
ਪਾਣੀ ਗੰਧਲੇ ਹਵਾ ਵੀ ਗੰਧਲੀ, ਰੁੱਖ ਵੀ ਇਸ ਨੇ ਸਾੜ ਦਿੱਤੇ,
ਲਾ ਲਾ ਅੱਗਾਂ ਖੇਤਾਂ ਅੰਦਰ, ਕਿੰਨੇ ਪੰਛੀ ਰਾੜ੍ਹ ਦਿੱਤੇ।
ਧਰਤੀ ਨੂੰ ਵੀ ਰੋਗੀ ਕੀਤਾ ਪਾ, ਕੇ ਇਸ ਵਿੱਚ ਜ਼ਹਿਰਾਂ ਨੂੰ,
ਖਾਣਾ ਪੀਣਾ ਜ਼ਹਿਰੀਲਾ ਹੋ ਕੇ, ਜਾਂਦਾ ਪਿੰਡਾਂ ਸ਼ਹਿਰਾਂ ਨੂੰ।
ਸਾਡੇ ਰਹਿਣ ਨੂੰ ਜਗ੍ਹਾ ਬਚੀ ਨਾ, ਆਲ੍ਹਣੇ ਕਿੱਥੇ ਪਾ ਲਈਏ,
ਹੋਂਦ ਸਾਡੀ ਨੂੰ ਖਤਰਾ ਹੋਇਆ, ਬੱਚੇ ਕਿੰਝ ਬਚਾ ਲਈਏ।
ਕੌਣ ਸਮਝਾਵੇ ਮਨੁੱਖ ਦੇ ਤਾਈਂ, ਹਾਰ ਹੰਭ ਗਏ ਸਾਰੇ ਨੇ,
ਜਦ ਸਮਝ ਨਾ ਲੱਗੀ 'ਪੱਤੋ', ਉੱਡ ਗਏ ਪੰਛੀ ਬਿਚਾਰੇ ਨੇ।

-ਹਰਪ੍ਰੀਤ ਪੱਤੋ , 94658-21417

# ਆਈਨੇ 'ਚੋਂ ਦਿਸਦਾ ਰਾਸ਼ਟਰ

**ਮੂਲ : ਸੁਹਾਸ ਪਾਲਸ਼ੀਕਰ**
**ਅਨੁਵਾਦ : ਯਸ਼ ਪਾਲ**

*(ਪਹਿਲਗਾਮ ਦੇ ਸਿੱਟਿਆਂ ਦੇ ਝਰੋਖੇ 'ਚੋਂ ਸਾਨੂੰ ਮੁੜ ਖੁਦ 'ਤੇ ਝਾਤ ਮਾਰਨੀ ਬਣਦੀ ਹੈ ਅਤੇ ਜੋ ਸਾਡੇ ਨਜ਼ਰੀਂ ਪੈਂਦਾ ਹੈ, ਉਸ 'ਤੇ ਵਿਚਾਰ ਕਰਨ ਦੀ ਲੋੜ ਲਗਦੀ ਹੈ।)*

ਪਹਿਲਗਾਮ ਤੋਂ ਬਾਅਦ ਦੇ ਘਟਨਾਕ੍ਰਮ, ਸਾਡੇ ਬਾਰੇ ਤੇ ਸਾਡੀ ਸਮੂਹਿਕ ਪਛਾਣ ਬਾਰੇ ਕੀ ਸੰਕੇਤ ਦੇ ਰਹੇ ਨੇ? ਜਦ ਸੈਲਾਨੀਆਂ ਦੇ ਧਰਮ-ਆਧਾਰਤ ਕੀਤੇ ਗਏ ਕਤਲਾਂ ਦਾ ਅਤੇ ਇਸ ਦਹਿਸ਼ਤਗਰਦੀ ਹਮਲੇ ਦਾ ਮੋੜਵਾਂ ਜਵਾਬ ਦੇਣ ਦਾ ਸੁਆਲ ਭਾਰਤ ਅੱਗੇ ਖੜ੍ਹਾ ਹੋਇਆ ਤਾਂ ਭਾਰਤ ਦਾ ਜਵਾਬ ਕੀ, ਕਿਉਂ ਤੇ ਕਿਵੇਂ ਹੋਵੇ, ਇਸ ਉੱਪਰ ਜਨਤਕ ਚਰਚਾ ਨੂੰ ਤਿੰਨ ਸਮਾਜਿਕ ਵਰਗ ਵਿਚਾਰਾਂ ਨੇ ਬੇਹੱਦ ਪ੍ਰਭਾਵਿਤ ਕੀਤਾ ਹੈ। ਇਨ੍ਹਾਂ ਤਿੰਨਾਂ ਵਰਗ-ਵਿਚਾਰਾਂ ਨੇ ਹੀ ਆਉਣ ਵਾਲੇ ਕੁਝ ਸਮੇਂ ਤੱਕ ਸਾਡੀ ਸਮੂਹਿਕ ਪਛਾਣ ਨੂੰ ਗੂੜ੍ਹੀ ਵਿਚਾਰਧਾਰਕ ਰੰਗਤ ਚਾੜ੍ਹ ਕੇ,ਢਾਲਣ ਤੇ ਤਰਜ਼ਮਾਨੀ ਕਰਨ ਦਾ ਕਾਰਜ ਕਰਨਾ ਹੈ। ਭਾਵੇਂ ਬਹੁਤੇ ਇਸ ਨੂੰ ਸਵੀਕਾਰ ਨਾ ਵੀ ਕਰਨ, ਪਰੰਤੂ ਪਿਛਲੇ ਤਿੰਨ ਹਫ਼ਤਿਆਂ ਦੇ ਘਟਨਾਕ੍ਰਮ ਦੇ ਅੰਤਮ ਪਰਿਣਾਮ ਸੰਬੰਧੀ ਸਮਾਜ ਦੇ ਵਿਸ਼ਾਲ ਹਲਕਿਆਂ ਅੰਦਰ ਚੁੱਪ ਅਸਹਿਮਤੀ ਤੇ ਨਿਰਾਸ਼ਤਾ ਦੀ ਭਾਵਨਾ ਦਿਸ ਰਹੀ ਹੈ। ਜਿਨ੍ਹਾਂ ਵਰਗ-ਵਿਚਾਰਾਂ ਨੂੰ ਅਸੀਂ ਹੇਠਾਂ ਵਿਚਾਰਨ ਜਾ ਰਹੇ ਹਾਂ, ਯਕੀਨਨ ਹੀ ਉਹ ਦਰਸਾਉਣਗੇ ਕਿ ਨਿਰਾਸ਼ਤਾ ਸਰਕਾਰ ਵੱਲ ਨਹੀਂ ਸੇਧਤ, ਸਗੋਂ ਸਾਡੀ ਕੌਮੀਅਤ ਉਸਾਰੀ ਨੂੰ ਉਸ ਦਿਸ਼ਾ ਵੱਲ ਧਕੇਲਣ ਦੀ ਹੈ, ਜਿਸ ਨੇ ਭਾਰਤ ਨੂੰ ਧੱਕ ਕੇ ਉੱਥੇ ਲੈ ਜਾਣਾ ਹੈ, ਜਿੱਥੇ ਉਸ ਦੀ ਉਹ ਪਹਿਚਾਣ ਰੁਲ ਜਾਵੇਗੀ, ਜਿਸ ਦੀ 1947 'ਚ ਇਸ ਨੇ ਪ੍ਰਤਿੱਗਿਆ ਕੀਤੀ ਸੀ। ਬਹੁਤਾ ਕਰਕੇ ਚੋਟੀ ਦੀ ਸਿਆਸੀ ਲੀਡਰਸ਼ਿਪ ਵੱਲੋਂ ਛਾਤੀ ਥਾਪੜਨ, ਮੀਡੀਆ ਵੱਲੋਂ ਗੈਰ-ਜ਼ਿੰਮੇਵਾਰਾਨਾ ਸ਼ੋਰਗੁੱਲ ਅਤੇ ਸੇਵਾਮੁਕਤ ਫੌਜੀ ਅਫ਼ਸਰਾਂ ਦੇ ਇੱਕ ਹਿੱਸੇ ਵੱਲੋਂ ਅਖੌਤੀ ਵਿਸ਼ਲੇਸ਼ਣ ਦੀ ਨਾਭਰੋਸੇਯੋਗ ਕੁਵਰਤਾ ਨੇ ਆਮ ਜਨਤਾ ਨੂੰ ਕੁਝ ਨਾ ਕੁਝ ਸਖ਼ਤ ਤੇ ਨਾਟਕੀ ਵਾਪਰਨ ਲਈ ਤਿਆਰ ਕਰ ਦਿੱਤਾ ਗਿਆ ਸੀ, ਪਰ ਉਹ ਹਵਾਈ ਸੁਫ਼ਨੇ ਚਕਨਾਚੂਰ ਹੋ ਗਏ, ਪਰੰਤੂ ਜਿਹੜੇ ਤਿੰਨ ਵਰਗ-ਵਿਚਾਰ ਪਿਛਲੇ ਕੁਝ ਹਫ਼ਤਿਆਂ 'ਚ ਉੱਭਰੇ ਸਨ, ਉਹ ਸਾਡੇ ਨਾਲ ਹੀ ਰਹਿਣਗੇ ਅਤੇ ਉਹ ਮੌਜੂਦਾ ਮਾਹੌਲ ਵੱਲੋਂ ਪੈਦਾ ਕੀਤੀ ਗਈ ਨਿਰਾਸ਼ਤਾ ਨੂੰ ਢਾਲਣ, ਮੋੜਣ ਤੇ ਕੁਰਾਹੇ ਪਾਉਣ ਦੇ ਯਤਨ ਕਰਨਗੇ। ਪਹਿਲਾ, ਜੰਗ ਪ੍ਰਤੀ ਇੱਕ ਅੱਲ੍ਹੜ ਭਾਵੁਕਤਾ ਦਾ ਸੰਚਾਰ ਕੀਤਾ ਗਿਆ, ਜਿਵੇਂ ਕਿ ਜੰਗ ਇੱਕ ਬੱਚਿਆਂ ਦੀ ਖੇਡ ਹੋਵੇ। ਫੌਜ ਦੇ ਇੱਕ ਸੇਵਾਮੁਕਤ ਮੁਖੀ ਨੇ ਸਾਨੂੰ ਚਿਤਾਇਆ ਵੀ, ਭਾਵੇਂ ਦੇਰ ਨਾਲ ਹੀ ਕਿ ਜੰਗ ਨਾ ਤਾਂ ਚੰਗੀ ਹੁੰਦੀ ਹੈ ਤੇ ਨਾ ਹੀ ਇਹ ਪਹਿਲੀ ਚੋਣ ਹੁੰਦੀ ਹੈ। ਫੌਜੀ ਟੁਕੜੀਆਂ ਵੱਲੋਂ ਕੀਤੀਆਂ ਜਾ ਰਹੀਆਂ ਪ੍ਰਚੰਡ ਕਾਰਵਾਈਆਂ ਦੇ ਉਨ੍ਹਾਂ ਦਿਨਾਂ ਦੌਰਾਨ ਗੋਲੀਬੰਦੀ ਅਚਾਨਕ ਹੀ ਮਾੜਾ ਸ਼ਬਦ ਬਣ ਗਿਆ। ਇਹ ਸੱਚ ਹੈ ਕਿ ਜੰਗ ਉਨ੍ਹਾਂ ਨੂੰ ਲੁਭਾਉਂਦੀ ਹੈ, ਜਿਨ੍ਹਾਂ ਜੰਗ ਖ਼ੁਦ ਆਪਣੇ ਹੱਡੀਂ ਨਾ ਹੰਢਾਈ ਹੋਵੇ, ਕਿਉਂਕਿ ਜੰਗ ਨੂੰ ਬਹਾਦਰੀ ਦੀ ਸ਼ਲਾਘਾ ਦੀ ਬਜਾਇ ਇੱਕ ਰੋਮਾਂਚਿਕ ਖੇਡ ਸਮਝਿਆ ਜਾਂਦਾ ਹੈ ਤੇ ਜਦ ਤੁਹਾਡੇ ਕੋਲ ਪਾਕਿਸਤਾਨ ਵਰਗਾ ਲਾਹੇਵੰਦਾ ਗੁਆਂਢੀ ਹੋਵੇ ਤਾਂ ਤੁਹਾਡੀਆਂ ਆਪਣੀਆਂ ਤੇ ਗੁਆਂਢੀ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਦਾ ਸੌਖਾ ਇਲਾਜ ਜੰਗ ਹੀ ਜਾਪਣ ਲੱਗ ਜਾਂਦਾ ਹੈ। ਪਹਿਲਗਾਮ ਤੇ ਆਮ ਨਾਗਰਿਕਾਂ 'ਤੇ ਕੀਤੇ ਅਜਿਹੇ ਕਾਇਰਾਨਾ ਹਮਲੇ ਹੀ ਕਿਸੇ ਹਕੀਕਤਪਸੰਦ ਦੇ ਸਬਰ ਦਾ ਇਮਤਿਹਾਨ ਲੈਂਦੇ ਹਨ ਅਤੇ ਹਾਕਮਾਂ ਲਈ ਚੁਣੌਤੀ ਬਣਦੇ ਹਨ। ਗਿਣ-ਮਿਥ ਕੇ ਕੀਤੀਆਂ ਭੜਕਾਊ ਕਾਰਵਾਈਆਂ ਦੀਆਂ ਇਹ ਘਟਨਾਵਾਂ ਨਾਗਰਿਕਾਂ ਅੰਦਰ ਬਦਲੇ ਦੀ ਤਾਂਘ ਪੈਦਾ ਕਰਦੀਆਂ ਹਨ, ਪਰ ਫਿਰ ਵੀ ਜੰਗ ਦੇ ਦਹਾਨੇ 'ਤੇ ਖੜ੍ਹੇ ਭਾਰਤ ਨੇ ਨਾ ਸਿਰਫ਼ ਟੀ ਵੀ ਸਟੂਡੀਓਜ਼ ਤੇ ਸੋਸ਼ਲ ਮੀਡੀਆ 'ਚ ਹੀ, ਸਗੋਂ ਪ੍ਰਤੱਖ ਦੇਖਿਆ ਕਿ ਜੰਗ-ਪੱਖੀ ਇੱਕ ਤਕੜਾ ਵਰਗ-ਵਿਚਾਰ ਹੈ, ਜੋ ਇਹ ਸਮਝਣ ਤੋਂ ਇਨਕਾਰੀ ਹੈ ਕਿ ਜੰਗ ਇੱਕ ਤਿਲਕਵੀਂ ਢਲਾਣ ਹੈ। ਇਸ ਵਰਗ-ਵਿਚਾਰ ਲਈ ਨਾ ਤਾਂ ਜੰਗ ਆਖ਼ਰੀ ਹਥਿਆਰ ਹੈ, ਨਾ ਹੀ ਇਹ ਕਿਸੇ ਸ਼ਾਂਤੀਪੂਰਨ ਹੱਲ ਦਾ ਸਾਧਨ ਹੈ, ਇਹ ਆਪਣੇ ਆਪ 'ਚ ਹੀ ਮੁੱਲਵਾਨ ਵਿਚਾਰ ਹੈ।

ਭਾਰਤ ਅੰਦਰ ਹਮੇਸ਼ਾ ਹੀ ਇਹ ਵਰਗ-ਵਿਚਾਰ ਮੌਜੂਦ ਰਿਹਾ ਹੈ। ਤਾਜ਼ਾ ਘਟਨਾਕ੍ਰਮ ਨੇ ਇਸ ਵਰਗ ਨੂੰ ਮੂਹਰੇ ਪਹਿਲੀ ਕਤਾਰ 'ਚ ਲੈ ਆਂਦਾ ਹੈ, ਇਸ ਦੇ ਹਮਾਇਤੀਆਂ 'ਚ ਵਾਧਾ ਕੀਤਾ ਹੈ ਤੇ ਇਸ ਧਾਰਨਾ ਨੂੰ ਪੱਕੇ ਕੀਤਾ ਹੈ ਕਿ ਕੌਮੀ ਹਿੱਤਾਂ ਦੀ ਪੂਰਤੀ ਲਈ ਅਤੇ ਵਿਦੇਸ਼-ਨੀਤੀ ਲਾਗੂ ਕਰਨ ਲਈ ਜੰਗ ਹੀ ਪਹਿਲਾ ਤੇ ਜ਼ਰੂਰੀ ਕਦਮ ਹੈ। ਦੂਸਰਾ ਵਰਗ-ਵਿਚਾਰ, ਜਿਸ ਨੇ ਇਸ ਮੌਕੇ ਹੀ ਧਿਆਨ ਖਿੱਚਿਆ, ਇਸ ਧਾਰਨਾ ਦਾ ਹਾਮੀ ਦਾ ਹੈ ਕਿ ਜੰਗ ਤਾਂ ਖਾਤਮੇ ਤੱਕ ਲੜਨੀ ਬਣਦੀ ਹੈ। ਇਸ ਧਾਰਨਾ ਮੁਤਾਬਕ ਅੰਤ ਦਾ ਮਤਲਬ ਨਾ ਪਾਕਿਸਤਾਨ ਨੂੰ ਰੋਕਣਾ, ਨਾ ਦਹਿਸ਼ਤਗਰਦਾਂ ਨੂੰ ਠੱਲ੍ਹ ਪਾਉਣਾ ਤੇ ਨਾ ਹੀ ਸੌਦੇਬਾਜ਼ੀ ਲਈ ਜ਼ਮੀਨ ਤਿਆਰ ਕਰਨਾ ਹੁੰਦਾ ਹੈ, ਸਗੋਂ ਵੰਡ ਦੇ ਗੁਨਾਹ ਦਾ ਖ਼ਾਤਮਾ ਕਰਨਾ ਹੈ। ਇਸ ਧਾਰਨਾ ਮੁਤਾਬਕ ਪਾਕਿਸਤਾਨ ਸਿਰਫ਼ ਇੱਕ ਮਾੜਾ ਗੁਆਂਢੀ ਹੀ ਨਹੀਂ ਹੈ, ਸਗੋਂ ਸਾਡੇ ਜਿਸਮ ਅੰਦਰ ਖੁਭਿਆ ਇੱਕ ਕੰਡਾ ਹੈ, ਜਿਸ ਨੂੰ ਕੱਢਣਾ ਹੀ ਬਣਦਾ ਹੈ। ਇਸ ਵਰਗ ਦੀ ਧਾਰਨਾ ਹੈ ਕਿ ਇਹ ਕੰਡਾ ਕੁਝ ਕੁ ਤਾਂ 1971'ਚ ਨਿਕਲ ਗਿਆ ਸੀ, ਪਰੰਤੂ ਅਸਲ 'ਚ 1971 ਦੇ ਬਾਵਜੂਦ ਪਾਕਿਸਤਾਨ ਨੂੰ ਮੂਲੋਂ ਹੀ ਮਿਟਾਇਆ ਜਾ ਸਕਦਾ ਹੈ। ਜਿੱਥੋਂ ਤੱਕ ਇਸ ਧਾਰਨਾ ਦਾ ਸੰਬੰਧ ਹੈ, ਬਿਲਕੁਲ ਸਪੱਸ਼ਟ ਹੈ ਕਿ ਇਸ ਅੰਦਰ ਵਿਸ਼ਵੀ ਤੇ ਖੇਤਰੀ ਭੂ-ਰਾਜਨੀਤੀ ਦੇ ਸੰਦਰਭ ਨੂੰ ਨਜ਼ਰ-ਅੰਦਾਜ਼ ਕੀਤਾ ਗਿਆ ਹੈ। ਇਹ ਪੱਕਾ ਵਿਸ਼ਵਾਸ ਹੈ ਕਿ ਜੇ ਪਾਕਿਸਤਾਨ ਆਪਣੇ ਆਪ ਹੀ ਨਹੀਂ ਖਿੰਡ ਜਾਂਦਾ ਤਾਂ ਭਾਰਤ ਇਸ ਨੂੰ ਯਕੀਨੀ ਬਣਾਵੇ ਕਿ ਇਸ ਦੀ ਹੋਂਦ ਹੀ ਮਿਟ ਜਾਵੇ। ਆਸ ਕਰਨੀ ਚਾਹੀਦੀ ਹੈ ਕਿ ਇਹ ਵਰਗ-ਧਾਰਨਾ ਪਹਿਲੀ ਦੇ ਉਲਟ ਅਜੇ ਤੱਕ ਨੀਤੀ-ਘਾੜਿਆਂ ਦੇ ਦਾਇਰੇ ਤੱਕ ਨਾ ਪਹੁੰਚੇ, ਪਰੰਤੂ ਫਿਰ ਵੀ ਪਹਿਲੀ ਵਰਗ-ਵਿਚਾਰ ਧਾਰਨਾ ਨਾਲ ਜੋੜ ਕੇ ਦੇਖਿਆਂ, ਇਹ ਸਾਨੂੰ ਕਸੂਤੀ ਸਥਿਤੀ 'ਚ ਦਿਖਾਉਂਦੀ ਹੈ ਕਿ ਅਸੀਂ ਖੁਦ ਆਪਣੇ ਰਾਸ਼ਟਰ ਨੂੰ ਕਿਵੇਂ ਕਲਪਦੇ ਹਾਂ ਕਿ ਅਸੀਂ ਤੇ ਸਾਡੀ ਕੌਮੀਅਤ ਹਿੰਸਾ, ਤਬਾਹੀ ਅਤੇ ਖਾਤਮੇ ਨਾਲ ਹੀ ਬੱਝੀ ਹੋਈ ਹੈ। ਇਹ ਵਿਚਾਰ ਕਿ ਕੋਈ ਕੌਮ ਆਪਣੇ ਅਤੀਤ ਤੇ ਵਰਤਮਾਨ ਦੋਵਾਂ ਨਾਲ ਨਹੀਂ ਰਹਿ ਸਕਦੀ, ਇਹੋ ਜਿਹੀ ਕੌਮ ਪੈਦਾ ਕਰਦਾ ਹੈ, ਜਿਹੜੀ ਖੁਦ ਆਪਣੇ ਨਾਲ ਹੀ ਨਹੀਂ ਰਹਿ ਸਕਦੀ।

ਤੀਸਰਾ ਵਰਗ-ਵਿਚਾਰ, ਜਿਸ ਨੇ ਪਹਿਲਗਾਮ ਤੋਂ ਬਾਅਦ ਦੇ ਹਫ਼ਤਿਆਂ ਦੌਰਾਨ ਸਿਰ ਚੁੱਕਿਆ, ਮੁਸਲਿਮ-ਵਿਰੋਧੀ ਲਾਮਬੰਦੀ ਵਾਲਾ ਸੀ। ਦਹਿਸ਼ਤਗਰਦਾਂ ਤੇ ਉਨ੍ਹਾਂ ਦੇ ਚਿੰਤਕ-ਰਹਿਬਰਾਂ ਵੱਲੋਂ ਹਿੰਦੂਆਂ ਨੂੰ ਮਾਰ ਕੇ ਵਿਛਾਏ ਗਏ ਜਾਲ 'ਚ ਅੱਖਾਂ ਬੰਦ ਕਰਕੇ ਫਸਦਿਆਂ ਸੋਸ਼ਲ ਮੀਡੀਆ ਪਲੇਟਫਾਰਮ (ਤੇ ਸ਼ਾਇਦ ਹਕੀਕੀ ਜ਼ਿੰਦਗੀ ਦੀ ਅਸਲ ਧਾਰਨਾ ਵੀ) ਭਾਰਤੀ ਮੁਸਲਮਾਨਾਂ ਦੇ ਖ਼ਿਲਾਫ਼ ਹੋ ਗਏ। ਨਿੱਜੀ ਵਾਰਤਾਲਾਪਾਂ ਅੰਦਰ ਖੁੱਲ੍ਹੇ ਤੌਰ 'ਤੇ ਮੁਸਲਿਮ-ਵਿਰੋਧੀ ਨਫ਼ਰਤ ਝਲਕਣ ਲੱਗੀ। ਪਹਿਲਗਾਮ ਨੇ ਅਤੇ ਪਾਕਿਸਤਾਨ ਵਿਰੁੱਧ ਸਖ਼ਤ ਭਾਰਤੀ ਕਾਰਵਾਈ ਨੇ ਭਾਰਤ ਅੰਦਰ ਸਿਰ ਚੁੱਕ ਰਹੇ ਮੁਸਲਮਾਨਾਂ ਦਾ ਬਾਈਕਾਟ ਕਰਨ ਦੇ ਸੱਦਿਆਂ ਨੂੰ ਹੁਲਾਰਾ ਦਿੱਤਾ। ਮਹੱਤਵਪੂਰਨ ਇਹ ਕਿ ਸਿਆਸੀ ਲੀਡਰਸ਼ਿਪ ਨੇ ਇਸ ਘਟਨਾਕ੍ਰਮ ਨੂੰ ਰੋਕਣ ਲਈ ਇੱਕ ਵੀ ਸ਼ਬਦ ਨਹੀਂ ਉੱਚਰਿਆ। ਚੁੱਪ ਦੀ ਇਸ ਸਿਆਸੀ ਕਾਰਵਾਈ ਨੂੰ ਪ੍ਰੈੱਸ ਕਾਨਫ਼ਰੰਸ 'ਚ ਕਿਸੇ ਮੁਸਲਿਮ ਅਫ਼ਸਰ ਨੂੰ ਬਿਠਾਉਣ ਦੇ ਖ਼ੋਖ਼ਲੇ-ਦਿਖਾਵੇ ਨਾਲ ਨਹੀਂ ਮੇਸਿਆ ਜਾ ਸਕਦਾ। ਉਨ੍ਹਾਂ ਪ੍ਰੈੱਸ ਕਾਨਫ਼ਰੰਸਾਂ 'ਚ ਕਰਨਲ ਸੋਫ਼ੀਆ ਕੁਰੈਸ਼ੀ ਨੂੰ ਸ਼ਾਮਲ ਕਰਨ ਦਾ ਫੈਸਲਾ ਮੰਦ ਕੂਟਨੀਤੀ ਸੀ ਅਤੇ ਜਿਸ 'ਚ ਗੁਨਾਹ-ਅਹਿਸਾਸ ਤਾਂ ਝਲਕਦਾ ਸੀ, ਪਰੰਤੂ ਇਹ ਮੁਸਲਿਮ-ਵਿਰੋਧੀ ਵਰਗ-ਵਿਚਾਰ ਨੂੰ ਨਾਕਾਰਨ 'ਚ ਸਹਾਈ ਨਹੀਂ ਹੋਇਆ। ਜਨਤਕ ਮਾਹੌਲ ਅੰਦਰ ਮੁਸਲਿਮ-ਵਿਰੋਧੀ ਜਜ਼ਬਾਤ ਏਨੇ ਭਾਰੂ ਹੋਏ ਪਏ ਹਨ ਕਿ ਕਰਨਲ ਕੁਰੈਸ਼ੀ ਨੂੰ ਵੀ ਦਹਿਸ਼ਤਗਰਦਾਂ ਦੀ ਭੈਣ ਵਜੋਂ ਦੇਖਿਆ ਜਾਂਦਾ ਹੈ, ਜਿਵੇਂ ਕਿ ਮੱਧ ਪ੍ਰਦੇਸ਼ ਦੀ ਭਾਜਪਾ ਸਰਕਾਰ ਦਾ ਇੱਕ ਮੰਤਰੀ ਕਹਿ ਰਿਹਾ ਹੈ। (ਮਗਰੋਂ ਜਿਸ ਨੇ ਪਿੱਛਲ-ਮੋੜਾ ਕੱਟ ਲਿਆ)। ਕਾਰਨ ਇਹ ਹੈ ਕਿ ਇਸ ਤੀਸਰੇ ਵਰਗ-ਵਿਚਾਰ ਦੀ ਧਾਰਨਾ ਮੁਤਾਬਕ ਪਾਕਿਸਤਾਨੀ ਤੇ ਹਿੰਦੋਸਤਾਨੀ ਮੁਸਲਮਾਨਾਂ ਵਿਚਕਾਰ ਕੋਈ ਵਖ਼ਰੇਵਾਂ ਨਹੀਂ ਅਤੇ ਦੋਵਾਂ ਤੇ ਦਹਿਸ਼ਤਗਰਦਾਂ ਵਿਚਕਾਰਲੀ ਲਕੀਰ ਮੱਧਮ ਪੈ ਗਈ ਹੈ। ਇਹ ਤਿੰਨੇ ਵਰਗ-ਵਿਚਾਰ ਪਹਿਲਗਾਮ ਮੌਕੇ ਹੀ ਨਹੀਂ ਸੀ ਉਗਮੇ, ਸਗੋਂ ਲੰਮੇ ਸਮੇਂ ਤੋਂ ਭਾਰਤ ਦੇ ਸਮਾਜੀ-ਸਿਆਸੀ ਪ੍ਰਬੰਧ ਦਾ ਹਿੱਸਾ ਬਣੇ ਹੋਏ ਹਨ। ਇਹ ਵੀ ਮੰਨਿਆ ਜਾ ਸਕਦਾ ਹੈ ਇਹ ਇੱਕ-ਦੂਜੇ ਤੋਂ ਪੂਰੀ ਤਰ੍ਹਾਂ ਟੁੱਟਵੇਂ ਨਹੀਂ ਹਨ। ਇਨ੍ਹਾਂ ਦਾ ਇੱਕ-ਦੂਜੇ 'ਚ ਰਲਗੱਡ ਹੋਣਾ ਹੀ ਹਿੰਦੂਤਵ-ਰਾਸ਼ਟਰਵਾਦ ਦੀ ਖ਼ੁਰਾਕ ਹੈ। ਇਸ ਕੌਮੀ ਧਾਰਨਾ ਦੀ ਉਸਾਰੀ ਰਾਹੀਂ ਜਿਹੜੀ ਮੁਸਲਮਾਨਾਂ ਨੂੰ ਪੱਕੇ ਅੰਦਰੂਨੀ ਦੁਸ਼ਮਣ ਗਰਦਾਨਦੀ ਹੈ। ਇਹ ਧਾਰਨਾ ਇਸ ਸੁਪਨਮਈ ਵਿਚਾਰ ਨਾਲ ਵਧਦੀ-ਫੁਲਦੀ ਹੈ ਕਿ ਇੱਕ ਦਿਨ ਪਾਕਿਸਤਾਨ ਦੀ ਹੋਂਦ ਮਿਟਾ ਦਿੱਤੀ ਜਾਵੇਗੀ ਅਤੇ ਇਹ ਮੱਤ ਰੱਖਦੀ ਹੈ ਕਿ ਬਲ ਅਤੇ ਯੁੱਧ ਹੀ ਕੌਮਾਂ ਦਾ ਮੁੱਖ ਅਸਲਾਖਾਨਾ ਹੁੰਦਾ ਹੈ ਅਤੇ ਕੌਮੀ ਹਿੱਤਾਂ ਖ਼ਾਤਰ ਹਿੰਸਾ ਨਾ ਸਿਰਫ਼ ਉਚਿੱਤ ਹੀ ਹੈ, ਸਗੋਂ ਉਚੇਰੀ ਨੈਤਿਕਤਾ ਵੀ ਹੈ।

ਪਹਿਲਗਾਮ ਅਤੇ ਉਸ ਤੋਂ ਬਾਅਦ ਦੇ ਘਟਨਾਕ੍ਰਮ ਨੇ ਦਿਖਾਇਆ ਹੈ ਕਿ ਸਾਡੀ ਸਮੂਹਿਕ ਧਾਰਨਾ ਉੱਪਰ ਇਨ੍ਹਾਂ ਤਿੰਨੋਂ ਵਰਗ-ਵਿਚਾਰਾਂ ਦੇ ਭਾਰੂ ਰਹਿਣ ਦੀ ਹਕੀਕੀ ਸੰਭਾਵਨਾ ਜਾਪਦੀ ਹੈ। ਇਸ ਮੌਕੇ ਅਜੇ ਇਨ੍ਹਾਂ ਦਾ ਗਿਣਤੀ ਪੱਖੋਂ ਤਾਕਤ ਦਾ ਸਹੀ ਅੰਦਾਜ਼ਾ ਲਾਉਣਾ ਆਸਾਨ ਨਹੀਂ। ਪਰੰਤੂ ਕਿਸੇ ਸਮਾਜ ਦੀ ਦੇਹ ਅੰਦਰ ਸੰਕਟ ਦੇ ਪਲ ਉਦੋਂ ਉਮੜ ਹੀ ਪੈਂਦੇ ਹਨ, ਜਦ ਕੌਮੀਅਤ ਉੱਪਰ ਨਕਲੀ-ਕੌਮੀ ਦਾਅਵੇ ਭਾਰੂ ਹੋ ਜਾਣ, ਜਦ ਕੌਮੀਅਤ ਨੂੰ ਉਨ੍ਹਾਂ ਲੱਛਣਾਂ ਰਾਹੀਂ ਪ੍ਰੀਭਾਸ਼ਿਤ ਕੀਤਾ ਜਾਣ ਲੱਗੇ, ਜਿਹੜੇ ਰਾਸ਼ਟਰਵਾਦ ਦੇ ਲੋਕ-ਪੱਖੀ ਜਾਂ ਆਜ਼ਾਦੀ-ਪੱਖੀ ਸੰਭਾਵਤ ਪਹਿਲੂਆਂ ਨੂੰ ਨਕਾਰਦੇ ਹੋਣ, ਜਦ ਰਾਸ਼ਟਰਵਾਦ ਵਖਰੇਵੇਂ ਖੜ੍ਹੇ ਕਰਦਾ ਹੋਵੇ; ਜਦ ਸਿਆਸੀ ਲੀਡਰਸ਼ਿਪ ਕੋਲ ਨੀਤੀਵਾਨ ਬਣਨ ਦਾ ਮੌਕਾ ਹੁੰਦਾ ਹੈ, ਪਰ ਬਿਆਨਬਾਜ਼ੀ ਦੀਆਂ ਲਾਲਸਾਵਾਂ, ਲੀਡਰਸ਼ਿਪ ਨੂੰ ਅਤੇ ਸਮੂਹਿਕ ਚੇਤਨਾ ਨੂੰ ਵੀ, ਸਾਡਾ ਜਾਂ ਸਾਡੀ ਕੌਮੀਅਤ ਦੇ ਨਕਲੀ ਰਾਸ਼ਟਰਵਾਦ ਦੇ ਪ੍ਰੀਭਾਸ਼ਿਤ ਲੱਛਣਾਂ ਦੇ ਜਾਲ ਵਿੱਚ ਫਸਾ ਦਿੰਦੀਆਂ ਹਨ।

**ਸੰਪਰਕ: 98145-35005**
**(ਇੰਡੀਅਨ ਐਕਸਪ੍ਰੈਸ,ਤੋਂ ਧੰਨਵਾਦ ਸਹਿਤ)**

# ਨਸ਼ੇ ਪਤੀ-ਪਤਨੀ ਦੇ ਪਵਿੱਤਰ ਰਿਸ਼ਤੇ ਨੂੰ ਤੋੜਦੇ ਹਨ


ਬਲਵਿੰਦਰ ਸਿੰਘ ਭੁੱਲਰ

ਦੁਨੀਆ ਦੀ ਸਥਾਪਤੀ ਅਤੇ ਇਨਸਾਨੀ ਵਾਧੇ ਵਾਸਤੇ ਵਿਆਹ ਦਾ ਵੱਡਾ ਮਹੱਤਵ ਹੈ, ਇਹੋ ਕਾਰਨ ਹੈ ਕਿ ਪਤੀ-ਪਤਨੀ ਦੇ ਰਿਸ਼ਤੇ ਨੂੰ ਪਵਿੱਤਰ ਰਿਸ਼ਤਾ ਮੰਨਿਆ ਜਾਂਦਾ ਹੈ। ਸਦੀਆਂ ਤੋਂ ਭਾਵੇਂ ਵਿਆਹ ਲਈ ਵਿਚੋਲੇ ਦਾ ਵੀ ਅਹਿਮ ਰੋਲ ਰਿਹਾ ਹੈ, ਪਰੰਤੂ ਫਿਰ ਵੀ ਇਸ ਨੂੰ ਸੰਜੋਗਾਂ ਨਾਲ ਜੋੜ ਕੇ ਵੇਖਿਆ ਜਾਂਦਾ ਹੈ। ਸਿੱਖ ਧਰਮ ਅਨੁਸਾਰ ਜਦ ਅਨੰਦ ਕਾਰਜ ਦੀ ਰਸਮ ਹੁੰਦੀ ਹੈ ਤਾਂ ਉਦੋਂ ਵੀ ਸ਼ਬਦ ਗਾਇਨ ਕੀਤਾ ਜਾਂਦਾ ਹੈ, 'ਨਾਨਕ ਸਤਗੁਰੂ ਤਿਨਾ ਮਿਲਾਇਆ, ਜਿਨ ਧੁਰੋਂ ਪਇਆ ਸੰਜੋਗ॥' ਇਹੋ ਕਾਰਨ ਸੀ ਕਿ ਪਤੀ-ਪਤਨੀ ਇਸ ਰਿਸ਼ਤੇ ਨੂੰ ਕਾਇਮ ਰੱਖਣ ਲਈ ਹਰ ਯਤਨ ਕਰਦੇ ਸਨ, ਪਰ ਹੁਣ ਇਸ ਪਵਿੱਤਰ ਰਿਸਤੇ ਵਿੱਚ ਤਰੇੜਾਂ ਆਉਣੀਆਂ ਸ਼ੁਰੂ ਹੋ ਗਈਆਂ ਹਨ ਅਤੇ ਇਹ ਰੁਝਾਨ ਏਨਾ ਵਧ ਗਿਆ ਹੈ ਕਿ ਰੋਜ਼ਾਨਾ ਇਹ ਰਿਸ਼ਤੇ ਟੁੱਟ ਰਹੇ ਹਨ ਤੇ ਤਲਾਕ ਹੋ ਰਹੇ ਹਨ।

ਅਦਾਲਤਾਂ ਵਿੱਚ ਵੱਡੀ ਵਿਣਤੀ ਵਿੱਚ ਤਲਾਕ ਦੇ ਕੇਸ ਚੱਲ ਰਹੇ ਹਨ, ਥਾਣਿਆਂ ਵਿੱਚ ਰੋਜ਼ਾਨਾ ਅਜਿਹੇ ਮੁਕੱਦਮੇ ਦਰਜ ਹੋ ਰਹੇ ਹਨ, ਪਰ ਸਵਾਲ ਇਹ ਨਹੀਂ ਕਿ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ, ਬਲਕਿ ਚਿੰਤਾ ਇਸ ਗੱਲ ਦੀ ਹੈ ਕਿ ਵਾਧਾ ਕਿਉਂ ਹੋ ਰਿਹਾ ਹੈ। ਵੱਖ-ਵੱਖ ਕੇਸਾਂ ਦੀ ਘੋਖ-ਪੜਤਾਲ ਕਰਨ ਤੋਂ ਇਹ ਗੱਲ ਸਪੱਸ਼ਟ ਹੋਈ ਹੈ ਕਿ ਤਲਾਕ ਦੇ ਭਾਵੇਂ ਹੋਰ ਵੀ ਕਈ ਕਾਰਨ ਹਨ, ਪਰ ਸਭ ਤੋਂ ਵੱਡਾ ਕਾਰਨ ਨਸ਼ੇ ਹਨ।

ਦਾਜ-ਦਹੇਜ ਦੀ ਮੰਗ, ਸਹੁਰੇ ਪਰਵਾਰ ਦਾ ਅੱਖੜ ਸੁਭਾਅ, ਪਤੀ-ਪਤਨੀ ਦੀ ਉਮਰ ਦਾ ਫਰਕ, ਦੋਵਾਂ ਦੇ ਸੁਭਾਅ ਦਾ ਅੰਤਰ, ਦੋਵਾਂ ਦੀ ਵਿੱਦਿਅਕ ਯੋਗਤਾ ਦਾ ਫਰਕ, ਸਹੁਰੇ ਘਰ ਵਿੱਚ ਲੱਗਣ ਵਾਲੀਆਂ ਬੰਦਸ਼ਾਂ, ਪਤੀ ਜਾਂ ਪਤਨੀ ਦੇ ਸ਼ਾਦੀ ਤੋਂ ਪਹਿਲਾਂ ਕਿਸੇ ਹੋਰ ਨਾਲ ਬਣੇ ਜਿਨਸੀ ਸੰਬੰਧ, ਪੁੱਤਰ ਪਰਾਪਤੀ ਦੀ ਤਮੰਨਾ, ਮਰਦਾਨਾ ਕਮਜ਼ੋਰੀ ਆਦਿ ਅਨੇਕਾਂ ਕਾਰਨ ਹਨ, ਜੋ ਇਸ ਰਿਸ਼ਤੇ ਵਿੱਚ ਅਜਿਹੀਆਂ ਤਰੇੜਾਂ ਪਾ ਦਿੰਦੇ ਹਨ ਅਤੇ ਨੌਬਤ ਤਲਾਕ ਤੱਕ ਪਹੁੰਚ ਜਾਂਦੀ ਹੈ। ਜੇਕਰ ਤਲਾਕ ਲੈਣਾ ਅਸੰਭਵ ਹੋ ਜਾਵੇ ਤਾਂ ਅਜਿਹੇ ਹਾਲਾਤ ਵਿੱਚ ਮਾਮਲਾ ਖੁਦਕੁਸ਼ੀ ਜਾਂ ਕਤਲ ਦਾ ਕਾਰਨ ਵੀ ਬਣ ਜਾਂਦਾ ਹੈ ਅਤੇ ਸਾਰਾ ਪਰਵਾਰ ਜੇਲ੍ਹਾਂ ਵਿੱਚ ਰੁਲਣ ਲਈ ਮਜਬੂਰ ਹੋ ਜਾਂਦਾ ਹੈ।

ਬਹੁਤ ਸਾਰੇ ਕੇਸ ਅਜਿਹੇ ਹਨ, ਜਿਹਨਾਂ ਵਿੱਚ ਪਤੀ-ਪਤਨੀ ਦਰਮਿਆਨ ਵਿਆਹ ਤੋਂ ਕੁਝ ਦਿਨਾਂ ਵਿੱਚ ਹੀ ਝਗੜਾ ਹੋ ਜਾਂਦਾ ਹੈ ਅਤੇ ਫਿਰ ਦਰਖਾਸਤਾਂ ਦਾ ਸਿਲਸਿਲਾ ਸ਼ੁਰੂ ਹੋ ਜਾਂਦਾ ਹੈ। ਜਿਹਨਾਂ ਵਿੱਚ ਆਮ ਤੌਰ 'ਤੇ ਪਤਨੀ ਵੱਲੋਂ ਹੋਰ ਦਾਜ ਦਹੇਜ ਮੰਗਣ ਦੇ ਹੀ ਦੋਸ਼ ਲਗਾਏ ਹੁੰਦੇ ਹਨ

ਅਜਿਹਾ ਮਾਮਲਾ ਕਈ ਮਹੀਨੇ ਪਹਿਲਾਂ ਇੱਕ ਥਾਣੇ ਪਹੁੰਚਿਆ। ਮੁੰਡੇ ਅਤੇ ਕੁੜੀ ਦੇ ਮਾਪਿਆਂ ਨੂੰ ਪੰਚਾਇਤ ਸਮੇਤ ਬੁਲਾਇਆ ਗਿਆ। ਘਰ ਵਸਦਾ ਰੱਖਣ ਲਈ ਬਹੁਤਾ ਜ਼ੋਰ ਕੁੜੀ 'ਤੇ ਹੀ ਲਾਇਆ ਜਾ ਰਿਹਾ ਸੀ। ਪੰਚਾਇਤੀ ਵਿਅਕਤੀ ਕਹਿ ਰਹੇ ਸਨ ਇਕੱਲਾ ਮੁੰਡਾ ਹੈ, ਦਸ ਕਿੱਲੇ ਜ਼ਮੀਨ ਆਉਂਦੀ ਹੈ, ਘਰ ਚੰਗਾ ਟਰੈਕਟਰ ਹੈ, ਹਥਣੀਆਂ ਵਰਗੀਆਂ ਮੱਝਾਂ ਹਨ, ਭਾਈ ਹੋਰ ਤੈਨੂੰ ਕੀ ਚਾਹੀਦਾ ਹੈ। ਕੁੜੀ ਨੀਵੀਂ ਪਾਈ ਸੋਚੀ ਜਾ ਰਹੀ ਸੀ, ਪਰ ਜਵਾਬ ਨਹੀਂ ਸੀ ਦੇ ਰਹੀ। ਆਖ਼ਰ ਥਾਣੇਦਾਰ ਨੇ ਵੀ ਕੁੜੀ ਨੂੰ ਕਿਹਾ ਭਾਈ ਸੁਣ ਜੋ ਸਿਆਣੇ ਬੰਦੇ ਕਹਿੰਦੇ ਹਨ ਠੀਕ ਹੈ, ਤੂੰ ਸਮਝੌਤਾ ਕਰ ਲੈ। ਪਰ ਕੁੜੀ ਕਹਿੰਦੀ 'ਨਹੀਂ ਜੀ ਹੋ ਨਹੀਂ ਸਕਦਾ।' ਥਾਣੇਦਾਰ ਥੋੜ੍ਹਾ ਗੁੱਸੇ ਜਿਹੇ ਵਿੱਚ ਬੋਲਿਆ, 'ਕਿਉਂ ਨਹੀਂ ਹੋ ਸਕਦਾ, ਹੋਰ ਤੂੰ ਕੀ ਚਾਹੁੰਦੀ ਹੈਂ।' ਬੱਸ! ਕੁੜੀ ਦਾ ਸਬਰ ਟੁੱਟ ਗਿਆ ਅਤੇ ਉਹ ਅੱਖਾਂ 'ਚੋਂ ਹੰਝੂਆਂ ਦੀਆਂ ਧਰਾਲਾਂ ਵਹਾਉਂਦੀ ਬੋਲੀ, 'ਮੇਰਾ ਵਿਆਹ ਮਰਦ ਨਾਲ ਕੀਤਾ ਹੈ ਜਾਂ ਕਿੱਲਿਆਂ ਨਾਲ? ਜੋ ਮਰਦ ਤੋਂ ਮਿਲਣਾ ਚਾਹੀਦਾ ਹੈ, ਉਹ ਕਿੱਲੇ ਨਹੀਂ ਦੇ ਸਕਦੇ।" ਇਹ ਸੁਣ ਕੇ ਸਭ ਚੁੱਪ ਹੋ ਗਏ ਅਤੇ ਤਲਾਕ ਦੀ ਕਾਰਵਾਈ ਸ਼ੁਰੂ ਹੋ ਗਈ। ਇਹ ਇੱਕ ਹੀ ਨਹੀਂ, ਨਿੱਤ ਦਿਨ ਹੀ ਅਜਿਹੇ ਮਾਮਲੇ ਥਾਣਿਆਂ, ਅਦਾਲਤਾਂ ਵਿੱਚ ਸਾਹਮਣੇ ਆਉਂਦੇ ਹਨ।

ਪੰਜਾਬ ਵਿੱਚ ਇੱਕ ਤਰ੍ਹਾਂ ਨਾਲ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ। ਨਸ਼ਾ ਤਾਂ ਭਾਵੇਂ ਕੋਈ ਵੀ ਚੰਗਾ ਨਹੀਂ, ਫਿਰ ਵੀ ਸ਼ਰਾਬ, ਅਫੀਮ ਜਵਾਨੀ 'ਤੇ ਐਨਾ ਮਾੜਾ ਅਸਰ ਨਹੀਂ ਪਾਉਂਦੇ ਸਨ, ਜਿੰਨਾ ਕਿ ਮੌਜੂਦਾ ਦੌਰ ਵਿੱਚ ਚੱਲ ਰਹੇ ਨਸ਼ੇ ਚਰਸ, ਸਮੈਕ, ਚਿੱਟਾ, ਟੀਕੇ, ਨਸ਼ੀਲੀਆਂ ਦਵਾਈਆਂ ਆਦਿ ਪਾ ਰਹੀਆਂ ਹਨ। ਇਹ ਨਸ਼ੇ ਹੀ ਅਜਿਹੇ ਹਨ, ਜੋ ਨੌਜਵਾਨਾਂ ਦੀ ਮਰਦਾਵੀਂ ਤਾਕਤ ਖੋਹ ਰਹੇ ਹਨ। ਮਾਪੇ ਆਪਣੇ ਨਸ਼ਈ ਪੁੱਤਰ ਬਾਰੇ ਸਭ ਕੁਝ ਜਾਣਦੇ ਹੋਏ ਵੀ ਪਰਵਾਰ ਦੀ ਪੀੜ੍ਹੀ ਵਧਾਉਣ ਦੀ ਗਰਜ਼ ਨਾਲ ਉਸ ਦਾ ਵਿਆਹ ਕਰ ਦਿੰਦੇ ਹਨ, ਪਰ ਕੁਝ ਦਿਨਾਂ ਬਾਅਦ ਹੀ ਘਰ ਵਿੱਚ ਕਲੇਸ਼ ਸ਼ੁਰੂ ਹੋ ਜਾਂਦਾ ਹੈ ਅਤੇ ਆਖਰ ਤਲਾਕ ਨਾਲ ਹੀ ਪਰਵਾਰ ਦਾ ਖਹਿੜਾ ਛੁੱਟਦਾ ਹੈ।

ਲੋੜ ਹੈ ਕਿ ਤਲਾਕ ਦੇ ਮਾੜੇ ਰੁਝਾਨ ਨੂੰ ਰੋਕਣ ਲਈ ਸਰਕਾਰਾਂ ਠੋਸ ਕਦਮ ਉਠਾਉਣ, ਮਾਪੇ ਬੱਚਿਆਂ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵੀ ਇਸ ਅਹਿਮ ਮੁੱਦੇ ਵੱਲ ਉਚੇਚਾ ਧਿਆਨ ਦੇ ਕੇ ਲੋਕਾਂ ਨੂੰ ਜਾਗਰੂਕ ਕਰਨ, ਤਾਂ ਜੋ ਵਸਦੇ ਘਰਾਂ ਨੂੰ ਉਜੜਣ ਤੋ ਬਚਾਇਆ ਜਾ ਸਕੇ।

**# ਸੰਪਰਕ : 098882-75913**

# ਪੰਜਾਬ ਤੇ ਹਰਿਆਣਾ ਦੀ ਪਾਣੀਆਂ ਦੀ ਵੰਡ ਬਾਰੇ ਖਿੱਚ-ਧੂਹ

**ਇੰਜ. ਜਗਜੀਤ ਸਿੰਘ ਕੰਡਾ ਕੋਟਕਪੂਰਾ**

ਭਾਖੜਾ ਨੰਗਲ ਡੈਮ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਬਿਲਾਸਪੁਰ ਦਾ ਪਿੰਡ ਹੈ। ਜਿੱਥੇ ਪਾਣੀ ਤੋਂ ਬਿਜਲੀ (ਹਾਈਡਰੋ ਸਿਸਟਮ ਰਾਹੀਂ) ਪੈਦਾ ਕਰਨ ਦਾ ਪ੍ਰੋਜੈਕਟ ਲੱਗਾ ਹੈ। ਇਸ ਡੈਮ ਨੂੰ ਬਣਾਉਣ 'ਚ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਦਾ ਯੋਗਦਾਨ ਰਿਹਾ ਹੈ। ਡੈਮ ਦੀ ਉਸਾਰੀ ਲਈ ਭਾਰਤ ਦੇ 300 ਇੰਜੀਨੀਅਰ, 30 ਵਿਦੇਸ਼ੀ ਮਾਹਰ ਤੇ ਤੇਰਾਂ ਹਜ਼ਾਰ ਮਜ਼ਦੂਰਾਂ ਨੇ ਆਪਣੀ ਮਿਹਨਤ ਨਾਲ ਇਸਨੂੰ 1948 ਵਿੱਚ ਸੁਰੂ ਕਰਕੇ ਸਾਲ 1963 ਵਿੱਚ ਪੂਰਾ ਕੀਤਾ। ਇਸ 'ਤੇ 245 ਕਰੋੜ ਰੁਪਏ ਦੇ ਕਰੀਬ ਰਕਮ ਖਰਚ ਹੋਈ ਸੀ। ਇਸ ਦੀ ਉਚਾਈ 741 ਫੁੱਟ, ਲੰਬਾਈ 1700 ਫੁੱਟ, ਚੌੜਾਈ 30 ਫੁੱਟ ਤੇ ਆਧਾਰ 625 ਫੁੱਟ ਹੈ। ਇੱਕ ਅਕਤੂਬਰ 1967 ਨੂੰ ਭਾਖੜਾ ਪ੍ਰਬੰਧਕੀ ਬੋਰਡ ਹੋਂਦ ਵਿੱਚ ਆਇਆ। ਇਸ ਦੇ ਨਾਲ-ਨਾਲ ਬਿਆਸ ਦਰਿਆ ਦੇ ਚੱਲ ਰਹੇ ਪ੍ਰੋਜੈਕਟਾਂ ਨੂੰ ਰੀਆਰਗੇਨਾਈਜ਼ ਐਕਟ ਦੀ ਧਾਰਾ 80 ਦੇ ਤਹਿਤ ਜਿਉਂ-ਜਿਉਂ ਪ੍ਰੋਜੈਕਟ ਕੰਪਲੀਟ ਹੋਣਗੇ, ਉਹਨਾਂ ਦੀ ਅਪਰੇਸ਼ਨ ਅਤੇ ਮੇਨਟੀਨੈਂਸ ਦੇ ਕੰਮ ਭਾਖੜਾ ਪ੍ਰਬੰਧਕੀ ਬੋਰਡ ਨੂੰ ਸੌਂਪੇ ਜਾਣਗੇ। ਜਦੋਂ ਬਿਆਸ ਦੇ ਸਾਰੇ ਪ੍ਰੋਜੈਕਟ ਮੁਕੰਮਲ ਹੋਏ ਤਾਂ ਇਹਨਾਂ ਦਾ ਰਲੇਵਾਂ 15 ਮਈ 1976 ਨੂੰ ਕਰਕੇ ਇਸ ਦਾ ਨਾਮ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਰੱਖ ਦਿੱਤਾ ਗਿਆ।

ਪ੍ਰਬੰਧਕੀ ਬੋਰਡ ਐਕਟ ਅਧੀਨ ਤਿੰਨ ਸਥਾਈ ਅਧਿਕਾਰੀ ਮੁੱਖ ਤੌਰ 'ਤੇ ਸਾਰਾ ਪ੍ਰਬੰਧ ਚਲਾਉਣਗੇ। ਇੱਕ ਚੇਅਰਮੈਨ, ਇੱਕ ਮੈਂਬਰ ਪਾਵਰ ਤੇ ਇੱਕ ਮੈਂਬਰ ਇਰੀਗੇਸਨ। ਐਕਟ ਦੀ ਪ੍ਰਥਾ ਅਨੁਸਾਰ ਨਿਰਪੱਖਤਾ ਲਈ ਚੇਅਰਮੈਨ ਹਿੱਸੇਦਾਰ ਸਟੇਟਾਂ ਤੋਂ ਬਾਹਰ ਦੀ ਸਟੇਟ ਦਾ ਲਾਇਆ ਜਾਂਦਾ ਹੈ। ਮੈਂਬਰ ਪਾਵਰ ਹਮੇਸਾ ਹੀ ਪੰਜਾਬੋ ਹੁੰਦਾ ਸੀ ਤੇ ਮੈਂਬਰ ਇਰੀਗੇਸਨ ਹਮੇਸਾ ਹਰਿਆਣਾ ਤੋਂ ਲਿਆ ਜਾਂਦਾ ਸੀ। ਪੰਜਾਬ ਤੇ ਹਰਿਆਣਾ ਦੋਨੋਂ ਹੀ ਮੁੱਖ ਸਟੇਟ ਹੋਲਡਰ ਸਨ। ਪੰਜਾਬ ਦਾ ਹਿੱਸਾ 51.80 ਪ੍ਰਤੀਸਤ, ਹਰਿਆਣਾ ਦਾ ਹਿੱਸਾ 37.88 ਪ੍ਰਤੀਸਤ ਸੀ। ਬਾਕੀ ਹਿੱਸਾ ਹਿਮਾਚਲ ਤੇ ਰਾਜਸਥਾਨ ਦਾ ਹੈ। ਪੰਜਾਬ ਰਾਜ ਦੇ ਆਪਣੇ ਹਿੱਸੇ ਮੁਤਾਬਕ ਬੀ ਬੀ ਐੱਮ ਬੀ ਅਧੀਨ ਕੁੱਲ 1565 ਮਨਜ਼ੂਰਸੁਦਾ ਅਸਾਮੀਆਂ ਹਨ ਤੇ ਜਿਨ੍ਹਾਂ ਦਾ ਸਾਲ 2020/21 ਦੌਰਾਨ ਪੰਜਾਬ ਨੇ 276 ਕਰੋੜ ਰੁਪਏ ਅਦਾ ਕੀਤਾ ਹੈ, ਪ੍ਰੰਤੂ ਬੜੀ ਹੈਰਾਨੀ ਦੀ ਗੱਲ ਹੈ 1565 ਅਸਾਮੀਆਂ ਵਿੱਚੋਂ 1237 ਉਦੋਂ ਖਾਲੀ ਸਨ, ਸਿਰਫ 328 ਕਰਮਚਾਰੀ ਤੇ ਅਧਿਕਾਰੀ ਹੀ ਸਾਡੀਆਂ ਸਰਕਾਰਾਂ ਉੱਥੇ ਭੇਜ ਸਕੀਆਂ ਸਨ। ਇਹਨਾਂ ਖਾਲੀ ਅਸਾਮੀਆਂ ਨੂੰ ਭਰਨ ਲਈ ਉਸ ਸਮੇਂ ਬੀ ਬੀ ਐੱਮ ਬੀ ਵੱਲੋਂ ਬਹੁਤ ਵਾਰੀ ਕਿਹਾ ਗਿਆ, ਪ੍ਰੰਤੂ ਸਾਡੀਆਂ ਸਰਕਾਰਾਂ ਨੇ ਸਮਾਂ ਰਹਿੰਦੇ ਨੋਟਿਸ ਨਹੀਂ ਲਿਆ। ਉਲਟਾ ਖਾਲੀ ਅਸਾਮੀਆਂ ਦੇ ਪੈਸੇ ਦੇ ਕੇ, ਚੱਟੀ ਭਰ ਕੇ, ਘਰ-ਘਰ ਨੌਕਰੀ ਦੇਣ ਵਾਲੀ ਲੀਰਾਂ ਦੀ ਖਿੱਦੋ ਨੂੰ ਅੱਜ ਕੇਂਦਰ ਨੇ 60 ਸਾਲਾਂ ਤੋਂ ਚੱਲੇ ਆ ਰਹੇ ਯੋਗ ਪ੍ਰਬੰਧ ਨੂੰ ਪਿਛਲੇ ਸਮੇਂ ਨਵਾਂ ਨੋਟੀਫਿਕੇਸਨ ਕਰਕੇ ਖਲਾਰ ਦਿੱਤਾ ਸੀ। ਨਹੀਂ ਤਾਂ ਕੀਹਨੇ ਪੁੱਛਣਾ ਸੀ। ਪੰਜਾਬ ਸਰਕਾਰ ਦੀ ਅਣਗਹਿਲੀ ਕਾਰਨ ਮੁਲਾਜ਼ਮ ਤਾਂ ਉੱਥੇ ਭੇਜੇ ਨਹੀਂ, ਹੁਣ ਸਾਰੇ ਕੋਠੇ 'ਤੇ ਸਪੀਕਰ ਲਾ ਕੇ ਕਹਿ ਰਹੇ ਹਨ ਸਾਡੀ ਹਿੱਸੇਦਾਰੀ ਕੇਂਦਰ ਸਰਕਾਰ ਖਤਮ ਕਰਕੇ ਬਿਜਲੀ ਅਤੇ ਪਾਣੀਆਂ 'ਤੇ ਡਾਕਾ ਮਾਰਨ ਦੀਆਂ ਚਾਲਾਂ ਚੱਲ ਰਹੀ ਹੈ। ਓਹ ਭਲਿਓਮਾਣਸੋ ਹੁਣ ਕੇਂਦਰ ਸਿਰ ਦੋਸ ਮੜ੍ਹਨਾ ਕਿੰਨਾ ਕੁ ਜਾਇਜ਼ ਸੀ, ਕੇਂਦਰ ਨੇ ਦੇਖਿਆ ਕਿ ਪੰਜਾਬ ਤਾਂ ਬੀ ਬੀ ਐੱਮ ਬੀ 'ਤੇ ਆਪਣਾ ਦਾਅਵਾ ਹੀ ਛੱਡੀ ਬੈਠਾ ਹੈ। ਸਾਰੀਆਂ ਅਸਾਮੀਆਂ ਖਾਲੀ ਛੱਡ ਕੇ ਪੈਸੇ ਭਰੀ ਜਾਂਦੇ ਹਨ। ਕੁੰਭਕਰਨੀ ਨੀਂਦ ਤੋਂ ਜਾਗਣ ਦਾ ਨਾਂਅ ਹੀ ਨਹੀਂ ਲੈਂਦੇ, ਜਦੋਂ ਜਾਗਣਗੇ ਦੇਖਾਂਗੇ।

ਕੇਂਦਰ ਨੇ ਆਪਣੇ ਨਵੇਂ ਨੋਟੀਫਿਕੇਸਨ ਵਿੱਚ ਬੀ ਬੀ ਐੱਮ ਬੀ ਦੇ ਪੁਰਾਣੇ ਕਾਨੂੰਨਾਂ ਨੂੰ ਬਦਲਿਆ ਹੈ, ਜਿਸ ਵਿੱਚ ਚੇਅਰਮੈਨ ਤਾਂ ਪਹਿਲਾਂ ਹੀ ਬਾਹਰਲੇ ਰਾਜਾਂ ਤੋਂ ਲਿਆ ਜਾਂਦਾ ਸੀ, ਹੁਣ ਮੈਂਬਰਾਂ ਨੂੰ ਵੀ ਹਿੱਸੇਦਾਰ ਰਾਜਾਂ ਦੀ ਥਾਂ ਬਾਹਰਲੇ ਰਾਜਾਂ ਤੋਂ ਲਿਆ ਜਾ ਸਕਦਾ ਹੈ। ਪੰਜਾਬ ਨੂੰ ਤਾਂ ਆਸ ਸੀ ਕਿ ਮੈਂਬਰ ਪਾਵਰ ਦੀ ਭਾਈਵਾਲੀ ਮਿਲ ਜਾਵੇਗੀ, ਪ੍ਰੰਤੂ ਹਰਿਆਣੇ ਲਈ ਤਾਂ ਦਰਵਾਜ਼ੇ ਪੱਕੇ ਬੰਦ ਹੋ ਗਏ ਹਨ। ਮੈਂਬਰ ਪਾਵਰ ਤੇ ਮੈਂਬਰ ਇਰੀਗੇਸਨ ਲਈ ਨਵੀਆਂ ਯੋਗਤਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ ਕਿ ਇਹਨਾਂ ਵਾਸਤੇ 50 ਮੀਟਰ ਉੱਚੇ 300 ਮੀਟਰ ਲੰਮੇ ਤੇ 200 ਮੈਗਾਵਾਟ ਵਾਲੇ ਹਾਈਡਰੋ ਪਾਵਰ ਪਲਾਂਟ 'ਤੇ ਕੰਮ ਕਰਨ ਦਾ ਤਜਰਬਾ ਹਾਸਲ ਹੋਵੇ। ਹਰਿਆਣਾ ਕੋਲ ਅਜਿਹਾ ਕੋਈ ਵੀ ਡੈਮ ਨਹੀਂ ਹੈ, ਪੰਜਾਬ ਕੋਲ ਤਾਂ ਮੈਂਬਰ ਪਾਵਰ ਦੀ ਹਿੱਸੇਦਾਰੀ ਲਈ ਰਣਜੀਤ ਸਾਗਰ ਡੈਮ ਹੈ, ਜਿਸ 'ਤੇ ਕੰਮ ਕਰਨ ਦਾ ਬਹੁਤ ਇੰਜੀਨੀਅਰ ਅਧਿਕਾਰੀਆਂ ਦਾ ਤਜਰਬਾ ਹੋ ਚੁੱਕਾ ਹੈ। ਇਹ ਆਸ ਦੀ ਕਿਰਨ ਪੱਕੀ ਨਹੀਂ ਹੈ। ਪ੍ਰਬੰਧਕੀ ਢਾਂਚੇ ਵਿੱਚ ਉਥਲ-ਪੁਥਲ ਪੈਦਾ ਕਰਕੇ ਕੇਂਦਰ ਨੇ ਡੈਮ ਦੇ ਸ਼ਾਂਤ ਪਾਣੀਆਂ ਵਿੱਚ ਹਲਚਲ ਮਚਾਈ ਸੀ, ਜਿਸ ਕਾਰਨ ਅੱਜ ਮਈ 2025 ਵਿੱਚ ਹਰਿਆਣੇ ਨਾਲ ਪਾਣੀਆਂ ਦੇ ਮੁੱਦੇ 'ਤੇ ਜੰਗ ਤੇਜ ਹੋਈ ਹੈ।

ਹਰਿਆਣਾ ਅਤੇ ਪੰਜਾਬ ਦੋਨਾਂ ਰਾਜਾਂ ਵਿੱਚ



ਵੱਖ-ਵੱਖ ਪਾਰਟੀਆਂ ਦੀਆਂ ਸਰਕਾਰਾਂ ਹੋਣ ਕਾਰਨ ਸਿਆਸੀ ਰੰਜਿਸ਼ ਚਲੀ ਆ ਰਹੀ ਹੈ।

ਅੱਜ ਕੇਂਦਰ ਵਿੱਚ ਭਾਜਪਾ, ਹਰਿਆਣੇ ਵਿੱਚ ਭਾਜਪਾ ਤੇ ਦਿੱਲੀ ਵਿੱਚ ਭਾਜਪਾ ਹੈ। ਉਦੋਂ ਪਹਿਲਾਂ ਦਿੱਲੀ ਵਿੱਚ ਆਪ ਸਰਕਾਰ ਸੀ, ਪੰਜਾਬ ਵਿੱਚ ਆਪ ਸਰਕਾਰ ਸੀ ਤੇ ਹੈ। ਉਦੋਂ ਹਰਿਆਣੇ ਰਾਹੀਂ ਪਾਣੀ ਦਿੱਲੀ ਨੂੰ ਜਾਣਾ ਸੀ ਤਾਂ ਕਰਕੇ ਕੋਈ ਵਿਰੋਧ ਨਹੀਂ ਹੋਇਆ। ਅਸਲ ਵਿੱਚ ਲੋਕਾਂ ਦੀ ਖਾਤਰ ਮਾਣਯੋਗ ਕੋਰਟ ਵਿੱਚ ਰਿਪੇਰੀਅਨ ਐਕਟ ਦੇ ਤਹਿਤ ਪਾਣੀਆਂ ਦੀ ਕਾਨੂੰਨੀ ਲੜਾਈ ਲੜਨੀ ਪੰਜਾਬ ਦੇ ਭਲੇ ਲਈ ਠੀਕ ਹੈ। ਦੇਸ ਦੇ ਲੋਕਾਂ ਨੂੰ ਇਹ ਭਲੀਭਾਂਤ ਸਮਝਣਾ ਪਵੇਗਾ ਕਿ ਪਾਣੀਆਂ ਦੇ ਹੱਕ ਦੀ ਲੜਾਈ ਲੜੀ ਜਾ ਰਹੀ ਹੈ ਜਾਂ ਮੁੜ ਸੱਤਾ ਹਾਸਲ ਕਰਨ ਲਈ ਲੜਾਈ ਲੜੀ ਜਾ ਰਹੀ ਹੈ।

ਰਿਪੇਰੀਅਰ ਕਾਨੂੰਨ ਅਨੁਸਾਰ ਪੰਜਾਬ ਦੇ ਪਾਣੀਆਂ ਦੇ ਮਾਲਕ ਪੰਜਾਬੀ ਹਨ, ਜਿਸ 'ਤੇ ਪੰਜਾਬ ਦਾ ਹੱਕ ਹੈ। ਪੁਰਾਣੇ ਅੰਕੜਿਆਂ ਨੂੰ ਜੇਕਰ ਆਧਾਰ ਮੰਨੀਏ ਤਾਂ ਉਸ ਦੇ ਮੁਕਾਬਲੇ ਅੱਜ ਬਹੁਤ ਅੰਤਰ ਹੈ। ਪਹਿਲਾਂ ਖੇਤੀ ਹੇਠ ਰਕਬਾ ਬਹੁਤ ਘੱਟ ਸੀ, ਅੱਜ ਮਾਡਰਨ ਖੇਤੀ ਹੇਠ ਰਕਬਾ ਵਧਿਆ ਹੈ। ਅੱਜ ਪੰਜਾਬ ਨੂੰ ਤਕਰੀਬਨ 550 ਲੱਖ ਏਕੜ ਫੁੱਟ ਪਾਣੀ ਦੀ ਲੋੜ ਹੈ। ਇਸ ਦੇ ਮੁਕਾਬਲੇ ਅੱਧ ਤੋਂ ਵੀ ਘੱਟ ਪਾਣੀ ਮਿਲ ਰਿਹਾ ਹੈ। ਨਹਿਰੀ ਪਾਣੀ ਨਾਲ ਪਹਿਲਾਂ 50 ਫੀਸਦੀ ਤੋਂ ਵੱਧ ਹਿੱਸਾ ਸਿੰਜਾਈ ਹੁੰਦਾ ਸੀ, ਉਸ ਦੇ ਮੁਕਾਬਲੇ ਅੱਜ ਸਿਰਫ 25 ਫੀਸਦੀ ਦੇ ਕਰੀਬ ਹੀ ਰਹਿ ਗਿਆ ਹੈ। ਰਿਪੇਰੀਅਨ ਕਾਨੂੰਨ ਨਾ ਪੰਜਾਬ ਸਰਕਾਰ ਤੇ ਨਾ ਬਾਕੀ ਸਰਕਾਰਾਂ ਅਸਲ ਪਰਿਭਾਸਾ ਅਨੁਸਾਰ ਮੰਨ ਕੇ ਲਾਗੂ ਕਰ ਰਹੀਆਂ ਹਨ। ਜਦੋਂ ਕੋਈ ਸਿਆਸੀ ਪਾਰਟੀ ਸੱਤਾ ਵਿੱਚ ਹੁੰਦੀ ਹੈ, ਉਦੋਂ ਉਸ ਦਾ ਨਜ਼ਰੀਆ ਪਾਣੀਆਂ ਦੀ ਵੰਡ ਸਬੰਧੀ ਹੋਰ ਹੁੰਦਾ, ਜਦੋਂ ਵਿਰੋਧੀ ਧਿਰ ਵਾਲੇ ਪਾਸੇ ਹੁੰਦੀ ਹੈ, ਉਦੋਂ ਨਜ਼ਰੀਆ ਹੋਰ ਹੁੰਦਾ ਹੈ। ਇਸ ਲਈ ਅਜਿਹੀ ਲੜਾਈ ਵਿੱਚ ਨੁਕਸਾਨ ਲੋਕਾਂ ਦਾ ਹੀ ਹੁੰਦਾ ਹੈ। ਭਾਵੇਂ ਛੁਰੀ ਖਰਬੂਜ਼ੇ ਤੇ ਵੱਜੇ ਜਾਂ ਖਰਬੂਜ਼ਾ ਛੁਰੀ 'ਤੇ। ਪੰਜਾਬ ਵਾਸੀਆਂ ਨੂੰ ਸਮਝਣਾ ਪਵੇਗਾ ਕਿ ਸਾਡੇ ਨਾਲ ਹੋ ਕੀ ਰਿਹਾ ਹੈ ਅਜੇ ਤਾਂ ਪਾਣੀਆਂ ਦਾ ਇੱਕ ਹੋਰ ਮੁੱਦਾ ਦੱਬਿਆ ਪਿਆ ਹੈ, ਐੱਸ ਵਾਈ ਐੱਲ ਨਹਿਰ। ਝੋਨੇ ਹੇਠਲਾ ਰਕਬਾ ਘਟਾ ਕੇ, ਫਸਲੀ ਚੱਕਰ ਅਪਣਾ ਕੇ, ਡੂੰਘੇ ਹੋ ਰਹੇ ਪਾਣੀ ਦੇ ਪੱਧਰ ਤੇ ਇਸ ਦੀ ਗੁਣਵੱਤਾ ਨੂੰ ਸਹੀ ਕਰਨ ਵੱਲ ਧਿਆਨ ਦੇਣ ਦੀ ਲੋੜ ਹੈ। 21 ਮਈ ਤੋਂ ਤਾਂ ਅਗਲੇ ਸਾਲ ਦੇ ਅਖੀਰ ਤੱਕ ਹਰਿਆਣੇ ਨੂੰ ਪਾਣੀ ਦੇਣ ਦਾ ਰੇੜਕਾ ਕੁਦਰਤੀ ਤੌਰ 'ਤੇ ਹੀ ਖਤਮ ਹੈ। ਰਹੀ ਗੱਲ ਹੋਰ ਵਾਧੂ ਪਾਣੀ ਦੀ ਉਹ ਤਾਂ ਕੁਦਰਤ ਦੇ ਹੱਥ ਡੋਰਾਂ ਹਨ। ਹੁਣ ਜਦੋਂ ਪਤਾ ਹੈ ਕਿ ਹਰਿਆਣਾ ਵਿੱਚ ਗਰਮੀ ਕਾਰਨ ਪੀਣ ਵਾਲੇ ਪਾਣੀ ਦੀ ਕਿੱਲਤ ਆ ਚੁੱਕੀ ਹੈ। ਇੱਕ-ਇੱਕ ਪਾਣੀ ਦਾ ਟੈਂਕਰ ਅੱਠ, ਨੌਂ ਸੌਂ ਰੁਪਏ ਵਿੱਚ ਵਿਕ ਰਿਹਾ ਹੈ ਤਾਂ ਪੰਜਾਬ ਵਾਸੀਆਂ ਨੂੰ ਵੀ ਸਮਝਣਾ ਚਾਹੀਦਾ ਹੈ ਜੇਕਰ ਅਸੀਂ ਵੀ ਪਾਣੀ ਦੀ ਸੰਭਾਲ ਨਾ ਕੀਤੀ ਤਾਂ ਸਾਨੂੰ ਵੀ ਮਹਿੰਗੇ ਪਾਣੀ ਦੇ ਟੈਂਕਰ ਖ਼ਰੀਦਣ ਵਾਸਤੇ ਤਿਆਰ ਰਹਿਣਾ ਹੋਵੇਗਾ।

**# ਸੰਪਰਕ : 96462-00468**

# ਦੀਦਾਰੇਵਾਲਾ ਦੀ ਅਗਵਾਈ ਹੇਠ ਆਪ ਆਗੂਆਂ ਨੇ ਨੰਗਲ ਡੈਮ 'ਤੇ ਦਿੱਤਾ ਰੋਸ ਧਰਨਾ

**ਬਾਘਾ ਪੁਰਾਣਾ** (ਮਨੀ ਸਿੰਗਲਾ)- ਕੇਂਦਰ ਸਰਕਾਰ ਦੀਆਂ ਪੰਜਾਬ ਵਿਰੋਧੀ ਨੀਤੀਆਂ ਕਰਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐਮ ਬੀ) ਵਲੋਂ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਦੇ ਰੋਸ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਜਿੱਥੇ ਪੰਜਾਬ ਦਾ 'ਪੁੱਤ' ਬਣ ਕੇ ਪਾਣੀ ਬਚਾਉਣ ਲਈ ਪੈਰਵੀ ਕੀਤੀ ਜਾ ਰਹੀ ਹੈ ਉੱਥੇ ਆਮ ਆਦਮੀ ਪਾਰਟੀ ਵਲੋਂ ਭਾਖੜਾ ਡੈਮ ਤੇ ਲੜੀਵਾਰ ਰੋਸ ਧਰਨੇ ਦਿੱਤੇ ਜਾ ਰਹੇ ਹਨ। ਇਸੇ ਕੜੀ ਤਹਿਤ ਅੱਜ ਜ਼ਿਲ੍ਹਾ ਪ੍ਰਧਾਨ ਹਰਮਨਜੀਤ ਸਿੰਘ ਦੀਦਰੇਵਾਲਾ ਚੇਅਰਮੈਨ ਜ਼ਿਲਾ ਯੋਜਨਾ ਬੋਰਡ ਮੋਗਾ ਦੀ ਅਗਵਾਈ ਹੇਠ ਮੋਗਾ ਜ਼ਿਲ੍ਹੇ ਦੀ ਟੀਮ ਵਲੋਂ ਰੋਸ ਧਰਨਾ ਦਿੱਤਾ ਗਿਆ। ਦਿਨ ਰਾਤ ਦੇ ਧਰਨੇ ਦੌਰਾਨ ਸੰਬੋਧਨ ਕਰਦਿਆਂ ਚੇਅਰਮੈਨ ਦੀਦਰੇਵਾਲਾ ਅਤੇ ਮਾਰਕੀਟ ਕਮੇਟੀ ਮੋਗਾ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਨੇ ਦੋਸ਼ ਲਗਾਇਆ ਕਿ ਦਹਾਕਿਆਂ ਤੋਂ ਬੀ ਬੀ ਐਮ ਬੀ 'ਤੇ ਖਰਚ ਸਾਡੀ ਸੂਬਾ ਸਰਕਾਰ ਵੀ ਕਰ ਰਹੀ ਹੈ ਪ੍ਰੰਤੂ ਇਹ ਕੇਂਦਰ ਸਰਕਾਰ ਦਾ ਹੱਥ ਠੋਕਾ ਬਣ ਕੇ ਚੱਲਦਾ ਜੋ ਠੀਕ ਨਹੀਂ। ਉਨ੍ਹਾਂ ਕਿਹਾ ਕਿ ਕੁੱਲ ਬਜਟ ਦਾ 60 ਫ਼ੀਸਦੀ ਖਰਚ ਪੰਜਾਬ ਝੱਲਦਾ ਹੈ ਜਦੋਂਕਿ ਹਰਿਆਣਾ ਅਤੇ ਰਾਜਸਥਾਨ 40 ਫ਼ੀਸਦੀ ਖਰਚਾ ਦਿੰਦੇ ਹਨ ਪ੍ਰੰਤੂ ਜਦੋਂ ਪੰਜਾਬ ਨੂੰ ਪਾਣੀ ਦੀ ਲੋੜ ਹੁੰਦੀ ਹੈ ਤਾਂ ਉਦੋਂ ਪੰਜਾਬ ਨਾਲ ਧੱਕੇਸ਼ਾਹੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਰਵਾਇਤੀ ਧਿਰਾਂ ਦੀਆਂ ਸਰਕਾਰਾਂ ਨੇ ਸਮੇਂ ਸਿਰ ਪਾਣੀ ਬਚਾਉਣ ਲਈ ਕੋਈ ਕਦਮ ਨਹੀਂ ਚੁੱਕੇ ਜਿਸ ਕਰਕੇ ਅੱਜ ਹਾਲਾਤ ਇਹ ਪੈਦਾ ਹੋ ਗਏ ਹਨ ਕਿ ਆਪ ਸਰਕਾਰ ਨੂੰ ਪਾਣੀ ਬਚਾਉਣ ਲਈ ਸਖ਼ਤ ਸਟੈਂਡ ਲੈਣਾ ਪਿਆ ਹੈ। ਉਨ੍ਹਾਂ ਕਿਹਾ ਕਿ ਬੀ ਬੀ ਐਮ ਬੀ ਦਾ ਸਲਾਨਾ ਖਰਚ 120 ਕਰੋੜ ਰੁਪਏ ਤੱਕ ਹੈ ਅਤੇ ਇਸੇ ਨਾਲ ਹੀ ਇਸ ਦੇ ਚੇਅਰਮੈਨ ਦੀ ਤਨਖਾਹ ਤੱਕ ਵੀ ਸੂਬੇ ਤਾਰਦੇ ਹਨ ਪ੍ਰੰਤੂ ਕੇਂਦਰ ਦਾ ਇਸ 'ਤੇ ਵੱਧ ਰਿਹਾ ਕੰਟਰੋਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਪਣੇ ਮੁੱਖ ਮੰਤਰੀ 'ਤੇ ਮਾਣ ਹੈ ਜਿਸ ਨੇ ਹੁਣ ਇਹ ਕਦਮ ਚੁੱਕੇ ਹਨ। ਇਸ ਮੌਕੇ ਪ੍ਰਧਾਨ ਰਿੱਕੀ ਅਰੋੜਾ, ਨਰਿੰਦਰ ਸ਼ਰਮਾ, ਜੋਗਿੰਦਰ ਸਿੰਘ, ਮੰਗਤ ਸਿੰਘ ਆਦਿ ਹਾਜ਼ਰ ਸਨ।



# ਭਾਜਪਾ ਨੇ ਕੱਢੀ ਵਿਸ਼ਾਲ ਤਿਰੰਗਾ ਯਾਤਰਾ

**ਪਾਤੜਾਂ** (ਨਿਸ਼ਾਨ ਸਿੰਘ ਬਣਵਾਲਾ) ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਦੇ ਵਿਰੋਧ ਵਿੱਚ ਭਾਰਤੀ ਫੌਜ ਵੱਲੋਂ ਚਲਾਏ ਗਏ ਉਪਰੇਸ਼ਨ ਸੰਦੂਰ ਦੀ ਕਾਮਯਾਬੀ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਵੱਲੋਂ ਦੇਸ਼ ਭਰ ਵਿੱਚ ਕੱਢੀ ਜਾ ਰਹੀ ਤਿਰੰਗਾ ਯਾਤਰਾ ਦੀ ਲੜੀ ਤਹਿਤ ਪਾਤੜਾਂ ਵਿਖੇ ਵੀ ਤਿਰੰਗਾ ਯਾਤਰਾ ਦਾ ਆਯੋਜਨ ਕੀਤਾ ਗਿਆ। ਭਾਜਪਾ ਮੰਡਲ ਪ੍ਰਧਾਨ ਸਤੀਸ਼ ਕੁਮਾਰ ਗਰਗ ਤੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਦੀ ਅਗਵਾਈ ਵਿੱਚ ਕੱਢੀ ਗਈ ਯਾਤਰਾ ਦੌਰਾਨ ਜ਼ਿਲ੍ਹਾ ਪ੍ਰਧਾਨ ਹਰਮੇਸ਼ ਗੋਇਲ, ਮੀਤ ਪ੍ਰਧਾਨ ਸੋਨੂ ਮਿੱਤਲ ਨੇ ਸ਼ਮੂਲੀਅਤ ਕੀਤੀ।ਸ਼ਹਿਰ ਦੇ ਪਟਿਆਲਾ ਰੋਡ ਉੱਤੇ ਸਥਿਤ ਸ਼ਿਵ ਮੰਦਰ ਤੋਂ ਸ਼ੁਰੂ ਹੋਈ ਯਾਤਰਾ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਦੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਂਕ ਤੋਂ ਹੁੰਦੀ ਹੋਈ ਨਰਵਾਣਾ ਰੋਡ, ਅਨਾਜ ਮੰਡੀ ਹੁੰਦਿਆਂ ਜਾਖਲ ਰੋਡ ਗੱਡਾ ਸਟੈਂਡ ਵਿਖੇ ਸਮਾਪਤ ਹੋਈ। ਇਕੱਠ ਨੂੰ ਸੰਬੋਧਨ ਕਰਦਿਆਂ ਭਾਜਪਾ ਆਗੂ ਹਰਮੇਸ਼ ਗੋਇਲ ਤੇ ਸੋਨੂੰ ਮਿੱਤਲ ਨੇ ਕਿਹਾ ਕਿ ਪਾਕਿਸਤਾਨ ਦੀ ਸ਼ਹਿ ਉੱਤੇ ਅੱਤਵਾਦੀਆਂ ਨੇ ਨਿਰਦੋਸ਼ ਭਾਰਤੀਆਂ ਨੂੰ ਸ਼ਹੀਦ ਕਰਕੇ ਬਹੁਤ ਸਾਰੀਆਂ ਭੈਣਾਂ ਦੇ ਸੰਦੂਰ ਉਜਾੜਨ ਦੀ ਕਾਇਰਤਾਪੂਰਨ ਹਰਕਤ ਕੀਤੀ, ਜਿਸ ਦਾ ਮੂੰਹ ਤੋੜਵਾਂ ਜਵਾਬ ਦਿੰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆਦੇਸ਼ ਉਤੇ ਭਾਰਤੀ ਫੌਜ ਵੱਲੋਂ ਆਪਰੇਸ਼ਨ ਸੰਦੂਰ ਤਹਿਤ ਪਾਕਿਸਤਾਨ ਦੇ ਵਿਚਲੇ ਅੱਤਵਾਦੀ ਟਿਕਾਣੇ ਤਬਾਹ ਕਰਕੇ ਬਦਲਾ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਭਾਵੇਂ ਆਪਰੇਸ਼ਨ ਸੰਦੂਰ ਮੁਲਤਵੀ ਕੀਤਾ ਗਿਆ ਹੈ, ਪਰ ਫੌਜ ਦਾ ਮਨੋਬਲ ਵਧਾਉਣ ਲਈ ਦੇਸ਼ ਭਰ ਵਿੱਚ ਤਿਰੰਗਾ ਯਾਤਰਾ ਕੱਢੀਆਂ ਜਾ ਰਹੀਆਂ ਹਨ। ਭਾਜਪਾ ਆਗੂਆਂ ਨੇ ਕਿਹਾ ਕਿ ਜੇਕਰ ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ ਨਾ ਆਇਆ ਤਾਂ ਆਉਣ ਵਾਲੇ ਸਮੇਂ ਵਿੱਚ ਵੀ ਪਾਕਿਸਤਾਨ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਨੇ ਹਲਾਤਾਂ ਉੱਤੇ ਆਪਣੀ ਬਾਜ਼ ਅੱਖ ਰੱਖੀ ਹੋਈ ਹੈ।ਬੇਸ਼ੱਕ ਭਾਰਤੀ ਫੌਜ ਨੇ ਪਾਕਿਸਤਾਨ ਦੇ ਅੰਦਰ ਜਾ ਕੇ ਫੌਜ ਅੱਤਵਾਦੀ ਟਿਕਾਣੇ ਤਬਾਹ ਕੀਤੇ, ਪਰ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦਾ ਕੋਈ ਨੁਕਸਾਨ ਨਹੀਂ ਪੁਚਾਇਆ, ਜਦੋਂ ਕਿ ਪਾਕਿਸਤਾਨੀ ਫੌਜ ਨੇ ਨਿਰਦੋਸ਼ ਭਾਰਤੀਆਂ ਨੂੰ ਮਾਰਨ ਲਈ ਬਹੁਤ ਸਾਰੀਆਂ ਮਿਜ਼ਾਇਲਾਂ ਚਲਾਈਆਂ, ਜਿਸ ਨੂੰ ਭਾਰਤ ਦੇ ਜਾਂਬਾਜ ਫੌਜੀਆਂ ਨੇ ਅਸਮਾਨ ਵਿੱਚ ਹੀ ਤਬਾਹ ਕਰ ਦਿੱਤਾ। ਮੰਡਲ ਪ੍ਰਧਾਨ ਸਤੀਸ਼ ਗਰਗ ਨੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੇਕਰ ਪਾਕਿਸਤਾਨ ਨੇ ਅੱਤਵਾਦੀਆਂ ਨੂੰ ਪਨਾਹ ਦੇਣੀ ਬੰਦ ਨਾ ਕੀਤੀ ਤਾਂ ਉਹ ਦਿਨ ਦੂਰ ਨਹੀਂ ਜਦੋਂ ਪਾਕਿਸਤਾਨ ਦਾ ਨਾਂਅ ਦੁਨੀਆ ਦੇ ਨਕਸ਼ੇ ਤੋਂ ਮਿਟ ਜਾਵੇਗਾ।



# ਨਸ਼ਾ ਮੁਕਤੀ ਯਾਤਰਾ ਲੋਕਾਂ ਲਈ ਹੋ ਰਹੀ ਕਾਰਗਰ ਸਾਬਤ

**ਤਲਵੰਡੀ ਸਾਬੋ** (ਜਗਦੀਪ ਗਿੱਲ) ਨਸ਼ਾ ਮੁਕਤੀ ਯਾਤਰਾ ਦੇ 5ਵੇਂ ਦਿਨ ਚੀਫ ਵਿੱਪ ਤੇ ਵਿਧਾਇਕਾ ਤਲਵੰਡੀ ਸਾਬੋ ਪ੍ਰੋ ਬਲਜਿੰਦਰ ਕੌਰ ਨੇ ਪਿੰਡ ਨੰਗਲਾ, ਨਥੇਹਾ ਤੇ ਲਹਿਰੀ ਵਿਖੇ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਨੂੰ ਹਸਦਾ, ਵਸਦਾ ਤੇ ਨਸ਼ਾ ਮੁਕਤ ਬਣਾਉਣ ਦੇ ਵੇਖੇ ਗਏ ਸੁਪਨਿਆਂ ਨੂੰ ਸਾਕਾਰ ਕਰਨ ਲਈ ਨਸ਼ਾ ਮੁਕਤੀ ਯਾਤਰਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਰੋਜ਼ਾਨਾ ਦੇ ਆਧਾਰ ਉਤੇ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਇਸ ਵੱਡੀ ਸਮਾਜਿਕ ਬੁਰਾਈ ਦੇ ਖਾਤਮੇ ਲਈ ਇੱਕਜੁੱਟ ਕੀਤਾ ਜਾਵੇਗਾ। ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਡਿਫੈਂਸ ਕਲੋਨੀ, ਬੀਬੀਵਾਲਾ ਤੇ ਪਿੰਡ ਗੋਬਿੰਦਪੁਰਾ ਦੀਆਂ ਰੱਖਿਆਂ ਕਮੇਟੀਆਂ ਨਾਲ ਮੀਟਿੰਗਾਂ ਕਰਨ ਮੌਕੇ ਕਿਹਾ ਕਿ ਜਿਹੜੇ ਲੋਕ ਕਿਸੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਉਨ੍ਹਾਂ ਦਾ ਮੁਫ਼ਤ ਇਲਾਜ ਸਰਕਾਰ ਵੱਲੋਂ ਕਰਾਇਆ ਜਾ ਰਿਹਾ ਹੈ ਅਤੇ ਉਹ ਅਜਿਹੇ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖਲ ਹੋ ਕੇ ਆਪਣਾ ਇਲਾਜ ਜ਼ਰੂਰ ਕਰਾਇਆ ਜਾਵੇ।ਉਨ੍ਹਾਂ ਲੋਕਾਂ ਨੂੰ ਇਕਜੁਟ ਹੋਣ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਨਸ਼ਾਂ ਤਸਕਰਾਂ ਖਿਲਾਫ਼ ਜਾਣਕਾਰੀ ਸਿਵਲ ਤੇ ਪੁਲਸ ਪ੍ਰਸ਼ਾਸਨ ਨਾਲ ਸਾਂਝੀ ਕੀਤੀ ਜਾਵੇ ਤਾਂ ਜੋ ਮਾੜੀ ਅਲਾਮਤ ਦਾ ਪੂਰੀ ਤਰ੍ਹਾਂ ਖਾਤਮਾ ਹੋ ਸਕੇ। ਉਨ੍ਹਾਂ ਨੋਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿੰਦਿਆਂ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਵੀ ਕੀਤਾ । ਇਸ ਮੌਕੇ ਵਿਧਾਇਕ ਸ਼੍ਰੀ ਬਲਕਾਰ ਸਿੰਘ ਸਿੱਧੂ ਨੇ ਪਿੰਡ ਢਪਾਲੀ, ਢਪਾਲੀ ਖੁਰਦ ਅਤੇ ਹਰਨਾਮ ਸਿੰਘ ਵਾਲਾ ਵਿਖੇ ਰੱਖਿਆ ਕਮੇਟੀ ਨਾਲ ਮੀਟਿੰਗਾਂ ਕਰਨ ਉਪਰੰਤ ਕਿਹਾ ਕਿ 'ਨਸ਼ਾ ਮੁਕਤੀ ਯਾਤਰਾ' ਲੋਕ ਲਹਿਰ ਵਜੋਂ ਉਭਰੇਗੀ। ਵਿਧਾਇਕ ਮੌੜ ਸੁਖਬੀਰ ਸਿੰਘ ਮਾਈਸਰਖਾਨਾ ਨੇ ਪਿੰਡ ਪੀਰਕੋਟ, ਘੁੰਮਣਕਲਾ ਅਤੇ ਭਾਈ ਬਖਤੌਰ ਦੀਆਂ ਰੱਖਿਆ ਕਮੇਟੀ ਨਾਲ ਮੀਟਿੰਗਾਂ ਕੀਤੀਆਂ। ਚੇਅਰਮੈਨ ਸ਼੍ਰੀ ਅੰਮ੍ਰਿਤ ਲਾਲ ਅਗਰਵਾਲ ਨੇ ਸ਼ਹਿਰ ਦੇ ਵਾਰਨ ਨੰਬਰ 27, 29 ਅਤੇ 49 ਦਾ ਦੌਰਾ ਕੀਤਾ। ਉਨ੍ਹਾਂ ਸ਼ਹਿਰ ਵਾਸੀਆਂ ਕਿਹਾ ਕਿ ਅੱਜ ਲੋੜ ਹੈ ਕਿ ਪੰਜਾਬ ਦੇ ਪਾਣੀ ਤੇ ਜਵਾਨੀ ਬਚਾਏ ਜਾਣ, ਇਸ ਲਈ ਪੰਜਾਬ ਸਰਕਾਰ ਡਟੀ ਹੋਈ ਹੈ ਤੇ ਲੋਕ ਵੀ ਪੂਰਾ ਸਹਿਯੋਗ ਦੇਣ।



# ਦਸਮੇਸ਼ ਮਿਸ਼ਨ ਸਕੂਲ 'ਚ ਕੌਮੀ ਅੱਤਵਾਦ ਵਿਰੋਧੀ ਦਿਵਸ ਮਨਾਇਆ




**ਕੋਟਕਪੂਰਾ** (ਰਛਪਾਲ ਭੁੱਲਰ) ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਕੌਮੀ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਸਕੂਲ ਦੇ ਐਨ.ਐਸ.ਐਸ. ਯੂਨਿਟ ਦੇ ਵਿਦਿਆਰਥੀਆਂ ਨੇ ਭਾਗ ਲਿਆ।ਸਕੂਲ ਦੇ ਅਧਿਆਪਕ ਗੁਰਸ਼ਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਕੌਮੀ ਅੱਤਵਾਦ ਵਿਰੋਧੀ ਦਿਵਸ ਹਰ ਸਾਲ 21 ਮਈ ਨੂੰ ਆਮ ਲੋਕਾਂ ਦੇ ਦੁੱਖਾਂ ਨੂੰ ਉਜਾਗਰ ਕਰਕੇ ਨੌਜਵਾਨਾਂ ਨੂੰ ਅੱਤਵਾਦ ਤੇ ਹਿੰਸਾ ਤੋਂ ਦੂਰ ਕਰਨ ਤੇ ਕੌਮੀ ਸੁਰੱਖਿਆ ਦੇ ਲਈ ਇਸਦੇ ਖਤਰੇ ਨੂੰ ਦਰਸਾਉਣ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ।ਇਸ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ ਵੱਲੋਂ ਵੀ ਇਸ ਦਿਵਸ ਸਬੰਧੀ ਭਾਸ਼ਣ ਦਿੱਤੇ ਗਏ।ਇਸ ਸਮੇਂ ਐਨ.ਐਸ. ਐਸ. ਪ੍ਰੋਗਰਾਮ ਅਫਸਰ ਸ਼ਮਿੰਦਰ ਕੌਰ ਸਕੂਲ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ, ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਤੇ ਹੋਰ ਸਕੂਲ ਅਧਿਆਪਕ ਹਾਜ਼ਰ ਸਨ ।

# ਐਡਵੋਕੇਟ ਸ਼ਰਮਾ ਦੀ ਕਹਾਣੀ 'ਦੋਸ਼ੀ ਕੌਣ' ਬਣੀ ਚਰਚਾ ਦਾ ਵਿਸ਼ਾ

**ਸਮਰਾਲਾ** (ਸੁਰਜੀਤ ਸਿੰਘ) ਸਾਹਿਤ ਸਭਾ ਰਜਿ. ਦੀ ਮਾਸਿਕ ਇਕੱਤਰਤਾ ਪ੍ਰਧਾਨ ਐਡਵੋਕੇਟ ਨਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਸਰਕਾਰੀ ਸਕੂਲ ਵਿਖੇ ਹੋਈ।ਇਕੱਤਰਤਾ ਦੌਰਾਨ ਸ਼੍ਰੋਮਣੀ ਉਰਦੂ ਸਾਹਿਤਕਾਰ ਸਰਦਾਰ ਪੰਛੀ ਦੇ ਬੇਟੇ ਅਰਵਿੰਦਰਪਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਰਚਨਾਵਾਂ ਦੇ ਦੌਰ ਵਿੱਚ ਕਹਾਣੀਕਾਰ ਐਡਵੋਕੇਟ ਨਰਿੰਦਰ ਸ਼ਰਮਾ ਵੱਲੋਂ ਕਹਾਣੀ 'ਦੋਸ਼ੀ ਕੌਣ' ਸੁਣਾਈ ਗਈ ਗਈ, ਜਿਸ ਉੱਤੇ ਹਾਜ਼ਰ ਲੇਖਕਾਂ ਵੱਲੋਂ ਬਹੁਤ ਬਰੀਕੀ ਨਾਲ ਘੋਖ ਪੜਤਾਲ ਕਰਕੇ ਬਹਿਸ ਕੀਤੀ ਗਈ।ਵਿਚਾਰ ਚਰਚਾ ਦੌਰਾਨ ਕਹਾਣੀਕਾਰ ਬਲਵਿੰਦਰ ਗਰੇਵਾਲ ਤੇ ਕਹਾਣੀਕਾਰ ਮੁਖਤਿਆਰ ਸਿੰਘ ਵੱਲੋਂ ਕਹਾਣੀ ਦੇ ਵਿਸ਼ੇ ਤੇ ਨਿਭਾਅ ਦੀ ਸਹਾਰਨਾ ਕਰਦਿਆਂ ਕੁਝ ਸੁਝਾਅ ਵੀ ਦਿੱਤੇ ਗਏ। ਕਹਾਣੀਕਾਰ ਰਵਿੰਦਰ ਰੁਪਾਲ ਕੌਲਗੜ੍ਹ ਵੱਲੋਂ ਕਹਾਣੀ 'ਜੜ੍ਹਾਂ ਵਾਲੀ ਅਮਰਵੇਲ' ਨਾਲ ਹਾਜ਼ਰੀ ਲਵਾਈ ਗਈ।ਸੰਤੋਖ ਸਿੰਘ ਕੋਟਾਲਾ ਵੱਲੋਂ ਲੇਖ 'ਕੋਟਾਲਾ ਪਿੰਡ ਦਾ ਚੌਗਿਰਦਾ' ਨਾਲ ਹਾਜ਼ਰੀ ਲਵਾਈ ਗਈ, ਜਿਸ 'ਤੇ ਵਿਚਾਰ ਵਟਾਂਦਰਾ ਕਰਦਿਆਂ ਇਤਿਹਾਸਕਾਰ ਸਿਮਰਜੀਤ ਸਿੰਘ ਕੰਗ ਤੇ ਸਾਥੀਆਂ ਵੱਲੋਂ ਕੋਟਾਲਾ ਬਾਰੇ ਹੋਰ ਜਾਣਕਾਰੀ ਵੀ ਸਾਂਝੀ ਕੀਤੀ ਗਈ। ਕਹਾਣੀਕਾਰ ਸੰਦੀਪ ਸਮਰਾਲਾ ਤੇ ਪ੍ਰਭਪ੍ਰੀਤ ਲੁਧਿਆਣਾ ਨੇ ਕਵਿਤਾਵਾਂ ਪੇਸ਼ ਕੀਤੀਆਂ।ਕਹਾਣੀਕਾਰਾ ਯਤਿੰਦਰ ਮਾਹਲ ਵੱਲੋਂ ਇਰਾਨੀ ਲੇਖਿਕਾ ਮੋਨੀਰੋ ਰਵਾਨੀਪੋਰ ਦੀ ਕਹਾਣੀ 'ਦ ਸੈਡ ਸਟੋਰੀ ਆਫ਼ ਲਵ' ਦਾ ਪੰਜਾਬੀ ਅਨੁਵਾਦ 'ਮੁਹੱਬਤ ਦੀ ਉਦਾਸ ਦਾਸਤਾਂ' ਸੁਣਾ ਕੇ ਅਨੁਵਾਦਕ ਸਾਹਿਤ ਵਿੱਚ ਕਦਮ ਰੱਖਿਆ।ਜਵਾਲਾ ਸਿੰਘ ਥਿੰਦ ਵੱਲੋਂ ਕਵਿਤਾ ਤੇ ਮਿਡਲ ਪੇਸ਼ ਕੀਤਾ।ਕਹਾਣੀਕਾਰ ਬਲਵਿੰਦਰ ਗਰੇਵਾਲ ਵੱਲੋਂ ਗੁਜਰਾਤ ਭੁੱਜ 'ਚ ਆਏ ਭੂਚਾਲ ਸੰਬੰਧੀ ਲੇਖ 'ਮਲਬੇ ਦੇ ਢੇਰ 'ਚ ਖੜ੍ਹੇ ਸਤੰਭ' ਸੁਣਾਇਆ ਗਿਆ। ਇਕੱਤਰਤਾ ਮੌਕੇ ਕਹਾਣੀਕਾਰ ਮੁਖਤਿਆਰ ਸਿੰਘ ਨੂੰ 83ਵੇਂ ਜਨਮ ਦਿਨ ਮੌਕੇ ਮੁਬਾਰਕ ਕਹਿੰਦਿਆਂ ਸਾਥੀਆਂ ਨੇ ਉਨ੍ਹਾਂ ਦੀ ਤੰਦਰੁਸਤੀ ਤੇ ਉਮਰਦਰਾਜ਼ੀ ਦੀ ਕਾਮਨਾ ਕੀਤੀ।



# ਚੰਨੀ ਨੂੰ ਸੰਸਦ ਰਤਨ ਸਨਮਾਨ ਮਿਲਣ 'ਤੇ ਜਗਸੀਰ ਸਿੰਘ ਕਾਲੇਕੇ ਨੇ ਦਿੱਤੀ ਵਧਾਈ

**ਬਾਘਾ ਪੁਰਾਣਾ** (ਮਨੀ ਸਿੰਗਲਾ)- ਕਾਂਗਰਸੀ ਪਾਰਟੀ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਅਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੂੰ ਸੰਸਦ ਰਤਨ ਸਨਮਾਨ ਮਿਲਣ 'ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਨਮਾਨ ਸਿਰਫ਼ ਇਕ ਵਿਅਕਤੀ ਦੀ ਜਿੱਤ ਨਹੀਂ ਸਗੋਂ ਪੰਜਾਬ ਦੇ ਹਰ ਕਿਸਾਨ ਅਤੇ ਮਜ਼ਦੂਰ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਚੰਨੀ ਨੇ ਹਮੇਸ਼ਾ ਗਰੀਬ, ਪਛੜੇ, ਕਿਸਾਨਾਂ ਅਤੇ ਮਜ਼ਦੂਰਾਂ ਦੀ ਆਵਾਜ਼ ਨੂੰ ਸੰਸਦ ਵਿਚ ਮਜ਼ਬੂਤੀ ਨਾਲ ਉਠਾਇਆ ਹੈ ਅਤੇ ਇਹ ਸਨਮਾਨ ਉਸ ਉਨ੍ਹਾਂ ਦੀ ਸਮਰਪਿਤ ਸੋਚ ਅਤੇ ਮਿਹਨਤ ਦਾ ਪਰਿਣਾਮ ਹੈ। ਉਨ੍ਹਾਂ ਦੱਸਿਆ ਕਿ ਚੰਨੀ ਵੱਲੋਂ ਜਿਨ੍ਹਾਂ ਮਾਮਲਿਆਂ 'ਤੇ ਰਿਪੋਰਟਾਂ ਰਾਹੀਂ ਰੋਸ਼ਨੀ ਪਾਈ ਗਈ, ਉਹ ਸਿਰਫ਼ ਚੋਣ ਅਤੇ ਰਾਜਨੀਤਕ ਲਾਭ ਲੈਣ ਵਾਲੀਆਂ ਨਹੀਂ ਸਨ, ਸਗੋਂ ਜ਼ਮੀਨੀ ਹਕੀਕਤਾਂ 'ਤੇ ਅਧਾਰਤ, ਹੱਕਾਂ ਦੀ ਬੁਨਿਆਦ 'ਤੇ ਮੰਗਾਂ ਨੂੰ ਸੰਸਦ ਵਿਚ ਪੇਸ਼ ਕਰਨ ਵਾਲੀਆਂ ਸਨ। ਇਨ੍ਹਾਂ ਰਿਪੋਰਟਾਂ ਦੀ ਭੂਮਿਕਾ ਕੇਵਲ ਨੀਤੀ ਬਣਾਉਣ ਵਿਚ ਨਹੀਂ, ਸਗੋਂ ਕਿਸਾਨੀ ਖੇਤਰ ਅਤੇ ਮਜ਼ਦੂਰ ਵਰਗ ਦੀ ਜੀਵਨ ਰੇਖਾ ਸੰਵਾਰਨ ਵਿਚ ਵੀ ਮੱਦਦਗਾਰ ਰਹੀ। ਕਾਲੇਕੇ ਨੇ ਕਿਹਾ ਕਿ ਪੰਜਾਬੀ ਰਾਜਨੀਤੀ ਵਿਚ ਚੰਨੀ ਵਰਗੇ ਨੇਤਾ ਦੀ ਹਮੇਸ਼ਾ ਲੋੜ ਰਹੇਗੀ, ਜੋ ਵਿਅਕਤੀਗਤ ਨਹੀਂ ਸਗੋਂ ਸਮੂਹ ਵਰਗਾਂ ਦੇ ਹੱਕਾਂ ਦੀ ਰੱਖਿਆ ਕਰਦੇ ਹਨ। ਉਨ੍ਹਾਂ ਆਖਿਆ ਕਿ ਚੰਨੀ ਨੇ ਕਿਸੇ ਵੀ ਮੰਚ 'ਤੇ ਪੰਜਾਬੀ ਮਜ਼ਦੂਰ ਅਤੇ ਕਿਸਾਨ ਦੀ ਆਵਾਜ਼ ਨੂੰ ਕਦੇ ਥੱਲੇ ਨਹੀਂ ਹੋਣ ਦਿੱਤਾ। ਉਨ੍ਹਾਂ ਕਿਹਾ ਕਿ ਜਦੋਂ ਸੰਸਦ ਵਰਗੇ ਸਭਾ ਵਿਚ ਕਿਸੇ ਪੰਜਾਬੀ ਆਵਾਜ਼ ਨੂੰ ਉਸੰਸਦ ਰਤਨ ਵਰਗਾ ਸਨਮਾਨ ਮਿਲਦਾ ਹੈ ਤਾਂ ਇਹ ਸਿਰਫ਼ ਇੱਕ ਸਨਮਾਨ ਨਹੀਂ ਸਗੋਂ ਇਕ ਸੰਕੇਤ ਹੁੰਦਾ ਹੈ ਕਿ ਪੰਜਾਬੀ ਕਿਸਾਨ ਅਤੇ ਮਜ਼ਦੂਰ ਦੀ ਹਾਲਤ ਸੰਵਾਰਨ ਦੀ ਲੋੜ ਨੂੰ ਦੇਸ਼ ਦੀ ਸੰਸਦ ਵੀ ਮਹੱਤਵ ਦਿੰਦੀ ਹੈ। ਕਾਲੇਕੇ ਨੇ ਕਿਹਾ ਕਿ ਉਹ ਪ੍ਰਮਾਤਮਾ ਅੱਗੇ ਅਰਦਾਸੀ ਹਨ ਕਿ ਚੰਨੀ ਜੀ ਨੂੰ ਹੋਰ ਚੜ੍ਹਦੀ ਕਲਾ ਪ੍ਰਾਪਤ ਹੋਵੇ ਅਤੇ ਉਹ ਅਗਲੇ ਸਮੇਂ ਵਿਚ ਵੀ ਪੰਜਾਬ ਦੇ ਹੱਕ ਵਿਚ ਠੋਸ ਅਤੇ ਦਲੇਰ ਆਵਾਜ਼ ਬਣੇ ਰਹਿਣ।

# ਮਦਨ ਲਾਲ ਬੱਗਾ ਵੱਲੋਂ ਦਾਣਾ ਮੰਡੀ 'ਚ ਵਿਕਾਸ ਕਾਰਜਾਂ ਦਾ ਉਦਘਾਟਨ

**ਲੁਧਿਆਣਾ** (ਰਾਜ ਸਿੰਗਲਾ) ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 1 ਅਧੀਨ ਦਾਣਾ ਮੰਡੀ ਵਿਖੇ ਸੀਵਰੇਜ਼ ਤੇ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਨਾਲ ਮਾਰਕੀਟ ਕਮੇਟੀ ਲੁਧਿਆਣਾ ਦੇ ਚੇਅਰਮੈਨ ਗੁਰਜੀਤ ਸਿੰਘ ਗਿੱਲ, ਕੌਂਸਲਰ ਰਣਜੀਤ ਸਿੰਘ ਸਿਵੀਆ, ਕੌਂਸਲਰ ਅਮਨ ਬੱਗਾ ਖੁਰਾਣਾ, ਦਾਣਾ ਮੰਡੀ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮਨਜੀਤ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ, ਸਚਿਨ ਅਰੋੜਾ, ਮਨਿੰਦਰ ਅਹੂਜਾ, ਵਿਕਾਸ ਗੋਇਲ ਤੇ ਹੋਰ ਮੌਜੂਦ ਸਨ। ਵਿਧਾਇਕ ਮਦਨ ਲਾਲ ਬੱਗਾ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਕਰੀਬ 75 ਲੱਖ ਰੁਪਏ ਖਰਚ ਕੀਤੇ ਜਾਣਗੇ।ਕਾਬਲ ਏ ਜ਼ਿਕਰ ਹੈ ਕਿ ਅਨਾਜ ਮੰਡੀ ਦਾ ਏਰੀਆ ਪੰਜਾਬ ਮੰਡੀ ਬੋਰਡ ਦੇ ਅਧੀਨ ਪੈਂਦਾ ਹੈ ਤੇ ਇਸ ਸਬੰਧੀ ਵਿਧਾਇਕ ਬੱਗਾ ਵੱਲੋਂ ਕਰੀਬ ਦੋ ਮਹੀਨੇ ਪਹਿਲਾਂ ਵਿਧਾਨ ਸਭਾ ਸੈਸ਼ਨ ਵਿੱਚ ਇਹ ਮੁੱਦਾ ਚੁੱਕਿਆ ਗਿਆ ਸੀ ਕਿ ਨਿਗਮ ਵੱਲੋਂ ਮੰਡੀ ਦੇ ਵਿਕਾਸ ਕਾਰਜ ਨਹੀਂ ਕਰਾਏ ਜਾ ਰਹੇ।ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਅਨਾਜ ਮੰਡੀ ਦੇ ਵਿਕਾਸ ਪ੍ਰੋਜੈਕਟ ਨੂੰ ਹਰੀ ਝੰਡੀ ਦਿੰਦਿਆਂ ਗ੍ਰਾਂਟ ਜਾਰੀ ਕਰਾਈ ਗਈ ਹੈ।



# ਨੀਤੂ ਬਾਲਾ ਦੀ ਪਲੇਠੀ ਪੁਸਤਕ 'ਸਾਹਾਂ ਦਾ ਸੰਗੀਤ' ਲੋਕ ਅਰਪਣ

**ਫ਼ਾਜ਼ਿਲਕਾ** (ਨਿਸ਼ਾ ਸ਼ਰਮਾ) ਜ਼ਿਲ੍ਹਾ ਭਾਸ਼ਾ ਦਫ਼ਤਰ ਦੇ ਸਹਿਯੋਗ ਨਾਲ ਅਧਿਆਪਕਾ ਨੀਤੂ ਬਾਲਾ ਦੀ ਪਲੇਠੀ ਪੁਸਤਕ 'ਸਾਹਾਂ ਦਾ ਸੰਗੀਤ' ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 3 ਕੈਂਟ ਰੋਡ ਵਿਖੇ ਰਿਲੀਜ਼ ਕੀਤੀ ਗਈ। ਸਮਾਗਮ ਦੇ ਵਿਸ਼ੇਸ਼ ਮਹਿਮਾਨਾਂ ਵਜੋਂ ਉਪ ਜ਼ਿਲ੍ਹਾ ਸਿੱਖਿਆ ਅਫਸਰ ਪਰਮਿੰਦਰ ਸਿੰਘ, ਲਵਜੀਤ ਸਿੰਘ ਗਰੇਵਾਲ, (ਨੈਸ਼ਨਲ ਐਵਾਰਡੀ), ਪਰਮਿੰਦਰ ਸਿੰਘ ਖੋਜ ਅਫ਼ਸਰ, ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਾਜ਼ਿਲਕਾ, ਮੈਡਮ ਰਚਨਾ ਸੇਠੀ ਸੀਐਚਟੀ, ਜ਼ਿਲ੍ਹਾ ਕੋਆਡੀਨੇਟਰ ਵਿਜੇ ਪਾਲ ਸ਼ਾਮਲ ਹੋਏ। ਸਮਾਗਮ ਦੀ ਪ੍ਰਧਾਨਗੀ ਭੁਪਿੰਦਰ ਉਤਰੇਜਾ, ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਕੀਤੀ।ਸਮਾਗਮ ਵਿੱਚ ਮਨਜਿੰਦਰ ਤਨੇਜਾ ਦੇ ਸੰਗੀਤ ਨਿਰਦੇਸ਼ਨ ਵਿਚ ਰਜਨੀਤ ਕੁਮਾਰ, ਮਹਿਕ ਸ਼ਰਮਾ, ਆਸਥਾ ਨੇ ਗੀਤਾਂ ਦੀ ਪੇਸ਼ਕਾਰੀ ਕੀਤੀ। ਪਲਕਦੀਪ, ਦਿਵਿਆ ਸ਼ਰਮਾ ਨੇ ਕਾਵਿ ਪੇਸ਼ਕਾਰੀਆਂ ਕੀਤੀ।ਭੁਪਿੰਦਰ ਉਤਰੇਜਾ ਨੇ ਕਿਹਾ ਕਿ ਨੀਤੂ ਬਾਲਾ ਦੀ ਕਿਤਾਬ ਪੰਜਾਬੀ ਕਵਿਤਾ ਖੇਤਰ ਵਿੱਚ ਨਿੱਗਰ ਵਾਧਾ ਹੈ। ਖੋਜ ਅਫ਼ਸਰ ਪਰਮਿੰਦਰ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਾਜ਼ਿਲਕਾ ਸਾਹਿਤ ਤੇ ਕਿਤਾਬ ਸਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਉਪਰਾਲੇ ਕਰਦਾ ਰਹੇਗਾ।ਲਵਜੀਤ ਸਿੰਘ ਨੈਸ਼ਨਲ ਐਵਾਰਡੀ ਨੇ ਨੀਤੂ ਬਾਲਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸੇ ਤਰ੍ਹਾਂ ਹੋਰ ਸਾਹਿਤਕ ਕਿਰਤਾਂ ਲਿਖਦੇ ਰਹਿਣਗੇ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਵਿੰਦਰ ਸਿੰਘ ਨੇ ਕਿਹਾ ਕਿ ਨੀਤੂ ਬਾਲਾ ਦੀ ਕਿਤਾਬ ਨਾਲ ਲੋਕ ਅਰਪਣ ਨਾਲ ਜ਼ਿਲ੍ਹੇ ਦੇ ਕਵੀਆਂ, ਲੇਖਕਾਂ ਨੂੰ ਪ੍ਰੇਰਨਾ ਮਿਲੇਗੀ।

# ਜ਼ਿਲ੍ਹੇ 'ਚ 'ਨੀਲੀ ਕ੍ਰਾਂਤੀ' ਬਣ ਰਹੀ ਵਿੱਤੀ ਤੌਰ 'ਤੇ ਮਜ਼ਬੂਤ ਆਧਾਰ

**ਫ਼ਤਹਿਗੜ੍ਹ ਸਾਹਿਬ** (ਪ੍ਰਮੋਦ ਭਾਰਦਵਾਜ)- ਪੰਜਾਬ ਸਰਕਾਰ ਵੱਲੋਂ ਕਿਸਾਨਾਂ ਤੇ ਹੋਰ ਲੋੜਵੰਦਾਂ ਦੀ ਵਿੱਤੀ ਸਥਿਤੀ ਨੂੰ ਵਧੇਰੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ 'ਚ ਮੱਛੀ ਪਾਲਣ ਦੇ ਕਿੱਤੇ ਪ੍ਰਤੀ ਰੁਝਾਨ ਵਧਾਉਣ ਲਈ ਵਿਭਾਗੀ ਅਧਿਕਾਰੀਆਂ ਵੱਲੋਂ ਲਗਾਤਾਰ ਉੱਦਮ ਕੀਤੇ ਜਾ ਰਹੇ ਹਨ। ਇਨ੍ਹਾਂ ਹੀ ਕੋਸ਼ਿਸ਼ਾਂ ਸਦਕਾ ਜ਼ਿਲ੍ਹੇ ਵਿੱਚ 'ਨੀਲੀ ਕ੍ਰਾਂਤੀ' ਦਾ ਰਾਹ ਵਿੱਤੀ ਤੌਰ 'ਤੇ ਮਜ਼ਬੂਤ ਆਧਾਰ ਵਿਕਸਤ ਕਰਨ ਦਾ ਜ਼ਰੀਆ ਬਣ ਰਿਹਾ ਹੈ । ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਪਿਛਲੇ ਵਿੱਤੀ ਸਾਲ ਦੌਰਾਨ 121.5 ਏਕੜ ਨਵਾਂ ਰਕਬਾ ਮੱਛੀ ਪਾਲਣ ਅਧੀਨ ਲਿਆਂਦਾ ਗਿਆ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਜ਼ਿਲ੍ਹੇ ਵਿੱਚ ਕੁੱਲ 1600.5 ਏਕੜ ਰਕਬੇ ਵਿੱਚ ਮੱਛੀ ਪਾਲਣ ਦਾ ਧੰਦਾ ਕੀਤਾ ਜਾ ਰਿਹਾ ਹੈ ਅਤੇ ਕਾਸ਼ਤਕਾਰ, ਰਾਜ ਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਹਾਸਲ ਕਰਕੇ ਆਪਣੇ ਵਪਾਰ ਦਾ ਪਸਾਰ ਕਰ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੇ ਵਿੱਤੀ ਸਾਲ ਅੰਦਰ ਬਾਗੜੀਆਂ ਫੱਗਣਮਾਜਰਾ ਸਰਕਾਰੀ ਮੱਛੀ ਪੂੰਗ ਫਾਰਮ ਵਿੱਚ 1.27 ਕਰੋੜ ਮੱਛੀ ਪੂੰਗ ਦਾ ਉਤਪਾਦਨ ਹੋਇਆ ਹੈ। ਉਨ੍ਹਾਂ ਨੇ ਦੱਸਿਆ ਕਿ ਕੋਈ ਵੀ ਵਿਅਕਤੀ, ਵਿਭਾਗ ਵੱਲੋਂ ਸਮੇਂ ਸਮੇਂ ਤੇ ਕਰਵਾਈ ਜਾਣ ਵਾਲੇ ਟ੍ਰੇਨਿੰਗ ਕੈਂਪਾਂ ਦੌਰਾਨ ਮੱਛੀ ਪਾਲਣ ਦੀ ਸਿਖਲਾਈ ਲੈ ਕੇ ਨਿੱਜੀ ਜ਼ਮੀਨ ਅਤੇ ਪੰਚਾਇਤੀ ਜ਼ਮੀਨ ਵਿੱਚ ਮੱਛੀ ਪਾਲਣ ਦੇ ਤਾਲਾਬਾਂ ਨੂੰ ਵਿਕਸਤ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੇ ਖੇਤੀਬਾੜੀ ਦੇ ਰਵਾਇਤੀ ਫਸਲੀ ਚੱਕਰ ਵਿੱਚੋਂ ਨਿਕਲਣ ਲਈ ਸਹਾਇਕ ਧੰਦਿਆਂ ਨੂੰ ਵੀ ਤਰਜੀਹ ਦੇਣੀ ਤੇਜ਼ ਕਰ ਦਿੱਤੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੱਛੀ ਪਾਲਣ ਵਿਭਾਗ 'ਚ ਲਗਾਤਾਰ ਲਗਾਏ ਜਾ ਰਹੇ ਸਿਖਲਾਈ ਕੈਂਪ, ਜ਼ਿਲ੍ਹੇ ਦੇ ਬੇਰੁਜ਼ਗਾਰ ਤੇ ਪੜ੍ਹੇ ਲਿਖੇ ਵਰਗ ਨੂੰ ਇਸ ਕਿੱਤੇ ਨਾਲ ਜੋੜਨ ਵਿੱਚ ਸਫ਼ਲ ਸਾਬਤ ਹੋ ਰਹੇ ਹਨ । ਉਨ੍ਹਾਂ ਦੱਸਿਆ ਕਿ ਨਵੇਂ ਮੱਛੀ ਤਲਾਬਾਂ ਦੀ ਪੁਟਾਈ ਅਤੇ ਨਵੀਨੀਕਰਨ ਸਮੇਤ ਪ੍ਰਧਾਨ ਮੰਤਰੀ ਮਤੱਸਿਆ ਸੰਪਦਾ ਯੋਜਨਾ ਤਹਿਤ ਕਾਸ਼ਤਕਾਰਾਂ ਨੂੰ ਸਬਸਿਡੀ ਦਿੱਤੀ ਜਾਂਦੀ ਹੈ।ਮੱਛੀ ਪਾਲਣ ਵਿਭਾਗ ਦੇ ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਮੱਛੀ ਪਾਲਣ ਦਾ ਕਿੱਤਾ, ਵਿੱਤੀ ਮਜ਼ਬੂਤੀ ਲਈ ਮਿਆਰੀ ਆਧਾਰ ਹੈ, ਕਿਉਂਕਿ ਮੱਛੀ ਪੂੰਗ ਕੇਵਲ 7-8 ਮਹੀਨਿਆਂ ਵਿੱਚ ਵੀ ਵੇਚਣਯੋਗ ਹੋ ਜਾਂਦਾ ਹੈ ਅਤੇ ਇਸ ਦੀ ਪੈਦਾਵਾਰ ਦਾ ਚੱਕਰ ਲਗਾਤਾਰ ਹੀ ਚੱਲਦਾ ਰਹਿੰਦਾ ਹੈ।



# ਯੁੱਧ ਨਸ਼ਿਆਂ ਵਿਰੁੱਧ ਤਹਿਤ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ

**ਗਿੱਦੜਬਾਹਾ** (ਜਸਵੰਤ ਗਿੱਲ ਛੱਤਿਆਣਾ) ਯੁੱਧ ਨਸ਼ਿਆਂ ਵਿਰੁੱਧ ਤਹਿਤ ਜ਼ਿਲ੍ਹੇ ਦੇ 12 ਪਿੰਡਾਂ ਵਿੱਚ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਦੌਰਾਨ ਪਿੰਡ ਅਟਾਰੀ, ਚੱਕ ਕਾਲਾ ਸਿੰਘ ਵਾਲਾ ਅਤੇ ਰੋੜਾਂਵਾਲੀ ਵਿਖੇ ਸੰਬੋਧਨ ਕਰਦਿਆਂ ਮਾਰਕਿਟ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ ਲੁਬਾਣਿਆਂਵਾਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚੋਂ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਜੋਸ਼ੋ-ਖਰੋਸ਼ ਨਾਲ ਜਾਰੀ ਰਹੇਗੀ। ਹਲਕਾ ਮਲੋਟ ਦੇ ਪਿੰਡ ਰਾਮਗੜ੍ਹ ਚੁੰਘਾ, ਚੱਕ ਮਦਰੱਸਾ ਤੇ ਮਦਰੱਸਾ ਵਿਖੇ ਡਿਫੈਂਸ ਕਮੇਟੀਆਂ ਨਾਲ ਮੀਟਿੰਗ ਕਰਦਿਆਂ ਚੇਅਰਮੈਨ ਮਾਰਕਿਟ ਕਮੇਟੀ ਮਲੋਟ ਜਸ਼ਨ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ ਤੇ ਨਸ਼ਿਆਂ ਦੇ ਖਾਤਮੇ ਦੇ ਰੂਪ ਵਿੱਚ ਨਸ਼ਾ ਮੁਕਤੀ ਯਾਤਰਾ ਇਕ ਇਤਿਹਾਸ ਸਿਰਜ ਰਹੀ ਹੈ, ਜਿਸ ਉੱਤੇ ਆਉਣ ਵਾਲੀਆਂ ਪੀੜ੍ਹੀਆਂ ਮਾਣ ਕਰਨਗੀਆਂ।ਇਸ ਯਾਤਰਾ ਤਹਿਤ ਨਸ਼ਿਆਂ ਦੇ ਖਾਤਮੇ ਹਿਤ ਲੋਕ ਨਸ਼ਿਆਂ ਦੇ ਕਾਰੋਬਾਰੀਆਂ ਬਾਰੇ ਖੁੱਲ੍ਹ ਕੇ ਪੁਲਿਸ ਨੂੰ ਜਾਣਕਾਰੀ ਦੇ ਰਹੇ ਹਨ।ਹੁਣ ਜਦੋਂ ਲੋਕ ਇਸ ਅਲਾਮਤ ਖਿਲਾਫ ਉੱਠ ਖੜ੍ਹੇ ਹੋਏ ਹਨ ਤਾਂ ਪੰਜਾਬ ਦੀ ਧਰਤੀ 'ਤੇ ਹੁਣ ਜ਼ਿਆਦਾ ਦੇਰ ਨਸ਼ੇ ਨਹੀਂ ਰਹਿਣਗੇ। ਹਲਕਾ ਗਿੱਦੜਬਾਹਾ ਵਿਖੇ ਹਲਕਾ ਵਿਧਾਇਕ ਸ੍ਰੀ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਗੂਆਂ ਨੇ ਲੋਕਾਂ ਨੂੰ ਨਸ਼ਿਆਂ ਖਿਲਾਫ਼ ਲਾਮਬੰਦ ਕਰਦਿਆਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਮੰਤਵ ਸਮੂਹ ਵਰਗਾਂ ਦੇ ਸਹਿਯੋਗ ਨਾਲ ਨਸ਼ਿਆਂ ਦਾ ਖਾਤਮਾ ਕਰਨਾ ਹੈ ਤੇ ਹਰੇਕ ਪਿੰਡ ਤੇ ਹਰੇਕ ਗਲੀ ਨੂੰ ਨਸ਼ਾ ਮੁਕਤ ਕਰਨਾ ਸਰਕਾਰ ਦੀ ਤਰਜੀਹ ਹੈ। ਨਸ਼ਾ ਮੁਕਤੀ ਯਾਤਰਾ ਤਹਿਤ ਹਲਕਾ ਲੰਬੀ ਦੇ ਪਿੰਡ ਲੰਬੀ, ਖਿਓਵਾਲੀ ਤੇ ਭਾਗੂ ਵਿਖੇ ਵੀ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਗੂਆਂ ਵੱਲੋਂ ਮੀਟਿੰਗਾਂ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਤੇ ਸਾਰੇ ਹੀ ਵਰਗ, ਇਸ ਸਮਾਜਕ ਬੁਰਾਈ ਦੇ ਖਾਤਮੇ ਲਈ ਵਧ-ਚੜ੍ਹ ਕੇ ਅੱਗੇ ਆ ਰਹੇ ਹਨ, ਜੋ ਬਹੁਤ ਸ਼ਲਾਘਾਯੋਗ ਹੈ।



# ਕਾਵਿ-ਸੰਗ੍ਰਹਿ 'ਤਫ਼ਤੀਸ਼ ਅਜੇ ਜਾਰੀ ਹੈ' ਲੋਕ ਅਰਪਿਤ



**ਦੋਰਾਹਾ** (ਹਰਮਿੰਦਰ ਸੇਠ) ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਬਤੌਰ ਕਲਰਕ ਸੇਵਾ ਨਿਭਾ ਰਹੇ ਜਸਦੀਪ ਸਿੰਘ ਮੁੰਡੀਆਂ ਦੀ ਪਹਿਲੀ ਕਾਵਿ-ਪੁਸਤਕ 'ਤਫਤੀਸ਼ ਅਜੇ ਜਾਰੀ ਹੈ' ਲੋਕ-ਅਰਪਣ ਕੀਤੀ ਗਈ।ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ ਤੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਵੱਲੋਂ ਸਾਂਝੇ ਰੂਪ ਵਿੱਚ ਪੁਸਤਕ ਦੀ ਘੁੰਢ ਚੁਕਾਈ ਦੀ ਰਸਮ ਅਦਾ ਕੀਤੀ ਗਈ। ਵਿਚਾਰ ਪ੍ਰਗਟ ਕਰਦਿਆਂ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਜਸਦੀਪ ਸਿੰਘ ਨੂੰ ਰੁਝੇਵੇਂ ਵਾਲੇ ਦਫਤਰੀ ਕੰਮ ਵਿੱਚ ਵੀ ਕਵਿਤਾ ਵਰਗੀ ਸੂਖ਼ਮ ਵਿਧਾ ਉੱਤੇ ਕਿਤਾਬ ਲਿਖਣ ਲਈ ਵਧਾਈ ਦਿੱਤੀ ਤੇ ਉਸ ਨੂੰ ਅੱਗੋਂ ਵੀ ਕਾਵਿ ਰਚਨਾ ਦਾ ਸਾਹਿਤਕ ਅਮਲ ਜਾਰੀ ਰੱਖਣ ਲਈ ਪ੍ਰੇਰਿਆ।ਇਸੇ ਤਰ੍ਹਾਂ ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ ਤੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵੀ ਜਸਦੀਪ ਸਿੰਘ ਨੂੰ ਉਸ ਦੀ ਪਲੇਠੀ ਪੁਸਤਕ ਪ੍ਰਕਾਸ਼ਿਤ ਹੋਣ ਲਈ ਮੁਬਾਰਕਬਾਦ ਦਿੱਤੀ। ਸੁਖਪਾਲ ਸਿੰਘ ਧਾਰਨੀ ਉਚੇਚੇ ਤੌਰ 'ਤੇ ਸ਼ਾਮਲ ਹੋਏ।ਅੰਤ ਵਿੱਚ ਜਸਦੀਪ ਸਿੰਘ ਮੁੰਡੀਆਂ ਵੱਲੋਂ ਹਾਜ਼ਰ ਸਾਰੇ ਸਰੋਤਿਆਂ ਦਾ ਧੰਨਵਾਦ ਕੀਤਾ ਗਿਆ। ਸਮਾਗਮ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ ਦਾ ਸਮੂਹ ਅਧਿਆਪਨ ਤੇ ਗ਼ੈਰ ਅਧਿਆਪਨ ਅਮਲਾ ਹਾਜ਼ਰ ਸੀ।

# ਐੱਸ ਆਰ ਐੱਸ ਵਿੱਦਿਆਪੀਠ ਦੇ ਵਿਦਿਆਰਥੀਆਂ ਦਾ ਨਤੀਜਾ ਰਿਹਾ ਸ਼ਾਨਦਾਰ



**ਸਮਾਣਾ** (ਗੁਰਪਿਆਰ ਸਿੰਘ ਬੱਲ) ਸੀ ਬੀ ਐੱਸ ਈ ਦਿੱਲੀ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ (ਸੈਸ਼ਨ 2024-25) ਵਿੱਚ ਐੱਸ ਆਰ ਐੱਸ ਵਿੱਦਿਆਪੀਠ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ।ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਸਕੂਲ ਟਾਪਰ ਵਿੱਚ ਨਾਨ ਮੈਡੀਕਲ ਦੀ ਵਿਦਿਆਰਥਣ ਮੇਘਾ ਜੈਨ (96.6%), ਮੈਡੀਕਲ ਦੇ ਵਿਦਿਆਰਥੀ ਵਿਸ਼ਵਜੀਤ ਵਰਮਾ (86.6%), ਕਾਮਰਸ ਦੀ ਪ੍ਰਭਜੋਤ ਕੌਰ (93.4%), ਜਸਦੀਪ ਸਿੰਘ (92.2%), ਹਿਊਮੈਨੀਟੀਜ਼ ਗਰੁੱਪ ਦੀ ਵਿਦਿਆਰਥਣ ਗੁਰਲੀਨ ਕੌਰ (90.2%) ਤੇ ਸਾਂਝਪ੍ਰੀਤ ਕੌਰ (90.2%) ਦੇ ਨਾਂਅ ਹਨ।ਇਨ੍ਹਾਂ ਵਿਦਿਆਰਥੀਆਂ ਤੋਂ ਇਲਾਵਾ 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਨਾਨ ਮੈਡੀਕਲ ਦੀ ਵਿਦਿਆਰਥਣ ਆਰੂਸ਼ੀ (87.2%), ਵਾਸੂ ਗੋਇਲ (86.4%) ਤੇ ਮੈਡੀਕਲ ਗਰੁੱਪ ਦੀ ਆਰਨਾ (82.2%), ਕਾਮਰਸ ਗਰੁੱਪ ਦੀ ਅਮਨਦੀਪ ਕੌਰ (87.4%), ਜਸ਼ਨਪ੍ਰੀਤ ਕੌਰ (86.8%), ਸ਼ਰਨਦੀਪ ਕੌਰ (82.6%), ਹਿਊਮੈਨੀਟੀਜ਼ ਗਰੁੱਪ ਦੀ ਜਸ਼ਨਪ੍ਰੀਤ ਕੌਰ (88.4%), ਅਮਨਵੀਰ ਕੌਰ (83.4%), ਗੁਰਦੀਪ ਕੌਰ (82%) ਬਬਨਪ੍ਰੀਤ ਕੌਰ (81.8% )ਅਤੇ ਜੋਰਜਪ੍ਰੀਤ ਸਿੰਘ (81.8%) ਦੇ ਨਾਂਅ ਹਨ। ਅੰਗਰੇਜ਼ੀ 'ਚ ਵਿਸ਼ਵਜੀਤ ਵਰਮਾ-98%, ਆਰਨਾ-98%, ਫ਼ਿਜ਼ੀਕਲ ਐਜੂਕੇਸ਼ਨ ਵਿੱਚ ਮੇਘਾ ਜੈਨ 99%, ਪੰਜਾਬੀ ਵਿੱਚ ਆਰੂਸ਼ੀ - 97%, ਫ਼ਿਜ਼ਿਕਸ ਵਿੱਚ ਮੇਘਾ ਜੈਨ 95% , ਕਮਿਸਟਰੀ ਵਿੱਚ ਮੇਘਾ ਜੈਨ 95%, ਹਿਸਾਬ ਵਿੱਚ ਮੇਘਾ ਜੈਨ 99%, ਬਾਇਓਲੋਜੀ ਵਿੱਚ ਵਿਸ਼ਵਜੀਤ ਵਰਮਾ 90%, ਪੁਲੀਟੀਕਲ ਸਾਇੰਸ ਵਿੱਚ ਜਸ਼ਨਪ੍ਰੀਤ ਕੌਰ ਸਪੁੱਤਰੀ ਗੁਰਪ੍ਰੀਤ ਸਿੰਘ 95%, ਸਸ਼ੋਲਜੀ ਵਿੱਚ ਸਾਂਝਪ੍ਰੀਤ ਕੌਰ 93%, ਇਕਨੌਮਿਕਸ ਵਿੱਚ ਪ੍ਰਭਜੋਤ ਕੌਰ 95%, ਸਾਈਕੋਲੋਜੀ ਵਿੱਚ ਸਾਂਝਪ੍ਰੀਤ ਕੌਰ 93% , ਹਿੰਦੀ ਵਿੱਚ ਅਨੁਸ਼ਕਾ 85% , ਬਿਜਨੈੱਸ ਸਟੱਡੀਜ ਵਿੱਚ ਕਾਮਰਸ ਦੀ ਜਸ਼ਨਪ੍ਰੀਤ ਕੌਰ 90% ਤੇ ਅਕਾਊਂਟੈਂਸੀ ਵਿੱਚ ਜਸਦੀਪ ਸਿੰਘ ਨੇ 98% ਪ੍ਰਤੀਸ਼ਤ ਅੰਕ ਹਾਸਲ ਕੀਤੇ ਹਨ।

# ਜਬਰ ਵਿਰੋਧੀ ਰੈਲੀ ਦੀ ਤਿਆਰੀ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਅਹਿਮ ਮੀਟਿੰਗ

**ਲੌਂਗੋਵਾਲ** (ਪ੍ਰਦੀਪ ਸਿੰਘ ਸੱਪਲ) ਪਿੰਡ ਮਸਤੂਆਣਾ ਸਾਹਿਬ ਵਿਖੇ ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦੀ ਵਿਸਤਾਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ 26 ਮਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਜਬਰ ਵਿਰੋਧੀ ਰੈਲੀ ਦੀ ਤਿਆਰੀ ਸਬੰਧੀ ਚਰਚਾ ਕੀਤੀ ਗਈ ਤੇ ਜੀਂਦ ਦੇ ਰਾਜੇ ਦੀ ਜ਼ਮੀਨ 'ਤੇ ਆਪਣਾ ਦਾਅਵਾ ਜਤਾਉਣ ਆ ਰਹੇ ਦਲਿਤ ਮਜ਼ਦੂਰਾਂ ਦੀਆਂ ਵੱਡੇ ਪੱਧਰ 'ਤੇ ਕੀਤੀਆਂ ਗ੍ਰਿਫ਼ਤਾਰੀਆਂ ਤੇ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਾਰੇ ਮਜ਼ਦੂਰਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ। ਜ਼ਿਲ੍ਹਾ ਪ੍ਰੈਸ ਸਕੱਤਰ ਦਰਸ਼ਨ ਸਿੰਘ ਕੁੰਨਰਾਂ, ਜਿਲਾ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ, ਜ਼ਿਲ੍ਹਾ ਵਿੱਤ ਸਕੱਤਰ ਕੁਲਦੀਪ ਸਿੰਘ, ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਨੇ ਦੱਸਿਆ ਕਿ 25 ਅਪ੍ਰੈਲ ਨੂੰ ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਤੇ ਕੈਬਨਿਟ ਮੰਤਰੀ ਦੀ ਸ਼ਹਿ ਪ੍ਰਾਪਤ ਗੁੰਡਾ ਗਿਰੋਹ ਵੱਲੋਂ ਕਾਤਲਾਨਾ ਹਮਲਾ ਕਰਕੇ ਉਨ੍ਹਾਂ ਦੀਆਂ ਲੱਤਾਂ ਬਾਹਾਂ ਤੋੜ ਦਿੱਤੀਆਂ ਗਈਆਂ ਸਨ, ਅੱਜ ਤੱਕ ਵੀ ਮੁਜਰਮਾਂ ਵਿੱਚੋਂ ਕਿਸੇ ਦੀ ਵੀ ਗ੍ਰਿਫਤਾਰੀ ਨਹੀਂ ਹੋਈ।ਇਸਦੇ ਰੋਸ ਵਜੋਂ ਅਤੇ ਕੁਝ ਹੋਰ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਸੰਗਰੂਰ ਵਿਖੇ 26 ਮਈ ਨੂੰ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਇਸ ਮੁਜ਼ਾਹਰੇ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹੇ ਭਰ ਵਿੱਚੋਂ ਵੱਡੀ ਗਿਣਤੀ ਕਿਸਾਨਾਂ ਦੀ ਸ਼ਮੂਲੀਅਤ ਕਰਾਉਣ ਲਈ ਜ਼ਿਲ੍ਹਾ ਕਮੇਟੀ ਦੇ ਆਗੂਆਂ ਦੀਆਂ ਡਿਊਟੀਆਂ ਲਾਈਆਂ ਗਈਆਂ ਤੇ ਇਕੱਲੇ-ਇਕੱਲੇ ਪਿੰਡ ਰੈਲੀਆਂ ਕਰਾ ਕੇ ਕਿਸਾਨਾਂ ਨੂੰ ਲਾਮਬੰਦ ਕੀਤਾ ਜਾਵੇਗਾ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਚਰਚਾ ਕਰਦਿਆਂ ਜੋ ਅੱਜ ਸੰਗਰੂਰ ਵਿਖੇ ਬੀੜ ਐਸ਼ਵਨ ਵਿਖੇ ਜੀਂਦ ਦੇ ਰਾਜੇ ਦੀ ਜ਼ਮੀਨ 'ਤੇ ਆਪਣਾ ਦਾਅਵਾ ਜਤਾਉਣ ਲਈ ਵੱਖ-ਵੱਖ ਜ਼ਿਲ੍ਹਿਆਂ ਤੋਂ ਆ ਰਹੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਕਾਰਕੁਨਾਂ ਨੂੰ ਸੰਗਰੂਰ ਪੁਲਿਸ ਵੱਲੋਂ ਗ੍ਰਿਫ਼ਤਾਰ ਕਰਕੇ ਜੇਲ੍ਹਾਂ ਵਿੱਚ ਭੇਜਿਆ ਗਿਆ ਹੈ ਤੇ ਸੰਗਰੂਰ ਸ਼ਹਿਰ ਨੂੰ ਜਾਂਦੇ ਸਾਰੇ ਰਸਤੇ ਨਾਕੇਬੰਦੀ ਕਰਕੇ ਬੰਦ ਕਰਕੇ ਆਮ ਲੋਕਾਂ ਨੂੰ ਆਵਾਜਾਈ ਵਿੱਚ ਦਿੱਕਤਾਂ ਖੜੀਆਂ ਕੀਤੀਆਂ ਗਈਆਂ ਹਨ, ਪੰਜਾਬ ਸਰਕਾਰ ਦੇ ਇਸ ਜਾਬਰ ਵਤੀਰੇ ਦੀ ਸਖ਼ਤ ਨਿਖੇਧੀ ਕਰਦਿਆਂ ਗ੍ਰਿਫਤਾਰ ਕੀਤੇ ਸਾਰੇ ਮਜ਼ਦੂਰਾਂ ਨੂੰ ਰਿਹਾਅ ਕਰਨ ਦੀ ਮੰਗ ਵੀ ਕੀਤੀ ਗਈ। ਪੁਲਸ ਪ੍ਰਸ਼ਾਸਨ ਵੱਲੋਂ ਘਟੀਆ ਹਰਕਤ ਕਰਦਿਆਂ ਨਿਰਭੈ ਸਿੰਘ ਖਾਈ ਦੇ ਘਰ ਜਾ ਕੇ ਉਨ੍ਹਾਂ ਤੋਂ ਜ਼ਖ਼ਮੀ ਹਾਲਤ 'ਚ ਪਏ ਹੋਣ ਕਰਕੇ ਜਾ ਕੇ ਮਜ਼ਦੂਰ ਆਗੂਆਂ ਬਾਰੇ ਪੁੱਛ ਪੜਤਾਲ ਕੀਤੀ ਗਈ ਤੇ ਘੰਟਾ ਭਰ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਗਿਆ, ਇਸਦੀ ਵੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਉਪਰੋਕਤ ਮੁਲਾਜ਼ਮਾਂ ਤੇ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਕਿ ਇੱਕ ਪਾਸੇ ਨਿਰਭੈ ਸਿੰਘ ਤੇ ਹਮਲਾ ਕਰਨ ਵਾਲੇ ਦੋਸ਼ੀ ਖੁੱਲੇਆਮ ਘੁੰਮ ਰਹੇ ਹਨ।



# ਸਰਕਾਰੀ ਸਕੂਲ ਸਹਿਜੜਾ ਵਿਖੇ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ



**ਮਹਿਲ ਕਲਾਂ** (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)- ਸਰਕਾਰੀ ਹਾਈ ਸਕੂਲ ਸਹਿਜੜਾ ਦੇ ਅੱਠਵੀਂ ਅਤੇ ਦਸਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦਾ ਨਤੀਜਾ ਬਲਾਕ ਮਹਿਲ ਕਲਾਂ ਵਿੱਚੋਂ ਪਹਿਲੇ ਸਥਾਨ 'ਤੇ ਰਿਹਾ। ਸਕੂਲ ਦੇ ਇੰਚਾਰਜ ਡਾ. ਪ੍ਰਗਟ ਸਿੰਘ ਟਿਵਾਣਾ ਨੇ ਦੱਸਿਆ ਕਿ ਸਕੂਲ ਵਿੱਚ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਦਸਵੀਂ ਸ਼੍ਰੇਣੀ ਵਿੱਚੋਂ ਚਰਨਕੰਵਲ ਕੌਰ, ਹਰਸਪ੍ਰੀਤ ਕੌਰ ਅਤੇ ਹਰਕਿਰਤ ਕੌਰ ਨੇ ਕ੍ਰਮਵਾਰ ਪਹਿਲੀ ਦੂਸਰੀ ਅਤੇ ਤੀਸਰੀ ਪੁਜੀਸ਼ਨ ਹਾਸਲ ਕੀਤੀ। ਅੱਠਵੀ ਚੋਂ ਜਸਮੀਨ ਕੌਰ, ਗਗਨਦੀਪ ਕੌਰ, ਮਨਪ੍ਰੀਤ ਕੌਰ ਨੇ ਕ੍ਰਮਵਾਰ ਪਹਿਲੀ, ਦੂਸਰੀ ਅਤੇ ਤੀਸਰੀ ਪੁਜ਼ੀਸ਼ਨ ਹਾਸਲ ਕੀਤੀ । ਇਸ ਸਮੇਂ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਇੰਚਾਰਜ ਡਾ. ਪ੍ਰਗਟ ਸਿੰਘ ਟਿਵਾਣਾ, ਸੂਬੇਦਾਰ ਜਰਨੈਲ ਸਿੰਘ ਨੇ ਕਿਹਾ ਕਿ ਇਹ ਨਤੀਜਾ ਸਕੂਲ ਸਟਾਫ਼ , ਬੱਚਿਆਂ ਦੀ ਸਖ਼ਤ ਮਿਹਨਤ ਅਤੇ ਨਗਰ ਨਿਵਾਸੀਆਂ ਦੇ ਦਿੱਤੇ ਸਹਿਯੋਗ ਸਦਕਾ ਸ਼ਾਨਦਾਰ ਰਿਹਾ ਹੈ। ਉਨ੍ਹਾਂ ਆਉਣ ਵਾਲੇ ਸਮੇਂ ਵਿੱਚ ਬੱਚਿਆਂ ਨੂੰ ਹੋਰ ਸਖਤ ਮਿਹਨਤ ਕਰਕੇ ਪੜ੍ਹਾਈ ਅਤੇ ਖੇਡਾਂ ਵਿੱਚ ਵੱਡੀਆਂ ਮੱਲਾਂ ਮਾਰਨ ਲਈ ਪ੍ਰੇਰਿਤ ਕਰਦਿਆ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਸ਼ੁੱਭ ਮੌਕੇ ਤੇ ਵਧਾਈ ਦਿੱਤੀ। ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਸਹਿਜੜਾ, ਰਮੇਸ਼ ਕੁਮਾਰ ਮਿੱਤਲ, ਰੇਸ਼ਮ ਸਿੰਘ ਨੰਬਰਦਾਰ, ਗੁਰਜੀਤ ਸਿੰਘ ਜਵੰਦਾ, ਜਸਵੀਰ ਸਿੰਘ ਆੜ੍ਹਤੀਆ, ਬਲਵਿੰਦਰ ਸਿੰਘ ਬਿੰਦੂ, ਸਤਨਾਮ ਸਿੰਘ, ਸਟਾਫ ਮੈਂਬਰ ਸੁਖਮਿੰਦਰ ਸਿੰਘ, ਦਰਸ਼ਨ ਸਿੰਘ, ਪੁਨੀਤ ਗੋਇਲ, ਮਨਦੀਪ ਸਿੰਘ, ਰਮਨਦੀਪ ਸਿੰਘ, ਖੁਸ਼ਪ੍ਰੀਤ ਸਿੰਘ, ਮੈਡਮ ਹਰਜੀਤ ਕੌਰ, ਕਿਰਨਜੀਤ ਕੌਰ, ਅਮਨਦੀਪ ਕੌਰ, ਮਨਪ੍ਰੀਤ ਕੌਰ ਤੋਂ ਇਲਾਵਾ ਸਕੂਲ ਮੈਨੇਜਮੈਂਟ ਕਮੇਟੀ, ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

# ਟੈਕਨੀਕਲ ਸਰਵਿਸ ਯੂਨੀਅਨ ਵੱਲੋਂ ਰੋਸ ਰੈਲੀ




**ਲਹਿਰਾ ਮੁਹੱਬਤ**, (ਭੀਮ ਸੈਨ ਹਦਵਾਰੀਆ) ਪੀ ਐੱਸ ਈ ਬੀ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਤੇ ਕੌਂਸਲ ਆਫ਼ ਜੂਨੀਅਰ ਇੰਜੀਨੀਅਰ ਦੇ ਸੱਦੇ 'ਤੇ ਟੈਕਨੀਕਲ ਸਰਵਿਸ ਯੂਨੀਅਨ ਲਹਿਰਾ ਮੁਹੱਬਤ ਦੀ ਅਗਵਾਈ ਹੇਠ ਬਿਜਲੀ ਮੁਲਾਜ਼ਮਾਂ ਨੇ ਰੋਸ ਰੈਲੀ ਕੀਤੀ। ਜਥੇਬੰਦੀ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਨੇ ਸੰਬੋਧਨ ਕਰਦਿਆਂ ਕਿਹਾ ਪੀ ਐੱਸ ਈ ਬੀ ਜੁਆਇੰਟ ਫੋਰਮ ਵੱਲੋਂ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਪਾਵਰਕਾਮ ਨੂੰ ਮੰਗ ਪੱਤਰ ਦਿੱਤਾ ਗਿਆ ਸੀ ਕਿ ਜੁਆਇੰਟ ਫੋਰਮ ਨਾਲ ਮੀਟਿੰਗ ਕਰਕੇ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾ ਦਾ ਹੱਲ ਕੀਤਾ ਜਾਵੇ, ਪ੍ਰੰਤੂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਗਿਆ, ਜਿਸ ਦੇ ਰੋਸ ਵਜੋਂ ਰੋਸ ਰੈਲੀ ਕਰਕੇ ਨਾਅਰੇਬਾਜ਼ੀ ਕਰਦਿਆਂ ਸੀ ਐਮ ਡੀ ਦੇ ਲਾਰਿਆਂ ਦੀ ਪੋਲ ਖੋਲ੍ਹੀ ਗਈ। ਜਨਰਲ ਸਕੱਤਰ ਅੰਤਰ ਸਿੰਘ ਜੇ ਈ ਨੇ ਕਿਹਾ ਕਿ ਬਿਜਲੀ ਮੁਲਾਜ਼ਮਾਂ ਵੱਲੋਂ ਆਉਣ ਵਾਲੀ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਦੀ ਤਿਆਰੀ ਕੀਤੀ ਜਾ ਰਹੀ ਹੈ। ਮੰਗ ਕੀਤੀ ਗਈ ਕਿ ਪਾਵਰਕਾਮ ਦੀ ਮੈਨੇਜਮੈਂਟ ਥਰਮਲਾਂ ਵਿੱਚ ਖਾਲੀ ਪਈਆਂ ਅਸਾਮੀਆਂ ਜਲਦ ਭਰੇ ਤੇ ਪੇ ਕਮਿਸ਼ਨ ਦਾ ਏਰੀਅਰ ਵੀ ਜਲਦ ਦੇਵੇ।

# ਵਿਧਾਨ ਸਭਾ ਚੋਣਾਂ 'ਚ ਨਸ਼ਿਆਂ ਦਾ ਮੁੱਦਾ ਹਾਵੀ ਰਹੇਗਾ : ਐਡਵੋਕੇਟ ਚਮਨ ਗੋਇਲ

**ਨਿਹਾਲ ਸਿੰਘ ਵਾਲਾ** (ਲਵਲੀ ਮਾਛੀਕੇ) 2027 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਨਸ਼ਿਆਂ ਦਾ ਮੁੱਦਾ ਹਾਵੀ ਰਹੇਗਾ ਤੇ ਆਮ ਆਦਮੀ ਪਾਰਟੀ ਨੂੰ ਇਸ ਦਾ ਦੂਜੀਆਂ ਪਾਰਟੀਆਂ ਦੇ ਮੁਕਾਬਲੇ ਜ਼ਿਆਦਾ ਲਾਭ ਪਹੁੰਚੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਲੀਗਲ ਸੈੱਲ ਦੇ ਮੈਂਬਰ ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਕੀਤਾ। ਵਰਣਨਯੋਗ ਹੈ ਕਿ ਪਹਿਲੀਆਂ ਸਰਕਾਰਾਂ ਦੇ ਚੋਣਾਂ ਦੌਰਾਨ ਨਸ਼ੇ ਨੂੰ ਖਤਮ ਕਰਨ ਦਾ ਵਾਅਦਾ ਕੀਤਾ ਸੀ, ਪ੍ਰੰਤੂ ਅਜਿਹਾ ਨਹੀਂ ਹੋ ਸਕਿਆ। ਪਿਛਲੀਆਂ 2022 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਵੀ ਨਸ਼ੇ ਅਤੇ ਰਿਸ਼ਵਤ ਨੂੰ ਖਤਮ ਕਰਨ ਦਾ ਵਾਅਦਾ ਕੀਤਾ ਸੀ ਅਤੇ ਕਾਫ਼ੀ ਹੱਦ ਤੱਕ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਇਸ ਵਾਅਦਾ ਨੂੰ ਪੂਰਾ ਕਰਨ ਦਾ ਯਤਨ ਕੀਤਾ ਹੈ ਤੇ ਰਿਸ਼ਵਤਖ਼ੋਰੀ ਨੂੰ ਵੀ ਖਤਮ ਕਰਨ ਦੇ ਉਦੇਸ਼ ਨਾਲ ਮਾਲ ਅਫਸਰਾਂ ਦੇ ਖਿਲਾਫ਼ ਸਖ਼ਤ ਸਟੈਂਡ ਲਿਆ ਹੈ, ਇਸ ਦੀ ਚੁਫ਼ੇਰਿਉਂ ਸ਼ਲਾਘਾ ਵੀ ਹੋ ਰਹੀ ਹੈ।



# ਤੀਜੇ ਦਿਨ ਵੀ ਵਿਧਾਇਕ ਦੀਆਂ ਅਰਥੀਆਂ ਸਾੜਨ ਦੀ ਮੁਹਿੰਮ

## ● ਐੱਸ ਐੱਸ ਪੀ ਦਫਤਰ ਅੱਗੇ ਧਰਨਾ ਦੇਣ ਦਾ ਐਲਾਨ

**ਜੈਤੋ** (ਸਤੀਸ਼ ਕੁਮਾਰ ਭੀਰੀ) ਚੰਦਭਾਨ ਦੇ ਮਜ਼ਦੂਰਾਂ 'ਤੇ ਜਬਰ ਢਾਹੁਣ ਵਾਲੇ ਦੋਸ਼ੀਆਂ ਨੂੰ ਮਹੀਨੇ ਬੀਤਣ ਦੇ ਬਾਵਜੂਦ ਅਜੇ ਤੱਕ ਕੇਸ 'ਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਨਾ ਕਰਨ ਅਤੇ ਮਜ਼ਦੂਰਾਂ 'ਤੇ ਦਰਜ ਝੂਠਾ ਕੇਸ ਵਾਪਸ ਨਾ ਲੈਣ ਕਰਕੇ ਚੰਦਭਾਨ ਜਬਰ ਵਿਰੋਧੀ ਐਕਸ਼ਨ ਕਮੇਟੀ ਦੇ ਸੱਦੇ 'ਤੇ ਤੀਜੇ ਦਿਨ ਇਲਾਕੇ ਦੇ ਪਿੰਡ ਚੰਦਭਾਨ, ਮੱਤਾ ਤੇ ਔਲਖ ਵਿਖੇ 'ਆਪ' ਵਿਧਾਇਕ ਅਮੋਲਕ ਸਿੰਘ ਦੀਆਂ ਅਰਥੀਆਂ ਸਾੜੀਆਂ ਗਈਆਂ।ਭਾਵੇਂ ਬੀਤੇ ਦੋ ਦਿਨਾਂ ਤੋਂ ਇਲਾਕੇ ਦੇ ਪਿੰਡ ਰਾਮੇਆਣਾ ਖੱਚੜਾਂ ਤੇ ਅਜਿੱਤਗਿੱਲ ਆਦਿ ਪਿੰਡਾਂ 'ਚ ਅਰਥੀਆਂ ਸਾੜਨ ਮੌਕੇ ਪੁਲਸ ਵੱਲੋਂ ਕੋਈ ਵਿਘਨ ਨਹੀਂ ਪਾਇਆ ਗਿਆ, ਪ੍ਰੰਤੂ ਜਿਉਂ ਹੀ ਮਜ਼ਦੂਰਾਂ ਦਾ ਕਾਫ਼ਲਾ ਮੱਤੇ ਵੱਲ ਰਵਾਨਾ ਹੋਇਆ ਤਾਂ ਡੀ ਐਸ ਪੀ ਲਾਂਬਾ ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਉਨ੍ਹਾਂ ਨੂੰ ਅੱਗੇ ਜਾਣ ਤੋਂ ਰੋਕ ਲਿਆ।ਇਸੇ ਦੌਰਾਨ ਕੁੱਝ ਦੇਰ ਦੀ ਤਣਾਤਣੀ ਤੋਂ ਬਾਅਦ ਜਦੋਂ ਮਜ਼ਦੂਰ ਅੜੇ ਰਹੇ ਤਾਂ ਪੁਲਿਸ ਨੂੰ ਪਿੱਛੇ ਹਟਣਾ ਪਿਆ। ਇਨ੍ਹਾਂ ਇਕੱਠਾਂ ਨੂੰ ਐਕਸ਼ਨ ਕਮੇਟੀ ਦੇ ਮੈਂਬਰ ਸੁਖਪਾਲ ਸਿੰਘ ਖਿਆਲੀ ਵਾਲਾ, ਸਿਕੰਦਰ ਸਿੰਘ ਅਜਿੱਤਗਿੱਲ, ਗੋਰਾ ਸਿੰਘ ਪਿਪਲੀ, ਬਲਕਾਰ ਸਿੰਘ ਔਲਖ ਤੇ ਕੁਲਦੀਪ ਸਿੰਘ ਚੰਦਭਾਨ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਆਖਿਆ ਕਿ ਐਕਸ਼ਨ ਕਮੇਟੀ ਦੇ ਸੰਘਰਸ਼ ਦੀ ਬਦੌਲਤ ਭਾਵੇਂ ਐਸ ਐਸ ਪੀ ਨੂੰ 3 ਔਰਤਾਂ ਸਮੇਤ ਝੂਠੇ ਮਾਮਲੇ 'ਚ ਗ੍ਰਿਫ਼ਤਾਰ 41 ਮਜ਼ਦੂਰਾਂ ਨੂੰ ਰਿਹਾਅ ਕਰਨਾ ਪਿਆ ਤੇ ਮਜ਼ਦੂਰਾਂ ਤੇ ਗੋਲੀਆਂ ਚਲਾਉਣ ਤੇ ਜਾਤੀ ਸੂਚਕ ਸ਼ਬਦ ਵਰਤਣ ਵਾਲੇ ਸ਼ੈਲਰ ਮਾਲਕ ਗਮਦੂਰ ਸਿੰਘ ਪੱਪੂ ਤੇ ਹਰਵਿੰਦਰ ਸਿੰਘ ਜੱਜੀ 'ਤੇ ਇਰਾਦਾ ਕਤਲ ਤੇ ਐਸ ਸੀ ਐਸ ਟੀ ਐਕਟ ਤਹਿਤ ਕੇਸ ਦਰਜ ਕਰਨਾ ਪੈ ਗਿਆ, ਪਰ ਐਸ ਐਸ ਪੀ ਵੱਲੋਂ ਹਲਕਾ ਵਿਧਾਇਕ ਅਮੋਲਕ ਸਿੰਘ ਦੇ ਸਿਆਸੀ ਦਬਾਅ ਕਾਰਨ ਕੇਸ 'ਚ ਨਾਮਜ਼ਦ ਦੋਸ਼ੀਆਂ ਨੂੰ ਗਿ੍ਫ਼ਤਾਰ ਨਹੀਂ ਕੀਤਾ ਗਿਆ ਅਤੇ ਉਨ੍ਹਾਂ ਨੂੰ ਪੰਜਾਬ ਹਰਿਆਣਾ ਹਾਈਕੋਰਟ 'ਚੋਂ ਰਾਹਤ ਦੁਆਈ ਗਈ।ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਦੋਸ਼ੀਆਂ ਉੱਪਰ ਵੀ ਪੀੜਤ ਮਜ਼ਦੂਰਾਂ ਦੇ ਬਿਆਨਾਂ 'ਤੇ ਪਰਚਾ ਦਰਜ ਕਰਨ ਦੀ ਥਾਂ ਪੁਲਸ ਮੁਲਾਜ਼ਮਾਂ ਦੇ ਬਿਆਨ 'ਤੇ ਹੀ ਕੇਸ ਦਰਜ ਕੀਤਾ ਗਿਆ। ਉਨ੍ਹਾਂ ਆਖਿਆ ਪੀੜਤ ਮਜ਼ਦੂਰਾਂ ਵੱਲੋਂ ਦਿੱਤੇ ਗਏ ਬਿਆਨਾਂ ਨੂੰ ਕਰੀਬ ਤਿੰਨ ਮਹੀਨੇ ਬੀਤਣ ਦੇ ਬਾਵਜੂਦ ਇਨ੍ਹਾਂ ਦੇ ਬਿਆਨਾਂ ਦੇ ਆਧਾਰ 'ਤੇ ਨਾ ਤਾਂ ਹੋਰਨਾਂ ਦੋਸ਼ੀਆਂ ਨੂੰ ਨਾਮਜ਼ਦ ਕੀਤਾ ਗਿਆ ਤੇ ਨਾ ਹੀ ਧਾਰਾਵਾਂ 'ਚ ਵਾਧਾ ਕੀਤਾ ਗਿਆ। ਉਨ੍ਹਾਂ ਆਖਿਆ ਕਿ ਪਿਛਲੇ ਉਕਤ ਸਮੇਂ ਦੌਰਾਨ ਐਕਸ਼ਨ ਕਮੇਟੀ ਨਾਲ ਵੱਖ ਵੱਖ ਪੁਲਿਸ ਤੇ ਸਿਵਲ ਅਧਿਕਾਰੀਆਂ ਵੱਲੋਂ ਕੀਤੀਆਂ ਮੀਟਿੰਗਾਂ ਦੌਰਾਨ ਉਨ੍ਹਾਂ ਤੇ ਹਲਕਾ ਵਿਧਾਇਕ ਅਮੋਲਕ ਸਿੰਘ ਦਾ ਦਬਾਅ ਸਪੱਸ਼ਟ ਦਿਖਾਈ ਦਿੰਦਾ ਰਿਹਾ ਅਤੇ ਉੱਚ ਪਲਿਸ ਅਧਿਕਾਰੀ ਕਾਰਵਾਈ ਦੀ ਥਾਂ ਸਮਝੌਤਾ ਕਰਨ ਦੀਆਂ ਦਲੀਲਾਂ ਦਿੰਦੇ ਰਹੇ ਹਨ। ਉਨ੍ਹਾਂ ਆਖਿਆ ਕਿ ਅਮੋਲਕ ਸਿੰਘ ਦੀ ਦੋਸ਼ੀਆਂ ਨਾਲ ਸਾਂਝ ਤਾਂ ਏਨੀ ਸਪੱਸ਼ਟ ਹੈ ਕਿ ਉਹ ਐਕਸ਼ਨ ਕਮੇਟੀ ਕੋਲ ਗਮਦੂਰ ਸਿੰਘ ਵਗੈਰਾ ਨੂੰ ਬਚਾਉਣ ਲਈ ਤਾਂ ਖ਼ੁਦ ਮੁਆਫੀ ਮੰਗਣ ਦੀਆਂ ਤਜਵੀਜ਼ਾਂ ਭੇਜਦੇ ਰਹੇ ਹਨ।ਐਕਸ਼ਨ ਕਮੇਟੀ ਆਗੂਆਂ ਨੇ ਐਲਾਨ ਕੀਤਾ ਕਿ ਐਸ ਐਸ ਪੀ ਵੱਲੋਂ ਐਕਸ਼ਨ ਕਮੇਟੀ ਨਾਲ 9 ਫਰਵਰੀ ਨੂੰ ਕੀਤੇ ਸਮਝੌਤੇ ਦੀਆਂ ਰਹਿੰਦੀਆਂ ਮੰਗਾਂ ਲਾਗੂ ਕਰਾਉਣ ਲਈ ਜ਼ਿਲ੍ਹਾ ਪੁਲਿਸ ਮੁਖੀ ਦੇ ਦਫ਼ਤਰ ਅੱਗੇ ਦਿਨ-ਰਾਤ ਦਾ ਧਰਨਾ ਦੇਣ।



22 May Page-7.qxd 5/21/2025 10:56 PM Page 1



# ਬਾਬਾ ਮੋਨੀ ਕਾਲਜ 'ਚ ਡੇਂਗੂ ਤੇ ਚਿਕਨਗੁਨੀਆ ਸੰਬੰਧੀ ਜਾਗਰੂਕਤਾ ਕੈਂਪ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)- ਬਾਬਾ ਮੋਨੀ ਜੀ ਗਰੁੱਪ ਆਫ ਕਾਲਜਿਜ਼ ਲਹਿਰਾ ਮੁਹੱਬਤ ਵਿਖੇ ਵਿਦਿਆਰਥੀਆਂ ਨੂੰ ਡੇਂਗੂ ਤੇ ਚਿਕਨਗੁਨੀਆ ਦੇ ਇਲਾਜ ਅਤੇ ਬਚਾਓ ਦੇ ਤਰੀਕਿਆਂ ਬਾਰੇ ਜਾਣਕਾਰੀ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਟੀਮ ਜਤਿੰਦਰ ਕੌਰ ਸੀ. ਐੱਚ. ਓ., ਜਸਵਿੰਦਰ ਪਾਲ ਕੌਰ ਐੱਮ ਪੀ ਐੱਚ ਡਬਲਯੂ ਤੇ ਕਰਮਜੀਤ ਸਿੰਘ ਐੱਮ ਪੀ ਐੱਚ ਡਬਲਯੂ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਮੱਛਰ ਸਾਫ਼ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਤੇ ਇਹ ਸਿਰਫ ਦਿਨ ਵੇਲੇ ਕੱਟਦਾ ਹੈ। ਤੇਜ਼ ਬੁਖਾਰ, ਸਿਰ ਦਰਦ, ਚਮੜੀ ਤੇ ਦਾਣੇ ਇਸ ਦੇ ਮੁੱਖ ਲੱਛਣ ਹਨ। ਇਸ ਦੌਰਾਨ ਸਿਹਤ ਵਿਭਾਗ ਦੀ ਟੀਮ ਵੱਲੋਂ ਕਾਲਜ ਕੈਂਪਸ ਤੇ ਹੋਸਟਲ ਦੀ ਚੈਕਿੰਗ ਵੀ ਕੀਤੀ ਗਈ, ਜਿੱਥੇ ਸਾਫ ਸਫਾਈ ਦਾ ਪ੍ਰਬੰਧ ਸਹੀ ਪਾਇਆ ਗਿਆ ਤੇ ਕਿਸੇ ਵੀ ਜਗ੍ਹਾ ਤੋਂ ਲਾਰਵਾ ਨਹੀਂ ਪਾਇਆ ਗਿਆ। ਇਸ ਸਮੇਂ ਡਿਗਰੀ ਕਾਲਜ ਦੇ ਪ੍ਰੋ. ਰੁਪਿੰਦਰ ਸਿੰਘ, ਪ੍ਰੋ. ਮੋਨਿਕਾ ਗਰਗ, ਪ੍ਰੋ. ਰਮਨਦੀਪ ਕੌਰ, ਪ੍ਰੋ. ਅਵਨੀਤ ਕੌਰ, ਪ੍ਰੋ. ਸੁਖਦੀਪ ਕੌਰ (ਪੰਜਾਬੀ), ਪ੍ਰੋ. ਸੁਖਦੀਪ ਕੌਰ, ਪ੍ਰੋ. ਦਲਜੀਤ ਕੌਰ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਰੁਚੀਕਾ, ਪ੍ਰੋ. ਨਵਦੀਪ ਸ਼ਰਮਾ, ਪ੍ਰੋ. ਜਗਪ੍ਰੀਤ ਕੌਰ ਤੇ ਪ੍ਰੋ. ਕੁਲਦੀਪ ਸਿੰਘ ਤੇ ਨਰਸਿੰਗ ਕਾਲਜ ਦੇ ਮੈਡਮ ਸ਼ਿਖਾ ਚੌਪੜਾ, ਕੁਲਦੀਪ ਕੌਰ ਸ਼ੇਰਗਿੱਲ, ਨਵਦੀਪ ਕੌਰ, ਕੁਲਦੀਪ ਕੌਰ ਸਿੱਧੂ, ਸਿਮਰਨਜੀਤ ਕੌਰ, ਜਰਨੈਗਾ, ਸ਼ਿਵਾਨੀ ਠਾਕੁਰ, ਕਮਲਜੀਤ ਕੌਰ, ਗੁਰਪ੍ਰੀਤ ਕੌਰ, ਲਵਪ੍ਰੀਤ ਕੌਰ, ਲੂਬਨਾ ਇਸ਼ਾਕ, ਹਰਮਨਪ੍ਰੀਤ ਕੌਰ, ਓਮ ਹਰੀਪ੍ਰੀਤ ਤੇ ਮੈਡਮ ਆਂਚਲ ਆਦਿ ਸਟਾਫ ਮੈਂਬਰ ਮੌਜੂਦ ਸਨ।

# ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਤੇ ਏਟਕ ਵੱਲੋਂ 1 ਜੂਨ ਨੂੰ ਮੋਗਾ 'ਚ ਸੂਬਾਈ ਕਨਵੈਨਸ਼ਨ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

ਲੁਧਿਆਣਾ (ਰੈਕਟਰ ਕਥੂਰੀਆ)- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ ਚੰਡੀਗੜ੍ਹ ਅਤੇ ਏਟਕ ਨਾਲ ਸਬੰਧਤ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਦੀ ਇੱਕ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਵੱਖ ਵੱਖ ਜਥੇਬੰਦੀਆਂ ਦੇ ਸੂਬਾਈ ਆਗੂਆਂ ਸਾਥੀ ਚਰਨ ਸਿੰਘ ਸਰਾਭਾ, ਸੁਰਿੰਦਰ ਕੁਮਾਰ ਪੁਆਰੀ, ਜਗਦੀਸ਼ ਸਿੰਘ ਚਾਹਲ, ਅਵਤਾਰ ਸਿੰਘ ਗਗੜਾ, ਗੁਰਪ੍ਰੀਤ ਸਿੰਘ ਮੰਗਵਾਲ, ਗੁਰਮੇਲ ਸਿੰਘ ਮੈਲਡੇ, ਪ੍ਰੇਮ ਚਾਵਲਾ, ਦੀਦਾਰ ਸਿੰਘ ਪੱਟੀ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਅਮਰੀਕ ਸਿੰਘ ਮਸੀਤਾਂ, ਮੇਲਾ ਸਿੰਘ ਪੁੰਨਾਂਵਾਲ, ਚਮਕੌਰ ਸਿੰਘ ਬਰਮੀ, ਪ੍ਰਵੀਨ ਕੁਮਾਰ ਲੁਧਿਆਣਾ, ਕੁਲਵੰਤ ਸਿੰਘ ਚਾਨੀ, ਜਸਪਾਲ ਸਿੰਘ ਗਡਹੇੜਾ, ਡਿੰਪਲ ਰੁਹੇਲਾ ਨੇ ਆਪਣੇ ਸੰਬੋਧਨ ਵਿੱਚ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ



ਲਗਾਤਾਰ ਨਜ਼ਰਅੰਦਾਜ਼ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਇਸ ਤੋਂ ਇਲਾਵਾ 1 ਜੂਨ 2025 ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਨੇੜੇ ਬੱਸ ਸਟੈਂਡ ਮੋਗਾ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਨੂੰ ਸਫਲ ਬਣਾਉਣ ਲਈ ਵੱਖ ਵੱਖ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਦੇ ਨਾਲ ਹੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਮਜ਼ਬੂਤੀ ਲਈ ਪਿਛਲੀ ਮੀਟਿੰਗ ਵਿੱਚ ਕੀਤੇ ਫੈਸਲਿਆਂ ਦਾ ਲੇਖਾ ਜੋਖਾ ਕੀਤਾ ਗਿਆ। ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਸਮੂਹ ਕੱਚੇ, ਠੇਕਾ ਆਧਾਰਤ, ਆਊਟਸੋਰਸ ਮੁਲਾਜ਼ਮ ਅਤੇ ਸਕੀਮ ਵਰਕਰਾਂ ਨੂੰ ਰੈਗੂਲਰ ਕੀਤਾ ਜਾਵੇ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, ਡੀ ਏ ਦੀਆਂ ਬਕਾਇਆ ਪਈਆਂ 13 ਫੀਸਦੀ ਚਾਰ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਮਿਤੀ 1 ਜਨਵਰੀ 2026 ਤੋਂ ਪੰਜਾਬ ਦੇ ਸੱਤਵੇਂ ਪੇਅ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ, ਪਰਖ ਕਾਲ ਦੇ ਸਮੇਂ ਦੌਰਾਨ ਪੂਰੀਆਂ ਤਨਖਾਹਾਂ ਦੇਣ ਸਬੰਧੀ ਅਤੇ 17 ਜੁਲਾਈ 2020 ਦੇ ਪੱਤਰ ਸਬੰਧੀ ਮਾਨਯੋਗ ਉੱਚ ਅਦਾਲਤ ਦਾ ਫੈਸਲਾ ਤੁਰੰਤ ਲਾਗੂ ਕੀਤਾ ਜਾਵੇ, ਬੰਦ ਕੀਤੀ ਏਸੀਪੀ ਸਕੀਮ ਅਤੇ ਬੰਦ ਕੀਤੇ ਪੇਂਡੂ ਭੱਤੇ ਸਮੇਤ 37 ਭੱਤੇ ਤਰੰਤ ਲਾਗੂ ਕੀਤੇ ਜਾਣ, 200 ਰੁਪਏ ਮਹੀਨਾਂ ਜਜੀਆ ਟੈਕਸ ਦੀ ਕਟੌਤੀ ਬੰਦ ਕੀਤੀ ਜਾਵੇ, ਵਿਭਾਗਾਂ ਦਾ ਨਿੱਜੀਕਰਨ ਬੰਦ ਕਰਨ ਸਮੇਤ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਸਾਰੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਬੰਸ ਸਿੰਘ ਪੰਧੇਰ, ਸੁਰਿੰਦਰ ਸਿੰਘ ਬੈਂਸ, ਵਿਨੋਦ ਕੁਮਾਰ, ਅਮਨਦੀਪ ਸਿੰਘ ਬੁਢਲਾਡਾ, ਸੰਜੀਵ ਕੁਮਾਰ ਸ਼ਰਮਾ ਲੁਧਿਆਣਾ, ਚਰਨ ਸਿੰਘ ਤਾਜਪੁਰੀ, ਜਸਪਾਲ ਸੰਧੂ, ਜੋਰਾ ਸਿੰਘ ਮਨਸੂਰਾਂ ਤੇ ਜੀਤ ਸਿੰਘ ਲੁਧਿਆਣਾ ਆਦਿ ਹਾਜ਼ਰ ਸਨ।

# ਠੇਕੇ ਅੰਦਰ ਜਲਣਸ਼ੀਲ ਪਦਾਰਥ ਸੁੱਟ ਕੇ ਕਰਿੰਦੇ ਨੂੰ ਕੀਤਾ ਜ਼ਖਮੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਇੱਥੋਂ ਨੇੜਲੇ ਪਿੰਡ ਮਹੱਦੀਆਂ ਵਿਖੇ ਅੱਧੀ ਰਾਤ ਨੂੰ ਸ਼ਰਾਬ ਦੇ ਠੇਕੇ ਅੰਦਰ ਜਲਣਸ਼ੀਲ ਪਦਾਰਥ ਸੁੱਟੇ ਜਾਣ ਕਾਰਨ ਠੇਕੇ ਦੇ ਕਰਿੰਦੇ ਦੇ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ।ਸਿਵਲ ਹਸਪਤਾਲ ਵਿਖੇ ਇਲਾਜ ਅਧੀਨ ਅਨਿਲ ਪਟੇਲ ਵਾਸੀ ਉੱਤਰ ਪ੍ਰਦੇਸ਼ ਨੇ ਪੁਲਸ ਨੂੰ ਦੱਸਿਆ ਕਿ ਉਹ ਮਹੱਦੀਆਂ ਦੇ ਸ਼ਰਾਬ ਠੇਕੇ 'ਤੇ ਕਰਿੰਦੇ ਵਜੋਂ ਨੌਕਰੀ ਕਰਦਾ ਹੈ, ਜਿੱਥੇ ਰਾਤ ਨੂੰ ਕਰੀਬ ਡੇਢ ਵਜੇ ਮੋਟਰਸਾਈਕਲ 'ਤੇ ਸਵਾਰ ਹੋ ਕੇ 3/4 ਨਾਮਾਲੂਮ ਵਿਅਕਤੀ ਆਏ ਜਿਹਨਾਂ ਨੇ ਠੇਕਾ ਸ਼ਰਾਬ ਦੀ ਛੋਟੀ ਮੋਰੀ ਵਿੱਚੋਂ ਕੋਈ ਜਲਣਸ਼ੀਲ ਪਦਾਰਥ ਠੇਕੇ ਦੇ ਅੰਦਰ ਸੁੱਟ ਦਿੱਤਾ, ਜਿਸ ਨਾਲ ਸ਼ਰਾਬ ਨੂੰ ਅੱਗ ਲੱਗ ਗਈ।ਜਿਸ 'ਤੇ ਉਸਨੇ ਕਾਹਲੀ ਨਾਲ ਠੇਕੇ ਦਾ ਸ਼ਟਰ ਚੁੱਕਿਆ ਤਾਂ ਉਕਤ ਵਿਅਕਤੀ ਮੋਟਰਸਾਈਕਲ 'ਤੇ ਬੈਠ ਕੇ ਮੌਕੇ ਤੋਂ ਭੱਜ ਗਏ।ਅੱਗ ਨੂੰ ਬੁਝਾਉਣ ਦੀ ਕੋਸ਼ਿਸ਼ ਦੌਰਾਨ ਉਸ ਦਾ ਮੂੰਹ ਅਤੇ ਪੈਰ ਝੁਲਸ ਗਏ।ਅਨਿਲ ਪਟੇਲ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਜਗਰਾਉਂ ਵਿਖੇ ਧਰਨਾ ਤੇ ਮੁਜ਼ਾਹਰਾ ਹੁਣ 2 ਜੂਨ ਨੂੰ : ਮਨਜੀਤ ਧਨੇਰ

ਹਠੂਰ, ਜਗਰਾਉਂ (ਨਛੱਤਰ ਸੰਧੂ)- ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਮੀਟਿੰਗ ਲੁਧਿਆਣਾ ਦੇ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਜੋਗਿੰਦਰ ਸਿੰਘ ਉਗਰਾਹਾਂ, ਬਲਦੇਵ ਸਿੰਘ ਨਿਹਾਲਗੜ੍ਹ ਅਤੇ ਕੰਵਲਪ੍ਰੀਤ ਸਿੰਘ ਪੰਨੂ ਨੇ ਕੀਤੀ। ਮੀਟਿੰਗ ਵਿੱਚ ਹੋਰ ਮਸਲਿਆਂ ਤੋਂ ਇਲਾਵਾ 26 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤੇ ਜਾਣ ਵਾਲੇ ਜਬਰ ਵਿਰੋਧੀ ਧਰਨੇ ਅਤੇ ਮੁਜ਼ਾਹਰਿਆਂ ਸਬੰਧੀ ਵਿਚਾਰ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਰਘਵੀਰ ਸਿੰਘ ਬੈਨੀਪਾਲ ਨੇ ਦੱਸਿਆ ਕਿ 26 ਮਈ ਨੂੰ ਅਖਾੜਾ ਗੈਸ ਫੈਕਟਰੀ ਵਾਲੇ ਕੇਸ ਦੀ ਹਾਈ ਕੋਰਟ ਵਿੱਚ ਸੁਣਵਾਈ ਹੈ। ਇਸ ਲਈ ਲੋਕਾਂ ਖਿਲਾਫ ਜਬਰ ਦੀ ਸੰਭਾਵਨਾ ਨੂੰ ਦੇਖਦਿਆਂ 26 ਮਈ ਨੂੰ ਗੈਸ ਫੈਕਟਰੀਆਂ ਵਿਰੋਧੀ ਮੋਰਚੇ ਅਤੇ ਆਸੇ ਪਾਸੇ ਦੇ ਪਿੰਡਾਂ ਦੇ ਲੋਕ ਆਪਣੇ ਮੋਰਚਿਆਂ 'ਤੇ ਤਾਇਨਾਤ ਰਹਿਣਗੇ। ਇਸ ਨੂੰ ਦੇਖਦੇ ਹੋਏ ਸੰਯੁਕਤ ਕਿਸਾਨ ਮੋਰਚੇ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਸੰਗਰੂਰ ਅਤੇ ਬਠਿੰਡਾ ਵਾਲੇ ਜਬਰ ਵਿਰੋਧੀ ਪ੍ਰੋਗਰਾਮ ਪਹਿਲਾਂ ਵਾਂਗੂ 26 ਮਈ ਨੂੰ ਹੀ ਹੋਣਗੇ ਪਰ ਜਗਰਾਉਂ ਵਾਲਾ ਪ੍ਰੋਗਰਾਮ ਦੋ ਜੂਨ ਨੂੰ ਕੀਤਾ ਜਾਵੇਗਾ।



ਦੋਵਾਂ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਜਦੋਂ ਵੀ ਹਾਈ ਕੋਰਟ ਵਿੱਚ ਪੇਸ਼ੀ ਹੁੰਦੀ ਹੈ ਤਾਂ ਇਸ ਦਾ ਬਹਾਨਾ ਬਣਾ ਕੇ ਹਰ ਵਾਰ ਲੋਕਾਂ 'ਤੇ ਜਬਰ ਕੀਤਾ ਜਾਂਦਾ ਹੈ। ਪਿਛਲੀ ਵਾਰ ਵੀ ਔਰਤਾਂ ਨੂੰ ਖੇਤਾਂ ਵਿੱਚ ਕੁੱਟਿਆ ਗਿਆ ਅਤੇ ਬੁਲਡੋਜ਼ਰਾਂ ਨਾਲ ਸ਼ੈਡ ਵਗੈਰਾ ਢਾਹ ਕੇ ਲੋਕਾਂ ਦਾ ਜ਼ਰੂਰੀ ਸਮਾਨ ਲੁੱਟ ਲਿਆ ਗਿਆ ਸੀ। ਉਹਨਾਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਇਸ ਵਾਰ ਵੀ ਧੱਕੇਸ਼ਾਹੀ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਇਸ ਦਾ ਪੁਰਅਮਨ ਰਹਿੰਦਿਆਂ ਸਖਤੀ ਨਾਲ ਜਵਾਬ ਦਿੱਤਾ ਜਾਵੇਗਾ।

# ਪੈਰਾਡਾਈਜ਼ ਸਕੂਲ ਦੇ ਵਿਦਿਆਰਥੀਆਂ ਵੱਲੋਂ ਤਾਈਕਵਾਂਡੋ ਕੱਪ 'ਚ ਸ਼ਾਨਦਾਰ ਪ੍ਰਦਰਸ਼ਨ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਦੇ ਵਿਦਿਆਰਥੀਆਂ ਨੇ ਮਿਲੇਨੀਅਮ ਸਕੂਲ, ਪਟਿਆਲਾ ਵਿਖੇ ਆਯੋਜਤ 7ਵੇਂ ਪੰਜਾਬ ਤਾਇਕਵਾਂਡੋ ਕੱਪ ਵਿੱਚ ਜਿੱਤ ਪ੍ਰਾਪਤ ਕਰਕੇ ਆਪਣੇ ਹੁਨਰ ਤੇ ਖੇਡ ਮੁਹਾਰਤ ਦਾ ਲੋਹਾ ਮੰਨਵਾਇਆ ਹੈ। ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਸਮੇਤ ਗੁਆਂਢੀ ਰਾਜਾਂ ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਦੇ ਲਗਭਗ 500 ਵਿਦਿਆਰਥੀਆਂ ਨੇ ਭਾਗ ਲਿਆ। ਮਜ਼ਬੂਤ ਦਾਅਵੇਦਾਰਾਂ ਦੇ ਖਿਲਾਫ ਮੁਕਾਬਲਾ ਕਰਦੇ ਹੋਏ ਪੈਰਾਡਾਈਜ਼ ਇੰਟਰਨੈਸ਼ਨਲ ਦੇ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਇੱਕ ਅਮਿੱਟ ਛਾਪ ਛੱਡੀ।\ ਸਕੂਲ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਦੱਸਿਆ ਕਿ ਸੀਨੀਅਰ ਸ਼੍ਰੇਣੀ ਵਿੱਚ ਸਹਿਜਪਾਲ ਸਿੰਘ, ਗੁਰਸ਼ਰਨਜੀਤ ਸਿੰਘ, ਆਕਾਸ਼ਦੀਪ ਸਿੰਘ, ਹਰਿੰਦਰ ਸਿੰਘ ਅਤੇ ਹਰਮਨ ਸਿੰਘ ਨੇ ਆਪਣੇ ਵਿਰੋਧੀਆਂ ਨੂੰ ਪਛਾੜਦੇ ਹੋਏ ਸੋਨੇ ਦੇ ਤਗਮੇ ਜਿੱਤੇ।ਸਬ-ਜੂਨੀਅਰ ਸ਼੍ਰੇਣੀ ਦੇ ਤਹਿਤ ਹਰਮਨਜੋਤ ਸਿੰਘ ਨੇ ਸੋਨੇ ਦਾ ਤਗਮਾ ਜਿੱਤਿਆ, ਜਿਸਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਮਾਣ ਵਧਾਇਆ।ਇਸਤੋਂ ਇਲਾਵਾ ਜਸਪ੍ਰੀਤ ਸਿੰਘ ਤੇ ਨਮਨਦੀਪ ਕੌਰ ਨੇ ਆਪਣੇ-ਆਪਣੇ ਜੂਨੀਅਰ ਤੇ ਸਬ-ਜੂਨੀਅਰ ਸ਼੍ਰੇਣੀਆਂ ਵਿੱਚ ਚਾਂਦੀ ਦੇ ਤਗਮੇ ਪ੍ਰਾਪਤ ਕੀਤੇ।ਅਰਮਾਨ ਸਿੰਘ ਤੇ ਅਰਸ਼ਦੀਪ ਕੌਰ ਨੇ ਜੂਨੀਅਰ ਅਤੇ ਸਬ-ਜੂਨੀਅਰ ਸ਼੍ਰੇਣੀਆਂ ਵਿੱਚ ਕਾਂਸੀ ਦੇ ਤਗਮੇ ਜਿੱਤ ਕੇ ਅਸਾਧਾਰਨ ਹਿੰਮਤ ਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਇਹ ਮੁਕਾਬਲਾ ਪੰਜਾਬ ਤਾਇਕਵਾਂਡੋ ਐਸੋਸੀਏਸ਼ਨ ਵੱਲੋਂ ਕਰਾਇਆ ਗਿਆ ਅਤੇ ਇਸ 7ਵੇਂ ਪੰਜਾਬ ਤਾਇਕਵਾਂਡੋ ਕੱਪ 2025 ਦਾ ਆਗਾਜ਼ ਪੰਜਾਬ ਤਾਇਕਵਾਂਡੋ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਰਪਿਤ ਸ਼ੁਕਲਾ, ਡੀ ਜੀ ਪੀ ਪੰਜਾਬ ਵੱਲੋਂ ਕੀਤਾ ਗਿਆ।ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਖੇਡ ਨਾਲ ਸੰਬੰਧਤ ਸਮਾਨ, ਇਨਾਮ ਤੇ ਤੌਰ 'ਤੇ ਦਿੱਤਾ ਗਿਆ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦੇ ਕੋਚ ਅਭਿਨਵ ਸ਼ਰਮਾ ਦੀ ਪ੍ਰਸ਼ੰਸਾ ਕਰਦਿਆਂ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਉੱਤਮਤਾ ਲਈ ਸਕੂਲ ਦੇ ਨਿਰੰਤਰ ਸਮਰਥਨ 'ਤੇ ਜ਼ੋਰ ਦਿੱਤਾ।

# ਪੀੜਤ ਅਧਿਆਪਕਾਂ ਦੇ ਸੰਘਰਸ਼ ਦੀ ਪੂਰਨ ਹਮਾਇਤ ਦਾ ਐਲਾਨ

ਮਾਨਸਾ (ਆਤਮਾ ਸਿੰਘ ਪਮਾਰ) ਆਪਣੀਆਂ ਹੱਕੀ ਮੰਗਾਂ ਲਈ ਪਿਛਲੇ 111 ਦਿਨਾਂ ਤੋਂ ਲਗਾਤਾਰ ਸੰਘਰਸ਼ ਕਰ ਰਹੇ ਆਦਰਸ਼ ਮਾਡਲ ਸਕੂਲ ਚਾਉਕੇ ਦੇ ਅਧਿਆਪਕਾਂ ਦੀਆਂ ਸੇਵਾਵਾਂ ਬਹਾਲ ਕਰਨ ਸਮੇਂ ਅਧਿਆਪਕਾਂ ਨਾਲ ਕੀਤੇ ਪੱਖਪਾਤ ਦੀ ਅਧਿਆਪਕ ਜਥੇਬੰਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ ਵੱਲੋਂ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ। ਫ਼ਰੰਟ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਲੜੇ ਗਏ ਲੰਮੇ ਤੇ ਜਾਨ ਹੂਲਵੇਂ ਸੰਘਰਸ਼ ਤੋਂ ਅਧਿਆਪਕਾਂ ਦੀ ਮੁੜ ਬਹਾਲੀ ਸੰਭਵ ਹੋਈ ਸੀ ਤੇ ਭ੍ਰਿਸ਼ਟ ਪ੍ਰਬੰਧਕੀ ਕਮੇਟੀ ਤੋਂ ਪ੍ਰਬੰਧ ਵਾਪਸ ਲਿਆ ਗਿਆ ਸੀ। ਜਥੇਬੰਦੀ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਦੋਸ਼ ਲਇਆ ਕਿ ਬਠਿੰਡਾ ਜ਼ਿਲ੍ਹਾ ਪ੍ਰਸ਼ਾਸਨ ਪ੍ਰਬੰਧਕੀ ਕਮੇਟੀ ਦੀ ਬੀ ਟੀਮ ਵਾਂਗ ਕੰਮ ਕਰ ਰਿਹਾ ਹੈ। ਉਨ੍ਹਾਂ ਐਸ ਡੀ ਐੱਮ ਵੱਲੋਂ ਸਾਜ਼ਿਸੀ ਢੰਗ ਨਾਲ 65 ਟੀਚਰਾਂ ਦੀ ਮੁਅੱਤਲੀ ਰੱਦ ਕਰਕੇ 5 ਪੀੜਤ ਟੀਚਰਾਂ ਦੇ ਨਾਂਅ ਸੂਚੀ 'ਚ ਦਰਜ ਨਾ ਕਰਨ ਨੂੰ ਮੰਦਭਾਗਾ ਕਰਾਰ ਦਿੰਦਿਆਂ ਤੁਰੰਤ ਪ੍ਰਭਾਵ ਤੋਂ ਸਾਰੇ ਅਧਿਆਪਕਾਂ ਨੂੰ ਬਹਾਲ ਕਰਨ ਦੀ ਮੰਗ ਕੀਤੀ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਇਨ੍ਹਾਂ ਅਧਿਆਪਕਾਂ ਦੁਆਰਾ ਭਵਿੱਖ ਵਿੱਚ ਲੜੇ ਜਾਣ ਵਾਲੇ ਸੰਘਰਸ਼ ਦੌਰਾਨ ਭਰਵੀ ਸ਼ਮੂਲੀਅਤ ਕਰਨ ਦਾ ਐਲਾਨ ਕਰ ਦਿੱਤਾ ਹੈ।

YES BANK

Registered Office: Yes Bank House, Western Express Highway, Santacruz (E), Mumbai-400 055.
Also At :- SCO No. 129-130 2nd Floor, Sector 9-C, Madhya Marg, Chandigarh -160009.
Also At :- B-XX 2427–928, 1st Floor, Gobind Nagar, Ferozepur Road, Ludhiana-141001.

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਗਰੰਟਰਾਂ/ਡਾਇਰੈਕਟਰਾਂ/ਰਹਿਣਕਾਰਾਂ, ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ 'ਐਸੇਟ ਕਲਾਸੀਫਿਕੇਸ਼ਨ ਗਾਈਡਲਾਈਨਜ਼' ਸ਼ਰਤਾਂ ਤੋਂ ਬਾਹਰੀ ਹੋਣ ਕਾਰਨ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਿਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰਾਂ/ਗਰੰਟਰਾਂ/ਸਕਿਉਰਟੀ ਪ੍ਰੋਵਾਈਡਰਾਂ ਦਾ ਨਾਮ | ਜਾਇਦਾਦਾਂ ਦਾ ਵੇਰਵਾ/ਲਾਗੂ ਸਕਿਉਰਡ ਐੱਸਟਸ ਦਾ ਪਤਾ ਅਤੇ ਰਹਿਣਕਾਰ | ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਬਕਾਇਆ ਰਕਮ |
|---|---|---|---|---|
| 1. ਧਰੁਵ ਕੁਮਾਰ ਸ਼ਰਮਾ ਪੁੱਤਰ ਸ਼ਿਵ ਸ਼ਰਮਾ ਪਤਾ ਗਲੀ ਨੰ. 9, ਅਜੀਤ ਸਿੰਘ, ਕਾਲੋਨੀ ਗਿਆਸਪੁਰਾ, ਲੋਹਾਰਾ, ਐਸ ਓ ਲੁਧਿਆਣਾ, ਪੰਜਾਬ-141016 (ਕਰਜ਼ਦਾਰ ਅਤੇ ਰਹਿਣਕਾਰ) 2. ਨੀਲਮ ਇਨਸਾਨ ਮਾਰਫਤ ਧਰੁਵ ਕੁਮਾਰ ਸ਼ਰਮਾ ਪਤਾ ਮਕਾਨ ਨੰ. 212/35/12/7ਏ, ਗਲੀ ਨੰ. 09, ਨੇੜੇ ਐਸ ਜੀ ਐਨ ਇੰਟਰਨੈਸ਼ਨਲ ਸਕੂਲ, ਸ਼ਹੀਦ ਅਜੀਤ ਸਿੰਘ ਕਾਲੋਨੀ, ਲੋਹਾਰਾ, ਲੁਧਿਆਣਾ, ਪੰਜਾਬ-141016 (ਸਹਿ-ਕਰਜ਼ਦਾਰ) | ਗੈਰ-ਖੇਤੀਬਾੜੀ ਜਾਇਦਾਦ ਰਕਬਾ 100 ਵਰਗ ਗਜ਼ ਪਿੰਡ ਅਜੀਤ ਸਿੰਘ ਕਾਲੋਨੀ ਵਿਖੇ ਸਥਿਤ, ਲੁਧਿਆਣਾ ਖੱਤਾ ਨੰ. 535/545, ਖਸਰਾ ਨੰ. 35//2/3/1, 9/1/2, 9/2/1, 12/1/3, 12/3/1, ਜਮ੍ਹਾਂਬੰਦੀ ਸਾਲ 2003-2004 ਪਿੰਡ ਗਿਆਸਪੁਰਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਗਲੀ 20' ਚੌੜੀ ਤੋਂ 21'-0" ਤੱਕ, ਪੱਛਮ : ਗੁਆਂਢ 21'-0" ਤੱਕ, ਉੱਤਰ : ਗੁਆਂਢ 43'-00" ਤੱਕ, ਦੱਖਣ : ਗਲੀ 20' ਤੋਂ 43'00" ਤੱਕ ਚੌੜੀ | 07 ਮਈ 2025 | 07 ਮਾਰਚ 2025 | 07 ਮਈ 25 ਨੂੰ ਰੁਪਏ 28,14,267.75/- (ਰੁਪਏ ਅਠਾਈ ਲੱਖ ਚੌਦਾਂ ਹਜ਼ਾਰ ਦੋ ਸੌ ਸਤਾਹਠ ਅਤੇ ਪੰਜਤਰ ਪੈਸੇ ਕੇਵਲ) |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ/ਰਹਿਣਕਾਰ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 22.05.2025
ਸਥਾਨ : ਲੁਧਿਆਣਾ, ਪੰਜਾਬ

ਸਹੀ/- ਅਧਿਕਾਰਤ ਅਫਸਰ
ਵਾਸਤੇ ਯੈੱਸ ਬੈਂਕ ਲਿਮਿਟਿਡ

# ਦਸਵੀਂ ਜਮਾਤ 'ਚੋਂ ਬੋਰਡ ਪ੍ਰੀਖਿਆ ਦੇ ਅੱਵਲ ਬੱਚੇ ਸਨਮਾਨਤ



ਦੋਰਾਹਾ (ਹਰਮਿੰਦਰ ਸੇਠ)- ਸਰਕਾਰੀ ਹਾਈ ਸਕੂਲ ਪੱਦੀ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਸਵੀਂ ਜਮਾਤ ਦੇ ਸ਼ਾਨਦਾਰ ਨਤੀਜੇ ਵਿੱਚ ਅੱਵਲ ਬੱਚਿਆਂ ਦਾ ਸਨਮਾਨ ਕੀਤਾ ਗਿਆ। ਸਕੂਲ ਸਟਾਫ਼ ਨੇ ਦੱਸਿਆ ਕਿ ਦਸਵੀਂ ਜਮਾਤ ਦਾ ਨਤੀਜਾ 100% ਰਿਹਾ ਅਤੇ ਜਮਾਤ ਵਿਚੋਂ ਸਿਮਰਨ ਕੌਰ ਨੇ 575/650 ਅੰਕ ਹਾਸਲ ਕਰ ਕੇ ਪਹਿਲਾ, ਜਸਕਰਨ ਸਿੰਘ ਨੇ 547/650 ਅੰਕ ਹਾਸਲ ਕਰ ਕੇ ਦੂਜਾ ਅਤੇ ਗੁਰਲੀਨ ਕੌਰ ਅਤੇ ਰਾਜਵੀਰ ਕੌਰ ਨੇ 521/650 ਅੰਕ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਲ ਕੀਤਾ। ਜੈਸਮੀਨ ਕੌਰ ਨੇ 520/650 ਅੰਕ ਪ੍ਰਾਪਤ ਕਰ ਕੇ ਚੌਥਾ ਸਥਾਨ ਹਾਸਲ ਕਰ ਕੇ ਸਕੂਲ, ਪਿੰਡ ਅਤੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ।ਸਕੂਲ ਹੈਡਮਾਸਟਰ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਸੇ ਤਰ੍ਹਾਂ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

# ਇਕ ਹੋਰ ਵਿਜ਼ਟਰ ਵੀਜ਼ਾ ਲਵਾਇਆ

ਜਗਰਾਉਂ (ਸੰਜੀਵ ਅਰੋੜਾ) ਮੈਕਰੋ ਗਲੋਬਲ ਮੋਗਾ ਦੀ ਜਗਰਾਉਂ ਬ੍ਰਾਂਚ ਜੋ ਪਿਛਲੇ ਬਹੁਤ ਸਮੇਂ ਤੋਂ ਧੜਾਧੜ ਵੀਜ਼ੇ ਲਵਾ ਕੇ ਖਿੱਚ ਦਾ ਕੇਂਦਰ ਬਣੀ ਹੋਈ ਹੈ। ਸੰਸਥਾ ਦੇ ਐੱਮ.ਡੀ. ਗੁਰਮਿਲਾਪ ਸਿੰਘ ਡੱਲਾ ਨੇ ਦੱਸਿਆ ਕਿ ਸੰਸਥਾ ਦੇ ਤਜਰਬੇਕਾਰ ਤੇ



ਮਿਹਨਤੀ ਸਟਾਫ਼ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਕਰਕੇ ਸੰਸਥਾ ਦੇ ਵਿਦਿਆਰਥੀ ਆਈਲੈਟਸ ਵਿੱਚ ਵਧੀਆ ਸਕੋਰ ਪ੍ਰਾਪਤ ਕਰ ਰਹੇ ਹਨ ਤੇ ਇਮੀਗ੍ਰੇਸ਼ਨ ਦੇ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਕੰਮ ਕਰਕੇ ਵੱਡੀ ਗਿਣਤੀ ਵਿੱਚ ਲਗਾਤਾਰ ਕੈਨੇਡਾ, ਆਸਟ੍ਰੇਲੀਆ, ਜਾਣ ਵਾਲੇ ਚਾਹਵਾਨ ਲੋਕਾਂ ਦੇ ਵਿਜ਼ਟਰ ਵੀਜ਼ੇ ਲੱਗ ਰਹੇ ਹਨ, ਜਿਨ੍ਹਾਂ ਵਿੱਚੋਂ ਅਜੀਤਪਾਲ ਸਿੰਘ ਗਰੇਵਾਲ ਸਪੁੱਤਰ ਹੁਸ਼ਿਆਰ ਸਿੰਘ ਗਰੇਵਾਲ ਨਿਵਾਸੀ ਪਿੰਡ ਬਰਸਾਲ ਜ਼ਿਲ੍ਹਾ ਲੁਧਿਆਣਾ ਦਾ ਵਿਜ਼ਟਰ ਵੀਜ਼ਾ ਵੀ ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਨੇ ਲਵਾ ਕੇ ਦਿੱਤਾ ਹੈ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਅਜੀਤਪਾਲ ਸਿੰਘ ਤੇ ਉਨ੍ਹਾਂ ਦੇ ਪਰਵਾਰ ਨੂੰ ਵਧਾਈ ਦਿੱਤੀ।

# ਗਿਆਨ ਪੋਸਟ ਸੇਵਾ ਰਾਹੀਂ ਵਿੱਦਿਅਕ ਸਮਗਰੀ ਦੀ ਢੋਆ-ਢੁਆਈ ਲਈ ਰਿਆਇਤੀ ਦਰਾਂ ਦੀ ਸ਼ੁਰੂਆਤ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਡਾਕ ਵਿਭਾਗ ਨੇ ਬੁੱਕ ਪੋਸਟ ਪ੍ਰਣਾਲੀ ਦੇ ਮਾਡਲ 'ਤੇ ਬਣਾਈ ਗਈ 'ਗਿਆਨ ਪੋਸਟ' ਨਾਮਕ ਸੇਵਾ ਰਾਹੀਂ ਪਾਠ-ਪੁਸਤਕਾਂ ਵਰਗੀਆਂ ਵਿਦਿਅਕ ਸਮੱਗਰੀ ਦੀ ਢੋਆ-ਢੁਆਈ ਲਈ ਰਿਆਇਤੀ ਦਰਾਂ ਪ੍ਰਦਾਨ ਕਰਨ ਦੀ ਸ਼ੁਰੂਆਤ ਕੀਤੀ ਹੈ।ਇਸ ਸੇਵਾ ਦੀਆਂ ਕੀਮਤਾਂ 300 ਗ੍ਰਾਮ ਤੋਂ 5 ਕਿਲੋਗ੍ਰਾਮ ਤੱਕ ਦੇ ਪੈਕੇਜਾਂ ਲਈ ਕ੍ਰਮਵਾਰ 20 ਰੁਪਏ ਤੋਂ 100 ਰੁਪਏ ਤੱਕ ਹੋਣਗੀਆਂ। ਪਟਿਆਲਾ ਡਿਵੀਜ਼ਨ, ਪਟਿਆਲਾ ਦੇ ਸੀਨੀਅਰ ਸੁਪਰਡੈਂਟ ਡਾਕਘਰ, ਸੱਤਿਅਮ ਤਿਵਾੜੀ ਨੇ ਦੱਸਿਆ ਕਿ ਗਿਆਨ ਪੋਸਟ ਦੇ ਤਹਿਤ, ਰਾਜ ਤੇ ਕੇਂਦਰ ਸਰਕਾਰ ਦੇ ਸਿੱਖਿਆ ਬੋਰਡਾਂ ਜਾਂ ਯੂਨੀਵਰਸਿਟੀਆਂ ਦੁਆਰਾ ਵਿਦਿਆਰਥੀਆਂ ਲਈ ਪੱਤਰ ਵਿਹਾਰ ਤੇ ਨਿਯਮਤ ਕੋਰਸਾਂ ਲਈ ਸਿਲੇਬਸ ਵਿੱਚ ਨਿਰਧਾਰਤ ਛਪੀਆਂ ਸਮੱਗਰੀਆਂ ਨੂੰ ਗਿਆਨ ਪੋਸਟ ਰਾਹੀਂ ਲਿਜਾਣ ਦੀ ਇਜਾਜ਼ਤ ਹੋਵੇਗੀ, ਪ੍ਰੰਤੂ ਰਸਾਲਿਆਂ ਵਰਗੇ ਮੈਗਜ਼ੀਨ ਇਸ ਯੋਜਨਾ ਦੇ ਅਧੀਨ ਨਹੀਂ ਆਉਣਗੇ। ਉਨ੍ਹਾਂ ਦੱਸਿਆ ਕਿ ਬੁੱਕ ਪੋਸਟ ਦੇ ਉਲਟ, ਇਹ ਉਤਪਾਦ ਰੀਅਲ-ਟਾਈਮ ਟਰੈਕਿੰਗ ਲਈ ਯੋਗ ਹੋਵੇਗਾ।1 ਮਈ ਤੋਂ ਸ਼ੁਰੂ ਹੋਈ ਇਸ ਯੋਜਨਾ ਰਾਹੀਂ ਵਿਦਿਅਕ ਲੇਖ ਭੇਜੇ ਜਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਬੁੱਕ ਪੋਸਟ ਦੀ ਕੀਮਤ 50 ਗ੍ਰਾਮ ਤੋਂ ਘੱਟ ਵਾਲੇ ਕਿਤਾਬਚੇ ਲਈ 4 ਰੁਪਏ ਤੇ ਇਸ ਤੋਂ ਉੱਪਰ ਦੇ ਹਰ 50 ਗ੍ਰਾਮ ਲਈ 3 ਰੁਪਏ ਵਾਧੂ ਹੋਣਗੇ।ਇਸ ਤਰ੍ਹਾਂ ਵਿਅਕਤੀਗਤ ਹਲਕੇ ਭਾਰ ਵਾਲੀਆਂ ਪਾਠ-ਪੁਸਤਕਾਂ ਦੀ ਕੀਮਤ ਬੁੱਕ ਪੋਸਟ ਨਾਲੋਂ ਥੋੜ੍ਹੀ ਜਿਹੀ ਜ਼ਿਆਦਾ ਹੋਵੇਗੀ, ਪਰ 5 ਕਿਲੋਗ੍ਰਾਮ ਪਾਰਸਲ ਕੀਮਤ ਦਾ ਤੀਜਾ ਹਿੱਸਾ ਹੋਣਗੇ। ਸੀਨੀਅਰ ਸੁਪਰਡੈਂਟ ਡਾਕਘਰ ਨੇ ਅੱਗੇ ਦੱਸਿਆ ਕਿ ਡਾਕ ਖਰਚ ਦੀਆਂ ਦਰਾਂ 300 ਗ੍ਰਾਮ ਤੱਕ ਭਾਰ ਪ੍ਰਸਤਾਵਿਤ ਡਾਕ ਖਰਚ ਦੀ ਦਰ 20 ਰੁਪਏ, 301 ਤੋਂ 500 ਗ੍ਰਾਮ ਦੇ ਵਿਚਕਾਰ 25 ਰੁਪਏ, 501 ਤੋਂ 1000 ਗ੍ਰਾਮ ਦੇ ਵਿਚਕਾਰ 35 ਰੁਪਏ, 1001 ਤੋਂ 2000 ਗ੍ਰਾਮ ਦੇ ਵਿਚਕਾਰ 50 ਰੁਪਏ, 2001 ਤੋਂ 3000 ਗ੍ਰਾਮ ਦੇ ਵਿਚਕਾਰ 65 ਰੁਪਏ, 3001 ਤੋਂ 4000 ਗ੍ਰਾਮ ਦੇ ਵਿਚਕਾਰ 80 ਰੁਪਏ, ਅਤੇ 4001 ਤੋਂ 5000 ਗ੍ਰਾਮ ਦੇ ਵਿਚਕਾਰ 100 ਰੁਪਏ ਹੋਣਗੇ।ਉਨ੍ਹਾਂ ਕਿਹਾ ਕਿ ਗਿਆਨ ਪੋਸਟ ਲਈ ਇੱਕ ਅਧਿਕਾਰਤ ਨੋਟੀਫਿਕੇਸ਼ਨ ਵਿੱਚ ਦਰਸਾਏ ਗਏ ਡਾਕ ਵਿਭਾਗ ਵੱਲੋਂ ਸਮਾਜਿਕ, ਸੱਭਿਆਚਾਰਕ ਤੇ ਧਾਰਮਿਕ ਪ੍ਰਕਿਰਤੀ ਨਾਲ ਸਬੰਧਤ ਕੋਈ ਵੀ ਰਚਨਾ ਇਸ ਯੋਜਨਾ ਲਈ ਯੋਗ ਮੰਨੀ ਜਾਵੇ।



# ਜੀ ਬੀ ਇੰਟਰਨੈਸ਼ਨਲ ਸਕੂਲ ਦੀਆਂ ਵਿਦਿਆਰਥਣਾਂ ਨੇ ਨਾਭਾ ਸ਼ਹਿਰ 'ਚੋਂ ਪ੍ਰਾਪਤ ਕੀਤਾ ਦੂਜਾ ਤੇ ਤੀਜਾ ਸਥਾਨ



ਨਾਭਾ (ਵਰਿੰਦਰ ਵਰਮਾ)- ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਇਮਤਿਹਾਨ ਦੇ ਨਤੀਜਿਆਂ ਵਿੱਚ ਜੀ ਬੀ ਇੰਟਰਨੈਸ਼ਨਲ ਸਕੂਲ ਨਾਭਾ ਦੇ ਵਿਦਿਆਰਥੀਆਂ ਨੇ ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼ਾਨਦਾਰ ਪ੍ਰਦਰਸ਼ਨ ਦਿਖਾਇਆ। ਸਕੂਲ ਦੀਆਂ ਵਿਦਿਆਰਥਣਾਂ ਬਵਨੀਤ ਢਿੱਲੋਂ ਨੇ 98.8 ਫੀਸਦੀ ਅਤੇ ਅਰਚਿਤਾ ਮਿੱਤਲ ਨੇ 98.6 ਫੀਸਦੀ ਅੰਕ ਪ੍ਰਾਪਤ ਕਰਕੇ ਪੂਰੇ ਨਾਭਾ ਸ਼ਹਿਰ ਵਿੱਚੋਂ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਅਰਚਿਤਾ ਮਿੱਤਲ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਤਿੰਨ ਵਿਸ਼ਿਆਂ, ਗਣਿਤ, ਪੰਜਾਬੀ ਅਤੇ ਆਈ ਟੀ ਵਿੱਚ 100 ਵਿੱਚੋਂ 100 ਅੰਕ ਪ੍ਰਾਪਤ ਕਰਕੇ ਪੂਰੇ ਨਾਭਾ ਸ਼ਹਿਰ ਨੂੰ ਹੈਰਾਨ ਕਰ ਦਿੱਤਾ ਹੈ। ਇਸ ਤੋਂ ਇਲਾਵਾ, ਬਵਨੀਤ ਢਿੱਲੋਂ ਨੇ ਅੰਗਰੇਜ਼ੀ ਅਤੇ ਆਈ ਟੀ ਵਿਸ਼ਿਆਂ ਵਿੱਚ 100% ਅੰਕ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਹੈ। ਦੋਵਾਂ ਵਿਦਿਆਰਥਣਾਂ ਦੀ ਇਸ ਵਿਲੱਖਣ ਸਫਲਤਾ ਨੇ ਨਾ ਸਿਰਫ਼ ਉਨ੍ਹਾਂ ਦੇ ਸਕੂਲ ਅਤੇ ਪਰਵਾਰ ਨੂੰ ਮਾਣ ਦਿਵਾਇਆ, ਬਲਕਿ ਉਨ੍ਹਾਂ ਨੇ ਆਪਣੀ ਸਫਲਤਾ ਪਿੱਛੇ ਪ੍ਰੇਰਨਾ ਅਤੇ ਸੰਘਰਸ਼ ਦੀ ਕਹਾਣੀ ਨੂੰ ਦੂਜੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣਾਇਆ। ਸੰਦੀਪ ਬਾਂਸਲ ਨੇ ਇਨ੍ਹਾਂ ਦੋਵਾਂ ਵਿਦਿਆਰਥਣਾਂ ਨੂੰ ਇਨਾਮਾਂ ਨਾਲ ਸਨਮਾਨਤ ਕੀਤਾ, ਉਨ੍ਹਾਂ ਨੂੰ ਆਪਣੇ ਸਕੂਲ ਦਾ ਮਾਣ ਦੱਸਿਆ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀ ਸਫਲਤਾ ਦੀ ਕਾਮਨਾ ਕੀਤੀ। ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਸਾਡੇ ਸਕੂਲ ਲਈ ਇੱਕ ਮਹੱਤਵਪੂਰਨ ਦਿਨ ਹੈ, ਕਿਉਂਕਿ ਪੂਰੀ ਜੀ ਬੀ ਆਈ ਐਸ ਟੀਮ ਦੀ ਪੂਰੇ ਸਾਲ ਦੀ ਸਖ਼ਤ ਮਿਹਨਤ ਅਤੇ ਸੰਘਰਸ਼ ਸਾਰਿਆਂ ਦੀਆਂ ਉਮੀਦਾਂ 'ਤੇ ਖਰਾ ਉਤਰਿਆ ਹੈ।ਇਸ ਮੌਕੇ ਦੋਵਾਂ ਵਿਦਿਆਰਥੀਆਂ ਦੇ ਮਾਪੇ, ਸਿਲਕੀ ਗਿੱਲ, ਦਲਜੀਤ ਸਿੰਘ, ਡਿੰਪਲ ਬਾਂਸਲ, ਸੰਨੀ ਮਿੱਤਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਦੀ ਲੱਖਾ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਦੀ ਬੀਬੀ ਮਹਿੰਦਰ ਕੌਰ ਪ੍ਰਧਾਨ ਬਣੇ



ਹਠੂਰ (ਨਛੱਤਰ ਸੰਧੂ)- ਦੀ ਲੱਖਾ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਪਿੰਡ ਲੱਖਾ ਦੀ ਚੋਣ ਅੱਜ ਅਮਨਪੂਰਵਕ ਤੇ ਸ਼ਾਂਤੀ ਨਾਲ ਹੋਈ, ਜਿਸ ਵਿਚ ਸੱਤਾਧਾਰੀ ਧਿਰ ਨੂੰ ਹਰਾ ਕੇ ਦੂਸਰੇ ਧੜੇ ਨੇ ਬਾਜ਼ੀ ਮਾਰੀ ਲਈ।ਇਸ ਧੜੇ ਦੀ ਅਗਵਾਈ ਡਾ. ਬਲਜਿੰਦਰ ਸਿੰਘ ਲੱਖਾ, ਡਾ. ਤਾਰਾ ਸਿੰਘ ਲੱਖਾ, ਸਾਬਕਾ ਸਰਪੰਚ ਜਸਵੀਰ ਸਿੰਘ ਸੀਰਾ ਅਤੇ ਜਸਵਿੰਦਰ ਸਿੰਘ ਸਿੱਧੂ ਕਰ ਰਹੇ ਹਨ।ਇਸ ਮੌਕੇ ਸਰਬਸੰਮਤੀ ਫੈਸਲੇ ਅਨੁਸਾਰ ਬੀਬੀ ਮਹਿੰਦਰ ਕੌਰ ਨੂੰ ਪ੍ਰਧਾਨ ਚੁਣਿਆ ਗਿਆ ਜਦਕਿ ਜਸਮੇਲ ਸਿੰਘ ਨੂੰ ਮੀਤ ਪ੍ਰਧਾਨ, ਗੁਰਦਰਸ਼ਨ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਤੋਂ ਇਲਾਵਾ ਹਾਕਮ ਸਿੰਘ, ਹਰਬੰਸ ਸਿੰਘ ਅਤੇ ਜਗਦੇਵ ਸਿੰਘ ਨੂੰ ਕਮੇਟੀ ਮੈਂਬਰ ਚੁਣਿਆ ਗਿਆ।ਇਸ ਮੌਕੇ ਪ੍ਰਧਾਨ ਬੀਬੀ ਮਹਿੰਦਰ ਕੌਰ ਨੇ ਕਿਹਾ ਕਿ ਅਸੀਂ ਸਮੁੱਚੀ ਕਮੇਟੀ ਸੁਸਾਇਟੀ ਦੀ ਭਲਾਈ ਲਈ ਸਾਰਿਆਂ ਨੂੰ ਨਾਲ ਲੈ ਕੇ ਚੱਲਾਂਗੇ ਅਤੇ ਕਿਸੇ ਨਾਲ ਵੀ ਕੋਈ ਵੀ ਵਿਤਕਰਾ ਨਹੀ ਰੱਖਿਆ ਜਾਵੇਗਾ।ਇਸ ਮੌਕੇ ਧੜੇ ਦੇ ਨੁਮਾਇੰਦਿਆਂ ਨੇ ਨਵੀਂ ਚੁਣੀ ਕਮੇਟੀ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਸੀਂ ਵੀ ਸੁਸਾਇਟੀ ਦੀ ਬਿਹਤਰੀ ਲਈ ਮੋਢੇ ਨਾਲ ਮੋਢਾ ਲਾ ਕੇ ਕੰਮ ਕਰਾਂਗੇ ਅਤੇ ਕਿਸਾਨ ਵੀਰਾਂ ਨੂੰ ਕੋਈ ਵੀ ਦਿੱਕਤ ਪਰੇਸ਼ਾਨੀ ਨਹੀਂ ਆਉਣ ਦੇਵਾਂਗੇ। ਸੁਸਾਇਟੀ ਦੇ ਜਿਹੜੇ ਵੀ ਅਧੂਰੇ ਕੰਮ ਪਏ ਹਨ, ਜਲਦੀ ਕੀਤੇ ਜਾਣਗੇ।ਇਸ ਮੌਕੇ ਬਰਜਿੰਦਰ ਸਿੰਘ ਸਕੱਤਰ, ਇੰਦਰਜੀਤ ਸਿੰਘ ਸੇਲਜ਼ਮੈਨ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਮਨਜੀਤ ਸਿੰਘ ਬਿੱਟੂ ਗਵਾਲੀਅਰ, ਸਰਪੰਚ ਹਰਜੀਤ ਸਿੰਘ, ਬਲਵਿੰਦਰ ਸਿੰਘ ਪੰਚ, ਬਿੰਦਰ ਚੌਧਰੀ ਵਾਲਾ, ਪਿਰਤਪਾਲ ਬਾਸੀ, ਸਾਧੂ ਸਿੰਘ, ਰਣਜੀਤ ਸਿੰਘ, ਛਿੰਦਰਪਾਲ ਸਿੰਘ ਸੇਵਾਦਾਰ, ਗੁਰਜੰਟ ਸਿੰਘ, ਹਰਦੀਪ ਗਿੱਲ, ਬੰਤ ਸਿੰਘ, ਜਗਦੇਵ ਸਿੰਘ, ਸਾਬਕਾ ਪ੍ਰਧਾਨ ਰਣਜੀਤ ਸਿੰਘ, ਸੁਖਦੇਵ ਸਿੰਘ ਸੰਧੂ, ਜਸਵਿੰਦਰ ਸਿੰਘ ਪੰਚ ਅਤੇ ਬਾਬਾ ਮੰਦਰ ਸਿੰਘ ਆਦਿ ਹਾਜ਼ਰ ਸਨ।

इण्डियन ओवरसीज़ बैंक
Indian Overseas Bank
(भारत सरकार का उपक्रम A Govt. of India Undertaking)
www.iob.in आपकी प्रगति का सच्चा साथी Good people to grow with

ਖੇਤਰੀ ਦਫਤਰ : ਦੂਜੀ ਮੰਜ਼ਲ, ਪਲਾਟ ਨੰ: 3, ਮਾਲਵੀਆ ਨਗਰ, ਸਾਹਮਣੇ ਪੱਤਰਕਾਰ ਭਵਨ, ਭੋਪਾਲ (ਮੱਧ ਪ੍ਰਦੇਸ਼)-462003
ਟੈਲੀ : 0755-2570202,
ਈ-ਮੇਲ : 2253law@iob.in

**09.06.2025 ਨੂੰ ਸਰਫੇਸੀ ਐਕਟ 2002 ਦੇ ਤਹਿਤ ਈ-ਨਿਲਾਮੀ**

## ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ ਈ-ਨਿਲਾਮੀ ਲਈ ਜਨਤਕ ਨੋਟਿਸ

**(ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6)/ ਰੂਲ 9 (1) ਦੀਆਂ ਵਿਵਸਥਾਵਾਂ ਅਧੀਨ)**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ 2002 ਤਹਿਤ ਅਚੱਲ ਜਾਇਦਾਦ/ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ। ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਣਿਤ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਗਹਿਣੇ/ਚਾਰਜਡ ਹੈ, ਰਚਨਾਤਮਕ/ਭੌਤਿਕ (ਜੋ ਵੀ ਲਾਗੂ ਹੋ) ਕਬਜ਼ਾ ਜੋ ਇੰਡੀਅਨ ਓਵਰਸੀਜ਼ ਬੈਂਕ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਲੈ ਲਿਆ ਗਿਆ, ਨੂੰ 'ਜਿਥੇ ਹੈ ਜਿਵੇਂ ਹੈ' 'ਉੱਥੇ ਜੋ ਵੀ ਹੈ', 'ਉੱਥੇ ਜਿਵੇਂ ਵੀ ਹੈ' ਦੇ ਆਧਾਰ 'ਤੇ ਹੇਠਾਂ ਵਰਣਿਤ ਕਰਜ਼ਦਾਰਾਂ ਅਤੇ ਗਰੰਟਰਾਂ ਕੋਲੋਂ ਇੰਡੀਅਨ ਓਵਰਸੀਜ਼ ਬੈਂਕ (ਸਕਿਉਰਡ ਕ੍ਰੈਡੀਟਰ) ਦੇ ਹੇਠਾਂ ਵਰਨਣ ਬਕਾਇਆ ਨਿਕਲਦੀ ਰਕਮ ਦੀ ਵਸੂਲੀ ਲਈ ਮਿਤੀ 09.06.2025 ਨੂੰ ਵਿਕਰੀ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਰਕਮ ਬਿਆਨਾ ਜਮ੍ਹਾਂ ਹੇਠਾਂ ਦਰਸਾਈ ਗਈ ਹੈ। ਨਿਮਨਹਸਤਾਖਰੀ ਰਾਹੀਂ ਵਿਕਰੀ ਈ-ਨਿਲਾਮੀ ਪਲੇਟ ਫਾਰਮ ਦੇ ਵੈੱਬ ਪੋਰਟਲ : https://baanket. ਰਾਹੀਂ ਹੋਵੇਗੀ।

| ਲੜੀ ਨੰ. | ਕਰਜ਼ਦਾਰ/ਗਰੰਟਰਾਂ/ਰਹਿਣਕਾਰ/ ਦਾ ਨਾਂਅ ਅਤੇ ਪਤਾ | ਬਕਾਇਆ ਰਕਮ | ਜਾਇਦਾਦਾਂ ਦਾ ਵੇਰਵਾ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਾਖਵੀਂ ਕੀਮਤ / ਈ ਐੱਮ ਡੀ ਰਾਸ਼ੀ / ਬੋਲੀ ਵਾਧਾ ਰਾਸ਼ੀ |
|---|---|---|---|---|
| ਵਿਦਿਸ਼ਾ ਬਰਾਂਚ : ਪਲਾਟ ਨੰ: 60, ਵਾਰਡ ਨੰ: 7, ਐੱਨ ਐੱਚ-7, ਸਾਂਚੀ ਰੋਡ, ਵਿਦਿਸ਼ਾ-464001 (ਮੱਧ ਪ੍ਰਦੇਸ਼) | | | | |
| 1 | ਕਰਜ਼ਦਾਰ/ਰਹਿਣਕਾਰ ਅਤੇ ਗਰੰਟਰ : ਸ੍ਰੀਮਤੀ ਪ੍ਰਨੀਤ ਕੌਰ ਪਤਨੀ ਬਰਿੰਦਰ ਸਿੰਘ ਅਤੇ ਸ੍ਰੀ ਬਰਿੰਦਰ ਸਿੰਘ ਪੁੱਤਰ ਸੁਰਿੰਦਰ ਪਾਲ ਸਿੰਘ ਸਥਾਈ ਪਤਾ : ਮਕਾਨ ਨੰ. 13, ਸੈਕਟਰ 123, ਸੰਨੀ ਇਨਕਲੇਵ, ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ-140310 ਪੱਤਰ ਵਿਹਾਰ ਲਈ ਪਤਾ : ਫਲੈਟ ਨੰ. 111, ਓਰਬਿਟ ਹਾਈਟਸ, ਦੂਜੀ ਮੰਜ਼ਲ, ਵਾਰਡ ਨੰ. 11, ਵਿਦਿਸ਼ਾ ਭੋਪਾਲ ਮੇਨ ਰੋਡ, ਨੇੜੇ ਵਿਵੇਕਾਨੰਦ ਸਕੁਏਅਰ, ਵਿਦਿਸ਼ਾ, ਐੱਮ. ਪੀ. 464001 | 19.05.2025 ਨੂੰ ਰੁਪਏ 24,32,825/- + ਵਿਆਜ ਤੇ ਹੋਰ ਚਾਰਜਿਜ਼ | ਜਾਇਦਾਦ ਦੀ ਸਾਰਨੀ : ਸ੍ਰੀਮਤੀ ਪ੍ਰਨੀਤ ਕੌਰ ਪਤਨੀ ਬਰਿੰਦਰ ਸਿੰਘ ਰਿਹਾਇਸ਼ੀ ਪਲਾਟ ਨੰ. 111, ਓਰਬਿਟ ਹਾਈਟਸ, ਦੂਜੀ ਮੰਜ਼ਲ, ਵਾਰਡ ਨੰ. 11, ਵਿਦਿਸ਼ਾ-ਭੋਪਾਲ ਮੇਨ ਰੋਡ, ਨੇੜੇ ਵਿਵੇਕਾਨੰਦ ਸਕੁਏਅਰ, ਵਿਦਿਸ਼ਾ-464001, ਹੱਦਾਂ : ਉੱਤਰ : ਫਲੈਟ ਨੰ. 110, ਦੱਖਣ : ਰਿਲਾਇੰਸ ਦੀ ਜ਼ਮੀਨ, ਪੂਰਬ : ਕੋਰੀਡੋਰ, ਪੱਛਮ : ਰਿਲਾਇੰਸ ਨਾਲ ਸੰਬੰਧਤ ਜ਼ਮੀਨ ਭੌਤਿਕ ਕਬਜ਼ਾ | ਰੁਪਏ 14,65,200/- ਰੁਪਏ 1,46,520/- ਰੁਪਏ 25,000/- |

**ਈ- ਨਿਲਾਮੀ ਦੀ ਮਿਤੀ ਅਤੇ ਸਮਾਂ : 09.06.2025 (11.00 ਵਜੇ ਸਵੇਰੇ ਤੋਂ ਦੁਪਹਿਰ 1.00 ਵਜੇ ਤੱਕ)**

ਟਿੱਪਣੀ : ਟੀ ਡੀ ਐੱਸ ਲਾਗੂ * ਪੰਜਾਹ ਲੱਖ ਜਾਂ ਇਸ ਤੋਂ ਵੱਧ ਦੀ ਅਚੱਲ ਜਾਇਦਾਦ ਲਈ ਈ ਵਿਕਰੀ/ਤਬਦੀਲ ਕਰਨ ਦੇ ਮਾਮਲੇ 'ਚ ਟਰਾਂਸਫਰੀ ਨੂੰ ਲਾਗੂ ਆਮਦਨ ਟੈਕਸ ਦੇ 1% ਦੇ ਬਰਾਬਰ ਰਕਮ ਦਾ ਭੁਗਤਾਨ ਕਰਨਾ ਪਵੇਗਾ।
ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਲਈ ਕਿਰਪਾ ਕਰਕੇ ਹੇਠਾਂ ਦਿੱਤੀਆਂ ਵੈੱਬਸਾਈਟਸ/ਵੈੱਬ ਪੇਜ ਪੋਰਟਲ ਲਿੰਕ ਦਾ ਹਵਾਲਾ ਲਿਆ ਜਾਵੇ।
(1) https://baanknet.com (2) www.iob.in
ਨੋਟ : ਇਸ ਨੂੰ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(6)/ 9 (1) ਅਤੇ ਰੂਲ 6(2) ਤਹਿਤ ਨੋਟਿਸ ਕਰਜ਼ਦਾਰਾਂ ਅਤੇ ਗਰੰਟਰਾਂ ਲਈ ਉਕਤ ਕਰਜ਼ੇ ਲਈ ਉਕਤ ਦਰਸਾਈ ਮਿਤੀ 'ਤੇ ਈ-ਨਿਲਾਮੀ ਲਈ ਨੋਟਿਸ ਮੰਗਿਆ ਜਾਵੇ।
ਪ੍ਰਕਾਸ਼ਨਾ ਮਿਤੀ : 19.05.2025

ਅਧਿਕਾਰਤ ਅਫਸਰ
ਇੰਡੀਅਨ ਓਵਰਸੀਜ਼ ਬੈਂਕ

# ਗਾਰਡਨ ਵੈਲੀ ਸਕੂਲ ਨੇ ਦਸਵੀਂ ਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਨੇ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਸੀ.ਬੀ.ਐੱਸ.ਈ. ਦੇ ਟਾਪਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਇੱਕ ਇਨਾਮ ਵੰਡ ਸਮਾਰੋਹ ਕਰਾਇਆ। ਸਮਾਗਮ ਵਿੱਚ ਮੁੱਖ ਮਹਿਮਾਨ ਗੁਰਭਗਤ ਸਿੰਘ ਨਾਮਧਾਰੀ ਤੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਸ਼ਾਮਲ ਹੋਏ। ਸਮਾਰੋਹ ਵਿਚ ਵਿਦਿਆਰਥੀਆਂ ਦੀਆਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਨੂੰ ਮਾਨਤਾ ਦਿੱਤੀ ਗਈ, ਜਿਨ੍ਹਾਂ ਨੂੰ ਟਰਾਫੀਆਂ ਅਤੇ ਪ੍ਰਸ਼ੰਸਾ ਪੱਤਰ ਦਿੱਤੇ ਗਏ। ਵਿਦਿਆਰਥੀਆਂ ਦੇ ਮਾਪੇ ਵੀ ਆਪਣੇ ਬੱਚਿਆਂ ਦੀ ਸਫ਼ਲਤਾ ਦੀ ਖੁਸ਼ੀ ਸਾਂਝੀ ਕਰਨ ਲਈ ਮੌਜੂਦ ਸਨ। ਗੁਰਭਗਤ ਸਿੰਘ ਨਾਮਧਾਰੀ ਨੇ ਆਪਣੇ ਸੰਬੋਧਨ ਵਿਚ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਤੇ ਸਮਰਪਣ ਲਈ ਵਧਾਈ ਦਿੱਤੀ। ਉਨ੍ਹਾਂ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤੇ ਵਿਦਿਆਰਥੀਆਂ ਨੂੰ ਜੀਵਨ ਦੇ ਸਾਰੇ ਪਹਿਲੂਆਂ ਵਿੱਚ ਉੱਤਮਤਾ ਲਈ ਯਤਨ ਕਰਨ ਲਈ ਉਤਸ਼ਾਹਤ ਕੀਤਾ। ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਅਤੇ ਪ੍ਰਸੰਸਾ ਪ੍ਰਗਟ ਕੀਤੀ।ਉਨ੍ਹਾਂ ਨੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਤੇ ਪ੍ਰਤਿਭਾ ਨੂੰ ਪਾਲਣ ਲਈ ਸਕੂਲ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ।

# ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਚੱਲਿਆ ਰਚਨਾਵਾਂ ਦਾ ਦੌਰ

ਹਠੂਰ (ਨਛੱਤਰ ਸੰਧੂ)- ਲੋਕ ਸਾਹਿਤ ਅਕੈਡਮੀ ਅਤੇ ਪ੍ਰਗਤੀਸ਼ੀਲ ਮੰਚ ਮੋਗਾ ਦੇ ਸਹਿਯੋਗ ਨਾਲ ਲੇਖਕ ਸੁਖਮੰਦਰ ਕੌਰ ਮੋਗਾ ਦੀ ਲਿਪੀਅੰਤਰਨ ਪਹਿਲੀ ਕਿਤਾਬ ਕੂਕ ਸਰਹੱਦੋਂ ਪਾਰ ਦੀ ਅੱਜ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਰਿਲੀਜ਼ ਕੀਤੀ ਗਈ।ਜਿਸ 'ਤੇ ਬਹੁਤ ਭਖਵੀਂ ਵਿਚਾਰ ਚਰਚਾ ਕੀਤੀ ਗਈ। ਇਸ ਸਮੇਂ ਸੁਰਜੀਤ ਬਰਾੜ ਘੋਲੀਆ, ਬਲਦੇਵ ਸਿੰਘ ਸੜਕਨਾਮਾ, ਡਾਕਟਰ ਕੁਲਦੀਪ ਸਿੰਘ ਦੀਪ, ਨਿਰੰਜਨ ਬੋਹਾ, ਗੁਰਮੀਤ ਕੜਿਆਲਵੀ, ਡਾ ਸੁਰਜੀਤ ਜੱਜ, ਮਨਦੀਪ ਕੌਰ ਭਦੌੜ, ਬੀਬੀ ਜਰਨੈਲ ਕੌਰ ਬਿਲਾਸਪੁਰ, ਦਿਲਬਾਗ ਸਿੰਘ ਮੋਗਾ, ਜਗਜੀਤ ਸਿੰਘ ਜੌੜਾ, ਗੁਰਨਾਮ ਬਾਵਾ ਅੰਬਾਲਾ, ਚਰਨ ਸਿੰਘ ਭਦੌੜ, ਲੇਖਿਕਾ ਸੁਖਮੰਦਰ ਕੌਰ ਮੋਗਾ, ਅਸ਼ੋਕ ਚੁਟਾਨੀ, ਜਗਦੀਸ਼ ਰਾਣਾ, ਆਦਿ ਨੇ ਵਿਚਾਰ ਚਰਚਾ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਸੁਖਮੰਦਰ ਦਾ ਇਹ ਉਪਰਾਲਾ ਸਲਾਹੁਣਯੋਗ ਹੈ। ਉਹਨਾਂ ਕਿਹਾ ਕਿ ਸੁਖਮੰਦਰ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੇ ਲੇਖਕਾਂ ਦਾ ਪੁਲ਼ ਹੈ। ਇਸ ਪੁਸਤਕ ਰਿਲੀਜ਼ ਸਮਾਗਮ ਦਾ ਸਟੇਜ ਸੰਚਾਲਨ ਚਰਨਜੀਤ ਸਮਾਲਸਰ ਨੇ ਕਰਿਆ। ਇਸ ਸਮੇਂ ਪ੍ਰਸਿੱਧ ਸਾਹਿਤਕਾਰ ਗੁਰਮੇਲ ਸਿੰਘ ਬੌਡੇ ਨੂੰ ਮਿਊਜ਼ਿਕ ਕੰਪਨੀ ਵਲੇਜ਼ਰ ਕਿੰਗ ਦੀ ਟੀਮ ਸੁੱਖ ਧਾਲੀਵਾਲ ਕਨੇਡਾ, ਰਣਦੀਪ ਸਿੰਘ ਰਾਮਾ, ਰਣਜੀਤ ਸਿੰਘ ਰਾਮਾ ਅਤੇ ਮਿੰਟੂ ਖੁਰਮੀ ਹਿੰਮਤਪੁਰਾ ਵੱਲੋਂ ਸਨਮਾਨਤ ਕੀਤਾ ਗਿਆ। ਇਸ ਸਮੇਂ ਸੂਖਮ ਲਿਖਣ ਕਲਾ ਕੈਲੇਗ੍ਰਾਫੀ ਦੀ ਪ੍ਰਦਰਸ਼ਨੀ ਵੀ ਲਗਾਈ ਗਈ ਜਿਸ ਵਿੱਚ ਪ੍ਰਸਿੱਧ ਆਰਟਿਸਟ ਜਰਨੈਲ ਸਿੰਘ ਮੋਗਾ, ਰੁਪਿੰਦਰ ਕੌਰ ਬਲਾਸੀ, ਸੁਖਮੰਦਰ ਕੌਰ ਮੋਗਾ ਨੇ ਆਪਣੀਆਂ ਲਿਖਤਾਂ ਰਾਹੀਂ ਹਾਜ਼ਰੀ ਭਰੀ। ਇਸ ਸਮਾਗਮ ਦੇ ਅੰਤ ਵਿੱਚ ਹੋਏ ਕਵੀ ਦਰਬਾਰ ਵਿੱਚ ਨਿਰਮਲ ਪੱਤੋਂ, ਅਮਰੀਕ ਸਿੰਘ ਸੈਦੋਕੇ, ਮੰਗਲਮੀਤ ਸਿੰਘ, ਜਸਵੰਤ ਬੋਪਾਰਾਏ, ਹਰਵਿੰਦਰ ਸਿੰਘ ਬਿਲਾਸਪੁਰ,ਜਸਵੰਤ ਸਿੰਘ ਰਾਊਕੇ, ਗੁਰਬਚਨ ਕਮਲ, ਅਜਮੇਰ ਸਿੰਘ ਮੋਗਾ, ਆਦਿ ਸਾਹਿਤਕ ਮੱਸ ਰੱਖਣ ਵਾਲੇ ਕਵੀਆਂ ਨੇ ਆਪਣੀਆਂ ਲਿਖਤਾਂ ਰਾਹੀਂ ਮਾਹੌਲ ਨੂੰ ਚਾਰਚੰਨ ਲਾਏ।




asREC (India) Limited

ਰਜਿ: ਦਫਤਰ : 201/202 ਏ, ਬਿਲਡਿੰਗ ਨੰ: 2, ਸੋਲੀਟੇਅਰ ਕਾਰਪੋਰੇਟ ਪਾਰਕ, ਅੰਧੇਰੀ ਘਾਟਕੋਪਰ ਲਿੰਕ ਰੋਡ, ਚਕਾਲਾ, ਅੰਧੇਰੀ (ਈ) ਮੁੰਬਈ-400093,
ਸ਼ਾਖਾ ਦਫਤਰ : 402, ਚੌਥੀ ਮੰਜ਼ਲ, ਅਪਰਾ ਟਾਵਰ, ਐੱਸ ਸੀ ਓ-130 ਤੋਂ 132, ਫਿਰੋਜ਼ ਗਾਂਧੀ ਮਾਰਕਿਟ, ਲੁਧਿਆਣਾ, ਪੰਜਾਬ-141001

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 6 ਅਤੇ 9 ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਤਹਿਤ ਈ-ਨਿਲਾਮੀ ਵਿਕਰੀ ਨੋਟਿਸ।**

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਗਰੰਟਰਾਂ ਅਤੇ ਗਿਰਵੀਕਾਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ASREC (INDIA) LTD, 'ਕੰਪਨੀ' ਕੋਲ ਗਹਿਣ/ਚਾਰਜਡ ਹੇਠਾਂ ਦਰਸਾਈਆਂ ਅਚੱਲ ਜਾਇਦਾਦਾਂ ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜੋ ਵੀ ਹੈ ਜਿਵੇਂ ਹੈ', 'ਉੱਥੇ ਜੋ ਵੀ ਹੈ' ਅਤੇ 'ਨੋ ਰੀਕੋਰਸ' ਦੇ ਅਧਾਰ 'ਤੇ ਜਾਣੇ ਜਾਂਦੇ ਅਤੇ ਨਾ ਜਾਣੇ ਜਾਂਦੇ ਭਾਰ, ਜੇ ਕੋਈ, ਸਮੇਤ ਈ-ਨਿਲਾਮੀ ਰਾਹੀਂ ਵੇਚ ਦਿੱਤੀ ਜਾਵੇਗੀ।

| | |
|---|---|
| (ਏ) ਕਰਜ਼ਦਾਰ ਦਾ ਨਾਂਅ ਅਤੇ ਪਤਾ (ਬੀ) ਗਰੰਟਰਾਂ ਦੇ ਨਾਂਅ ਅਤੇ ਪਤੇ (ਸੀ) ਗਿਰਵੀਕਾਰ ਦਾ ਨਾਂਅ ਅਤੇ ਪਤਾ | (ਏ) ਕਰਜ਼ਦਾਰ : ਮੈਸ: ਸੰਗਮ ਵਾਈਨ ਟਰੇਡਰਜ਼ ਰਜਿ: ਦਫਤਰ 21-ਏ/1, ਚੰਦਰ ਨਗਰ, ਸਿਵਲ ਲਾਈਨਜ਼, ਲੁਧਿਆਣਾ ਰਾਹੀਂ ਇਸ ਦੇ ਭਾਈਵਾਲਾਂ (1) ਸ੍ਰੀ ਜਗਜੀਤ ਸਿੰਘ ਮਾਂਗਟ ਪੁੱਤਰ ਸ੍ਰੀ ਸਾਧੂ ਸਿੰਘ (2) ਸ੍ਰੀ ਰੁਪਿੰਦਰ ਸਿੰਘ ਮੱਲ੍ਹੀ ਪੁੱਤਰ ਸ੍ਰੀ ਅਪਾਰ ਸਿੰਘ ਮੱਲ੍ਹੀ (3) ਜੋਗੇਸ਼ ਕੁਮਾਰ ਗੁਪਤਾ ਪੁੱਤਰ ਸ੍ਰੀ ਰਜਿੰਦਰ ਕੁਮਾਰ ਗੁਪਤਾ (ਬੀ) ਗਰੰਟਰਾਂ : (1) ਸ੍ਰੀ ਜਗਜੀਤ ਸਿੰਘ ਮਾਂਗਟ ਪਿੰਡ ਤੇ ਡਾਕਖਾਨਾ ਰਾਮਗੜ੍ਹ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ (2) ਸ੍ਰੀ ਰੁਪਿੰਦਰ ਸਿੰਘ ਮੱਲ੍ਹੀ 34/515 ਚੰਦਰ ਨਗਰ, ਸਿਵਲ ਲਾਈਨਜ਼, ਲੁਧਿਆਣਾ। ਵਿਖੇ ਵੀ : ਫਲੈਟ ਨੰ. 502, ਪੰਜਵੀਂ ਮੰਜ਼ਲ, ਗੌਰੀ ਅਪਾਰਟਮੈਂਟਸ ਲੁਧਿਆਣਾ। (3) ਸ੍ਰੀ ਜੋਗੇਸ਼ ਕੁਮਾਰ ਗੁਪਤਾ, 373-ਸੀ ਰਾਜਗੁਰੂ ਨਗਰ, ਲੁਧਿਆਣਾ। (ਸੀ) ਗਿਰਵੀਕਾਰ : ਸ੍ਰੀ ਜਗਜੀਤ ਸਿੰਘ ਮਾਂਗਟ ਪਿੰਡ ਤੇ ਡਾਕਖਾਨਾ ਰਾਮਗੜ੍ਹ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। |
| (ਏ) ਡਿਮਾਂਡ ਨੋਟਿਸ ਦੀ ਮਿਤੀ [13 (2)] (ਬੀ) ਕਬਜ਼ਾ ਨੋਟਿਸ ਦੀ ਮਿਤੀ [13 (4)] (ਸੀ) ਡੀ ਆਰ ਟੀ ਚੰਡੀਗੜ੍ਹ ਵਿੱਚ ਭਰੇ ਓ ਏ/ਕੇਸ ਅਨੁਸਾਰ ਦਾਅਵਾ ਕੀਤੀ ਰਕਮ | (ਏ) 01.10.2012 (ਬੀ) 15.12.2012 (ਸੀ) ਰੁਪਏ 7,37,58,856/- (ਰੁਪਏ ਸੱਤ ਕਰੋੜ ਸੈਂਤੀ ਲੱਖ ਅਠਵੰਜਾ ਹਜ਼ਾਰ ਅੱਠ ਸੌ ਛਪੰਜਾ ਕੇਵਲ) ਮਿਤੀ 17.05.2015 ਅਨੁਸਾਰ ਜਮ੍ਹਾਂ ਵਸੂਲੀ ਦੀ ਮਿਤੀ ਤੱਕ ਲਾਗੂਯੋਗ ਅਣਚਾਰਜਡ ਵਿਆਜ ਅਤੇ ਲਾਗਤਾਂ, ਚਾਰਜਿਜ਼ ਅਤੇ ਖਰਚੇ। |
| ਕਬਜ਼ੇ ਦੀ ਕਿਸਮ | ਸੰਕੇਤਕ ਕਬਜ਼ਾ |
| ਸਕਿਉਰਡ ਐੱਸਟਸ ਦਾ ਵੇਰਵਾ | ਅਮਨ ਹਾਊਸ ਨਾਮਕ ਵਪਾਰਕ ਜਾਇਦਾਦ, ਜਿਸ ਦਾ ਐੱਮ ਸੀ ਨੰ. ਬੀ-XXIII-3704 ਹੈ। ਲੱਗਭੱਗ 1359 ਵਰਗ ਗਜ਼ ਮਾਪਿਆ ਜਾਂਦਾ ਹੈ, ਜੋ ਕਿ ਬੱਸ ਸਟੈਂਡ ਤੋਂ ਸਮਰਾਲਾ ਚੌਕ ਲੁਧਿਆਣਾ ਦੇ ਖੱਬੇ ਪਾਸੇ ਨਿਊ ਸ਼ਿਵਾਜੀ ਨਗਰ ਵਜੋਂ ਜਾਣੇ ਜਾਂਦੇ ਇਲਾਕੇ ਵਿੱਚ ਸਥਿਤ ਹੈ, ਜਿਸ ਵਿੱਚ ਸਾਲ 2003-04 ਦੀ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 7//21/9 , 22/1/5, 7//21/10, 22/1/4 ਖਾਤਾ ਨੰ. 751/795 ਅਤੇ 765/808 ਸ਼ਾਮਲ ਹਨ, ਪਿੰਡ ਸ਼ੇਰਪੁਰ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ, ਹਦਬਸਤ ਨੰ. 176, ਜਿਸ ਦਾ ਵਸੀਕਾ ਨੰ. 8218, ਮਿਤੀ 26.08.2009 ਹੈ, ਸ੍ਰੀ ਜਗਜੀਤ ਸਿੰਘ ਮਾਂਗਟ ਪੁੱਤਰ ਸ੍ਰੀ ਸਾਧੂ ਸਿੰਘ ਦੀ ਮਲਕੀਅਤ ਹੈ। ਹੱਦਾਂ : ਪੂਰਬ : ਲਿੰਕ ਰੋਡ 151'-0", ਪੱਛਮ : ਮਾਲਕ-135'-0", ਉੱਤਰ : ਗਲੀ 129'-7", ਦੱਖਣ : ਓਸਵਾਲ ਮਿਲਜ਼ 61'-7" (ਹੱਦਾਂ) : ਸੇਲ ਡੀਡ ਵਿੱਚ ਵਰਣਨ ਅਨੁਸਾਰ। |
| (ਏ) ਰਾਖਵੀਂ ਕੀਮਤ : ਰੁਪਏ 350 ਲੱਖ (ਤਿੰਨ ਕਰੋੜ ਪੰਜਾਹ ਲੱਖ ਰੁਪਏ ਕੇਵਲ) | |
| (ਬੀ) ਬਿਆਨਾ ਰਾਸ਼ੀ ਜਮ੍ਹਾਂ : ਰੁਪਏ 35 ਲੱਖ (ਪੈਂਤੀ ਲੱਖ ਰੁਪਏ ਕੇਵਲ) | |
| (ਸੀ) ਘੱਟ ਤੋਂ ਘੱਟ ਬੋਲੀ ਵਾਧਾ ਰਕਮ : ਰੁਪਏ 4.00 ਲੱਖ (ਰੁਪਏ ਚਾਰ ਲੱਖ ਕੇਵਲ) | |
| ਏ ਐੱਸ ਆਰ ਈ ਸੀ (ਇੰਡੀਆ) ਲਿਮ. ਨੂੰ ਜਾਇਦਾਦ ਬਾਰੇ ਮਾਲੂਮ ਭੰਜਟ/ਸਟੇਅ ਆਰਡਰਜ਼ | (i) ਮਾਣਯੋਗ ਡੀ ਆਰ ਟੀ-II ਚੰਡੀਗੜ੍ਹ ਨੇ ਮਿਤੀ 06.04.2015 ਦੇ ਹੁਕਮ ਤਹਿਤ ਮੈਸ: ਐੱਲ ਪੀ. ਐੱਮ. ਟੈਕਸਟਾਈਲ (ਐੱਸ ਏ 117/2013) ਅਤੇ ਮੈਸ: ਗਰੁੱਪ 7 ਜੇ ਗਾਰਡਿੰਗ ਪ੍ਰਾਈਵੇਟ ਲਿਮ. (ਐੱਸ ਏ 116/2013) ਨੂੰ ਡਿਸਪੋਜ਼ੈਸ਼ਨ ਉਪਰ ਸਟੇਅ ਦਿੱਤਾ ਸੀ) (ii) ਐੱਸ ਸੀ ਓ ਨੰ. 18-19 ਸ੍ਰੀ ਜਸਵੰਤ ਸਿੰਘ ਪੁੱਤਰ ਸ੍ਰੀ ਅਮਰ ਸਿੰਘ ਦੇ ਗੈਰ-ਕਾਨੂੰਨਣ ਕਬਜ਼ੇ ਹੇਠ ਹੈ ਅਤੇ ਐੱਸ ਸੀ ਓ ਦੇ ਸਾਹਮਣੇ ਜਾਇਦਾਦ ਉਪਰ ਇੱਕ ਵੇ-ਬਰਿਜ (ਧਰਮ ਕੰਡਾ) ਸਥਾਪਤ ਕੀਤਾ ਗਿਆ ਹੈ। (iii) ਮਾਲਕ/ਗਿਰਵੀਕਾਰ ਜਗਜੀਤ ਸਿੰਘ ਮਾਂਗਟ ਦੇ ਪੱਖ 'ਚ ਉਪਰੋਕਤ ਜਾਇਦਾਦ ਮਿਊਟੇਸ਼ਨ ਆਦੇਸ਼ਾਂ ਦੀ ਪ੍ਰਵਾਨਗੀ ਖਿਲਾਫ ਇੱਕ ਅਪੀਲ ਦਾਖਲ ਕੀਤੀ ਗਈ ਹੈ, ਜੋ ਵਿੱਤ ਕਮਿਸ਼ਨਰ (ਰੇਵੀਨਿਊ ਚੰਡੀਗੜ੍ਹ ਵਿਖੇ ਵਿਚਾਰ ਅਧੀਨ ਹੈ। ਸਰਫੇਸੀ ਐਕਟ 2002 ਅਧੀਨ ਵਰਨਣ ਜਾਇਦਾਦ ਦੀ ਵਿਕਰੀ ਉਪਰ ਕੋਈ ਰੋਕ ਨਹੀਂ ਹੈ। |
| ਜਾਇਦਾਦ ਦੀ ਪੜਤਾਲ ਦੀ ਮਿਤੀ ਅਤੇ ਸਮਾਂ : 04.06.2025 (ਦੁਪਹਿਰ 01.00 ਵਜੇ ਤੋਂ 02.00 ਵਜੇ) | |
| ਬੋਲੀ ਪੇਸ਼ ਕਰਨ ਦੀ ਅੰਤਿਮ ਮਿਤੀ : 09.06.2025 (ਦਫਤਰੀ ਕੰਮ ਵਾਲੇ ਦਿਨ ਸਵੇਰੇ 9.00 ਵਜੇ ਤੋਂ ਸ਼ਾਮ 5.00 ਵਜੇ) | |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ : 10.06.2025 ਦੁਪਹਿਰ 01.00 ਵਜੇ ਤੋਂ 02.00 ਵਜੇ (ਚਾਲੂ ਬੋਲੀ ਦੌਰਾਨ 5 ਮਿੰਟਾਂ ਦੇ ਵਾਧੇ ਨਾਲ। | |

ਵਿਕਰੀ ਦੀਆਂ ਵਿਸਤ੍ਰਿਤ ਸ਼ਰਤਾਂ ਅਤੇ ਪ੍ਰਤੀਬੰਧਾਂ ਲਈ ਕ੍ਰਿਪਾ ਕਰਕੇ ASREC (INDIA) LTD, ਵੈੱਬਸਾਈਟ www.asrecindia.co.in ਵੱਲੋਂ ਪ੍ਰਦਾਨ ਕੀਤੇ ਲਿੰਕ ਨੂੰ ਵੇਖੋ ਜੋ ਕਿ ਵੈੱਬਸਾਈਟ 'ਤੇ ਵੀ ਸੁਲੱਭ ਹੈ : https://sarfaesi.auctiontiger.net of e-auction Service Provider E-Procurement , Technologies Ltd., Auction Tiger, Ahmedabad. ਪ੍ਰਸਤਾਵਿਤ ਬੋਲੀਦਾਤਾ ਕੋਲ ਜਾਇਜ਼ ਈ-ਮੇਲ ਪਤਾ ਹੋਵੇ। ਸੰਪਰਕ ਕਰੋ : M/s E-Procurement Technologies Ltd., (Auction Tiger) Mr. Ram Prasad, Mobile No 8000023297. Helpline No. 9265562818/9265562819/9265562821 ਹਨ। ਕਿਸੇ ਵੀ ਪੁੱਛਗਿੱਛ ਲਈ ਕ੍ਰਿਪਾ ਕਰਕੇ ਅਧਿਕਾਰਤ ਅਫਸਰ ਰਾਜੀਵ ਘਈ ਮੋਬਾਇਲ ਨੰ. 7011926017, ਲੈਂਡਲਾਈਨ ਨੰ. 0161-4625488, ਈਮੇਲ ਆਈ ਡੀ - asrec.ludhiana@asrecindia.co.in ਨਾਲ ਕੰਮ ਕਾਜ ਵਾਲੇ ਦਿਨ (ਸ਼ਨੀਵਾਰ ਤੋਂ ਇਲਾਵਾ) ਦਫਤਰ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

ਇਹ ਵਿਕਰੀ ਨੋਟਿਸ ਸਰਫੇਸੀ ਐਕਟ, 2002 ਦੇ ਤਹਿਤ ਬਣਾਏ ਗਏ ਨਿਯਮਾਂ 8 (6) ਅਧੀਨ ਉਕਤ ਕਰਜ਼ਦਾਰ ਅਤੇ ਗਾਰੰਟਰ/ਗਿਰਵੀਕਾਰ ਲਈ 15 ਦਿਨਾਂ ਦਾ ਵਿਧਾਨਕ ਸੇਲ ਨੋਟਿਸ ਦੇ ਤੌਰ 'ਤੇ ਮੰਨਿਆ ਜਾਵੇ, ਜਿਸ ਦੇ ਤਹਿਤ ਉਨ੍ਹਾਂ ਨੂੰ ਉਕਤ ਦੱਸੀ ਮਿਤੀ ਅਤੇ ਸਮੇਂ ਨੂੰ ਨਿਲਾਮੀ/ਵਿਕਰੀ ਬਾਰੇ ਸੂਚਿਤ ਕੀਤਾ ਜਾਂਦਾ ਹੈ ਅਤੇ ਉਕਤ ਦੱਸੀ ਬਕਾਇਆ ਰਾਸ਼ੀ ਸਮੇਤ ਭਵਿੱਖੀ ਵਿਆਜ, ਲਾਗਤ ਅਤੇ ਖਰਚੇ ਦਾ ਭੁਗਤਾਨ ਕਰਕੇ ਉਕਤ ਜਾਇਦਾਦ ਪੁਨਰ ਪ੍ਰਾਪਤ ਕਰ ਲੈਣ ਦੀ ਸਲਾਹ ਦਿੱਤੀ ਜਾਂਦੀ ਹੈ। ਭੁਗਤਾਨ ਨਾ ਕਰਨ ਦੀ ਸੂਰਤ ਵਿੱਚ ਪ੍ਰਾਪਰਟੀ ਸਿਕਿਉਰਿਟੀ ਇੰਟਰਸਟ (ਐਨਫੋਰਸਮੈਂਟ) ਰੂਲ 2002 ਦੇ ਅਧੀਨ ਕਿਸੇ ਵੀ ਨਿਰਧਾਰਤ ਢੰਗ ਨਾਲ ਵੇਚਣਾ ਅਧਿਕਾਰਤ ਅਫਸਰ/ ਸੁਰੱਖਿਆ ਕ੍ਰੈਡਿਟਰ 'ਤੇ ਨਿਰਭਰ ਕਰੇਗਾ ਅਤੇ ਬਕਾਇਆ ਰਕਮ ਜੇ ਕੋਈ, ਵਿਆਜ, ਲਾਗਤਾਂ ਅਤੇ ਖਰਚਿਆਂ ਸਮੇਤ ਵਸੂਲ ਕੀਤੀ ਜਾਵੇਗੀ।

ਮਿਤੀ : 22.05.2025, ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਫਸਰ In the capacity as Trustee of ASREC-PS 14/2015-16 Trust

22-May-PAGE--8.qxd 5/21/2025 11:01 PM Page 1



# ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਆਗੂ ਮਨੋਜ 'ਤੇ ਜਾਨਲੇਵਾ ਹਮਲਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਬੀਤੇ ਕੱਲ੍ਹ ਦੇਰ ਸ਼ਾਮ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਤਲਵਾੜਾ ਦੇ ਆਗੂ ਮਨੋਜ ਕੁਮਾਰ ਪਲਾਹੜ 'ਤੇ ਜਾਨਲੇਵਾ ਹਮਲਾ ਕਰਕੇ ਜ਼ਖ਼ਮੀ ਕਰ ਦਿੱਤਾ ਗਿਆ। ਥਾਣਾ ਤਲਵਾੜਾ ਵਿਖੇ ਦਰਜ ਕਰਵਾਏ ਆਪਣੇ ਬਿਆਨਾਂ 'ਚ ਮਨੋਜ ਕੁਮਾਰ ਪਲਾਹੜ ਨੇ ਦਸਿਆ ਕਿ ਉਹ ਬੀਤੀ ਦੇਰ ਸ਼ਾਮ ਕਰੀਬ 8 ਵਜੇ ਆਪਣੀ ਮਹੂ ਸਥਿਤ ਦੁਕਾਨ ਤੋਂ ਘਰ ਨੂੰ ਸਕੂਟੀ 'ਤੇ ਨਿਕਲਿਆ। ਪਿੰਡ ਬਰਿੰਗਲੀ ਸਥਿਤ ਸੰਜੂ ਦੇ ਢਾਬੇ ਕੋਲ ਇੱਕ ਚਿੱਟੇ ਰੰਗ ਦੀ ਗੱਡੀ ਨੇ ਉਸਦਾ ਪਿੱਛਾ ਕੀਤਾ। ਥੋੜ੍ਹੀ ਦੇਰ ਬਾਅਦ ਗੱਡੀ ਨੇ ਸਕੂਟੀ ਨੂੰ ਟੱਕਰ ਮਾਰੀ ਅਤੇ ਮੇਰਾ ਸੰਤੁਲਨ ਵਿਗੜ ਗਿਆ। ਗੱਡੀ ਨੇ ਮੁੜ ਕੇ ਟੱਕਰ ਮਾਰੀ ਅਤੇ ਮੈਂ ਹਨ੍ਹੇਰਾ ਹੋਣ ਕਾਰਨ ਖੱਡ 'ਚ ਡਿੱਗ ਪਿਆ। ਗੱਡੀ 'ਚੋਂ ਚਾਰ ਪੰਜ ਵਿਅਕਤੀ ਉਤਰੇ, ਜਿਨ੍ਹਾਂ ਵਿੱਚੋਂ ਇੱਕ ਨੇ ਸਫੇਦ ਕੱਪੜੇ ਨਾਲ ਮੂੰਹ ਲਪੇਟਿਆ ਹੋਇਆ ਸੀ, ਨੇ ਮੈਨੂੰ ਪੱਥਰ ਮਾਰੇ, ਜਾਨੋਂ ਮਾਰਨ ਦੀਆਂ ਧਮਕੀਆਂ ਅਤੇ ਗਾਲ੍ਹਾਂ ਕੱਢੀਆਂ। ਉਸਨੇ ਹਨ੍ਹੇਰੇ ਦਾ ਲਾਭ ਉਠਾਉਂਦਿਆਂ ਖੱਡ 'ਚ ਸਥਿਤ ਨੇੜਲੇ ਘਰ ਵਿਚ ਜਾ ਕੇ ਆਪਣੀ ਜਾਨ ਬਚਾਈ।ਘਟਨਾ ਉਪਰੰਤ ਸੰਘਰਸ਼ ਕਮੇਟੀ ਮੈਂਬਰ ਕੈਪਟਨ ਮਨੋਹਰ ਲਾਲ ਜੰਡੋਰਹਾਰ ਅਤੇ ਕੈਪਟਨ ਜੋਗਿੰਦਰ ਸਿੰਘ ਬਸੰਤਪੁਰ ਨੇ ਦੇਰ ਰਾਤ ਉਸਨੂੰ ਸਥਾਨਕ ਬੀਬੀਐਮਬੀ ਹਸਪਤਾਲ ਵਿਖੇ ਦਾਖ਼ਲ ਕਰਵਾਇਆ। ਮਨੋਜ ਕੁਮਾਰ ਨੇ ਦਸਿਆ ਕਿ ਖ਼ੇਤਰ 'ਚ ਪਿਛਲੇ ਲੰਮੇ ਸਮੇਂ ਤੋਂ ਸਿਆਸੀ ਅਤੇ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਖਣਨ ਮਾਫੀਆ ਸਰਗਰਮ ਹੈ। ਕੁੱਝ ਦਿਨਾਂ ਤੋਂ ਉਨ੍ਹਾਂ ਨੂੰ ਵਾਟਸਐਪ 'ਤੇ ਅਣਪਛਾਤੇ ਨੰਬਰਾਂ ਤੋਂ ਧਮਕੀ ਭਰੀਆਂ ਫੋਨ ਕਾਲਾਂ ਆ ਰਹੀਆਂ ਸਨ। ਪੁਲਸ ਕੋਲ ਦਰਜ ਕਰਵਾਏ ਬਿਆਨਾਂ 'ਚ ਮਨੋਜ ਕੁਮਾਰ ਨੇ ਕੁੱਝ ਸਥਾਨਕ ਸਮੇਤ ਮੁਕੇਰੀਆਂ ਨਾਲ ਸਬੰਧਤ ਕਰੱਸ਼ਰ ਮਾਲਕਾਂ ਦੇ ਨਾਮ ਦਰਜ ਕਰਵਾਏ ਹਨ।ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਤਲਵਾੜਾ ਆਗੂ ਕੈਪਟਨ ਰਾਜੇਸ਼ ਕੁਮਾਰ, ਅਸ਼ੋਕ ਜਲੇਰੀਆ, ਕੈਪਟਨ ਜੋਗਿੰਦਰ ਸਿੰਘ, ਪ੍ਰੋ ਹਰਸ਼ ਮਹਿਤਾ, ਅਵਤਾਰ ਕ੍ਰਿਸ਼ਨ, ਨੀਰਜ਼ ਸ਼ਰਮਾ ਨੇ ਮਨੋਜ ਕੁਮਾਰ 'ਤੇ ਹੋਏ ਹਮਲੇ ਨੂੰ ਕਰੱਸ਼ਰ ਅਤੇ ਮਾਈਨਿੰਗ ਮਾਫੀਆ ਦੀ ਬੁਖਲਾਹਟ ਦਸਿਆ ਹੈ।



ਜਾਨਲੇਵਾ ਹਮਲੇ ਦੌਰਾਨ ਜ਼ਖ਼ਮੀ ਸੰਘਰਸ਼ ਕਮੇਟੀ ਆਗੂ ਮਨੋਜ ਕੁਮਾਰ।

# ਅੱਤ ਦੀ ਗਰਮੀ ਕਾਰਨ ਸਮੁੱਚੇ ਸਕੂਲਾਂ ਦਾ ਸਮਾਂ 7 ਵਜੇ ਤੋਂ 11 ਵਜੇ ਤੱਕ ਕੀਤਾ ਜਾਵੇ : ਜੀ ਐਸ ਟੀ ਯੂ

**ਜਲੰਧਰ (ਰਾਜੇਸ਼ ਥਾਪਾ )**-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੀ ਅਹਿਮ ਵਰਚੁਅਲ ਮੀਟਿੰਗ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ, ਕਾਰਜਕਾਰੀ ਸਕੱਤਰ ਜਿੰਦਰ ਪਾਇਲਟ,ਪਰਵੀਨ ਕੁਮਾਰ,ਵਿੱਤ ਸਕੱਤਰ ਨਵੀਨ ਕੁਮਾਰ ਸਚਦੇਵਾ,ਐਡੀਸ਼ਨਲ ਸਕੱਤਰ ਬਾਜ਼ ਸਿੰਘ ਭੁੱਲਰ,ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ,ਪਰਮਿੰਦਰ ਸਿੰਘ ਸੋਢੀ ਜਨਰਲ ਸਕੱਤਰ,ਰਾਜਬੀਰ ਸਿੰਘ ਢਿੱਲੋਂ ਸੀਨੀ. ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮਾੜੀਮੇਘਾ,ਨਰਿੰਦਰ ਨੂਰ ਜਗਮੋਹਨ ਸਿੰਘ, ਅਤੇ ਬਲਜੀਤ ਟੌਮ ਦੀ ਪ੍ਰਧਾਨਗੀ ਹੇਠ ਹੋਈ। ਇਸ ਦੌਰਾਨ ਆਗੂਆਂ ਨੇ ਸਰਕਾਰ ਕੋਲੋਂ ਪੁਰਜ਼ੋਰ ਮੰਗ ਕੀਤੀ ਕਿ ਪੰਜਾਬ 'ਚ ਇਸ ਵੇਲੇ ਅੱਤ ਦੀ ਗਰਮੀ ਪੈ ਰਹੀ ਹੈ।ਸਾਰੇ ਪੰਜਾਬ 'ਚ ਸਵੇਰੇ 11 ਵਜੇ ਤੋਂ ਬਾਅਦ ਹੀ ਗਰਮ ਲੂਆਂ ਚਲ ਰਹੀਆਂ ਹਨ ਅਤੇ ਪਿੰਡਾਂ ਵਿੱਚ ਰੋਜ਼ਾਨਾ ਸਵੇਰੇ ਬਿਜਲੀ ਦੀ ਸਪਲਾਈ ਬੰਦ ਹੋ ਜਾਂਦੀ ਹੈ। ਜਿਸ ਕਾਰਨ ਜਿੱਥੇ ਬੱਚਿਆਂ ਨੂੰ ਬੈਠਣ ਦੀ ਮੁਸ਼ਕਲ ਹੁੰਦੀ ਹੈ ਅਤੇ ਨਾਲ ਪੀਣਯੋਗ ਪਾਣੀ ਜਲਦੀ ਹੀ ਖ਼ਤਮ ਹੋ ਜਾਣ ਕਾਰਨ ਬੱਚਿਆਂ ਦੇ ਪੀਣ ਦਾ ਪਾਣੀ ਵੱਡੀ ਸਮੱਸਿਆ ਬਣ ਜਾਂਦੀ ਹੈ।ਛੋਟੇ ਬੱਚੇ ਵੱਡੀ ਗਿਣਤੀ ਵਿੱਚ ਬਿਮਾਰ ਹੋ ਰਹੇ ਹਨ।ਸਰਕਾਰ ਦਾ ਇਸ ਪਾਸੇ ਜ਼ਰੂਰੀ ਤੌਰ 'ਤੇ ਧਿਆਨ ਕਰਨਾ ਬਣਦਾ ਹੈ। ਇਸ ਲਈ ਮੌਸਮ ਦੇ ਇਸ ਗਰਮ ਮਿਜ਼ਾਜ਼ ਨੂੰ ਦੇਖਦੇ ਹੋਏ ਅਤੇ ਬੱਚਿਆਂ ਦੀ ਸਿਹਤ ਨੂੰ ਮੁੱਖ ਰਖਦੇ ਹੋਏ ਪੰਜਾਬ ਸਰਕਾਰ ਫੌਰੀ ਤੌਰ 'ਤੇ ਸਕੂਲਾਂ ਦਾ ਸਮਾਂ ਸਵੇਰੇ 7 ਵਜੇ ਤੋਂ 11 ਵਜੇ ਤਕ ਕਰੇ ਤਾਂ ਕਿਸੇ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ।

# ਨਸ਼ਾ ਤਸਕਰ ਤੋਤਾ ਦੀ ਨਜਾਇਜ਼ ਉਸਾਰੀ 'ਤੇ ਚੱਲਿਆ ਪੀਲਾ ਪੰਜਾ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**

ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੁਲਤਾਨਪੁਰ ਲੋਧੀ ਦੇ ਪਿੰਡ ਤੋਤੀ ਵਿਖੇ ਵੱਡੀ ਕਾਰਵਾਈ ਦੌਰਾਨ ਪੰਚਾਇਤੀ ਜ਼ਮੀਨ ਉੱਪਰ ਅਣਅਧਿਕਾਰਤ ਕਬਜ਼ਾ ਕਰਕੇ ਨਸ਼ਾ ਤਸਕਰ ਸੁਰਜੀਤ ਸਿੰਘ ਉਰਫ ਤੋਤਾ ਵਲੋਂ ਕੀਤੀ ਗਈ ਨਜਾਇਜ਼ ਉਸਾਰੀ ਨੂੰ ਢਾਹ ਦਿੱਤਾ ਗਿਆ।ਐਸ. ਐਸ. ਪੀ. ਗੌਰਵ ਤੂਰਾ ਨੇ ਦਸਿਆ ਕਿ ਬੀ.ਡੀ.ਪੀ.ਓ. ਸੁਲਤਾਨਪੁਰ ਲੋਧੀ ਗੁਰਮੀਤ ਸਿੰਘ ਵਲੋਂ ਦਿੱਤੇ ਹੁਕਮਾਂ 'ਤੇ ਕਾਰਵਾਈ ਕਰਦੇ ਹੋਏ ਸਿਵਲ ਤੇ ਪੁਲਸ ਪ੍ਰਸ਼ਾਸਨ ਵਲੋਂ ਪਿੰਡ ਤੋਤੀ ਵਿਖੇ ਸੁਰਜੀਤ ਸਿੰਘ ਉਰਫ ਤੋਤਾ ਵਲੋਂ 10 ਮਰਲੇ ਪੰਚਾਇਤੀ ਜ਼ਮੀਨ ਉੱਪਰ ਕੀਤੇ ਕਬਜ਼ੇ 'ਤੇ ਡਿੱਚ ਮਸ਼ੀਨ ਚਲਾਈ ਗਈ।ਉਨ੍ਹਾਂ ਦੱਸਿਆ ਕਿ ਸੁਰਜੀਤ ਸਿੰਘ ਉਰਫ ਤੋਤਾ ਤੇ ਉਸਦੇ ਪਰਵਾਰਕ ਮੈਂਬਰਾਂ ਉੱਪਰ ਐਨ.ਡੀ.ਪੀ.ਐਸ. ਦੇ 18 ਵੱਖ-ਵੱਖ ਮਾਮਲੇ ਦਰਜ ਹਨ, ਉਹ ਜੇਲ੍ਹ ਵਿਚ ਬੰਦ ਹੈ।ਸੁਰਜੀਤ ਸਿੰਘ ਉਰਫ ਤੋਤਾ ਪੁੱਤਰ ਕਰਨੈਲ ਸਿੰਘ ਵਿਰੁੱਧ ਸਾਲ 2013 ਤੋਂ ਹੁਣ ਤੱਕ ਵੱਖ-ਵੱਖ ਥਾਣਿਆਂ ਵਿਚ ਐਨ.ਡੀ.ਪੀ.ਐਸ. ਦੇ 7 ਮਾਮਲੇ ਦਰਜ ਹਨ ਜਦਕਿ ਉਸਦੀ ਪਤਨੀ ਕੁਲਵੰਤ ਕੌਰ ਉਰਫ ਬਿੱਲੋ ਵਿਰੁੱਧ ਵੀ ਨਸ਼ਾ ਤਸਕਰੀ ਨਾਲ ਸਬੰਧਿਤ 4 ਮਾਮਲੇ ਦਰਜ ਹਨ। ਤੂਰਾ ਨੇ ਦੱਸਿਆ ਕਿ ਇਸ ਜੋੜੇ ਦਾ ਪੁੱਤਰ ਰਾਹੁਲ ਵੀ ਐਨ.ਡੀ.ਪੀ.ਐਸ. ਦੇ 7 ਕੇਸਾਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਫਰਾਰ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਨਸ਼ਾ ਤਸਕਰਾਂ ਵਲੋਂ ਸਰਕਾਰੀ ਜ਼ਮੀਨ ਉੱਪਰ ਪਿੰਡ ਬੂਟ ਤੇ ਕਪੂਰਥਲਾ ਸ਼ਹਿਰ ਦੀ ਧੱਕਾ ਕਾਲੋਨੀ ਵਿਖੇ ਕੀਤੇ ਨਜਾਇਜ਼ ਕਬਜਿਆਂ ਨੂੰ ਢਾਹਿਆ ਗਿਆ।ਤੂਰਾ ਨੇ ਦੱਸਿਆ ਕਿ ਨਸ਼ਾ ਤਸਕਰਾਂ ਵਲੋਂ ਕਾਲੀ ਕਮਾਈ ਨਾਲ ਬਣਾਈਆਂ ਜਾਇਦਾਦਾਂ ਨੂੰ ਜ਼ਬਤ ਕਰਕੇ ਨਿਲਾਮੀ ਵਿਚ ਵੀ ਤੇਜੀ ਲਿਆਂਦੀ ਗਈ ਹੈ।ਜ਼ਿਲ੍ਹੇ ਵਿਚ ਪਿਛਲੇ ਕੁਝ ਸਮੇਂ ਦੌਰਾਨ ਹੀ ਨਸ਼ਾ ਤਸਕਰਾਂ ਦੀ 3.5 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ, ਜਦਕਿ ਹੋਰ 1.5 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕਰਨ ਲਈ ਕਾਰਵਾਈ ਅਗਲੇਰੇ ਪੱਧਰ 'ਤੇ ਚੱਲ ਰਹੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਨਿਲਾਮ ਕਰਨ ਲਈ ਅਦਾਲਤੀ ਪ੍ਰਕ੍ਰਿਆ ਵਿਚ ਕੇਸਾਂ ਦੀ ਪੂਰੀ ਪੈਰਵੀ ਕੀਤੀ ਜਾ ਰਹੀ ਹੈ।ਇਸ ਮੌਕੇ ਬੀ.ਡੀ.ਪੀ.ਓ. ਸੁਲਤਾਨਪੁਰ ਲੋਧੀ ਗੁਰਮੀਤ ਸਿੰਘ ਨੇ ਦੱਸਿਆ ਕਿ ਸੁਰਜੀਤ ਸਿੰਘ ਵਲੋਂ ਲਗਭਗ 10 ਮਰਲੇ ਪੰਚਾਇਤੀ ਜ਼ਮੀਨ ਉੱਪਰ ਨਜ਼ਾਇਜ਼ ਕਬਜ਼ਾ ਕੀਤਾ ਹੋਇਆ ਸੀ, ਜਿਸਨੂੰ ਖਾਲੀ ਕਰਨ ਲਈ ਲੋੜੀਂਦੀ ਪ੍ਰਸ਼ਾਸ਼ਕੀ ਕਾਰਵਾਈ ਤਹਿਤ ਸੰਬੰਧਿਤ ਨੂੰ ਨੋਟਿਸ ਦਿੱਤੇ ਗਏ ਪਰ ਕੋਈ ਪੁਖਤਾ ਜਵਾਬ ਨਾ ਹੋਣ ਕਰਕੇ ਪੂਰੀ ਕਾਨੂੰਨੀ ਪ੍ਰਕ੍ਰਿਆ ਤਹਿਤ ਇਹ ਕਾਰਵਾਈ ਕੀਤੀ ਗਈ ਹੈ। ਇਸ ਮੌਕੇ ਡੀ.ਐਸ.ਪੀ. ਸੁਲਤਾਨਪੁਰ ਲੋਧੀ ਗੁਰਮੀਤ ਸਿੰਘ ਤੇ ਸਿਵਲ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



# ਮੌਤ ਉਪਰੰਤ ਸਰੀਰ ਦਾਨ ਦਾ ਪ੍ਰਣ ਕਰਨ ਵਾਲੇ ਮਾਸਟਰ ਟੋਡਰ ਮੱਲ ਨੂੰ ਸੌਂਪਿਆ ਪਛਾਣ ਪੱਤਰ



**ਬੰਗਾ (ਅਵਤਾਰ ਕਲੇਰ)**

ਮਰਨ ਉਪਰੰਤ ਸਰੀਰ ਦਾਨ ਕਰਨ ਦਾ ਪ੍ਰਣ ਕਰਨ ਵਾਲੇ ਸੇਵਾ ਮੁਕਤ ਮਾਸਟਰ ਟੋਡਰ ਮੱਲ ਵਾਸੀ ਸ਼ੁਭ ਨਗਰ ਕਰਿਆਮ ਰੋਡ ਨਵਾਂਸ਼ਹਿਰ ਨੂੰ ਰਾਜੀਵ ਵਰਮਾ ਏ.ਡੀ.ਸੀ. ਨਵਾਂਸ਼ਹਿਰ ਦੁਆਰਾ ਪਛਾਣ ਪੱਤਰ ਸੌਂਪਿਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰੀਰ ਦਾਨ ਕਰਨਾ ਇੱਕ ਮਹਾਨ ਕਾਰਜ਼ ਹੈ। ਟੋਡਰ ਮੱਲ ਅਤੇ ਪਰਵਾਰ ਦੁਆਰਾ ਲਿਆ ਗਿਆ ਪ੍ਰਣ ਸ਼ਲਾਘਾਯੋਗ ਹੈ। ਤਰਕਸ਼ੀਲ ਸੁਸਾਇਟੀ ਜੋਨ ਨਵਾਂਸ਼ਹਿਰ ਦੇ ਜਥੇਬੰਦਕ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ, ਵਿੱਤ ਮੁਖੀ ਸੁਖਵਿੰਦਰ ਗੋਗਾ ਵੀ ਇਸ ਮੌਕੇ ਹਾਜ਼ਰ ਸਨ, ਜਿਹਨਾਂ ਦੀ ਪ੍ਰੇਰਨਾ ਸਦਕਾ ਮਾ ਟੋਡਰ ਮੱਲ ਨੇ ਇਹ ਪ੍ਰਣ ਲਿਆ। ਤਰਕਸ਼ੀਲ ਆਗੂਆਂ ਨੇ ਕਿਹਾ ਕਿ ਮਾਸਟਰ ਜੀ ਦੇ ਸਰੀਰ ਦਾਨ ਕਰਨ ਸਬੰਧੀ ਪਛਾਣ ਪੱਤਰ ਪਿਮਸ ਮੈਡੀਕਲ ਕਾਲਜ ਅਤੇ ਹਸਪਤਾਲ ਜਲੰਧਰ ਵਲੋਂ ਜਾਰੀ ਕੀਤਾ ਗਿਆ ਹੈ ਮਾ. ਟੋਡਰ ਮੱਲ ਨੇ ਕਿਹਾ ਕਿ ਮੇਰੇ ਵੱਲੋਂ ਲਏ ਇਸ ਪ੍ਰਣ ਤੋਂ ਹੋਰ ਮਿੱਤਰ ਦੋਸਤ ਅਤੇ ਰਿਸ਼ਤੇਦਾਰ ਵੀ ਪ੍ਰੇਰਿਤ ਹੋ ਰਹੇ ਹਨ।ਇਸ ਮੌਕੇ ਮਾਸਟਰ ਜੀ ਦੇ ਭਰਾ ਰਾਕੇਸ਼ ਕੁਮਾਰ ਸੇਵਾ ਮੁਕਤ ਮਿਲਟਰੀ ਕਰਨਲ ਅਤੇ ਮਨੋਹਰ ਲਾਲ ਸਾਬਕਾ ਸਰਪੰਚ ਕਮਾਮ ਨੇ ਕਿਹਾ ਇਸ ਫੈਸਲੇ ਨਾਲ ਬਹੁਤ ਸਾਰੇ ਰੂੜੀਵਾਦੀ ਰਸਮਾਂ ਰਿਵਾਜਾਂ ਨੂੰ ਵੀ ਠੱਲ੍ਹ ਪਵੇਗੀ। ਜਗਦੀਸ਼ ਸਿੰਘ ਸਾਬਕਾ ਸਰਪੰਚ ਕਮਾਮ ਅਤੇ ਸੇਵਾ ਮੁਕਤ ਮਾ.ਦੇਸ ਰਾਜ ਬੱਜੋਂ ਨੇ ਕਿਹਾ ਇਹ ਫੈਸਲਾ ਬਹੁਤ ਹੀ ਸ਼ਲਾਘਾਯੋਗ ਹੈ ਅਤੇ ਇਹ ਜਿੰਦਾ ਸ਼ਹੀਦਾਂ ਵਾਲਾ ਫੈਸਲਾ ਹੈ।ਉਹਨਾਂ ਕਿਹਾ ਕਿ ਮਾਸਟਰ ਜੀ ਪਹਿਲਾਂ ਵੀ ਆਪਣੀ ਡਿਊਟੀ ਦੌਰਾਨ ਪੜ੍ਹਾਉਂਦੇ ਰਹੇ ਅਤੇ ਮੌਤ ਉਪਰੰਤ ਵੀ ਮੈਡੀਕਲ ਕਾਲਜ ਦੇ ਵਿਦਿਆਰਥੀਆਂ ਨੂੰ ਪੜ੍ਹਾਉਂਦੇ ਰਹਿਣਗੇ। ਵਿਦਿਆਰਥੀ ਸਰੀਰ ਦੀਆਂ ਬਰੀਕੀਆਂ, ਗੁੰਝਲਦਾਰ ਭੇਤਾਂ ਨੂੰ ਜਾਨਣਗੇ ਅਤੇ ਮਰੀਜ਼ਾਂ ਦਾ ਸਹੀ ਢੰਗ ਨਾਲ ਇਲਾਜ ਕਰਕੇ ਉਨ੍ਹਾਂ ਦੀਆਂ ਬੇਸ਼ਕੀਮਤੀ ਜ਼ਿੰਦਗੀਆਂ ਨੂੰ ਬਚਾਉਣਗੇ।

# ਬੈਂਸ ਗੋਤ ਜਠੇਰਿਆਂ ਦਾ ਮੇਲਾ 25 ਨੂੰ

**ਬੰਗਾ (ਅਵਤਾਰ ਕਲੇਰ)** ਬੈਂਸ ਗੋਤ ਜਠੇਰਿਆਂ ਦਾ 29 ਵਾਂ ਸਾਲਾਨਾ ਜੋੜ ਮੇਲਾ 25 ਮਈ 2025 ਨੂੰ ਪਿੰਡ ਕੋਠੀ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਪ੍ਰਧਾਨ ਲੁਭਾਇਆ ਰਾਮ ਬੈਂਸ ਦੀ ਅਗਵਾਈ ਹੇਠ ਬੜੀ ਧੂਮਧਾਮ ਅਤੇ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ।ਪ੍ਰੈਸ ਸਕੱਤਰ ਮਲਕੀਤ ਮੰਢਾਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਅੰਮ੍ਰਿਤਬਾਣੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਗਾਇਕ ਪ੍ਰੇਮ ਹੀਰਾ ਅਤੇ ਹੋਰ ਕਲਾਕਾਰ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ। ਬੈਂਸ ਗੋਤ ਪ੍ਰਬੰਧਕ ਕਮੇਟੀ ਵਲੋਂ ਖਾਸ ਬੇਨਤੀ ਕੀਤੀ ਗਈ ਕਿ ਕੋਈ ਵੀ ਵਿਅਕਤੀ ਨਸ਼ਾ ਕਰਕੇ ਮੇਲੇ ਵਿੱਚ ਨਾ ਆਵੇ।

# ਉੜਾਪੜ ਵਿਖੇ ਕਿਰਤੀ ਕਿਸਾਨ ਯੂਨੀਅਨ ਬਲਾਕ ਔੜ ਦਾ ਹੋਇਆ ਇਜਲਾਸ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪਿੰਡ ਉੜਾਪੜ੍ਹ ਵਿਖੇ ਕਿਰਤੀ ਕਿਸਾਨ ਯੂਨੀਅਨ ਬਲਾਕ ਔੜ ਦਾ ਇਜਲਾਸ ਕੀਤਾ ਗਿਆ। ਇਜਲਾਸ ਵਿੱਚ ਚੁਣੀਆਂ ਹੋਈਆਂ ਕਮੇਟੀਆਂ 'ਤੇ ਅਧਾਰਤ ਲਗਪਗ 70 ਡੈਲੀਗੇਟਾਂ ਨੇ ਹਿੱਸਾ ਲਿਆ। ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਅਤੇ ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ ਨੇ ਕਿਹਾ ਜੰਗ ਦੀ ਆੜ ਹੇਠ ਅਮਰੀਕਾ ਅਤੇ ਇੰਗਲੈਂਡ ਨਾਲ਼ ਮੁਕਤ ਵਪਾਰ ਸਮਝੌਤੇ ਕੀਤੇ ਗਏ ਹਨ। ਭਾਰਤ ਸਰਕਾਰ ਨੇ ਸਾਮਰਾਜੀ ਮੁਲਕਾਂ ਅੱਗੇ ਗੋਡੇ ਟੇਕ ਦਿੱਤੇ ਹਨ। ਅਸਲ ਵਿੱਚ ਮੋਦੀ ਸਰਕਾਰ ਨੇ ਕਿਸਾਨਾਂ ਦੀ ਖੁੱਲ੍ਹੀ ਲੁੱਟ ਲਈ ਦਰਵਾਜੇ ਖੋਲ੍ਹ ਦਿੱਤੇ ਹਨ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੀ ਕਿਸਾਨਾਂ ਦੇ ਹਿੱਤਾਂ ਨੂੰ ਸੁਰੱਖਿਤ ਰੱਖਣ ਵਿੱਚ ਨਾਕਾਮ ਰਹੀ ਹੈ ਅਤੇ ਕੇਂਦਰ ਦੀ ਪੈੜ ਵਿੱਚ ਪੈੜ ਧਰ ਰਹੀ ਹੈ। ਉਨ੍ਹਾਂ ਕਿਹਾ ਕਿ ਆ ਰਹੇ ਕਾਰਪੋਰੇਟ ਹਮਲਿਆਂ ਦਾ ਟਾਕਰਾ ਕਰਨ ਲਈ ਕਿਸਾਨਾਂ ਨੂੰ ਸੰਗਠਤ ਹੋਣਾ ਪਵੇਗਾ। ਡੈਲੀਗੇਟਾਂ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਸੋਹਣ ਸਿੰਘ ਬਾਵਾ, ਇਸਤਰੀ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਸੁਰਜੀਤ ਕੌਰ ਉਟਾਲ, ਇਲਾਕਾ ਨਵਾਂਸ਼ਹਿਰ ਦੇ ਪ੍ਰਧਾਨ ਕੁਲਵੀਰ ਸਿੰਘ ਸ਼ਾਹਪੁਰ, ਸੁਰਿੰਦਰ ਸਿੰਘ ਮਹਿਰਮਪੁਰ ਅਤੇ ਕ੍ਰਿਸ਼ਨ ਲਾਲ ਬੇਗੋਵਾਲ, ਮਨਜੀਤ ਕੌਰ ਅਲਾਚੌਰ ਨੇ ਵੀ ਸੰਬੋਧਨ ਕੀਤਾ। ਬਾਅਦ ਵਿੱਚ 15 ਮੈਂਬਰੀ ਇਲਾਕਾ ਕਮੇਟੀ ਦੀ ਚੋਣ ਕੀਤੀ ਗਈ। ਸੁਰਿੰਦਰ ਸਿੰਘ ਮਹਿਰਮਪੁਰ ਨੂੰ ਪ੍ਰਧਾਨ, ਜੀਵਨ ਦਾਸ ਬੇਗੋਵਾਲ ਨੂੰ ਸਕੱਤਰ, ਬਲਬੀਰ ਸਿੰਘ ਸਕੋਹਪੁਰ ਨੂੰ ਵਿੱਤ ਸਕੱਤਰ, ਬਹਾਦਰ ਸਿੰਘ ਧਰਮਕੋਟ ਨੂੰ ਸਹਾਇਕ ਸਕੱਤਰ ਅਤੇ ਕਰਨੈਲ ਸਿੰਘ ਉੜਾਪੜ੍ਹ ਨੂੰ ਮੀਤ ਪ੍ਰਧਾਨ ਤੇ ਕਸ਼ਮੀਰ ਸਿੰਘ ਬੇਗੋਵਾਲ, ਹਰਜੀਤ ਸਿੰਘ ਫਾਂਬੜਾ, ਅਮਰੀਕ ਸਿੰਘ ਫਾਂਬੜਾ, ਅਮਰਜੀਤ ਸਿੰਘ ਧਰਮਕੋਟ, ਸਤਨਾਮ ਸਿੰਘ ਉੜਾਪੜ੍ਹ, ਅਵਤਾਰ ਸਿੰਘ ਸਕੋਹਪੁਰ, ਅਵਤਾਰ ਸਿੰਘ ਮਹਿਰਮਪੁਰ,ਮਨਜੀਤ ਕੌਰ ਬੇਗੋਵਾਲ ਅਤੇ ਕਮਲੇਸ਼ ਕੌਰ ਉੜਾਪੜ੍ਹ ਨੂੰ ਮੈਂਬਰ ਚੁਣਿਆ। ਨਵੀਂ ਚੁਣੀ ਕਮੇਟੀ ਨੇ ਕਿਸਾਨੀ ਮੁੱਦਿਆਂ 'ਤੇ ਲੜਨ ਦਾ ਪ੍ਰਣ ਕੀਤਾ ਅਤੇ 26 ਮਈ ਨੂੰ ਸਰਕਾਰ ਦੇ ਜ਼ਬਰ ਖਿਲਾਫ਼ ਸੰਯੁਕਤ ਮੋਰਚੇ ਵਲੋਂ ਕੀਤੇ ਜਾਣ ਵਾਲੇ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ।





ਸਹਿਕਾਰੀ ਸਭਾਵਾਂ ਕਰਮਚਾਰੀ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਗਿਆਰਾਂ ਬਲਾਕ ਦੀ ਮੀਟਿੰਗ ਨਿੰਦਰ ਮੋਹਨ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਰਬਸੰਮਤੀ ਨਾਲ ਸੰਜੀਵ ਕੁਮਾਰ ਸੱਚਦੇਵਾ ਨੂੰ ਜ਼ਿਲਵਾ ਪ੍ਰਧਾਨ ਤੇ ਸਰਬਜੀਤ ਸਿੰਘ ਸਾਬੀ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਪਰਮਜੀਤ ਸਿੰਘ ਪੰਮਾ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਹਰਜਿੰਦਰ ਸਿੰਘ ਨੱਲ, ਗੁਰਪ੍ਰੀਤ ਸਿੰਘ ਮਲਸੀਆਂ, ਅਜਮੇਰ ਸਿੰਘ ਸਮੇਤ ਹੋਰ ਵੀ ਹਾਜ਼ਰ ਸਨ। (ਫੋਟੋ ਤੇ ਵੇਰਵਾ : ਯੋਗੇਸ਼ਵਰ, ਰੀਨਾ ਸ਼ਰਮਾ)

# ਰਿਆਤ ਬਾਹਰਾ ਬੀ.ਐੱਡ ਕਾਲਜ ਵਿਖੇ ਡੌਲੀ ਚੀਮਾ ਨੇ ਸਫਲਤਾ ਦਾ ਮੰਤਰ ਸਿਖਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰਿਆਤ ਬਾਹਰਾ ਕਾਲਜ ਆਫ਼ ਐਜੂਕੇਸ਼ਨ ਵਿਖੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਇੱਕ ਵਿਸ਼ੇਸ਼ ਪ੍ਰੇਰਨਾਦਾਇਕ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਜੀਵਨ: ਸਾਡੀਆਂ ਚੋਣਾਂ, ਸਾਡੀਆਂ ਤਰਜੀਹਾਂ' ਵਿਸ਼ੇ 'ਤੇ ਪ੍ਰਸਿੱਧ ਉੱਦਮੀ ਅਤੇ ਸਮਾਜ ਸੇਵਿਕਾ ਡੌਲੀ ਚੀਮਾ ਵੱਲੋਂ ਪ੍ਰੇਰਨਾਦਾਇਕ ਭਾਸ਼ਣ ਦਿੱਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੀ ਪ੍ਰੋਫੈਸਰ ਡਾ. ਵਿਭਾ ਚਾਵਲਾ ਵੱਲੋਂ ਡੌਲੀ ਚੀਮਾ ਦਾ ਸਵਾਗਤ ਕਰਨ ਅਤੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਜਾਣ-ਪਛਾਣ ਕਰਵਾਉਣ ਨਾਲ ਹੋਈ।ਆਪਣੇ ਪ੍ਰਭਾਵਸ਼ਾਲੀ ਭਾਸ਼ਣ ਦੌਰਾਨ ਡੌਲੀ ਚੀਮਾ ਨੇ ਵਿਦਿਆਰਥੀਆਂ ਨੂੰ ਇਹ ਸਿਖਾਇਆ ਕਿ ਹਰ ਵਿਅਕਤੀ ਵਿਲੱਖਣ ਹੁੰਦਾ ਹੈ, ਪਰ ਜ਼ਿੰਦਗੀ ਵਿੱਚ ਸਫਲਤਾ ਹਾਸਲ ਕਰਨ ਲਈ ਸਹੀ ਤਰਜੀਹਾਂ ਅਤੇ ਸੰਤੁਲਨ ਨਿਰਧਾਰਤ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਇੱਕ ਵਿਸ਼ੇਸ਼ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਨਿੱਜੀ ਅਤੇ ਪੇਸ਼ਾਵਰ ਜੀਵਨ ਵਿਚ ਸੰਤੁਲਨ ਬਣਾਈ ਰੱਖਣ ਦੇ ਤਰੀਕੇ ਵੀ ਸਿਖਾਏ।ਉਨ੍ਹਾਂ ਨੇ ਆਪਣੇ ਜੀਵਨ ਦੀਆਂ ਪ੍ਰੇਰਨਾਦਾਇਕ ਉਦਾਹਰਣਾਂ ਸਾਂਝੀਆਂ ਕਰਦਿਆਂ ਇਹ ਸੰਦੇਸ਼ ਦਿੱਤਾ ਕਿ ਸਹੀ ਫੈਸਲੇ ਵਿਅਕਤੀ ਨੂੰ ਮਾਨਸਿਕ ਸ਼ਾਂਤੀ ਅਤੇ ਲੰਬੇ ਸਮੇਂ ਦੀ ਸਫਲਤਾ ਵੱਲ ਲੈ ਜਾਂਦੇ ਹਨ।ਪ੍ਰੋਗਰਾਮ ਦੇ ਅੰਤ 'ਤੇ ਕਾਲਜ ਦੀ ਪ੍ਰਿੰਸੀਪਲ ਡਾ. ਪੱਲਵੀ ਪੰਡਿਤ ਨੇ ਡੌਲੀ ਚੀਮਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਦੇ ਜੀਵਨ ਨੂੰ ਸਕਾਰਾਤਮਕ ਦਿਸ਼ਾ ਦੇਣ ਲਈ ਉਨ੍ਹਾਂ ਦੀ ਪ੍ਰਸ਼ੰਸਾ ਕੀਤੀ।



# ਬਾਦਲ ਪਰਵਾਰ ਦੇ ਪਾਪਾਂ ਦਾ ਘੜਾ ਲਬਾਲਬ ਭਰ ਚੁੱਕੈ : ਪੰਜ ਮੈਂਬਰੀ ਭਰਤੀ ਕਮੇਟੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਨਿਰੋਲ ਪੰਥਕ ਜਮਾਤ ਅਤੇ ਖੇਤਰੀ ਰਾਜਨੀਤਿਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਪੁਨਰ ਸੁਰਜੀਤ ਕਰਨ ਲਈ ਨਿਯੁਕਤ ਕੀਤੀ ਗਈ ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਅਸੀਂ ਸਮੂੰਹ ਪੰਜਾਬ ਦੇ ਲੋਕਾਂ ਅਤੇ ਸਿੱਖ ਪੰਥ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਨਵੀਂ ਪਾਰਟੀ ਵਿੱਚ ਨਾ ਸਿਰਫ ਚਿਹਰੇ ਸਗੋਂ ਨੀਤੀਆਂ ਵੀ ਬਦਲੀਆਂ ਜਾਣਗੀਆਂ ਤਾਂ ਜੋ ਰਾਜਨੀਤਿਕ ਤੌਰ 'ਤੇ ਪੰਜਾਬ ਅਤੇ ਧਾਰਮਿਕ ਤੌਰ ਤੇ ਸਿੱਖ ਪੰਥ ਪ੍ਰਤੀ ਜ਼ਿੰਮੇਵਾਰੀਆਂ ਨੂੰ ਉਸਾਰੂ ਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਇਆ ਜਾ ਸਕੇ । ਇਹ ਵਿਚਾਰ ਮੰਗਲਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਲਈ ਸਥਾਪਿਤ ਕੀਤੀ ਪੰਜ ਮੈਂਬਰੀ ਭਰਤੀ ਕਮੇਟੀ ਦੇ ਮੈਂਬਰ ਮਨਪ੍ਰੀਤ ਸਿੰਘ ਇਆਲੀ ਨੇ ਸਿਟੀ ਸੈਂਟਰ ਹੁਸ਼ਿਆਰਪੁਰ ਵਿਖੇ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੀ ਅਗਵਾਈ 'ਚ ਕਰਵਾਈ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ । ਇਸ ਵਿਸ਼ਾਲ ਰੈਲੀ ਵਿੱਚ ਉਚੇਚੇ ਤੌਰ 'ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਗੁਰਪ੍ਰਤਾਪ ਸਿੰਘ ਵਡਾਲਾ, ਸੰਤਾ ਸਿੰਘ ਉਮੈਦਪੁਰੀ, ਇਕਬਾਲ ਸਿੰਘ ਝੂੰਦਾ, ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਬੀਬੀ ਜਗੀਰ ਕੌਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ, ਪ੍ਰੇਮ ਸਿੰਘ ਚੰਦੂਮਾਜਰਾ, ਸੁੱਚਾ ਸਿੰਘ ਛੋਟੇਪੁਰ, ਸੁਖਦੇਵ ਸਿੰਘ ਫਗਵਾੜਾ ਆਦਿ ਆਗੂ ਮੌਜੂਦ ਸਨ। । ਆਗੂਆਂ ਨੇ ਬਾਦਲ ਪਰਵਾਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਨਾਲ ਪੰਜਾਬ ਦੇ ਹਿੱਤਾਂ ਨਾਲ ਕੀਤੇ ਘਾਣ ਬਾਰੇ ਲੰਬੀ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਸ਼ਹੀਦਾਂ ਦੀ ਇਸ ਮਹਾਨ ਜਥੇਬੰਦੀ ਨੂੰ ਅਰਸ਼ ਤੋਂ ਫਰਸ਼ 'ਤੇ ਲਿਆਉਣ ਅਤੇ ਹੋਰ ਅਗਾਂਹ ਪਤਾਲ ਵਿੱਚ ਗਰਕਾਉਣ ਵਾਲੇ ਬਾਦਲ ਪਰਵਾਰ ਦੇ ਪਾਪਾਂ ਦਾ ਘੜਾ ਲਬਾਲਬ ਭਰ ਚੁੱਕਾ ਹੈ ਅਤੇ ਟਕਸਾਲੀ ਅਕਾਲੀ ਪਰਵਾਰਾਂ ਨੂੰ ਇਹ ਗੱਲ ਚੰਗੀ ਤਰ੍ਹਾਂ ਸਮਝ ਆ ਚੁੱਕੀ ਹੈ ਕਿ ਜੇਕਰ ਸ਼੍ਰੋਮਣੀ ਅਕਾਲੀ ਦਲ ਨੂੰ ਪੁਨਰ ਸੁਰਜੀਤ ਕਰਨਾ ਹੈ ਤਾਂ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਆਦੇਸ਼ਾਂ 'ਤੇ ਫੁੱਲ ਚੜ੍ਹਾ ਕੇ ਨਵੀਂ ਭਰਤੀ ਨੂੰ ਭਰਵਾਂ ਹੁੰਗਾਰਾ ਦਿੱਤਾ ਜਾਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਜਿੰਦਰ ਸਿੰਘ ਸੋਢੀ ਸਾਬਕਾ ਚੇਅਰਮੈਨ, ਪਰਮਿੰਦਰ ਸਿੰਘ ਪੰਨੂ ਕੰਗਮਾਈ, ਮਨਜੀਤ ਸਿੰਘ ਦਸੂਹਾ, ਮਾਸਟਰ ਕੁਲਵਿੰਦਰ ਸਿੰਘ ਜੰਡਾ, ਹਰਬੰਸ ਸਿੰਘ ਮੰਝਪੁਰ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਸੁਖਵਿੰਦਰ ਸਿੰਘ ਮੂਨਕਾਂ, ਹਰਕਮਲ ਸਿੰਘ ਸਹੋਤਾ, ਬਲਵਿੰਦਰ ਸਿੰਘ ਬੋਬੀ, ਮਨਪ੍ਰੀਤ ਸਿੰਘ, ਕਮਲਜੀਤ ਸਿੰਘ ਭੂਪਾ, ਜਸਪਾਲ ਸਿੰਘ, ਓਂਕਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਅਤੇ ਸਮਰਥਕ ਹਾਜ਼ਰ ਸਨ।




# ਅਮਰ ਕੌਰ ਚਰਨ ਕੌਰ ਵੈੱਲਫੇਅਰ ਸੁਸਾਇਟੀ ਵੱਲੋਂ ਵਿਦਿਆਰਥੀਆਂ ਲਈ 21500 ਦੀਆਂ ਕਿਤਾਬਾਂ ਭੇਟ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**

ਅਮਰ ਕੌਰ ਚਰਨ ਕੌਰ ਵੈਲਫੇਅਰ ਸੁਸਾਇਟੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੂੰਗਰਨੀ ਦੇ ਵਿਦਿਆਰਥੀਆਂ ਲਈ ਲਗਭਗ 21500/- ਦੀਆਂ ਕਿਤਾਬਾਂ ਦਿੱਤੀਆਂ ਗਈਆਂ ਤਾਂ ਜੋ ਵਿਦਿਆਰਥੀ ਇਹਨਾਂ ਕਿਤਾਬਾਂ ਨੂੰ ਪੜ੍ਹ ਕੇ ਜਿੱਥੇ ਇੱਕ ਪਾਸੇ ਆਪਣੀ ਪ੍ਰੀਖਿਆ ਵਿੱਚ ਵੱਧ ਅੰਕ ਹਾਸਲ ਕਰ ਸਕਦੇ ਹਨ ਉੱਥੇ ਆਪਣੇ ਜੀਵਨ ਨੂੰ ਸੁਚੱਜਾ ਬਣਾ ਕੇ ਦੇਸ਼ ਕੌਮ ਅਤੇ ਸਮਾਜ ਲਈ ਇਕ ਵਧੀਆ ਆਦਰਸ਼ ਬਣ ਸਕਦੇ ਹਨ।ਇਸ ਮੌਕੇ ਮਾਤਾ ਅਮਰ ਕੌਰ ਚਰਨ ਕੌਰ ਵੈਲਫੇਅਰ ਸੁਸਾਇਟੀ ਦੇ ਜਗਤਾਰ ਸਿੰਘ ਭੂੰਗਰਨੀ ਅਤੇ ਸੁਖਜੀਤ ਸਿੰਘ ਮਸੂਤਾ ਨੇ ਕਿਹਾ ਕਿ ਇਹ ਜਥੇਬੰਦੀ ਪਹਿਲਾ ਵਾਂਗ ਅੱਗੇ ਵੀ ਵਿਦਿਆਰਥੀਆਂ ਦੀ ਬੇਹਤਰੀ ਲਈ ਅਤੇ ਸਕੂਲ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰਦੀ ਰਹੇਗੀ ਅਤੇ ਵਿਦਿਆਰਥੀਆਂ ਦੀ ਉਚੇਰੀ ਵਿਦਿਆ ਲਈ ਵੀ ਹਰ ਕਿਸਮ ਦੀ ਸਹਾਇਤਾ ਕਰੇਗੀ।ਇਸ ਮੌਕੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਜਿੱਥੇ ਇੱਕ ਪਾਸੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉੱਥੇ ਨਾਲ ਹੀ ਇਸ ਜਥੇਬੰਦੀ ਦੇ ਸਰਪਰਸਤ ਡਾਕਟਰ ਹਰਦੇਵ ਸਿੰਘ ਅਤੇ ਮੈਡਮ ਜਸਵਿੰਦਰ ਕੌਰ ਦਾ ਖਾਸ ਧੰਨਵਾਦ ਕੀਤਾ। ਇਸ ਮੌਕੇ ਜਥੇਬੰਦੀ ਦੇ ਅੱਹੁਦੇਦਾਰ, ਪਿੰਡ ਦੇ ਪੰਚਾਇਤ ਮੈਂਬਰ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ ਰਿਹਾ



**ਕਾਲਾ ਸੰਘਿਆਂ (ਮਨਜੀਤ ਮਾਨ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੀਵਾ ਦੇ ਵਿਦਿਆਰਥੀਆਂ ਨੇ ਦਸਵੀਂ ਅਤੇ ਬਾਰਵੀਂ ਜਮਾਤ ਦੇ ਬੋਰਡ ਦੀ ਪ੍ਰੀਖਿਆਵਾਂ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਸੌ ਪ੍ਰਤੀਸ਼ਤ ਨਤੀਜਾ ਲਿਆ ਕੇ ਇਲਾਕੇ ਵਿੱਚ ਆਪਣੇ ਮਾਪਿਆ ਅਤੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ। ਪ੍ਰਿੰਸੀਪਲ ਸ਼੍ਰੀਮਤੀ ਜਸਪਾਲਜੀਤ ਕੌਰ ਨੇ ਦੱਸਿਆ ਕਿ ਇਹ ਵਿਦਿਆਰਥੀਆਂ ਉੱਪਰ ਅਧਿਆਪਕਾਂ ਨੇ ਪੂਰੇ ਸਾਲ ਮਿਹਨਤ ਕੀਤੀ ਹੈ ਅਤੇ ਵਿਦਿਆਰਥੀਆਂ ਨੇ ਅਧਿਆਪਕਾਂ ਦੇ ਕਹਿਣੇ ਵਿੱਚ ਰਹਿ ਕੇ ਬਹੁਤ ਵਧੀਆ ਤਰੀਕੇ ਨਾਲ ਪੜ੍ਹਾਈ ਕੀਤੀ ਹੈ। ਜਿਸ ਦੇ ਸਿੱਟੇ ਵੱਜੋਂ ਸਕੂਲ ਦਾ ਸ਼ਾਨਦਾਰ ਰਿਜ਼ਲਟ ਰਿਹਾ ਹੈ।

# ਸਿੱਖਿਆ ਪ੍ਰੋਵਾਈਡਰ ਯੂਨੀਅਨ ਵਲੋਂ ਰੋਸ ਮਾਰਚ 25 ਨੂੰ



**ਮਹਿਤਪੁਰ (ਰਾਜਾ)** ਸਿੱਖਿਆ ਪ੍ਰੋਵਾਈਡਰ (ਐਸੋਸੀਏਟ ਟੀਚਰ) ਯੂਨੀਅਨ ਦੇ ਸਟੇਟ ਆਗੂ ਤਰਲੋਕ ਸਿੰਘ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਸਰਕਾਰ ਕੀਤੇ ਵਾਅਦੇ ਅਨੁਸਾਰ ਸੀ ਐਸ ਰੂਲ ਲਾਗੂ ਕਰਕੇ ਪ੍ਰੋਪਰ ਰੈਗੂਲਰ ਕਰਮਚਾਰੀ ਦਾ ਦਰਜਾ ਦੇਵੇ। ਮੁੱਖ ਮੰਤਰੀ ਪੰਜਾਬ ਨੇ 12 ਜਨਵਰੀ 2024 ਨੂੰ ਮੀਟਿੰਗ ਦੌਰਾਨ ਕਿਹਾ ਸੀ ਕਿ ਬਹੁਤ ਜਲਦ ਤੁਹਾਡੀਆਂ ਰਹਿੰਦੀਆਂ ਮੰਗਾਂ ਹੱਲ ਕਰ ਰਹੇ ਹਾਂ ਪਰ ਅਫਸੋਸ ਅਜੇ ਤੱਕ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕੀ। ਸੋ ਮਜਬੂਰਨ ਸਾਨੂੰ ਗੂੰਗੀ ਬੋਲੀ ਸਰਕਾਰ ਨੂੰ ਜਗਾਉਣ ਲਈ ਮੁੜ ਸੰਘਰਸ਼ ਦਾ ਰਸਤਾ ਅਖ਼ਤਿਆਰ ਕਰਨਾ ਪੈ ਰਿਹਾ ਸੰਘਰਸ਼ ਦੀ ਸ਼ੁਰੂਆਤ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਹਲਕੇ ਵਿੱਚ ਰੋਸ ਮਾਰਚ ਕਰਕੇ ਸ਼ੁਰੂਆਤ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਆਗੂ ਹਰਪ੍ਰੀਤ ਹੇਅਰ, ਪਰਮਿੰਦਰ ਅੱਟਾ, ਅਮਨ ਵਰਮਾ, ਕਰਨਵੀਰ ਮਾਹੂਵਾਲ ਅਤੇ ਬਲਾਕ ਪ੍ਰਧਾਨ ਅਤਵਾਰ ਫਿਲੌਰ, ਰਛਪਾਲ ਨੂਰਮਹਿਲ, ਲਖਵਿੰਦਰ ਭੋਗਪੁਰ, ਸੁਰਜੀਤ ਗੁਰਾਇਆ, ਮਨੋਜ ਨਕੋਦਰ, ਪਰਮਜੀਤ ਸ਼ਾਹਕੋਟ, ਤਰਲੋਚਨ ਆਦਮਪੁਰ, ਸੰਦੀਪ ਆਦਮਪੁਰ, ਨਿਰਮਲ ਖੈਹਿਰਾ, ਸਰਬਜੀਤ ਲੋਹੀਆਂ, ਰਵੀ ਸ਼ਾਸ਼ਤਰੀ, ਰਿਪੂਦਮਨ ਗਿਲ, ਆਦਿ ਆਗੂ ਹਾਜ਼ਰ ਸਨ।

# ਸਾਈਬਰ ਕਾਨੂੰਨ ਮਾਹਰ ਵਲੋਂ ਡਿਜੀਟਲ ਸੁਰੱਖਿਆ 'ਤੇ ਲੈਕਚਰ

**ਕੁਰਾਲੀ (ਮੋਹਨ ਅੱਗਰਵਾਲ)**

ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਸੈਂਟਰ ਆਫ਼ ਐਕਸੀਲੈਂਸ ਦੇ ਅਧੀਨ, ਅਲਫ਼ਾ ਸਕੂਲ ਨੇ ਸਾਈਬਰ ਕਾਨੂੰਨ ਵਿਸ਼ੇ 'ਚ ਪ੍ਰੋਫੈਸਰ ਆਫ ਪ੍ਰੈਕਟਿਸ ਅਵਿਨਾਸ਼ ਰਾਏ ਖੰਨਾ ਦਾ 'ਸਾਈਬਰ ਕਾਨੂੰਨ, ਡਿਜੀਟਲ ਸੁਰੱਖਿਆ ਅਤੇ ਡੇਟਾ ਗੋਪਨੀਯਤਾ' ਵਿਸ਼ੇ 'ਤੇ ਇੱਕ ਰੋਚਕ ਸੈਸ਼ਨ ਲਈ ਸਵਾਗਤ ਕੀਤਾ।ਤਜਰਬੇ ਨੂੰ ਵਿਹਾਰਕ ਸੂਝ ਦੇ ਨਾਲ ਮਿਲਾਉਂਦੇ ਹੋਏ, ਖੰਨਾ ਨੇ ਨੈਤਿਕ ਡਿਜੀਟਲ ਵਿਵਹਾਰ ਨੂੰ ਆਕਾਰ ਦੇਣ ਵਿੱਚ ਕਾਨੂੰਨੀ ਢਾਂਚੇ ਦੀ ਮਹੱਤਤਾ'ਤੇ ਜ਼ੋਰ ਦਿੱਤਾ।ਇਸ ਸੈਸ਼ਨ ਨੇ ਰਵਾਇਤੀ ਸੋਚ ਨੂੰ ਚੁਣੌਤੀ ਦਿੱਤੀ ਅਤੇ ਵਿਦਿਆਰਥੀਆਂ ਦੀ ਤਕਨਾਲੋਜੀ ਦੇ ਕਾਨੂੰਨੀ ਪਹਿਲੂਆਂ ਦੀ ਸਮਝ ਨੂੰ ਹੋਰ ਵੀ ਵਧਾਇਆ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਵਿਦਿਆਰਥੀਆਂ ਨੂੰ ਸਕਾਰਾਤਮਕ ਔਨਲਾਈਨ ਮੌਜੂਦਗੀ ਵਿਕਸਤ ਕਰਨ ਅਤੇ ਤਕਨਾਲੋਜੀ ਦੀ ਨੈਤਿਕ ਵਰਤੋਂ ਨੂੰ ਸਮਝਣ ਵਿੱਚ ਮਾਰਗਦਰਸ਼ਨ ਕਰਨ। ਔਨਲਾਈਨ ਸੁਰੱਖਿਆ ਨੂੰ ਪਾਠਕ੍ਰਮ ਵਿੱਚ ਸ਼ਾਮਲ ਕਰਕੇ ਸਕੂਲ ਇੱਕ ਐਸੀ ਸੰਸਕ੍ਰਿਤੀ ਤਿਆਰ ਕਰ ਸਕਦੇ ਹਨ ਜੋ ਡਿਜੀਟਲ ਵਰਤੋਂ ਨੂੰ ਉਤਸ਼ਾਹਿਤ ਕਰੇ ਅਤੇ ਵਿਦਿਆਰਥੀਆਂ ਨੂੰ ਆਦਰਯੋਗ, ਸੁਚੇਤ ਅਤੇ ਸੁਰੱਖਿਅਤ ਡਿਜੀਟਲ ਨਾਗਰਿਕ ਬਣਨ ਲਈ ਸਮਰਥ ਬਣਾਏ।ਅਲਫ਼ਾ ਸਕੂਲ ਦੀ ਡਾਇਰੈਕਟਰ ਸਾਕਸ਼ੀ ਮਹਿਤਾ ਵੀ ਇਸ ਸੈਸ਼ਨ ਦਾ ਹਿੱਸਾ ਸੀ।ਅਲਫ਼ਾ ਸਕੂਲ ਅਸਲ-ਸੰਸਾਰ ਦੀ ਮੁਹਾਰਤ ਨੂੰ ਅਕਾਦਮਿਕ ਖੇਤਰ ਵਿੱਚ ਜੋੜਨ ਲਈ ਵਚਨਬੱਧ ਹੈ, ਵਿਦਿਆਰਥੀਆਂ ਨੂੰ ਇੱਕ ਤਕਨੀਕੀ-ਸੰਚਾਲਿਤ ਭਵਿੱਖ ਲਈ ਸਸ਼ਕਤ ਬਣਾਉਂਦਾ ਹੈ।



# ਡੀ ਪੀ ਐਡ ਕੋਰਸ ਦੇ ਦੂਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ



**ਮਾਹਿਲਪੁਰ, (ਸ.ਫ਼ਰੀ)**-ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਸਰੀਰਕ ਸਿੱਖਿਆ ਅਤੇ ਸਪੋਰਟਸ ਵਿਭਾਗ ਅਧੀਨ ਚਲ ਰਹੇ ਡੀਪੀਐਡ (ਦੋ ਸਾਲਾ ਕੋਰਸ) ਦੇ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ।ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਅਤੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਰਾਜਕੁਮਾਰ ਨੇ ਦੱਸਿਆ ਕਿ ਡੀ ਪੀ ਐਡ ਕੋਰਸ ਦੇ ਸਮੈਸਟਰ ਦੂਜਾ ਦੇ ਨਤੀਜੇ ਵਿੱਚ ਵਿਦਿਆਰਥਣ ਰੋਹਿਤਾ ਨੇ 83.1 ਫੀਸਦੀ ਅੰਕ ਲੈ ਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ ਜਦਕਿ ਵਿਦਿਆਰਥਣ ਸੁਰੇਖਾ ਜਾਟ ਨੇ 82.7 ਫੀਸਦੀ ਅੰਕਾ ਨਾਲ ਦੂਜਾ ਅਤੇ ਪੂਜਾ ਨੇ 81.3 ਫੀਸਦੀ ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਪ੍ਰਿੰਸੀਪਲ ਸਮੇਤ ਸਰੀਰਕ ਸਿੱਖਿਆ ਵਿਭਾਗ ਦੇ ਸਮੂਹ ਅਧਿਆਪਕਾਂ ਨੇ ਡੀਪੀਐਡ ਕੋਰਸ ਦੇ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ।

# ਮਿਹਨਤ ਨੂੰ ਟਾਲਣਾ, ਸਫਲਤਾ ਨੂੰ ਗੁਆਉਣ ਦੇ ਬਰਾਬਰ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ )**

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਨਿਵੇਕਲੇ 'ਸਕੂਲ ਮੈਂਟਰਸ਼ਿਪ ਪ੍ਰੋਗਰਾਮ' ਤਹਿਤ ਅੱਜ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਕੂਲ ਆਫ਼ ਐਮੀਨੈਂਸ, ਗੜ੍ਹਸ਼ੰਕਰ ਦਾ ਦੌਰਾ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ ਨੂੰ ਟਾਲਣ ਦਾ ਮਤਲਬ ਹੈ ਸਫਲਤਾ ਗੁਆਉਣਾ। ਇਸ ਲਈ ਹੁਣ ਕੀਤੀ ਗਈ ਸਖ਼ਤ ਮਿਹਨਤ ਆਉਣ ਵਾਲੇ ਦਿਨਾਂ ਵਿਚ ਚੰਗੇ ਨਤੀਜੇ ਲਿਆਏਗੀ।ਇਸ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਕਰੀਅਰ ਦੇ ਵਿਕਲਪਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਿਰਫ਼ ਕਿਤਾਬਾਂ ਤੱਕ ਸੀਮਤ ਸਿੱਖਿਆ ਹੁਣ ਕਾਫ਼ੀ ਨਹੀਂ ਹੈ, ਵਿਦਿਆਰਥੀਆਂ ਨੂੰ ਅਸਲ ਜੀਵਨ ਦੀ ਸਮਝ, ਐਕਸਪੋਜ਼ਰ ਵਿਜ਼ਿਟ ਅਤੇ ਆਧੁਨਿਕ ਤਕਨਾਲੋਜੀ ਦੀ ਵੀ ਓਨੀ ਹੀ ਲੋੜ ਹੈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਲਲਿਤਾ ਅਰੋੜਾ, ਸਕੂਲ ਪ੍ਰਿੰਸੀਪਲ ਸੀਮਾ ਬੁੱਧੀਰਾਜਾ, ਰੈੱਡ ਕਰਾਸ ਸੋਸਾਇਟੀ ਦੇ ਸਕੱਤਰ ਮੰਗੇਸ਼ ਸੂਦ ਵੀ ਮੌਜੂਦ ਸਨ।



# ਪ੍ਰਭ ਆਸਰਾ ਸਰਬ ਸਾਂਝੇ ਪਰਵਾਰ 'ਚ ਦਾਖਲ ਹੋਏ 3 ਹੋਰ ਨਵੇਂ ਨਾਗਰਿਕ

**ਕੁਰਾਲ਼ੀ (ਮੋਹਨ ਅੱਗਰਵਾਲ)**-ਪਿਛਲੇ 21 ਸਾਲਾਂ ਤੋਂ ਮਾਨਸਿਕ ਤੇ ਸਰੀਰਕ ਰੋਗਾਂ ਤੋਂ ਪੀੜਤ ਬੇਸਹਾਰਾ ਨਾਗਰਿਕਾਂ ਦੇ ਇਲਾਜ, ਸਾਂਭ-ਸੰਭਾਲ ਅਤੇ ਮੁੜ-ਵਸੇਬੇ ਨੂੰ ਸਮਰਪਿਤ ਸੰਸਥਾ ਪ੍ਰਭ ਆਸਰਾ ਪਡਿਆਲਾ (ਕੁਰਾਲ਼ੀ) ਵਿਖੇ 03 ਹੋਰ ਨਿਆਸਰਿਆਂ ਨੂੰ ਸ਼ਰਨ ਮਿਲੀ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਜਿੰਦਰ ਕੌਰ ਨੇ ਦੱਸਿਆ ਕਿ 33 ਕੁ ਸਾਲ ਦੀ ਅੰਜੂ ਨਾਮਕ ਬੀਬੀ ਕਈ ਦਿਨਾਂ ਤੋਂ ਡੇਰਾਬੱਸੀ ਦੀਆਂ ਸੜਕਾਂ 'ਤੇ ਰੁਲ ਰਹੀ ਸੀ। ਜਿੱਥੋਂ ਇਹ ਸਿਵਲ ਹਸਪਤਾਲ ਡੇਰਾਬਸੀ ਦਾਖਲ ਹੋਈ। ਮੁੱਢਲੀ ਸਹਾਇਤਾ ਦੇਣ ਉਪਰੰਤ ਹਸਪਤਾਲ ਅਤੇ ਪਲਿਸ ਪ੍ਰਸ਼ਾਸਨ ਵੱਲੋਂ ਇਸ ਨੂੰ ਪ੍ਰਭ ਆਸਰਾ ਸੰਸਥਾ ਵਿਖੇ ਦਾਖਲ ਕਰਵਾਇਆ ਗਿਆ। ਇੰਦਾਂ ਹੀ ਹਰਪ੍ਰੀਤ ਸਿੰਘ (35 ਸਾਲ) ਨੂੰ ਪੁਲਸ ਚੌਂਕੀ, ਬਿਲਾਸਪੁਰ (ਥਾਣਾ: ਨਿਹਾਲ ਸਿੰਘ ਵਾਲ਼ਾ) ਰਾਹੀਂ ਦਾਖਲ ਕਰਵਾਇਆ ਗਿਆ। ਹਰਪ੍ਰੀਤ ਸਿੰਘ ਪਿੰਡ: ਬਿਲਾਸਪੁਰ ਦੇ ਗੁਰੂਘਰ ਵਿੱਚ ਰਹਿੰਦਾ ਸੀ। ਜਿਸਦਾ ਇੱਕ ਪੱਟ ਟੁੱਟਿਆ ਹੋਇਆ ਹੈ। ਪੁਲਸ ਅਨੁਸਾਰ ਮਾਤਾ ਦਾ ਅਕਾਲ ਚਲਾਣਾ ਹੋ ਚੁੱਕਿਆ ਹੈ ਅਤੇ ਇਸ ਦੀ ਤਰਸਯੋਗ ਹਾਲਤ ਨੂੰ ਵੇਖਦੇ ਹੋਏ ਇਸ ਨੂੰ ਪ੍ਰਭ ਆਸਰਾ ਸੰਸਥਾ ਵਿਖੇ ਸੰਭਾਲ ਅਤੇ ਇਲਾਜ ਲਈ ਦਾਖਲ ਕਰਵਾਇਆ ਗਿਆ। ਇਸੇ ਤਰ੍ਹਾਂ ਹਰਕ੍ਰਿਸ਼ਨ ਸਿੰਘ ਜੋ ਇੱਕ ਭਿਆਨਕ ਰੋਡ ਐਕਸੀਡੈਂਟ ਵਿੱਚ ਅਪਾਹਿਜ ਹੋ ਗਏ, ਪਰ ਉਹਨਾਂ ਨੇ ਹਿੰਮਤ ਨਹੀਂ ਹਾਰੀ ਤੇ ਇੱਕ ਵੀਲ੍ਹ ਚੇਅਰ ਉੱਤੇ ਹੀ ਪੀਜ਼ਾ ਡਿਲੀਵਰੀ ਦਾ ਕੰਮ ਕਰਦੇ ਰਹੇ। ਹੁਣ ਇੱਕ ਸਾਲ ਪਹਿਲਾਂ ਜਖਮ ਬੜਾ ਗਹਿਰਾ ਹੋ ਗਿਆ ਤੇ ਕੋਈ ਜਿੰਮੇਵਾਰੀ ਲੈਣ ਵਾਲਾ ਨਾ ਹੋਣ ਕਰਕੇ ਸੰਭਾਲ ਅਤੇ ਇਲਾਜ ਲਈ ਪ੍ਰਭ ਆਸਰਾ ਸੰਸਥਾ ਵਿਖੇ ਦਾਖਲ ਕਰਵਾਇਆ ਗਿਆ। ਉਪਰੋਕਤ ਸੱਜਣਾਂ ਨੂੰ ਕੋਈ ਵੀ ਜਾਣਦਾ ਹੋਵੇ ਜਾਂ ਪਛਾਣਦਾ ਹੋਵੇ ਤਾਂ ਪ੍ਰਭ ਆਸਰਾ ਵਿਖੇ ਸੰਪਰਕ ਕਰ ਸਕਦਾ ਹੈ।




# ਨਗਰ ਨਿਗਮ ਵੱਲੋਂ ਗਿੱਲੇ ਕੂੜੇ ਤੋਂ ਤਿਆਰ ਖਾਦ ਦੀ ਵਿਕਰੀ ਸ਼ੁਰੂ



**ਫਗਵਾੜਾ, (ਡਾ. ਰਮਨ)**

ਗਿੱਲੇ ਕੂੜੇ ਦੇ ਪ੍ਰਬੰਧਨ ਅਤੇ ਵਾਤਾਵਰਣ ਸੰਭਾਲ ਵੱਲ ਵੱਡੀ ਪਹਿਲਕਦਮੀ ਕਰਦਿਆਂ ਨਗਰ ਨਿਗਮ ਫਗਵਾੜਾ ਵੱਲੋਂ ਗਿੱਲੇ ਕੂੜੇ ਤੋਂ ਤਿਆਰ ਕੀਤੀ ਖਾਦ ਦੀ ਵਿਕਰੀ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਦਾ ਉਦੇਸ਼ ਪੌਸ਼ਟਿਕ ਤੱਤਾਂ ਨਾਲ ਭਰਪੂਰ ਜੈਵਿਕ ਖਾਦ ਦੇ ਉਤਪਾਦਨ ਅਤੇ ਵਿਕਰੀ ਦੁਆਰਾ ਬਾਇਓਡੀਗਰੇਡੇਬਲ ਗਿੱਲੇ ਕੂੜੇ ਦੀ ਮੁੜ ਵਰਤੋਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੁਹਿੰਮ ਦਾ ਉਦਘਾਟਨ ਅੱਜ ਫਗਵਾੜਾ ਦੇ ਮੇਅਰ ਸ੍ਰੀ ਰਾਮਪਾਲ ਉੱਪਲ, ਨਗਰ ਨਿਗਮ ਕੌਂਸਲਰ ਪਰਵੀਨ ਠਾਕੁਰ, ਗੁਰਪ੍ਰੀਤ ਕੌਰ ਅਤੇ ਰਵੀ ਕੁਮਾਰ, ਨਗਰ ਨਿਗਮ ਦੇ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਅਤੇ ਅਧਿਕਾਰੀ ਸੇਵਕ ਰਾਮ ਐਸ.ਆਈ., ਪੂਜਾ ਆਈ.ਈ.ਸੀ. ਦੇ ਨਾਲ—ਨਾਲ ਐਡਵੋਕੇਟ ਕਸ਼ਮੀਰ ਸਿੰਘ ਮੱਲ੍ਹੀ, ਡਾ. ਇਕਬਾਲ ਸਿੰਘ ਸੋਹੀ, ਪਟਵਾਰੀ ਸੋਹਣ ਸਿੰਘ, ਕੁਲਵੰਤ ਸਿੰਘ ਭਿੰਡਰ, ਜੋਤੀ ਸ਼ਰਮਾ, ਦਵਿੰਦਰ ਸਿੰਘ ਵੱਲੋਂ ਕੀਤਾ ਗਿਆ । ਮੇਅਰ ਸ੍ਰੀ ਉੱਪਲ ਨੇ ਦੱਸਿਆ ਕਿ ਇਹ ਖਾਦ ਇਕੱਠੇ ਕੀਤੇ ਗਏ ਗਿੱਲੇ ਕੂੜੇ ਅਤੇ ਜੈਵਿਕ ਹਿੰਦ—ਖੂੰਹਦ ਤੋਂ ਤਿਆਰ ਕੀਤੀ ਜਾਂਦੀ ਹੈ। ਇਹ ਜੈਵਿਕ ਰਹਿੰਦ—ਖੂੰਹਦ ਨਗਰ ਨਿਗਮ ਵੱਲੋਂ ਸ਼ਹਿਰ ਦੇ ਵੱਖ—ਵੱਖ ਹਿੱਸਿਆਂ ਵਿੱਚ ਬਣਾਈਆਂ ਕੰਪੋਸਟ ਪਿੱਟਸ ਵਿੱਚ ਤਿਆਰ ਕੀਤੀ ਜਾਂਦੀ ਹੈ।ਉਨ੍ਹਾਂ ਗਿੱਲੇ—ਸੁੱਕੇ ਕੂੜੇ ਦੇ ਪ੍ਰਬੰਧਨ ਦੀ ਮਹੱਤਤਾ ਤੇ ਜ਼ੋਰ ਦਿੱਤਾ ਅਤੇ ਸ਼ਹਿਰਵਾਸੀਆਂ ਨੂੰ ਅਜਿਹੀਆਂ ਵਾਤਾਵਰਣ ਪ੍ਰਤੀ ਪ੍ਰਗਤੀਸ਼ੀਲ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਕਮਿਸ਼ਨਰ ਡਾ.ਗੁਪਤਾ ਨੇ ਕਿਹਾ ਕਿ ਇਹ ਮੁਹਿੰਮ ਨਾ ਸਿਰਫ ਕੂੜੇ ਦੀ ਸਮੱਸਿਆ ਦਾ ਢੁਕਵਾਂ ਹੱਲ ਕਰੇਗੀ ਸਗੋਂ ਰਸਾਇਣਕ ਖਾਦਾਂ ਦਾ ਇੱਕ ਢੁੱਕਵਾਂ ਵਿਕਲਪ ਵੀ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਖਾਦ 100 ਪ੍ਰਤੀਸ਼ਤ ਜੈਵਿਕ ਹੈ ਅਤੇ ਨੁਕਸਾਨਦੇਹ ਰਸਾਇਣਾਂ ਤੋਂ ਮੁਕਤ ਹੈ।ਜ਼ਰੂਰੀ ਪੌਸ਼ਟਿਕ ਤੱਤਾਂ ਨਾਲ ਭਰਪੂਰ ਇਹ ਖਾਦ, ਬਗੀਚਿਆਂ, ਪਾਰਕਾਂ, ਨਰਸਰੀਆਂ, ਖੇਤਾਂ ਵਿੱਚ ਵਰਤੋਂ ਕੀਤੀ ਜਾ ਸਕਦੀ ਹੈ।ਨਗਰ ਨਿਗਮ ਵੱਲੋਂ ਤਿਆਰ ਕੀਤੀ ਇਹ ਖਾਦ ਕਿਫਾਇਤੀ ਦਰਾਂ ਤੇ ਉਪਲੱਬਧ ਹੈ ਅਤੇ ਆਮ ਲੋਕ ਇਹ ਖਾਦ ਨਗਰ ਨਿਗਮ, ਫਗਵਾੜਾ ਦੇ ਦਫਤਰ ਵਿੱਚੋਂ ਖਰੀਦ ਸਕਦੇ ਹਨ ਅਤੇ ਵਧੇਰੇ ਜਾਣਕਾਰੀ ਲਈ ਸਹਾਇਕ ਕਮਿਸ਼ਨਰ, ਨਗਰ ਨਿਗਮ ਫਗਵਾੜਾ ਦੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

# ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਇਆ ਸੈਮੀਨਾਰ



**ਗੁਰਾਇਆ (ਬਿੰਦਰ ਸੁੰਮਨ)**

ਭਾਰਤ ਦੀ ਨਾਮਕਾਰ ਕਲੱਬ ਵਾਈ.ਐਫ.ਸੀ. ਰੁੜਕਾ ਕਲਾਂ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਫਿਲੌਰ ਤੋਂ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਉਨਾਂ ਦੇ ਨਾਲ ਹੀ ਇਸ ਮੁਹਿੰਮ ਦੇ ਕੋਆਰਡੀਨੇਟਰ ਪੰਕਜ਼ ਰਾਏ ਭਾਰਦਵਾਜ, ਬੀ.ਡੀ.ਪੀ.ਓ ਸਵਨੀਤ ਕੌਰ, ਪੁਲਸ ਵਿਭਾਗ ਤੋਂ ਐੱਸ.ਐੱਚ.ਓ ਗੁਰਾਇਆ ਸਿਕੰਦਰ ਸਿੰਘ ਵਿਰਕ, ਵਾਈ.ਐਫ.ਸੀ. ਦੇ ਪ੍ਰਧਾਨ ਗੁਰਮੰਗਲ ਦਾਸ, ਸਿਹਤ ਵਿਭਾਗ ਤੋਂ ਡਾ.ਪ੍ਰਤਿਬਾ ਸਿੰਘ, ਜਗਤਾਰ ਸਿੰਘ, ਸਮੂਹ ਗ੍ਰਾਮ ਪੰਚਾਇਤ ਰੁੜਕਾ ਕਲਾਂ, ਸਰਵਪੱਖੀ ਵਿਕਾਸ ਮੰਚ ਰੁੜਕਾ ਕਲਾਂ ਤੇ ਨੇੜਲੇ ਪਿੰਡਾਂ ਦੀਆਂ ਪੰਚਾਇਤਾਂ ਨੇ ਭਾਗ ਲਿਆ। ਸੈਮੀਨਾਰ ਦੀ ਸ਼ੁਰੂਆਤ ਵਿੱਚ ਐੱਸ.ਐੱਚ.ਓ ਗੁਰਾਇਆ ਸਿਕੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ ਤੇ ਪੁਲਸ ਵਿਭਾਗ ਦਿਨ ਰਾਤ ਇਸ ਉਪਰਾਲੇ ਨੂੰ ਨੇਪਰੇ ਚਾੜਣ ਲਈ ਤੱਤਪਰ ਹੈ। ਇਸ ਉਪਰੰਤ ਸਿਹਤ ਵਿਭਾਗ ਤੋਂ ਡਾ.ਪ੍ਰਤਿਭਾ ਸਿੰਘ ਨੇ ਨਸ਼ਿਆਂ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਚਾਨਣਾ ਪਾਇਆ ।ਸੈਮੀਨਾਰ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਮੁਹਿੰਮ ਸਬੰਧੀ ਸੰਖੇਪ ਜਾਣਕਾਰੀ ਸਾਂਝੀ ਕੀਤੀ। ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਦੱਸਿਆ ਕਿ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਇਲਾਕੇ ਦੇ ਨੌਜਵਾਨ (ਲੜਕੇ ਤੇ ਲੜਕੀਆਂ) ਦੀ ਇਸ ਨਸ਼ੇ ਰੂਪੀ ਕੋਹੜ ਤੋਂ ਬਚਾਉਣ ਲਈ ਖੇਡਾਂ ਦੇ ਮਾਧਿਅਮ ਰਾਹੀ ਪਿਛਲੇ 25 ਸਾਲ ਤੋਂ ਕੰਮ ਕਰ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਕਰਦੀ ਰਹੇਗੀ। ਉਨ੍ਹਾ ਦੱਸਿਆ ਕਿ ਇਸ ਮੰਤਵ ਲਈ ਕਲੱਬ ਵੱਲੋਂ ਬਹੁ -ਮੰਤਵੀ ਸਪੋਰਟਸ ਕੰਪਲੈਕਸ ਤਿਆਰ ਕੀਤਾ ਜਾ ਰਿਹਾ ਹੈ । ਜਿਸ ਦਾ ਆਉਣ ਵਾਲੇ ਸਮੇ ਵਿੱਚ ਇਲਾਕੇ ਭਰ ਦੇ ਲੋਕਾਂ ਨੂੰ ਲਾਭ ਹੋਵੇਗਾ।

# ਕਮਿਸ਼ਨਰ ਦਫ਼ਤਰ ਜਲੰਧਰ ਅੱਗੇ 26 ਤੋਂ 28 ਤੱਕ ਲਗਾਇਆ ਜਾਵੇਗਾ ਧਰਨਾ

**ਜਲੰਧਰ (ਰਾਜੇਸ਼ ਥਾਪਾ)**

ਇਥੇ ਦਿਹਾਤੀ ਮਜ਼ਦੂਰ ਸਭਾ ਤਹਿਸੀਲ ਕਮੇਟੀ ਫਿਲੌਰ ਦੀ ਮੀਟਿੰਗ ਤਹਿਸੀਲ ਪ੍ਰਧਾਨ ਗੁਰਦੀਪ ਸਿੰਘ ਗੋਗੀ ਦੀ ਪ੍ਰਧਾਨਗੀ ਹੇਠ ਕੀਤੀ ਗਈ,ਜਿਸ ਵਿੱਚ ਮਜ਼ਦੂਰਾਂ ਦੇ ਭਖਦੇ ਮਸਲੇ ਹੱਲ ਕਰਵਾਉਣ ਲਈ ਸੂਬਾ ਕਮੇਟੀ ਦੇ ਸੱਦੇ ਤਹਿਤ 26 ਤੋਂ 28 ਮਈ ਤੱਕ ਕਮਿਸ਼ਨਰ ਦਫ਼ਤਰ ਜਲੰਧਰ ਦੇ ਸਾਹਮਣੇ ਲਗਾਏ ਜਾਣ ਵਾਲੇ ਧਰਨੇ ਦੀ ਤਿਆਰੀ ਲਈ ਰੂਪ ਰੇਖਾ ਤੈਅ ਕੀਤੀ ਗਈ।ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਣਨ ਤੋਂ ਪਹਿਲਾਂ ਪੰਜਾਬ ਦੇ ਗਰੀਬ ਤੇ ਦਲਿਤ ਮਜ਼ਦੂਰਾਂ ਨਾਲ ਜੋ ਵਾਅਦੇ ਕੀਤੇ ਸਨ ਉਹ ਅਜੇ ਤੱਕ ਪੂਰੇ ਨਹੀਂ ਕੀਤੇ ਗਏ। ਭਗਵੰਤ ਮਾਨ ਨੇ ਕਿਹਾ ਸੀ ਕਿ ਔਰਤਾਂ ਨੂੰ ਇੱਕ- ਇੱਕ ਹਜ਼ਾਰ ਰੁਪਏ ਅਤੇ ਪੈਨਸ਼ਨ ਪੱਚੀ ਸੌ ਰੁਪਏ ਦਿੱਤੀ ਜਾਵੇਗੀ, ਜਿਸ ਵਾਅਦੇ 'ਚੋਂ ਪੂਣੀ ਵੀ ਨਹੀਂ ਕੱਤੀ ਗਈ। ਸਾਥੀ ਰੰਧਾਵਾ ਨੇ ਅੱਗੇ ਕਿਹਾ ਕਿ ਤਹਿਸੀਲ ਫਿਲੌਰ ਵਿਚੋਂ ਵੱਡੀ ਗਿਣਤੀ ਵਿੱਚ ਮਨਰੇਗਾ ਅਤੇ ਦਿਹਾਤੀ ਮਜ਼ਦੂਰਾਂ ਨੂੰ ਲਾਮਬੰਦ ਕਰ ਕੇ ਸ਼ਾਮਲ ਕਰਾਇਆ ਜਾਵੇਗਾ।ਤਿੰਨ ਦਿਨ ਚੱਲਣ ਵਾਲੇ ਇਸ ਧਰਨੇ ਲਈ ਆਟਾ, ਦਾਲ, ਘਿਓ, ਲੂਣ, ਮਿਰਚ, ਮਸਾਲਾ ਪਿੰਡਾਂ ਵਿਚੋਂ ਮਜ਼ਦੂਰਾਂ ਦੇ ਘਰਾਂ ਤੋਂ ਇਕੱਠਾ ਕਰਨ ਦੀ ਮੁਹਿੰਮ ਚਲਾਈ ਜਾਵੇਗੀ। ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਜਿਵੇਂ ਮਜ਼ਦੂਰਾਂ ਦੀ ਪੈਨਸ਼ਨ, ਬੁਢਾਪਾ, ਵਿਧਵਾ, ਵਿਕਲਾਂਗ ਲਈ 5000 ਰੁਪਏ ਪੈਨਸ਼ਨ ਹਰ ਮਹੀਨੇ ਦਿੱਤੀ ਜਾਵੇ। ਪਿੰਡ ਪਿੰਡ ਸਸਤੇ ਰਾਸ਼ਨ ਦੇ ਡੀਪੂ ਖੋਲ ਕੇ ਆਟਾ, ਦਾਲ, ਖੰਡ, ਘਿਓ, ਚਾਹ ਪੱਤੀ ਆਦਿ ਖਾਣ ਵਾਲੀਆਂ 14 ਵਸਤਾਂ ਡੀਪੂਆਂ ਤੋਂ ਦਿੱਤੀਆਂ ਜਾਣ ਅਤੇ 10-10 ਮਰਲੇ ਦੇ ਪਲਾਟ ਮਕਾਨ ਬਣਾਉਣ ਲਈ ਪੰਜ ਲੱਖ ਦੀ ਗਰਾਂਟ ਦਿੱਤੀ ਜਾਵੇ, ਮਨਰੇਗਾ ਮਜ਼ਦੂਰਾਂ ਦੀ 700 ਰੁਪਏ ਦਿਹਾੜੀ ਦਿੱਤੀ ਜਾਵੇ ਅਤੇ ਸਾਰਾ ਸਾਲ ਕੰਮ ਸਾਰੇ ਪਰਿਵਾਰ ਨੂੰ ਦਿੱਤਾ ਜਾਵੇ ਅਤੇ ਬਣਦੀ ਮਿਹਨਤ ਮਜ਼ਦੂਰਾਂ ਦੇ ਖਾਤਿਆਂ ਵਿੱਚ ਪੈ ਜਾਵੇ। ਮਜ਼ਦੂਰਾਂ ਸਿਰ ਚੜ੍ਹੇ ਹਰ ਤਰ੍ਹਾਂ ਦੇ ਕਰਜ਼ੇ ਕੋਆਪਰੇਟਿਵ ਸੁਸਾਇਟੀਆਂ, ਮਾਇਕਰੋ ਫਾਈਨਾਂਸ ਅਤੇ ਹੋਰ ਬੈਂਕਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ। ਪੀਣ ਵਾਲਾ ਸ਼ੁੱਧ ਪਾਣੀ ਮੁਫ਼ਤ ਅਤੇ ਗੰਦੇ ਪਾਣੀ ਦੇ ਨਿਕਾਸ ਦਾ ਪ੍ਰਬੰਧ ਕੀਤਾ ਜਾਵੇ, ਗਰੀਬ ਲੋਕਾਂ ਦੇ ਇਲਾਜ ਦਾ ਮੁਫ਼ਤ ਪ੍ਰਬੰਧ ਕੀਤਾ ਜਾਵੇ, ਗਰੀਬ ਅਤੇ ਦਲਿਤ ਪਰਵਾਰਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਪ੍ਰਬੰਧ ਕੀਤਾ ਜਾਵੇ।ਇਸ ਸਮੇਂ ਹੋਰਨਾਂ ਤੋਂ ਇਲਾਵਾ ਤਹਿਸੀਲ ਸਕੱਤਰ ਅੰਮ੍ਰਿਤ ਲਾਲ ਨੰਗਲ, ਮੇਜਰ ਫਿਲੌਰ, ਕੁਲਦੀਪ ਵਾਲੀਆ, ਮੰਗਾਂ ਸੰਗੋਵਾਲ, ਜੀਤਾ ਸੰਗੋਵਾਲ, ਮਦਨ ਸੰਗੋਵਾਲ, ਕੁਲਵੰਤ ਔਜਲਾ, ਕੁਲਦੀਪ ਬਿਲਗਾ ਅਤੇ ਹੋਰ ਸਾਥੀ ਸ਼ਾਮਲ ਸਨ।



# 12 ਹੋਰ ਪਿੰਡਾਂ ਦੇ ਲੋਕਾਂ ਨੇ ਨਸ਼ੇ ਵਿਰੁੱਧ ਲੜਾਈ ਦਾ ਹਲਫ ਲਿਆ



**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)**

ਪੰਜਾਬ ਸਰਕਾਰ ਵਲੋਂ ਨਸ਼ੇ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਨਸ਼ਾ ਮੁਕਤੀ ਯਾਤਰਾ' ਤਹਿਤ ਕਪੂਰਥਲਾ ਜ਼ਿਲ੍ਹੇ ਦੇ 12 ਪਿੰਡਾਂ ਵਿਚ ਸਭਾਵਾਂ ਕਰਕੇ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕੀਤਾ ਗਿਆ ਤੇ ਨਸ਼ੇ ਵਿਰੁੱਧ ਲੜਾਈ ਵਿਚ ਸਰਗਰਮ ਭੂਮਿਕਾ ਨਿਭਾਉਣ ਦਾ ਅਹਿਦ ਦਿਵਾਇਆ ਗਿਆ। ਕਪੂਰਥਲਾ ਹਲਕੇ ਦੇ ਪਿੰਡਾਂ ਬੂਟ, ਰੂਪਨਪੁਰ ਤੇ ਠੱਕਰੀਵਾਲ, ਭੁਲੱਥ ਹਲਕੇ ਦੇ ਪਿੰਡਾਂ ਮਿਆਣੀ, ਬੁੱਢਾ ਥੇਹ ਤੇ ਫੱਤੂਢੀਂਗਾ, ਸੁਲਤਾਨਪੁਰ ਲੋਧੀ ਦੇ ਤਾਸ਼ਪੁਰ, ਨਸੀਰੇਵਾਲ ਤੇ ਲਾਟੀਆਂਵਾਲ ਅਤੇ ਫਗਵਾੜਾ ਹਲਕੇ ਦੇ ਪਿੰਡ ਬਲਾਲੋਂ, ਪੱਖ ਪੰਡੋਰੀ ਤੇ ਪੰਡੋਰੀ ਵਿਖੇ ਸਭਾਵਾਂ ਕੀਤੀਆਂ ਹੋਈਆਂ ਜਿੱਥੇ ਵੱਡੀ ਗਿਣਤੀ ਵਿਚ ਲੋਕਾਂ ਸ਼ਿਰਕਤ ਕੀਤੀ। ਇਸ ਮੌਕੇ ਕਪੂਰਥਲਾ ਵਿਖੇ ਸਭਾਵਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਸਕਲਾਨੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਪਿੰਡਾਂ ਨੂੰ ਨਸ਼ਾ ਮੁਕਤ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਹੈ, ਜਿਸ ਵਿਚ ਸਾਨੂੰ ਸਭ ਨੂੰ ਹਿੱਸੇਦਾਰ ਬਣਨ ਦੀ ਲੋੜ ਹੈ ਤਾਂ ਹੀ ਇਹ ਮੁਹਿੰਮ ਕਿਸੇ ਸਾਰਥਿਕ ਨਤੀਜੇ 'ਤੇ ਪਹੁੰਚ ਸਕੇਗੀ।ਸੁਲਤਾਨਪੁਰ ਲੋਧੀ ਦੇ ਪਿੰਡਾਂ ਵਿਖੇ ਸੰਬੋਧਨ ਕਰਦੇ ਹੋਏ ਚੇਅਰਮੈਨ ਨਗਰ ਸੁਧਾਰ ਟਰੱਸਟ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਰੋਜ਼ ਜ਼ਿਲ੍ਹੇ ਦੇ 12 ਪਿੰਡਾਂ ਵਿਚ ਜਾ ਰਹੀ ਹੈ, ਜਿਸਨੂੰ ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਵਲੋਂ ਇਸ ਨਸ਼ਾ ਮੁਕਤੀ ਯਾਤਰਾ ਨੂੰ ਵੱਡਾ ਸਮਰਥਨ ਦਿੱਤਾ ਜਾ ਰਿਹਾ ਹੈ ਤੇ ਉਹ ਪੰਜਾਬ ਸਰਕਾਰ ਦੀ ਇਸ ਲਾਮਿਸਾਲ ਮੁਹਿੰਮ ਵਿਚ ਵੱਡੀ ਭੂਮਿਕਾ ਨਿਭਾ ਰਹੀਆਂ ਹਨ। ਇਸੇ ਤਰ੍ਹਾਂ ਭੁਲੱਥ ਹਲਕੇ ਦੇ ਪਿੰਡਾਂ ਵਿਚ ਡਾਇਰੈਕਟਰ ਜਲ ਸਰੋਤ ਵਿਭਾਗ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਲੋਕਾਂ ਨਾਲ ਸਿੱਧਾ ਰਾਬਤਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀ ਇਸ ਸਮਾਜਿਕ ਸੁਧਾਰ ਵਾਲੀ ਮੁਹਿੰਮ ਨੂੰ ਡਟਵਾਂ ਸਮਰਥਨ ਦੇਣ ਤਾਂ ਜ ਇਸ ਸਮਾਜਿਕ ਕੋਹੜ ਨੂੰ ਦੂਰ ਕੀਤਾ ਜਾ ਸਕੇ। ਫਗਵਾੜਾ ਹਲਕੇ ਦੇ ਪਿੰਡਾਂ ਵਿਚ ਆਮ ਆਦਮੀ ਪਾਰਟੀ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ ਨੇ ਨਸ਼ਾ ਮੁਕਤੀ ਯਾਤਰਾ ਵਿਚ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਲੋਕ ਇਸ ਮੁਹਿੰਮ ਨਾਲ ਸਿੱਧਾ ਜੁੜਨ ਲੱਗੇ ਹਨ, ਜਿਸਦੇ ਸਾਰਥਿਕ ਸਿੱਟੇ ਸਾਹਮਣੇ ਆ ਰਹੇ ਹਨ। ਇਸ ਮੌਕੇ ਵੱਡੀ ਗਿਣਤੀ ਵਿਚ ਲੋਕਾਂ ਵਲੋਂ ਨਸ਼ੇ ਵਿਰੁੱਧ ਲੜਾਈ ਦਾ ਹਲਫ ਵੀ ਲਿਆ ਗਿਆ । ਪੰਜਾਬ ਸਰਕਾਰ ਵਲੋਂ ਨਸ਼ੇ ਵਿਰੁੱਧ ਜਾਗਰੂਕਤਾ ਲਈ ਟੀ-ਸ਼ਰਟਾਂ ਤੇ ਰਿਸਟ ਬੈਂਡਾਂ ਦੀ ਵੀ ਵੰਡ ਕੀਤੀ ਗਈ।

# ਖੇਤੀ ਵਿਭਾਗ ਦੇ ਨਾਂਅ 'ਚ ਮਜ਼ਦੂਰ ਸ਼ਬਦ ਵੀ ਹੋਵੇਗਾ : ਚੰਨੀ

**ਸ਼ਾਹਕੋਟ (ਗਿਆਨ ਸੈਦਪੁਰੀ)**- 'ਪੰਜਾਬ ਦੇ ਖੇਤ ਮਜ਼ਦੂਰਾਂ ਦੇ ਦਰਦ ਨੂੰ ਮੈਂ ਚੰਗੀ ਤਰ੍ਹਾਂ ਸਮਝਦਾ ਹਾਂ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਮੈਂ ਹਮੇਸ਼ਾ ਚਿੰਤਤ ਤੇ ਚੇਤੰਨ ਰਹਿੰਦਾ ਹਾਂ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸ਼ਾਹਕੋਟ ਫੇਰੀ ਮੌਕੇ ਉਸ ਵੇਲੇ ਕੀਤਾ ਜਦੋਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਇੱਕ ਆਗੂ ਨੇ ਖੇਤ ਮਜ਼ਦੂਰਾਂ ਦੀਆਂ ਮੰਗਾਂ ਬਾਰੇ ਇੱਕ ਸਵਾਲ ਪੁੱਛਿਆ।ਚੰਨੀ ਨੇ ਕਿਹਾ ਕਿ ਕਿਸਾਨਾਂ ਦੇ ਨਾਲ ਨਾਲ ਉਹ ਖੇਤ ਮਜ਼ਦੂਰਾਂ ਦੇ ਮਾਮਲਿਆਂ ਨੂੰ ਵੀ ਬਰਾਬਰ ਪਹਿਲ ਦਿੰਦੇ ਹਨ। ਇਸ ਸੰਦਰਭ ਵਿੱਚ ਚੰਨੀ ਨੇ ਕਿਹਾ ਕਿ 'ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ' ਦਾ ਨਾਂਅ ਹੁਣ ਖੇਤੀਬਾੜੀ ਤੇ ਕਿਸਾਨ ਮਜ਼ਦੂਰ ਭਲਾਈ ਵਿਭਾਗ ਹੋਵੇਗਾ। ਇਸ ਸਬੰਧ ਸਰਕਾਰ ਨੂੰ ਪ੍ਰਸਤਾਵ ਭੇਜਿਆ ਜਾ ਚੁੱਕਾ ਹੈ।

# ਰੈੱਡ ਕ੍ਰਾਸ ਨੇ ਨੇਚਰ ਫੈਸਟ 'ਚ ਕੱਢੇ ਡਰਾਅ ਦੇ ਇਨਾਮਾਂ ਦੀ ਕੀਤੀ ਵੰਡ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਸਕੱਤਰ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰੈੱਡ ਕ੍ਰਾਸ ਸੁਸਾਇਟੀ, ਹੁਸ਼ਿਆਰਪੁਰ ਦੇ ਸਹਿਯੋਗ ਨਾਲ ਨੇਚਰ ਫੈਸਟ, 2025 ਮਨਾਇਆ ਗਿਆ ਸੀ। ਇਸ ਫੈਸਟ ਵਿਚ ਰੈੱਡ ਕ੍ਰਾਸ ਸੁਸਾਇਟੀ ਵੱਲੋਂ ਵੱਖ-ਵੱਖ ਸਕੂਲਾਂ ਅਤੇ ਆਮ ਪਬਲਿਕ ਨੂੰ ਲੱਕੀ ਕੂਪਨ ਜਾਰੀ ਕੀਤੇ ਗਏ ਸਨ। ਇਸ ਲੱਕੀ ਡਰਾਅ ਵਿਚ ਕੁੱਲ 32 ਇਨਾਮ ਰੱਖੇ ਗਏ ਸਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਇਨਾਮਾਂ ਵਿਚੋਂ ਸਤਵੀਰ ਕੌਰ ਪਤਨੀ ਮਨਜੀਤ ਕੁਮਾਰ ਵਾਸੀ ਬੱਸੀ ਕਲਾਂ ਹੁਸ਼ਿਆਰਪੁਰ ਦਿੱਲੀ ਇੰਟਰਨੈਸ਼ਨਲ ਸਕੂਲ ਨੂੰ ਸਪਲਿਟ ਏ.ਸੀ, ਮੀਨਾ ਕੁਮਾਰੀ ਜੀ.ਐੱਮ. ਏ ਸਿਟੀ ਪਬਲਿਕ ਸਕੂਲ ਨੂੰ ਵਾਸ਼ਿੰਗ ਮਸ਼ੀਨ, ਭੁਪਿੰਦਰ ਕੁਮਾਰ ਕ੍ਰਿਸ਼ਨਾ ਨਗਰ ਨੂੰ ਸਮਾਰਟ ਟੱਬ, ਕਸ਼ਿਸ਼ ਸ਼ਰਮਾ ਨਵੀਂ ਅਬਾਦੀ ਨੂੰ ਸਮਾਰਟ ਫੋਨ, ਜਸਵੀਰ ਸਿੰਘ ਨੂੰ ਹੈਂਡ ਬਲੈਂਡਰ, ਭੁਵਨ ਸ਼ਰਮਾ ਨੂੰ ਸਮਾਰਟ ਵਾਚ, ਮਨੀ ਮੁਕੇਸ਼ ਨੂੰ ਸਮਾਰਟ ਫੋਨ, ਪਵਨ ਕੁਮਾਰ ਪਿੰਡ ਲਾਜੋਵਾਲ ਅਤੇ ਏਕਨੂਰ ਨੂੰ ਬਾਈਸਾਈਕਲ, ਯਸਵੀਰ ਠਾਕੁਰ ਦਸਮੇਸ਼ ਨਗਰ ਨੂੰ ਹੈਂਡ ਬਲੈਂਡਰ ਦੇ ਇਨਾਮ ਪ੍ਰਾਪਤ ਹੋਏ।ਇਸ ਮੌਕੇ ਜੁਆਇੰਟ ਸਕੱਤਰ ਅਦਿੱਤਿਆ ਰਾਣਾ, ਵਾਈਸ ਚੇਅਰਪਰਸਨ ਰੈੱਡ ਕ੍ਰਾਸ ਹਸਪਤਾਲ ਭਲਾਈ ਸੈਕਸਨ ਰਾਜੀਵ ਬਜਾਜ, ਰੈੱਡ ਕ੍ਰਾਸ ਕਾਰਜਕਾਰਨੀ ਕਮੇਟੀ ਮੈਂਬਰ ਰਾਕੇਸ਼ ਕਪਿਲਾ, ਮੈਂਬਰ ਕੁਮਕੁਮ ਸੂਦ, ਲੇਖਾਕਾਰ ਸਰਬਜੀਤ, ਗੁਰਪ੍ਰੀਤ ਕੌਰ, ਹੇਮਾ ਪਾਂਡੇ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

# 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ 'ਚ ਜੀ ਟੀ ਯੂ (ਵਿਗਿਆਨਿਕ) ਵੱਡੀ ਗਿਣਤੀ 'ਚ ਸ਼ਮੂਲੀਅਤ ਕਰੇਗੀ

**ਮਹਿਤਪੁਰ (ਰਾਜਾ)**

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ ਦੀ ਅਗਵਾਈ ਵਿੱਚ ਹੋਈ। ਮੀਟਿੰਗ ਬਾਰੇ ਜਾਣਕਾਰੀ ਦਿੰਦੇ ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ ਤੇ ਸੂਬਾ ਪ੍ਰੈਸ ਸਕੱਤਰ ਐਨ ਡੀ ਤਿਵਾੜੀ ਨੇ ਦੱਸਿਆ ਕਿ 25 ਮਈ ਦੇ ਸਿੱਖਿਆ ਮੰਤਰੀ ਦੇ ਹਲਕੇ ਵਿੱਚ ਝੰਡਾ ਮਾਰਚ ਕਰਨ ਸੰਬੰਧੀ ਤਿਆਰੀ ਮੀਟਿੰਗ ਕੀਤੀ ਗਈ । ਮੀਟਿੰਗ ਵਿੱਚ ਆਗੂਆਂ ਨੇ ਦੱਸਿਆ ਕਿ ਪ੍ਰਮੋਸ਼ਨ ਦੇ ਨਾਂ 'ਤੇ ਅਧਿਆਪਕਾਂ ਨੂੰ ਆਪਣਾ ਰਿਕਾਰਡ ਦੇਣ ਲਈ ਮੋਹਾਲੀ ਬੁਲਾਉਣ ਦੀ ਬਜਾਏ ਹਰ ਜ਼ਿਲ੍ਹੇ ਵਿੱਚ ਡੀ ਈ ਓਜ਼ ਦਫ਼ਤਰਾਂ ਰਾਹੀਂ ਇਹ ਪ੍ਰਮੋਸ਼ਨ ਫ਼ਾਈਲਾਂ ਜਮ੍ਹਾਂ ਕਰਵਾਈਆਂ ਜਾਣ ਅਤੇ ਪ੍ਰਮੋਸ਼ਨ ਚੈਨਲ ਜਲਦ ਤੋਂ ਜਲਦ ਸ਼ੁਰੂ ਕੀਤਾ ਜਾਵੇ । 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਵਿੱਚ ਜੀ ਟੀ ਯੂ (ਵਿਗਿਆਨਿਕ) ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰੇਗੀ ਤੇ ਲਗਾਤਾਰ ਇਸ ਸੰਬੰਧੀ ਤਿਆਰੀ ਮੀਟਿੰਗਾਂ ਹਰ ਜ਼ਿਲ੍ਹੇ ਪੱਧਰ 'ਤੇ ਚੱਲ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਈ ਪੰਜਾਬ ਪੋਰਟਲ 'ਤੇ ਮਨਜ਼ੂਰਸ਼ੁਦਾ ਅਤੇ ਸਰਪਲੱਸ ਅਸਾਮੀਆਂ ਭਰਨ ਸੰਬੰਧੀ ਦਿੱਤੇ ਅਧੂਰੇ ਸੰਦੇਸ਼ ਨੇ ਅਧਿਆਪਕਾਂ ਵਿੱਚ ਭੰਬਲਭੂਸਾ ਖੜ੍ਹਾ ਕੀਤਾ ਹੋਇਆ ਹੈ। ਆਗੂਆਂ ਨੇ ਠੀਕ ਤੱਥਾਂ ਅਨੁਸਾਰ ਸਹੀ ਜਾਣਕਾਰੀ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਤਾਂ ਜੋ ਪਤਾ ਲੱਗ ਸਕੇ ਕਿ ਬੱਚਿਆਂ ਦੀ ਕਿਸ ਗਿਣਤੀ ਦੇ ਅਧਾਰ ਤੇ ਮਨਜ਼ੂਰਸ਼ੁਦਾ ਜਾਂ ਸਰਪਲੱਸ ਅਸਾਮੀਆਂ ਸੰਬੰਧੀ ਜਾਣਕਾਰੀ ਸਕੂਲ ਮੁਖੀਆਂ ਵੱਲੋਂ ਉਪਲਬਧ ਕਰਵਾਉਣੀ ਹੈ। ਵਿਭਾਗ ਇਸ ਬਾਰੇ ਸਪਸ਼ਟ ਨਿਰਦੇਸ਼ ਜਾਰੀ ਕਰੇ । ਮੀਟਿੰਗ ਵਿੱਚ ਆਗੂਆਂ ਨੇ ਮੰਗ ਕੀਤੀ ਕਿ ਹਰੇਕ ਸਕੂਲ ਵਿੱਚ ਪ੍ਰੀ-ਪ੍ਰਾਇਮਰੀ ਲਈ ਵੱਖਰੇ ਅਧਿਆਪਕ ਅਤੇ ਪ੍ਰਾਇਮਰੀ ਲਈ ਜਮਾਤ ਵਾਰ ਅਧਿਆਪਕ, ਮਿਡਲ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਸ਼ਾਵਾਰ ਅਤੇ ਸੈਕਸ਼ਨ ਵਾਈਜ਼ ਅਧਿਆਪਕ ਦਿੱਤੇ ਜਾਣ ਅਤੇ ਖਾਲੀ ਪਈਆਂ ਪੋਸਟਾਂ ਰੈਗੂਲਰ ਤੌਰ 'ਤੇ ਤੁਰੰਤ ਭਰੀਆਂ ਜਾਣ । ਇਸ ਮੌਕੇ ਵਿੱਤ ਸਕੱਤਰ ਸੋਮ ਸਿੰਘ, ਬਿਕਰਮਜੀਤ ਸਿੰਘ ਸ਼ਾਹ, ਪਰਗਟ ਸਿੰਘ ਜੰਬਰ, ਜਗਦੀਪ ਸਿੰਘ ਜੌਹਲ, ਗੁਰਪ੍ਰੀਤ ਸਿੰਘ, ਕੰਵਲਜੀਤ ਸੰਗੋਵਾਲ, ਰਸ਼ਮਿੰਦਰ ਪਾਲ ਸੋਨੂ, ਗੁਰਮੀਤ ਸਿੰਘ ਖ਼ਾਲਸਾ, ਇਤਬਾਰ ਸਿੰਘ, ਰਾਜਵਿੰਦਰ ਸਿੰਘ, ਗੁਰੇਕ ਸਿੰਘ, ਲਾਲ ਚੰਦ, ਰਾਜ ਭਾਟੀਆ, ਮੇਜਰ ਸਿੰਘ, ਅਸ਼ਵਨੀ ਕੁਮਾਰ, ਪੰਕਜ ਕੁਮਾਰ, ਰਮਨ ਗੁਪਤਾ ਆਦਿ ਆਗੂ ਸ਼ਾਮਲ ਸਨ।

# ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਨੇ ਧਰਨਾ ਦੇ ਕੇ ਰੋਸ ਦਿਵਸ ਮਨਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ (ਡੀ.ਐੱਮ.ਐੱਫ.) ਵੱਲੋਂ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਆਗੂ ਬਲਵੀਰ ਕੁਮਾਰ ਖਿੱਚੀਆਂ, ਹਰਦੇਵ ਸਿੰਘ ਲੋਹਗੜ੍ਹ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਆਗੂ ਬਲਕਾਰ ਸਿੰਘ ਪੁਰੀਕਾ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਆਗੂ ਵਰਿੰਦਰ ਸੈਣੀ ਆਦਿ ਆਗੂਆਂ ਦੀ ਅਗਵਾਈ ਹੇਠ ਅੱਜ ਸਿਵਲ ਰੈਸਟ ਹਾਊਸ ਮੁਕੇਰੀਆਂ ਵਿਖੇ ਰੋਸ ਧਰਨਾ ਦੇ ਕੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਵੱਲੋਂ ਕਾਰਪੋਰੇਟ ਪੱਖੀ ਆਰਥਿਕ ਨੀਤੀਆਂ ਨੂੰ ਤੇਜ਼ੀ ਨਾਲ ਲਾਗੂ ਕਰਨ ਵਿਰੁੱਧ ਰੋਸ ਦਿਵਸ ਮਨਾਇਆ ਗਿਆ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸਨ ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ ਅਤੇ ਜ਼ਿਲ੍ਹਾ ਕਨਵੀਨਰ ਗੁਰਜਿੰਦਰ ਸਿੰਘ ਮੰਝਪੁਰ ਆਦਿ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਤੰਬਰ 2020 ਵਿੱਚ ਕਾਰਪੋਰੇਟਾਂ ਦੇ ਦਬਾਅ ਹੇਠ ਦੇਸ਼ ਅੰਦਰ ਮਜ਼ਦੂਰ ਪੱਖੀ 44 ਕਿਰਤ ਕਾਨੂੰਨਾਂ ਨੂੰ ਰੱਦ ਕਰਕੇ 4 ਲੇਬਰ ਕੋਡ ਬਣਾ ਦਿੱਤੇ ਗਏ ਸਨ, ਜਿਸ ਦੇ ਸਿੱਟੇ ਵਜੋਂ ਮਜ਼ਦੂਰ ਵਰਗ ਦੀ ਪਹਿਲਾਂ ਤੋਂ ਹੀ ਮਾੜੀ ਹਾਲਤ ਹੋਰ ਵਧੇਰੇ ਨਿਘਾਰ ਵੱਲ ਚਲੀ ਗਈ ਹੈ ਅਤੇ ਮਜ਼ਦੂਰਾਂ ਤੇ ਮੁਲਾਜਮਾਂ ਕੋਲੋਂ 8 ਘੰਟੇ ਦੀ ਬਜਾਏ 12-12 ਘੰਟੇ ਕੰਮ ਲਿਆ ਜਾਣ ਲੱਗਾ ਹੈ। ਰੈਲੀ ਵਿੱਚ ਬੁਲਾਰਿਆਂ ਨੇ ਮੰਗ ਕੀਤੀ ਕਿ ਜੰਗਲਾਤ ਵਿਭਾਗ, ਆਸ਼ਾ ਅਤੇ ਮਿਡ-ਡੇ-ਮੀਲ ਵਰਕਰਾਂ ਨੂੰ ਮਾਸਕ 18 ਹਜ਼ਾਰ ਰੁਪਏ ਅਤੇ ਫੈਸਿਲੀਟੇਟਰਾਂ ਨੂੰ 26 ਹਜ਼ਾਰ ਰੁਪਏ ਤਨਖਾਹ ਦਿੱਤੀ ਜਾਵੇ। ਇਸ ਮੌਕੇ ਜਸਵਿੰਦਰ ਝਿੰਗੜ, ਦਲਜੀਤ ਮੰਡ, ਸ਼ਿਵ ਦਿਆਲ ਪੰਡੋਰੀ ਬੈਂਸਾਂ, ਕੁਲਦੀਪ ਸਿੰਘ ਛੰਨਾ ਰਾਏ, ਅਮਨ ਕੁਮਾਰ ਤੱਗੜ ਖੁਰਦ, ਬੋਧ ਰਾਜ ਅਲੀਪੁਰ, ਰਮਨ ਕੁਮਾਰ ਅਤੇ ਦੀਪਕ ਮਲਹੋਤਰਾ ਆਦਿ ਆਗੂ ਵੀ ਹਾਜ਼ਰ ਸਨ।



# ਵਿਦਿਆਰਥੀਆਂ ਨੂੰ ਦਿੱਤੀ ਟਰੈਫਿਕ ਨਿਯਮਾਂ ਦੀ ਜਾਣਕਾਰੀ



**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਟਰੈਫਿਕ ਪੁਲਸ ਵੱਲੋਂ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ।ਸ਼੍ਰੀ ਆਨੰਦਪੁਰ ਸਾਹਿਬ ਟਰੈਫਿਕ ਪੁਲਸ ਦੇ ਇੰਚਾਰਜ ਜਸਪਾਲ ਸਿੰਘ ਨੇ ਦੱਸਿਆ ਕਿ ਭਾਈ ਨੰਦ ਲਾਲ ਸਕੂਲ, ਸਰਕਾਰੀ ਸੀਨੀਅਰ ਕੰਨਿਆ ਸਕੂਲ ਅਤੇ ਐਸਜੀਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਜਿੱਥੇ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ ,ਉੱਥੇ ਵਿਦਿਆਰਥੀਆਂ ਵੱਲੋਂ ਆਮ ਲੋਕਾਂ ਨੂੰ ਵੀ ਜਾਗਰੂਕ ਕੀਤਾ ਗਿਆ। ਵਿਦਿਆਰਥੀਆਂ ਨੇ ਹੈਲਮੇਟ ਪਾਉਣ, ਗੱਡੀ ਹੌਲੀ ਚਲਾਉਣ, ਕਾਗਜਾਤ ਪੂਰੇ ਰੱਖਣ ,ਛੋਟੇ ਬੱਚਿਆਂ ਨੂੰ ਦੋ ਪਹੀਆ ਵਾਹਨ ਨਾ ਚਲਾਉਣ ਦੇਣ ਆਦਿ ਟਰੈਫਿਕ ਨਿਯਮਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ । ਉਹਨਾਂ ਦੱਸਿਆ ਕਿ ਇਹ ਮੁਹਿੰਮ ਸਾਂਝੇ ਤੌਰ 'ਤੇ ਸ਼ੁਰੂ ਕੀਤੀ ਗਈ ਜਿਸ ਵਿੱਚ ਸ੍ਰੀ ਅਨੰਦਪੁਰ ਸਾਹਿਬ ਤੋਂ ਏ ਐਸ ਆਈ ਹਰਜਾਪ ਸਿੰਘ, ਕੀਰਤਪੁਰ ਸਾਹਿਬ ਤੋਂ ਏ ਐਸ ਆਈ ਬਲਵੰਤ ਸਿੰਘ, ਨੰਗਲ ਤੋਂ ਏ ਐਸ ਆਈ ਮਹਿੰਦਰ ਸਿੰਘ ਸਮੇਤ ਟਰੈਫਿਕ ਪੁਲਸ ਪਾਰਟੀ ਵੱਲੋਂ ਇਹ ਮੁਹਿੰਮ ਚਲਾਈ ਜਾ ਰਹੀ ਹੈ। ਉਹਨਾਂ ਦੱਸਿਆ ਕਿ ਜਿੱਥੇ ਸਕੂਲੀ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਇਸ ਮੁਹਿੰਮ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ ਉੱਥੇ ਆਮ ਲੋਕਾਂ ਵੱਲੋਂ ਵੀ ਭਰਪੂਰ ਸਹਿਯੋਗ ਦਿੱਤਾ ਗਿਆ।

# ਚੌਹਾਨ ਜਠੇਰਿਆਂ ਦਾ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ

**ਮਹਿਤਪੁਰ (ਰਾਜਾ)**-ਨਗਰ ਪੰਚਾਇਤ ਮਹਿਤਪੁਰ ਦੇ ਮੁਹੱਲਾ ਢੰਗਾਰਾ ਵਿਖੇ ਚੌਹਾਨ ਜਠੇਰਿਆਂ ਦਾ ਮੇਲਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ।ਜਿਆਦਾ ਗਰਮੀ ਅਤੇ ਕੜਾਕੇ ਦੀ ਧੁੱਪ ਹੋਣ ਦੇ ਬਾਵਜੂਦ ਪੰਜਾਬ ਭਰ ਤੋਂ ਸੰਗਤਾਂ ਨੇ ਦਰਬਾਰ ਵਿਖੇ ਹਾਜਰੀ ਭਰੀ । ਸਵੇਰੇ ਪਹਿਲਾ ਝੰਡਾ ਚੜਾਉਣ ਦੀ ਰਸਮ ਕੀਤੀ ਗਈ ਉਪਰੰਤ ਭਾਈ ਆਲਮਜੀਤ ਸਿੰਘ ਵੱਲੋ ਅਰਦਾਸ ਬੇਨਤੀ ਕਰਕੇ ਧਾਰਮਿਕ ਸਮਾਗਮ ਦੀ ਆਰੰਭਤਾ ਕਰਵਾਈ ਗਈ । ਇਸ ਮੌਕੇ ਸੰਤ ਤੈਲਾਸ਼ ਗਿਰ ਵੱਲੋ ਸੰਗਤਾਂ ਨੂੰ ਗੁਰੂਬਾਣੀ ਨਾਲ ਜੋੜਿਆ ਗਿਆ। ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਵੱਖ ਵੱਖ ਪਕਵਾਨਾਂ ਦਾ ਲੰਗਰ ਅਤੁੱਟ ਵਰਤਾਇਆ ਗਿਆ । ਇਸ ਮੌਕੇ ਸੋਹਣ ਲਾਲ ਚੌਹਾਨ, ਰਜਿੰਦਰ ਚੌਹਾਨ, ਸੁਰਿੰਦਰ ਪਾਲ, ਸੁਖਰਾਮ ਚੌਹਾਨ, ਮਿਤਰ ਮੋਹਣ ਚੌਹਾਨ, ਪ੍ਰਵੀਨ ਚੌਹਾਨ, ਹੀਰਾ ਲਾਲ, ਰਾਣਾ ਚੌਹਾਨ, ਰਾਜ ਕੁਮਾਰ ਚੌਹਾਨ, ਨਰੇਸ਼ ਕੁਮਾਰ, ਧਰਮਿੰਦਰ ਚੌਹਾਨ, ਰਾਮਪਾਲ ਚੌਹਾਨ, ਅਰਵੀਨ ਕੁਮਾਰ, ਪਰਮਜੀਤ ਚਰਨਜੀਤ, ਮੁਲਖ ਰਾਜ, ਸੋਡੀ ਰਾਮ, ਮੁਲਖ ਰਾਜ, ਅਮਰਜੀਤ ਚੌਹਾਨ, ਜਗਦੀਸ਼ ਚੋਹਾਨ, ਜੈ ਲਾਲ, ਐਡਵੋਕੇਟ ਵਿਜੈ ਚੌਹਾਨ, ਸੁਨੀਤ ਦੱਤ, ਕਮਲ ਚੌਹਾਨ, ਸੁਖਵਿੰਦਰ ਕੁਮਾਰ, ਅਕਾਸ਼ ਕੁਮਾਰ, ਹਰਬੰਸ ਲਾਲ, ਮਦਨ ਲਾਲ ਆਦਿ ਹਾਜਰ ਸਨ ।



# ਸੰਤ ਅਵਤਾਰ ਸਿੰਘ ਦੀ 37ਵੀਂ ਬਰਸੀ ਦੇ ਸਮਾਗਮਾਂ ਦੀਆਂ ਤਿਆਰੀਆਂ ਸ਼ੁਰੂ

**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)**- ਨਿਰਮਲ ਕੁਟੀਆ ਸੀਚੇਵਾਲ ਵਿਖੇ ਸੰਤ ਅਵਤਾਰ ਸਿੰਘ ਦੀ 37ਵੀਂ ਸਾਲਾਨਾ ਬਰਸੀ 27 ਮਈ ਨੂੰ ਬੜੀ ਸ਼ਰਧਾ 'ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਓਂਅਕਾਰ ਚੈਰੀਟੇਬਲ ਟਰੱਸਟ ਨਿਰਮਲ ਕੁਟੀਆ ਸੀਚੇਵਾਲ ਦੇ ਵਿੱਤ ਸਕੱਤਰ ਬਾਬਾ ਸੁਖਜੀਤ ਸਿੰਘ ਸੰਟੀ ਸੀਚੇਵਾਲ ਨੇ ਦੱਸਿਆ ਕਿ ਮੈਂਬਰ ਪਾਰਲੀਮੈਂਟ ਸੰਤ ਬਲਵੀਰ ਸਿੰਘ ਸੀਚੇਵਾਲ ਦੀ ਰਹਿਨੁਮਾਈ ਹੇਠ ਇਲਾਕੇ ਭਰ ਦੀਆਂ ਸੰਗਤਾਂ ਵੱਲੋਂ ਸੰਤ ਅਵਤਾਰ ਸਿੰਘ ਦੀ 37ਵੀਂ ਬਰਸੀ ਬੜੀ ਸ਼ਰਧਾ ਅਤੇ ਉਤਸਾਹ ਨਾਲ ਮਨਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਸਮਾਗਮ ਉਪਰੰਤ ਮਹਾਂਪੁਰਸ਼ਾਂ ਦੀ ਯਾਦ ਵਿੱਚ ਇੱਕ ਵਿਸ਼ਾਲ ਖੇਡ ਮੇਲਾ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ 29 ਤੇ 30 ਮਈ ਨੂੰ ਸੀਨੀਅਰ ਤੇ ਜੂਨੀਅਰ ਮੁਕਾਬਲੇ ਕਰਵਾਏ ਜਾਣਗੇ। ਜਦਕਿ 31 ਮਈ ਨੂੰ ਸੰਤ ਅਵਤਾਰ ਸਿੰਘ ਯਾਦਗਾਰੀ ਸਟੇਡੀਅਮ ਵਿੱਚ ਕੁਸ਼ਤੀ ਦੇ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 1 ਤੇ 2 ਜੂਨ ਨੂੰ ਕਬੱਡੀ, ਵਾਲੀਬਾਲ ਅਤੇ ਅਥਲੈਟਿਕਸ ਦੇ ਮੁਕਾਬਲੇ ਕਰਵਾਏ ਜਾਣਗੇ। ਅੰਤ ਵਿੱਚ ਸੰਤ ਸੀਚੇਵਾਲ ਅਤੇ ਪ੍ਰਬੰਧਕ ਕਮੇਟੀ ਵੱਲੋਂ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਜਾਣਗੇ।

# ਸਾਰੀਆਂ ਤਾਕਤਾਂ ਕੇਜਰੀਵਾਲ ਕੋਲ ਮਾਨ ਬੇਵੱਸ : ਚੰਨੀ



ਸਾਬਕਾ ਮੁੱਖ ਮੰਤਰੀ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਉਂਦੇ ਹੋਏ ਹਲਕਾ ਵਿਧਾਇਕ ਸ਼ੇਰੋਵਾਲੀਆ ਤੇ ਹੋਰ।

**ਸ਼ਾਹਕੋਟ (ਗਿਆਨ ਸੈਦਪੁਰੀ)**

ਅਰਵਿੰਦ ਕੇਜਰੀਵਾਲ ਪੰਜਾਬ ਦੇ ਸਾਰੇ ਮਾਫ਼ੀਆ ਗਰੁੱਪਾਂ ਦਾ ਸਰਗਣਾ ਹੈ ਤੇ ਮੁੱਖ ਮੰਤਰੀ ਉਸ ਅੱਗੇ ਬੇਵੱਸ ਹੋਏ ਨਜ਼ਰ ਆਉਂਦੇ ਹਨ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਨੇ ਕੀਤਾ। ਉਹ ਉਨ੍ਹਾਂ ਦੇ ਸੰਸਦ ਰਤਨ ਐਵਾਰਡ ਮਿਲਣ ਦੀ ਖੁਸ਼ੀ ਨੂੰ ਸਾਂਝਾ ਕਰਨ ਲਈ ਸੁਖਦੀਪ ਸਿੰਘ ਕੰਗ ਪੀ. ਏ. ਦੇ ਫਾਰਮ ਹਾਊਸ ਤੇ ਰੱਖੀ ਕਾਂਗਰਸੀ ਵਰਕਰਾਂ ਦੀ ਮੀਟਿੰਗ ਵਿੱਚ ਹਿੱਸਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਾਰੇ ਮੁੱਖ ਅਧਿਕਾਰੀ ਪੰਜਾਬ ਤੋਂ ਬਾਹਰ ਦੇ ਹਨ। ਇਨ੍ਹਾਂ ਵਿੱਚ ਪੰਜਾਬ ਦਾ ਡੀ. ਜੀ. ਪੀ., ਪ੍ਰਿੰਸੀਪਲ ਸਕੱਤਰ ਵੀ ਸ਼ਾਮਲ ਹਨ। ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੰਤਰੀਆਂ ਕੋਲ ਵੀ ਕੋਈ ਤਾਕਤ ਨਹੀਂ ਹੈ। ਉਹ ਆਪਣੇ ਦਿੱਲੀ ਵਾਲੇ ਆਕਾਵਾਂ ਨੂੰ ਦਿਖਾਏ ਬਿਨਾਂ ਕਿਸੇ ਵੀ ਫਾਇਲ 'ਤੇ ਦਸਤਖਤ ਨਹੀਂ ਕਰ ਸਕਦੇ।

ਚੰਨੀ ਨੇ ਯਾਦ ਕਰਾਇਆ ਕਿ ਪਿੱਛੇ ਜਿਹੇ ਜਿਹੜੇ ਰਾਜ ਸਭਾ ਮੈਂਬਰ ਬਣਾਏ ਗਏ, ਉਹ ਵੀ ਪੰਜਾਬ ਤੋਂ ਬਾਹਰ ਵਾਲੇ ਵਿਅਕਤੀ ਹਨ। ਉਨ੍ਹਾਂ ਦੋਸ਼ ਲਾਇਆ ਕਿ ਲੁਧਿਆਣਾ ਦੀ ਇੱਕ ਵੱਡ ਅਕਾਰੀ ਕਲੋਨੀ ਉਸਾਰੀ ਜਾ ਰਹੀ ਹੈ, ਜਿਸ ਵਿੱਚੋਂ ਕੇਜਰੀਵਾਲ ਤੇ ਮਨੀਸ਼ ਸਿਸੋਦੀਆ 20 ਹਜ਼ਾਰ ਕਰੋੜ ਰੁਪਏ ਲੁੱਟ ਕੇ ਦਿੱਲੀ ਲਿਜਾਣਗੇ। ਦਿੱਲੀ ਵਾਲਾ ਟੋਲਾ ਪੰਜਾਬ ਨੂੰ ਕੰਗਾਲ ਕਰ ਦੇਵੇਗਾ। ਚੰਨੀ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਮ ਆਦਮੀ ਪਾਰਟੀ ਦੀ ਦਿੱਲੀ ਵਾਲੀ ਟੀਮ ਤੋਂ ਸੁਚੇਤ ਰਹੋ।ਇਸ ਤੋਂ ਪਹਿਲਾਂ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਚੰਨੀ ਨੇ ਸ਼ਾਹਕੋਟ ਹਲਕੇ ਦੇ ਲੋਕਾਂ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਐਮ. ਪੀ. ਬਣਨ ਵਿੱਚ ਪੂਰਨ ਸਹਿਯੋਗ ਦਿੱਤਾ। ਉਨ੍ਹਾਂ ਕਿਹਾ ਕਿ ਮੈਂ ਲੋਕਾਂ ਦੀਆਂ ਇੱਛਾਵਾਂ 'ਤੇ ਖਰਾ ਉਤਰਨ ਲਈ ਕੋਸ਼ਿਸ਼ਾਂ ਕਰ ਰਿਹਾ ਹੈ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ 'ਸੰਸਦ ਰਤਨ' ਐਵਰਾਡ ਮਿਲਣ 'ਤੇ ਹਲਕੇ ਦੇ ਲੋਕਾਂ ਵੱਲੋਂ ਵਧਾਈ ਦਿੱਤੀ।ਸ਼ੇਰੋਵਾਲੀਆ ਨੇ ਮੈਂਬਰ ਪਾਰਲੀਮੈਂਟ ਦਾ ਲੱਡੂਆਂ ਨਾਲ ਮਿੱਠਾ ਮੂੰਹ ਕਰਵਾਇਆ। ਇਸ ਮੌਕੇ ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ ਨੇ ਵੀ ਸੰਬੋਧਨ ਕੀਤਾ।

# 16500 ਲੀਟਰ ਲਾਹਣ, 120 ਬੋਤਲਾਂ ਨਜਾਇਜ਼ ਸ਼ਰਾਬ, 8 ਖਾਲੀ ਡਰੰਮ ਅਤੇ 1 ਐਲੂਮੀਨੀਅਮ ਦੀ ਬਾਲਟੀ ਬਰਾਮਦ



**ਜਲੰਧਰ, (ਸ਼ੈਲੀ ਐਲਬਰਟ)**

ਆਬਕਾਰੀ ਵਿਭਾਗ ਵਲੋਂ ਅੱਜ ਤੜਕਸਾਰ ਕਈ ਪਿੰਡਾਂ ਵਿੱਚ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ 33 ਪਲਾਸਟਿਕ ਤਰਪਾਲਾਂ (ਲਗਭਗ 500 ਲੀਟਰ ਹਰੇਕ) ਵਿੱਚ ਕੁੱਲ ਲਗਭਗ 16500 ਲੀਟਰ ਲਾਹਣ, 1 ਟਿਊਬ ਨਾਜਾਇਜ਼ ਸ਼ਰਾਬ (ਲਗਭਗ 120 ਬੋਤਲਾਂ), 8 ਖਾਲੀ ਡਰੰਮ ਅਤੇ 1 ਐਲੂਮੀਨੀਅਮ ਦੀ ਬਾਲਟੀ ਬਰਾਮਦ ਕੀਤੀ ਗਈ।ਸਹਾਇਕ ਕਮਿਸ਼ਨਰ (ਆਬਕਾਰੀ) ਜਲੰਧਰ ਵੈਸਟ ਨਵਜੀਤ ਸਿੰਘ ਨੇ ਦੱਸਿਆ ਕਿ ਨਜਾਇਜ਼ ਸ਼ਰਾਬ ਖਿਲਾਫ਼ ਚੱਲ ਰਹੀ ਮੁਹਿੰਮ ਤਹਿਤ ਇਹ ਛਾਪੇਮਾਰੀ ਕੀਤੀ ਗਈ ਹੈ, ਤਾਂ ਜੋ ਨਕਲੀ ਸ਼ਰਾਬ ਨਾਲ ਵਾਪਰਨ ਵਾਲੀਆਂ ਅਣਸੁਖਾਵੀਆਂ ਘਟਨਾਵਾਂ ਨੂੰ ਠੱਲ੍ਹ ਪਾਈ ਜਾ ਸਕੇ। ਉਪ ਕਮਿਸ਼ਨਰ (ਆਬਕਾਰੀ), ਜਲੰਧਰ ਜ਼ੋਨ, ਜਲੰਧਰ ਐਸ.ਕੇ. ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਹਾਇਕ ਕਮਿਸ਼ਨਰ ਨਵਜੀਤ ਸਿੰਘ ਦੀ ਅਗਵਾਈ ਹੇਠ ਆਬਕਾਰੀ ਅਫ਼ਸਰ ਸੁਨੀਲ ਗੁਪਤਾ ਤੇ ਜਸਪ੍ਰੀਤ ਸਿੰਘ, ਆਬਕਾਰੀ ਨਿਰੀਖਕ ਸਾਹਿਲ ਰੰਗਾ, ਸਰਵਨ ਸਿੰਘ ਸਮੇਤ ਆਬਕਾਰੀ ਪੁਲਸ ਵਲੋਂ ਸਤਲੁਜ ਦਰਿਆ ਦੇ ਕੰਢੇ ਨੇੜਲੇ ਪਿੰਡਾਂ ਭੋਡੇ, ਸੰਘੋਵਾਲ ਅਤੇ ਬੁਰਜ ਧਗਾੜਾ ਆਦਿ ਵਿਖੇ ਸਰਚ ਆਪ੍ਰੇਸ਼ਨ ਕੀਤਾ ਗਿਆ।ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਲਗਭਗ 20 ਕਿਲੋਮੀਟਰ ਦੇ ਦਾਇਰੇ ਵਿੱਚ ਤਲਾਸ਼ੀ ਅਭਿਆਨ ਚਲਾਇਆ ਗਿਆ। ਉਨ੍ਹਾਂ ਦੱਸਿਆ ਕਿ ਸਵੇਰੇ 6 ਵਜੇ ਤੋਂ 10:30 ਵਜੇ ਤੱਕ ਤਲਾਸ਼ੀ ਅਭਿਆਨ ਦੌਰਾਨ 33 ਪਲਾਸਟਿਕ ਤਰਪਾਲਾਂ (ਲਗਭਗ 500 ਲੀਟਰ ਹਰੇਕ) ਵਿੱਚ ਕੁੱਲ ਲਗਭਗ 16500 ਲੀਟਰ ਲਾਹਣ, 1 ਟਿਊਬ ਨਾਜਾਇਜ਼ ਸ਼ਰਾਬ (ਲਗਭਗ 120 ਬੋਤਲਾਂ), 8 ਖਾਲੀ ਡਰੰਮ ਅਤੇ 1 ਐਲੂਮੀਨੀਅਮ ਦੀ ਬਾਲਟੀ ਬਰਾਮਦ ਕੀਤੀ ਗਈ। ਉਨ੍ਹਾਂ ਕਿਹਾ ਕਿ ਬਰਾਮਦ ਕੀਤੀ ਗਈ ਰਿਕਵਰੀ ਲਾਵਾਰਿਸ ਹੋਣ ਕਰਕੇ ਮੌਕੇ 'ਤੇ ਹੀ ਨਸ਼ਟ ਕੀਤੀ ਗਈ।

# ਅਮਰਪ੍ਰੀਤ ਸਿੰਘ ਬੰਗੜ ਨੂੰ ਕੀਤਾ ਸਨਮਾਨਤ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪਿੰਡ ਕਰੀਮਪੁਰ ਦੇ ਹੋਣਹਾਰ ਲੜਕੇ ਅਮਰਪ੍ਰੀਤ ਸਿੰਘ ਬੰਗੜ ਨੂੰ ਸਕੂਲ ਸੀਨੀਅਰ ਸੈਕੰਡਰੀ ਲੰਗੜੋਆ ਵਿਖੇ ਟੀਚਰ ਵਲੋਂ ਸਨਮਾਨਤ ਕੀਤਾ ਗਿਆ। + 2 ਮੈਡੀਕਲ ਸਾਇੰਸ 'ਚ 86% ਅੰਕ ਲੈ ਕੇ ਸਕੂਲ ਲੰਗੜੋਆ ਤੇ ਆਪਣੇ ਮਾਂ ਬਾਪ ਤੇ ਟੀਚਰਾਂ ਦਾ ਵੀ ਨਾਂਅ ਰੋਸ਼ਨ ਕੀਤਾ । ਅਮਰਪ੍ਰੀਤ ਸਿੰਘ ਬੰਗੜ ਨੇ ਕਿਹਾ ਕਿ ਉਹ ਡਾਕਟਰ ਜਾਂ ਆਈ ਏ ਐਸ ਅਧਿਕਾਰੀ ਬਣ ਕੇ ਆਪਣੇ ਦੇਸ਼ ਅਤੇ ਟੀਚਰਾਂ ਦਾ ਨਾਂਅ ਰੋਸ਼ਨ ਕਰੇਗਾ।

# ਸਿਟੀ ਸੈਂਟਰ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 23 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਸਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਤੱਕ ਨਵੀਆਂ ਖੇਤੀ ਖੋਜਾਂ ਦੇ ਪ੍ਰਸਾਰ ਲਈ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 23 ਮਈ, 2025 ਨੂੰ ਸਿਟੀ ਸੈਂਟਰ, ਨਜ਼ਦੀਕ ਪੁਲਿਸ ਲਾਈਨ, ਹੁਸ਼ਿਆਰਪੁਰ ਵਿਖੇ ਲਗਾਇਆ ਜਾ ਰਿਹਾ ਹੈ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਪਿੰਦਰ ਸਿੰਘ ਨੇ ਦੱਸਿਆ ਕਿ ਇਹ ਕਿਸਾਨ ਮੇਲਾ ਕਿਸਾਨਾਂ ਅਤੇ ਪਸਾਰ ਮਾਹਿਰਾਂ ਦੀ ਮਿਲਣੀ ਦਾ ਅਜਿਹਾ ਮੌਕਾ ਹੁੰਦਾ ਹੈ, ਜਿਸ ਵਿਚ ਕਿਸਾਨਾਂ ਨੂੰ ਖੇਤੀ ਸਬੰਧੀ ਪ੍ਰਦਰਸ਼ਨੀਆਂ, ਜ਼ਿਲ੍ਹੇ ਦੇ ਅਗਾਂਹਵਧੂ ਸੈਲਫ ਹੈਲਪ ਗਰੁੱਪਾਂ ਵੱਲੋਂ ਆਪਣੇ ਖੇਤੀ ਉਤਪਾਦਾਂ ਦੀ ਪੇਸ਼ਕਾਰੀ ਅਤੇ ਖੇਤੀਬਾੜੀ ਯੂਨੀਵਰਸਿਟੀ ਦੇ ਸਇੰਸਦਾਨਾਂ ਦੀ ਮਾਹਿਰ ਟੀਮ ਵੱਲੋਂ ਕਿਸਾਨਾਂ ਨੂੰ ਫ਼ਸਲਾਂ ਸਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਇਸ ਮੇਲੇ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਇਸ ਤੋਂ ਭਰਪੂਰ ਲਾਭ ਲੈਣ ਦੀ ਅਪੀਲ ਕੀਤੀ।

# ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੀ ਮੁਹਿੰਮ ਜਾਰੀ : ਗੋਸੀ, ਰਾਣਾ



**ਕਾਲਾ ਸੰਘਿਆਂ (ਮਨਜੀਤ ਮਾਨ)**-ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਨਸ਼ਿਆ ਨੂੰ ਠੱਲ੍ਹ ਪਾਉਣ ਲਈ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਵਿੱਢੀ ਗਈ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਉੱਘੇ ਸਮਾਜ ਸੇਵਕ ਗੋਸੀ ਸੁਨੜਵਾਲ ਤੇ ਦਲਵੀਰ ਸਿੰਘ ਰਾਣਾ ਦੀ ਅਗਵਾਈ ਹੇਠ ਪਿੰਡ ਸੁਨੜਵਾਲ ਵਿੱਚ ਭਾਰੀ ਇਕੱਠ ਕੀਤਾ। ਇਸ ਮੁਹਿੰਮ ਵਿੱਚ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਮੈਡਮ ਲਲਿਤ ਸਕਲਾਨੀ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਗੁਰਪਾਲ ਸਿੰਘ ਇੰਡੀਅਨ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ, ਸਤਨਾਮ ਸਿੰਘ ਸੰਘਾ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਨੇਕੀ ਸਰਪੰਚ ਸਾਬਕਾ ਇੰਟਰਨੈਸ਼ਨਲ ਕਬੱਡੀ ਖਿਡਾਰੀ, ਥਾਣਾ ਸਦਰ ਕਪੂਰਥਲਾ ਦੇ ਐਡੀਸ਼ਨਲ ਐੱਸ ਐੱਚ ਓ ਨਿਰਵੈਰ ਸਿੰਘ ਨੇ ਸ਼ਿਰਕਤ ਕੀਤੀ। ਉਕਤ ਆਗੂਆਂ ਨੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੀ ਮੁਹਿੰਮ ਜਾਰੀ ਹੈ ਤੇ ਪੰਜਾਬ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਯਤਨ ਜਾਰੀ ਹਨ। ਉਨ੍ਹਾਂ ਕਿਹਾ ਜੋ ਵੀ ਵਿਅਕਤੀ ਨਸ਼ੇ ਛੱਡਣੇ ਚਾਹੁੰਦੇ ਹਨ ਉਨ੍ਹਾਂ ਦਾ ਇਲਾਜ ਮੁਫ਼ਤ ਸਰਕਾਰ ਵੱਲੋਂ ਕਰਵਾਇਆ ਜਾਵੇਗਾ। ਇਸ ਮੌਕੇ ਪਰਮਜੀਤ ਸਿੰਘ ਖਾਲਸਾ, ਮੁਲਾਜ਼ਮ ਆਗੂ ਸੰਜੀਵ ਕੌਂਡਲ, ਦਵਿੰਦਰ ਸਿੰਘ ਸਰਪੰਚ ਨੱਥੂ ਚਾਹਲ, ਸ਼ੇਖਰ ਕੁਮਾਰ, ਗੁਰਪ੍ਰੀਤ ਸਿੰਘ ਗੋਪੀ , ਡਾਕਟਰ ਬਲਕਾਰ ਸਿੰਘ ਲਾਲਕਾ ਪ੍ਰਧਾਨ ਵਿਮੁਕਤ ਜਾਤੀਆਂ, ਦੇਬੀ ਸੁਨੜ,ਤੋਂ ਇਲਾਵਾ ਹੋਰ ਆਗੂ ਹਾਜ਼ਰ ਰਹੇ । ਮੰਚ ਸੰਚਾਲਕ ਦੀ ਜ਼ਿੰਮੇਵਾਰੀ ਸ਼ੇਖਰ ਕੁਮਾਰ ਨੇ ਨਿਭਾਈ।

# ਡੀ ਸੀ ਨੇ ਵਿਦਿਆਰਥੀਆਂ ਦੇ ਮਨਾਂ 'ਚ ਆਸ ਦੇ ਦੀਵੇ ਜਗਾਏ

**ਮੋਹਾਲੀ, (ਗੁਰਜੀਤ ਬਿੱਲਾ)**

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸਕੂਲ ਆਫ਼ ਐਮੀਨੈਂਸ, ਫੇਜ਼ 11, ਮੋਹਾਲੀ ਦੇ ਵਿਦਿਆਰਥੀਆਂ ਨਾਲ ਮੈਂਟਰ ਵਜੋਂ ਆਪਣੀ ਪਹਿਲੀ ਫੇਰੀ ਦੌਰਾਨ, ਵਿਦਿਆਰਥੀਆਂ ਨੂੰ ਆਪਣੀ ਪ੍ਰੇਰਨਾਦਾਇਕ ਜੀਵਨ ਯਾਤਰਾ ਸਾਂਝੀ ਕਰਕੇ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਦ੍ਰਿੜਤਾ ਅਤੇ ਧਿਆਨ ਨਾਲ ਆਪਣੇ ਸੁਫ਼ਨਿਆਂ ਨੂੰ ਪੂਰਾ ਕਰਨ ਲਈ ਉਤਸ਼ਾਹਿਤ ਕੀਤਾ।ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ, ਉਨ੍ਹਾਂ ਨੂੰ ਇੱਕ ਸਪੱਸ਼ਟ ਟੀਚਾ ਚੁਣਨ ਅਤੇ ਦ੍ਰਿੜਤਾ ਨਾਲ ਇਸਨੂੰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, 'ਕੁਝ ਵੀ ਅਸੰਭਵ ਨਹੀਂ ਹੈ, ਸਾਨੂੰ ਆਪਣੇ ਭਵਿੱਖ ਨੂੰ ਆਕਾਰ ਦੇਣ ਲਈ ਆਪਣੀ ਅੰਦਰੂਨੀ ਆਵਾਜ਼ ਨੂੰ ਸੁਣਨਾ ਚਾਹੀਦਾ ਹੈ।' ਸਕੂਲ ਲਾਇਬ੍ਰੇਰੀ ਵਿੱਚ 10ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨਾਲ ਦਿਲ ਦੀਆਂ ਗੱਲਾਂ ਕਰਨ ਦੌਰਾਨ, ਇੱਕ ਵਿਦਿਆਰਥਣ ਗੁਨੀਤ ਨੇ ਪੁੱਛਿਆ ਕਿ ਆਤਮਵਿਸ਼ਵਾਸ ਕਿਵੇਂ ਵਧਾਉਣਾ ਹੈ। ਡੀ ਸੀ ਨੇ ਉਸਨੂੰ ਮੰਚ 'ਤੇ ਬੁਲਾਇਆ ਅਤੇ ਉਸਨੂੰ ਬਿਨਾਂ ਰੁਕੇ ਬੋਲਣ ਲਈ ਉਤਸ਼ਾਹਿਤ ਕੀਤਾ, ਜੋ ਉਸਨੇ ਸਵੈ ਭਰੋਸੇ ਨਾਲ ਕੀਤਾ। ਗੁਨੀਤ ਨੇ ਚਾਰਟਰਡ ਅਕਾਊਂਟੈਂਟ ਬਣਨ ਦਾ ਆਪਣਾ ਸੁਫ਼ਨਾ ਸਾਂਝਾ ਕੀਤਾ। ਇਸੇ ਤਰ੍ਹਾਂ, 12ਵੀਂ ਜਮਾਤ ਦੀ ਹਰਮੀਤ ਨੇ ਕਾਰਡੀਓਲੋਜਿਸਟ ਬਣਨ ਦੀ ਆਪਣੀ ਇੱਛਾ ਪ੍ਰਗਟ ਕੀਤੀ, ਜਦੋਂ ਕਿ ਸਿਮਰਨ ਨੇ ਡਾਕਟਰ ਬਣਨ ਦੀ ਆਪਣੀ ਇੱਛਾ ਸਾਂਝੀ ਕੀਤੀ।



# ਡਾ. ਰਵਜੋਤ ਗਰੇਵਾਲ ਨੇ ਵਿਦਿਆਰਥਣਾਂ ਨਾਲ ਯੂ ਪੀ ਐੱਸ ਸੀ ਦੀ ਤਿਆਰੀ ਸੰਬੰਧੀ ਨੁਕਤੇ ਕੀਤੇ ਸਾਂਝੇ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਏ ਆਈ ਜੀ ਕਾਊਂਟਰ ਇੰਟੈਲੀਜੈਂਸ ਡਾ. ਰਵਜੋਤ ਗਰੇਵਾਲ ਨੇ ਇੱਥੋਂ ਦੇ ਸਕੂਲ ਆਫ਼ ਐਮੀਨੈਂਸ ਦੀਆਂ ਵਿਦਿਆਰਥਣਾਂ ਨਾਲ ਯੂ ਪੀ ਐੱਸ ਸੀ ਦੀ ਤਿਆਰੀ ਕਰਨ ਦੇ ਨੁਕਤੇ ਸਾਂਝੇ ਕੀਤੇ। 'ਸਕੂਲ ਮੈਂਟਰਸ਼ਿਪ' ਪ੍ਰੋਗਰਾਮ ਤਹਿਤ ਵਿਦਿਆਰਥਣਾਂ ਲਈ ਲਗਾਏ ਖਾਸ ਸੈਸ਼ਨ ਵਿੱਚ ਗੱਲਬਾਤ ਕਰਦਿਆਂ ਡਾ. ਰਵਜੋਤ ਗਰੇਵਾਲ ਨੇ ਕਿਹਾ ਕਿ ਸਭ ਤੋਂ ਪਹਿਲਾਂ ਵਿਦਿਆਰਥੀ ਨੂੰ ਆਪਣੇ ਵਿੱਦਿਅਕ ਉਦੇਸ਼ ਨੂੰ ਲੈ ਕੇ ਫੈਸਲਾਕੁਨ ਹੋਣਾ ਚਾਹੀਦਾ ਹੈ ਕਿ ਉਹ ਭਵਿੱਖ ਵਿਚ ਕਿਹੜੇ ਖੇਤਰ ਵਿੱਚ ਜਾਣਾ ਚਾਹੁੰਦੇ ਹਨ ਅਤੇ ਉਸ ਵਿਸ਼ੇ ਉੱਤੇ ਵਿਸ਼ੇਸ਼ ਧਿਆਨ ਦਿੰਦੇ ਹੋਏ ਸਖਤ ਮਿਹਨਤ ਕਰਨੀ ਚਾਹੀਦੀ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਅਰੰਭੇ ਸਕੂਲ ਮੈਂਟਰਸ਼ਿਪ ਪ੍ਰੋਗਰਾਮ ਬਾਰੇ ਵਿਦਿਆਰਥਣਾਂ ਨੂੰ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੇ ਬੁਨਿਆਦੀ ਢਾਂਚੇ 'ਚ ਲਾਮਿਸਾਲ ਸੁਧਾਰ ਹੋਏ ਹਨ, ਪ੍ਰੰਤੂ ਹੁਣ ਵਿਦਿਆਰਥੀਆਂ ਨੂੰ ਰੋਲ ਮਾਡਲ ਦੇਣ ਤੇ ਉਨ੍ਹਾਂ ਦਾ ਸਹੀ ਅਰਥਾਂ 'ਚ ਮਾਰਗਦਰਸ਼ਕ ਕਰਨ ਲਈ ਵੱਖ-ਵੱਖ ਅਧਿਕਾਰੀਆਂ ਨੂੰ ਵੀ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਜੋ ਵੀ ਮੌਕੇ ਮਿਲਦੇ ਹਨ, ਉਸ ਦਾ ਪੂਰਾ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਆਪਣੇ ਵਿਦਿਆਰਥੀ ਹੋਣ ਤੋਂ ਲੈ ਕੇ ਆਈ.ਪੀ.ਐਸ. ਬਣਨ ਤੱਕ ਦੇ ਤਜਰਬੇ ਸਾਂਝੇ ਕਰਦਿਆਂ ਵਿਦਿਆਰਥਣਾਂ ਨੂੰ ਸਹੀ ਰਸਤੇ ਦੀ ਚੋਣ ਕਰਕੇ ਸਖ਼ਤ ਮਿਹਨਤ ਕਰਨ, ਅਨੁਸ਼ਾਸਨ 'ਚ ਰਹਿਣ, ਸਕੂਲੀ ਵਰਦੀ 'ਤੇ ਮਾਣ ਕਰਨ ਅਤੇ ਇੱਕ ਸਫ਼ਲ ਸ਼ਖ਼ਸੀਅਤ ਹੋਣ ਦਾ ਮਾਣ ਲੈਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਹੀ ਰਸਤੇ ਦੀ ਚੋਣ ਕਿਸੇ ਨੂੰ ਵੀ ਉਸ ਦੀ ਮੰਜ਼ਿਲ ਤੱਕ ਲਾਜ਼ਮੀ ਪੁੱਜਦਾ ਕਰਦੀ ਹੈ। ਉਨ੍ਹਾਂ ਗਿਆਰ੍ਹਵੀਂ ਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਭਵਿੱਖ 'ਚ ਵੱਖ-ਵੱਖ ਤਰ੍ਹਾਂ ਦੇ ਕੀਤੇ ਜਾਣ ਵਾਲੇ ਕੋਰਸਾਂ ਦੀ ਜਾਣਕਾਰੀ ਤੇ ਡਿਜੀਟਲ ਪਲੇਟਫਾਰਮ ਸਮੇਤ ਸਫ਼ਲਤਾ ਦੇ ਕਈ ਹੋਰ ਰਸਤੇ ਦੱਸੇ।

# ਡਿਪਟੀ ਕਮਿਸ਼ਨਰ ਸਕੂਲ ਆਫ਼ ਐਮੀਨੈਂਸ 'ਚ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਹੋਏ ਰੂ-ਬ-ਰੂ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਨਿਵੇਕਲੇ 'ਸਕੂਲ ਮੈਂਟਰਸ਼ਿਪ ਪ੍ਰੋਗਰਾਮ' ਤਹਿਤ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਕੂਲ ਆਫ਼ ਐਮੀਨੈਂਸ, ਗੜ੍ਹਸ਼ੰਕਰ ਦਾ ਦੌਰਾ ਕੀਤਾ। ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਪ੍ਰਸ਼ਾਸਨ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਸਿੱਖਿਆ ਦੇ ਪੱਧਰ ਨੂੰ ਹੋਰ ਬਿਹਤਰ ਬਣਾਉਣ ਲਈ ਕਈ ਮਹੱਤਵਪੂਰਨ ਪਹਿਲੂਆਂ 'ਤੇ ਚਰਚਾ ਕੀਤੀ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ ਨੂੰ ਟਾਲਣ ਦਾ ਮਤਲਬ ਹੈ ਸਫਲਤਾ ਗੁਆਉਣਾ। ਇਸ ਲਈ ਹੁਣ ਕੀਤੀ ਗਈ ਸਖ਼ਤ ਮਿਹਨਤ ਆਉਣ ਵਾਲੇ ਦਿਨਾਂ ਵਿਚ ਚੰਗੇ ਨਤੀਜੇ ਲਿਆਏਗੀ। ਇਸ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਕਰੀਅਰ ਦੇ ਵਿਕਲਪਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਰੁਚੀ ਅਨੁਸਾਰ ਵੱਖ-ਵੱਖ ਵਿਸ਼ਿਆਂ ਦੇ ਸਮੂਹ ਬਣਾਏ ਜਾਣਗੇ ਅਤੇ ਆਉਣ ਵਾਲੇ ਸਮੇਂ ਵਿਚ ਸਕੂਲ ਨੂੰ ਉਸ ਅਨੁਸਾਰ ਅਧਿਐਨ ਸਮੱਗਰੀ ਦਿੱਤੀ ਜਾਵੇਗੀ ਅਤੇ ਮਾਹਿਰ ਸੈਸ਼ਨ ਆਯੋਜਿਤ ਕੀਤੇ ਜਾਣਗੇ ਤਾਂ ਜੋ ਵਿਦਿਆਰਥੀਆਂ ਨੂੰ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਵਿਚ ਕੋਈ ਮੁਸ਼ਕਿਲ ਨਾ ਆਵੇ।ਉਨ੍ਹਾਂ ਅਧਿਆਪਕਾਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਨਵੀਨਤਮ ਅਧਿਆਪਨ ਤਕਨੀਕਾਂ ਅਪਣਾਉਣ ਲਈ ਉਤਸ਼ਾਹਿਤ ਕੀਤਾ।ਇਸ ਦੌਰਾਨ ਵਿਦਿਆਰਥੀਆਂ ਨੂੰ ਪੜ੍ਹਾਈ ਵਿਚ ਰੁਚੀ ਲਿਆਉਣ ਅਤੇ ਜ਼ਿਆਦਾ ਸਮੇਂ ਤੱਕ ਪੜ੍ਹਾਈ ਕਰਨ ਸਬੰਧੀ ਟਿਪਸ ਵੀ ਦਿੱਤੇ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਰਕਾਰ ਨੇ ਆਈ.ਏ.ਐਸ, ਆਈ.ਪੀ.ਐਸ ਅਤੇ ਹੋਰ ਸੀਨੀਅਰ ਅਧਿਕਾਰੀਆਂ ਨੂੰ ਵਿਦਿਆਰਥੀਆਂ ਦੇ ਜੀਵਨ ਵਿਚ ਮਾਰਗਦਰਸ਼ਕ ਦੀ ਭੂਮਿਕਾ ਸੌਂਪਦੇ ਹੋਏ ਸਿੱਖਿਆ ਵਿਚ ਨਵੀਨਤਾ ਅਤੇ ਵਿਵਹਾਰਕ ਸਮਝ ਨੂੰ ਤਰਜ਼ੀਹ ਦਿੱਤੀ ਹੈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਲਲਿਤਾ ਅਰੋੜਾ, ਸਕੂਲ ਪ੍ਰਿੰਸੀਪਲ ਸੀਮਾ ਬੁੱਧੀਰਾਜਾ, ਰੈੱਡ ਕਰਾਸ ਸੋਸਾਇਟੀ ਦੇ ਸਕੱਤਰ ਮੰਗੇਸ਼ ਸੂਦ ਵੀ ਮੌਜੂਦ ਸਨ।



# ਇਫਟੂ ਵੱਲੋਂ ਹੜਤਾਲ ਕਰਕੇ ਨਵਾਂਸ਼ਹਿਰ 'ਚ ਰੈਲੀ ਤੇ ਪ੍ਰਦਰਸ਼ਨ




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਵਲੋਂ ਹੜਤਾਲ ਕਰਨ ਉਪਰੰਤ ਨਵਾਂਸ਼ਹਿਰ ਵਿਖੇ ਰੈਲੀ ਅਤੇ ਮੁਜ਼ਾਹਰਾ ਕੀਤਾ ਗਿਆ। ਸਥਾਨਕ ਬੱਸ ਅੱਡੇ 'ਤੇ ਰੈਲੀ ਕਰਨ ਉਪਰੰਤ ਸ਼ਹਿਰ ਵਿਚ ਪ੍ਰਦਰਸ਼ਨ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਇਫਟੂ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ ਨੇ ਕਿਹਾ ਕਿ ਹਾਕਮ ਕਿਰਤੀਆਂ ਦੇ ਹਿੱਤਾਂ ਉੱਤੇ ਉਸ ਸਮੇਂ ਹੱਲਾ ਬੋਲਦੇ ਹਨ ਜਦੋਂ ਕਿਰਤੀ ਵਰਗ ਦੀ ਤਾਕਤ ਕਮਜ਼ੋਰ ਹੁੰਦੀ ਹੈ। ਇਫਟੂ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ, ਜ਼ਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ, ਆਸ਼ਾ ਵਰਕਰ ਅਤੇ ਫੈਸਿਲੀਟੇਟਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸ਼ਕੁੰਤਲਾ ਸਰੋਏ, ਰਾਜਵਿੰਦਰ ਕੌਰ ਕੱਟ, ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ, ਕਿਸ਼ੋਰ ਕੁਮਾਰ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਦੇ ਮੀਤ ਪ੍ਰਧਾਨ ਓਮ ਪ੍ਰਕਾਸ਼ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਕਮਲਜੀਤ ਸਨਾਵਾ ਨੇ ਕਿਹਾ ਕਿ ਅੱਜ ਮਜ਼ਦੂਰ ਜਮਾਤ ਸਾਹਮਣੇ ਵੱਡੀਆਂ ਚਣੌਤੀਆਂ ਹਨ। ਇਹਨਾਂ ਚਣੌਤੀਆਂ ਨਾਲ ਸਿੱਝਣ ਲਈ ਖਾੜਕੂ ਜਥੇਬੰਦਕ ਮਜ਼ਦੂਰ ਲਹਿਰ ਖੜ੍ਹੀ ਕਰਨ ਦੀ ਲੋੜ ਹੈ। ਬਾਅਦ ਵਿਚ ਸ਼ਹਿਰ ਅੰਦਰ ਮੁਜ਼ਾਹਰਾ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਹਰੀ ਲਾਲ, ਜਗੀਰਾ ਬੈਂਸ, ਭਰਤ ਕੁਮਾਰ, ਆਟੋ ਯੂਨੀਅਨ ਦੇ ਆਗੂ ਤਰਨਜੀਤ, ਰਾਜੂ, ਰਜਿੰਦਰ, ਤੇਜ ਰਾਜ,ਆਜਾਦ, ਮੁਕੇਸ਼ ਕੁਮਾਰ, ਸਰਵੇਸ਼ ਗੁਪਤਾ, ਗੋਪਾਲ, ਘਨੱਈਆ, ਆਦਿ ਆਗੂ ਵੀ ਮੌਜੂਦ ਸਨ।

# ਢੀਂਡਸਾ ਵਿਖੇ ਡੇਰਾ ਬਾਬਾ ਜਾਹਰ ਵਲੀ ਦਾ ਸਾਲਾਨਾ ਜੋੜ ਮੇਲਾ 24 ਤੇ 25 ਨੂੰ

**ਗੁਰਾਇਆ (ਬਿੰਦਰ ਸੁੰਮਨ)**- ਪਿੰਡ ਢੀਂਡਸਾ ਨੇੜੇ ਗੁਰਾਇਆ ਜ਼ਿਲ੍ਹਾ ਜਲੰਧਰ ਵਿਖੇ ਡੇਰਾ ਬਾਬਾ ਜਾਹਰ ਵਲੀ ਦਾ ਸਾਲਾਨਾ ਜੋੜ ਮੇਲਾ ਬਾਬਾ ਸ਼ਹੀਦ ਸਿੰਘਾਂ ਵੈੱਲਫੇਅਰ ਸੋਸਾਇਟੀ ਰਜਿ ਢੀਂਡਸਾ, ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀ ਅਤੇ ਐੱਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਕਮੇਟੀ ਮੈਂਬਰਾਂ ਨੇ ਦੱਸਿਆ ਕਿ 24 ਮਈ ਦਿਨ ਸ਼ਨੀਵਾਰ ਸਵੇਰੇ ਝੰਡੇ ਤੇ ਚਿਰਾਗਾਂ ਦੀ ਰਸਮ ਨੂੰ ਪੂਰਾ ਕੀਤਾ ਜਾਵੇਗਾ, ਉਪਰੰਤ ਪ੍ਰਵੇਜ਼ ਖਾਨ ਮਾਲੇਰਕੋਟਲੇ ਵਾਲੇ ਕਵਲੀਆਂ ਪੇਸ਼ ਕਰਨਗੇ ਤੇ ਦੁਪਹਿਰੇ 1 ਵਜੇ ਜੋੜੀ ਆਤਮਾ ਸਿੰਘ ਬੁੱਢੇਵਾਲੀਆ ਮਿਊਜ਼ਿਕ ਗਰੁੱਪ ਆਪਣੇ ਡਿਊਟ ਗੀਤਾਂ ਰਾਹੀਂ ਦਰਸ਼ਕ ਦਾ ਮਨੋਰੰਜਨ ਕਰਨਗੇ। 25 ਮਈ ਦਿਨ ਐਤਵਾਰ ਨੂੰ ਛੋਟੇ ਕਲਾਕਾਰ ਆਪਣੇ ਪ੍ਰੋਗਰਾਮ ਪੇਸ਼ ਕਰਨਗੇ ਤੇ ਨਕਲਾਂ ਦਾ ਪ੍ਰੋਗਰਾਮ ਵੀ ਕਰਵਾਇਆ ਜਾਵੇਗਾ। ਸਟੇਜ ਦੀ ਜ਼ਿੰਮੇਵਾਰੀ ਗੌਰਵ ਸ਼ੰਕਰ ਨਿਭਾਉਣਗੇ। ਇਸ ਮੌਕੇ ਗੁਰਦੀਪ ਸਿੰਘ, ਕੁਲਦੀਪ ਸਿੰਘ, ਸੰਤੋਖ ਸਿੰਘ ਭੋਗਲ, ਸਰਬਜੀਤ ਸਿੰਘ ਭੋਗਲ,ਹਰਬੰਸ ਲਾਲ ਸਾਬਕਾ ਸਰਪੰਚ, ਬਾਬਾ ਕੀਰਤਾ ਆਦਿ ਹਾਜ਼ਰ ਸਨ।

# ਨਗਰ ਕੌਂਸਲ ਪ੍ਰਧਾਨ ਆਸ਼ੂ ਅਰੋੜਾ ਨੇ ਸੰਭਾਲਿਆ ਅਹੁਦਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਨਗਰ ਕੌਂਸਲ ਤਲਵਾੜਾ ਦੇ ਨਵੇਂ ਬਣੇ ਪ੍ਰਧਾਨ ਹਰਸ਼ ਕੁਮਾਰ ਆਸ਼ੂ ਅਰੋੜਾ ਨੇ ਨਗਰ ਕੌਂਸਲ ਦਫਤਰ ਵਿਖੇ ਆਪਣਾ ਅਹੁਦਾ ਸੰਭਾਲ ਲਿਆ। ਹਲਕਾ ਵਿਧਾਇਕ ਦਸੂਹਾ ਐਡਵੋਕੇਟ ਕਰਮਬੀਰ ਸਿੰਘ ਘੁੰਮਣ ਦੀ ਅਗਵਾਈ ਹੇਠ ਨਗਰ ਕੌਂਸਲ ਵੱਲੋਂ ਕਰਵਾਏ ਗਏ ਸ਼ਾਨਦਾਰ ਤਾਜਪੋਸ਼ੀ ਸਮਾਗਮ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਡਾ. ਗੁਰਪ੍ਰੀਤ ਕੌਰ ਮਾਨ ਨੇ ਆਪਣੇ ਸੰਬੋਧਨ ਦੌਰਾਨ ਨਗਰ ਕੌਂਸਲ ਦੇ ਨਵੇਂ ਬਣੇ ਪ੍ਰਧਾਨ ਆਸ਼ੂ ਅਰੋੜਾ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਆਸ਼ੂ ਅਰੋੜਾ ਤਲਵਾੜਾ ਸ਼ਹਿਰ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਪਾਣੀਆਂ ਅਤੇ ਜਵਾਨੀ ਨੂੰ ਬਚਾਉਣ ਲਈ ਦਿਨ-ਰਾਤ ਇਕ ਕਰ ਰਹੇ ਹਨ। ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਵੱਲੋਂ ਉਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਨਗਰ ਕੌਂਸਲ ਦੇ ਪ੍ਰਧਾਨ ਆਸ਼ੂ ਅਰੋੜਾ ਨੇ ਤਲਵਾੜਾ ਦੇ ਚਹੁੰਮੁਖੀ ਵਿਕਾਸ ਲਈ ਪੂਰੀ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਦਾ ਵਿਸ਼ਵਾਸ ਦਿਵਾਇਆ।ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਕਰਮਜੀਤ ਕੌਰ, ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਗੁਰਬਿੰਦਰ ਸਿੰਘ ਪਾਬਲਾ, ਹਲਕਾ ਇੰਚਾਰਜ ਮੁਕੇਰੀਆਂ ਪ੍ਰੋ. ਗੁਰਧਿਆਨ ਸਿੰਘ ਮੁਲਤਾਨੀ, ਜਗਮੋਹਨ ਸਿੰਘ ਬੱਬੂ ਘੁੰਮਣ, ਪ੍ਰਭਜੋਤ ਕੌਰ ਘੁੰਮਣ, ਨਗਰ ਕੌਂਸਲ ਦੇ ਮੀਤ ਪ੍ਰਧਾਨ ਅੰਕੁਸ਼ ਸੂਦ, ਸੁਰਿੰਦਰ ਸਿੰਘ ਸੌਖੀ, ਐਸਡੀਐਮ ਕੰਵਲਜੀਤ ਸਿੰਘ ਅਤੇ ਐਸ.ਪੀ ਮੇਜਰ ਸਿੰਘ ਤੋਂ ਇਲਾਵਾ ਕੌਂਸਲਰ ਪਿੰਡਾਂ ਦੇ ਸਰਪੰਚ ਪੰਚ ਨੰਬਰਦਾਰ, ਵੱਖ-ਵੱਖ ਜਥੇਬੰਦੀਆਂ ਅਤੇ ਕਮੇਟੀਆਂ ਦੇ ਅਹੁਦੇਦਾਰ ਅਤੇ ਸ਼ਹਿਰ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਰੋਸ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ

**ਮਹਿਤਪੁਰ (ਰਾਜਾ)** ਮਹਿਤਪੁਰ ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ, ਮਜ਼ਦੂਰ ਜਮਾਤ ਵੱਲੋਂ ਸਾਂਝੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਆਗੂ ਹੰਸ ਰਾਜ ਪੱਬਵਾਂ, ਸੰਗਰੂਰ ਜ਼ਿਲ੍ਹੇ ਦੇ ਦਰਜਨਾਂ ਆਗੂ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਦੇ ਘਰ ਛਾਪੇਮਾਰੀ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਸ਼ਹਿਰ ਵਿਚ ਰੋਸ ਪ੍ਰਦਰਸ਼ਨ ਕਰਕੇ ਬੱਸ ਸਟੈਂਡ ਮਹਿਤਪੁਰ ਅੱਗੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਸਾੜਿਆ ਗਿਆ ਅਤੇ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਕਿਹਾ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ 20 ਮਈ ਨੂੰ ਸੰਗਰੂਰ ਦੀ ਜੀਂਦ ਰਿਆਸਤ ਦੀ 927 ਏਕੜ ਬੇਚਿਰਾਗ ਜ਼ਮੀਨ ਤੇ ਸੰਗਰੂਰ ਚੱਲੋ ਦਾ ਸੱਦਾ ਦਿੱਤਾ ਗਿਆ ਸੀ। ਪਰ ਪੰਜਾਬ ਦੀ ਆਪ ਸਰਕਾਰ ਵਲੋਂ ਤਾਨਾਸ਼ਾਹੀ ਤੇ ਡੰਡੇ ਦੇ ਜ਼ੋਰ ਹਰ ਸੰਘਰਸ਼ ਦਬਾਉਣ ਦੇ ਪੈਂਤੜੇ ਤਹਿਤ ਹੀ ਮਜ਼ਦੂਰ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਤਾਂ ਜੋ ਮਜ਼ਦੂਰਾਂ 'ਚ ਦਹਿਸ਼ਤ ਫੈਲਾਈ ਜਾਵੇ ਅਤੇ ਸੰਘਰਸ਼ ਨੂੰ ਤਾਰੋਪੀਡ ਕੀਤਾ ਜਾ ਸਕੇ। ਪੁਲਸ ਵਲੋਂ ਭਾਰੀ ਪੁਲਿਸ ਫੋਰਸ ਲਗਾ ਕੇ ਲੋਕਾਂ ਨੂੰ ਰੋਸ ਪ੍ਰਦਰਸ਼ਨ ਕਰਨ ਤੋਂ ਰੋਕਣਾ ਲੋਕਾਂ ਦੀ ਜਮਹੂਰੀ ਆਵਾਜ਼ ਨੂੰ ਕੁਚਲਿਆ ਗਿਆ ਹੈ।ਸਭਾ ਗਿਰਫ਼ਤਾਰ ਕੀਤੇ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕਰਦੀ ਹੈ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਸੁਰਜੀਤ ਸਮਰਾ, ਗੁਰਨਾਮ ਸਿੰਘ ਤੱਗੜ, ਸੁਰਿੰਦਰ ਕੰਦੋਲਾ, ਗੁਰਕੰਵਲ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਕਸ਼ਮੀਰ ਮੰਡਿਆਲਾ, ਵਿਜੇ ਬਾਠ, ਇਸਤਰੀ ਜਾਗ੍ਰਿਤੀ ਮੰਚ ਦੇ ਅਨੀਤਾ ਸੰਧੂ, ਨੌਜਵਾਨ ਭਾਰਤ ਸਭਾ ਦੇ ਆਗੂ ਨਵਜੋਤ ਸਿਆਣੀਵਾਲ, ਬੀਕੇਯੂ ਦੋਆਬਾ ਰਛਪਾਲ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਵਿਦਿਆਰਥੀਆਂ 'ਚ ਲੀਡਰਸ਼ਿਪ ਦੇ ਗੁਣ ਵਿਕਸਤ ਕਰਨ ਹਿੱਤ ਸਮਾਰੋਹ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਵਿਦਿਆਰਥੀਆਂ ਵਿੱਚ ਲੀਡਰਸ਼ਿਪ ਦੇ ਗੁਣਾਂ ਨੂੰ ਵਿਕਸਤ ਕਰਨ ਦੇ ਉਦੇਸ਼ ਨਾਲ ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਮਾਰੋਹ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ। ਉਪਰੰਤ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਵਿਦਿਆਰਥੀ ਕੌਂਸਲ ਦੇ ਸਾਰੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਸਹੁੰ ਚੁਕਾਈ ਗਈ ਕਿ ਉਹ ਆਪਣੀਆਂ ਸੌਂਪੀਆਂ ਗਈਆਂ ਡਿਊਟੀਆਂ ਨੂੰ ਇਮਾਨਦਾਰੀ ਨਾਲ ਨਿਭਾਉਣਗੇ। ਸਕੂਲ ਵਿੱਚ ਅਨੁਸ਼ਾਸਨ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ 8ਵੀਂ, 9ਵੀਂ ਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਵਿੱਚੋਂ ਹਾਊਸ ਕੈਪਟਨ ਚੁਣਿਆ ਗਿਆ। 12ਵੀਂ ਜਮਾਤ ਦੀ ਵਿਦਿਆਰਥਣ ਸ਼ਵੇਤਾ ਨੂੰ ਹੈੱਡ ਗਰਲ ਤੇ ਹਨੀਤ ਦਲਾਲ ਨੂੰ ਹੈੱਡ ਬੁਆਏ ਚੁਣਿਆ ਗਿਆ। ਸਕੂਲ ਦੇ ਚਾਰੇ ਹਾਊਸਾਂ ਦੇ ਕੈਪਟਨ, ਉੱਪ-ਕਪਤਾਨ ਤੇ ਹੋਰ ਯੋਗ ਵਿਦਿਆਰਥੀਆਂ ਨੂੰ ਬੈਜ਼ ਲਗਾ ਕੇ ਜ਼ਿੰਮੇਵਾਰੀਆਂ ਸੌਂਪ ਕੇ ਸਹੁੰ ਚੁਕਾਈ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਮਾਰਚ ਪਾਸਟ ਕੀਤਾ ਗਿਆ। ਸਕੂਲ ਦੇ ਐੱਮ ਡੀ ਪ੍ਰੋਫੈਸਰ ਐੱਮ. ਐੱਲ. ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ ਤੇ ਵਾਈਸ ਪ੍ਰਿੰਸੀਪਲ ਮੈਡਮ ਕਲਵੰਤ ਕੌਰ ਨੇ ਆਪਣੇ ਸੰਦੇਸ਼ ਵਿੱਚ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਚੰਗੀ ਤਰ੍ਹਾਂ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਅੱਗੇ ਵਧਣ ਲਈ ਆਸ਼ੀਰਵਾਦ ਦਿੱਤਾ।

## ਨਸ਼ਾ ਮੁਕਤੀ ਯਾਤਰਾ ਪ੍ਰੋਗਰਾਮ ਤਹਿਤ ਯੂਥ ਕਲੱਬਾਂ ਨੂੰ ਪੁਨਰ ਸੁਰਜੀਤ ਕੀਤਾ ਜਾਵੇਗਾ : ਸਵਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ਼ੁਰੂ ਨਸ਼ਾ ਮੁਕਤੀ ਯਾਤਰਾ ਪ੍ਰੋਗਰਾਮ ਦੇ ਤਹਿਤ ਢਾਣੀ ਮੋਹਣਾ ਰਾਮ ਵਿਖੇ ਜਾਗਰੂਕਤਾ ਪ੍ਰੋਗਰਾਮ ਅਤੇ ਗ੍ਰਾਮ ਸਭਾ ਕਰਵਾਈ ਗਈ। ਇਸ ਮੌਕੇ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਸਰਕਾਰ ਵੱਲੋਂ ਨਸ਼ੇ ਤਸਕਰਾਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ ਉੱਥੇ ਹੀ ਨਸ਼ਾ ਪੀੜਤਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ।ਵਿਧਾਇਕ ਨੇ ਕਿਹਾ ਕਿ ਸਰਕਾਰ ਸਾਡੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਲਈ ਯੂਥ ਕਲੱਬਾਂ ਨੂੰ ਪੁਨਰ ਸੁਰਜੀਤ ਕਰ ਰਹੀ ਹੈ। ਨਸ਼ਿਆਂ ਤੋਂ ਦੂਰ ਰਹਿ ਕੇ ਸਾਡੇ ਨੌਜਵਾਨ ਖੇਡਾਂ ਨਾਲ ਜੁੜਨ ਇਸ ਲਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਪਿੰਡਾਂ ਵਿੱਚ ਖੇਡ ਗਰਾਊਂਡ ਬਣਾਏ ਜਾ ਰਹੇ ਹਨ। ਉਹਨਾਂ ਨੇ ਦੱਸਿਆ ਕਿ ਇਸ ਪਿੰਡ ਵਿੱਚ ਵੀ 5 ਲੱਖ ਰੁਪਏ ਦੀ ਲਾਗਤ ਨਾਲ ਵਾਲੀਬਾਲ ਗਰਾਊਂਡ ਬਣਾਇਆ ਗਿਆ ਹੈ। ਇਸੇ ਤਰ੍ਹਾਂ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਪੰਜਾਬ ਸਰਕਾਰ ਵੱਲੋਂ ਹਰ ਸਾਲ ਖੇਡਾਂ ਵਤਨ ਪੰਜਾਬ ਦੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਲਗਾਤਾਰ ਸਰਕਾਰੀ ਨੌਕਰੀਆਂ ਵੀ ਨੌਜਵਾਨਾਂ ਨੂੰ ਦਿੱਤੀਆਂ ਜਾ ਰਹੀਆਂ ਹਨ।ਸਵਨਾ ਨੇ ਇਹ ਵੀ ਕਿਹਾ ਕਿ ਜਿਹੜੇ ਲੋਕ ਨਸ਼ੇ ਤੋਂ ਪੀੜਤ ਹਨ ਉਹਨਾਂ ਦਾ ਇਲਾਜ ਕਰਵਾਇਆ ਜਾਵੇਗਾ ਤੇ ਉਹਨਾਂ ਨੂੰ ਕਿਸੇ ਪ੍ਰਕਾਰ ਦਾ ਪੁਲਸ ਵੱਲੋਂ ਤੰਗ ਪਰੇਸ਼ਾਨ ਨਹੀਂ ਕੀਤਾ ਜਾਵੇਗਾ। ਸਗੋਂ ਇਲਾਜ ਤੋਂ ਬਾਅਦ ਉਹਨਾਂ ਨੂੰ ਹੁਨਰ ਸਿਖਲਾਈ ਕਰਵਾ ਕੇ ਰੋਜ਼ਗਾਰ ਨਾਲ ਵੀ ਜੋੜਿਆ ਜਾਵੇਗਾ।ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਪਰਮਜੀਤ ਸਿੰਘ ਨੂਰ ਸ਼ਾਹ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਜ਼ਿਲ੍ਹਾ ਕੋਆਰਡੀਨੇਟਰ ਬੱਬੂ ਚੇਤੀਵਾਲ, ਪੰਚਾਇਤ ਅਫਸਰ ਦਰਸ਼ਨ ਸਿੰਘ, ਹਲਕਾ ਕੋਆਰਡੀਨੇਟਰ ਰਾਜੇਸ਼ ਖੁਰਾਣਾ, ਸਰਪੰਚ ਪਿਆਰੋ ਬਾਈ, ਮੈਂਬਰ ਸੰਤੋ ਬਾਈ, ਸੀਲੋ ਬਾਈ, ਸਤਨਾਮ ਸਿੰਘ, ਬਲਵੀਰ ਸਿੰਘ, ਮੁਕੇਸ਼ ਸਿੰਘ ਐਸ ਆਈ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਨੇ ਮੁੱਖ ਮੰਤਰੀ ਦੇ ਨਾਂਅ ਲਿਖਿਆ ਪੱਤਰ



**ਪਟਿਆਲਾ (ਰਾਜਿੰਦਰ ਥਿੰਦ)** ਪਟਿਆਲਾ ਸਮਾਣਾ ਸੜਕ 'ਤੇ ਵਾਪਰੇ ਦਰਦਨਾਕ ਹਾਦਸੇ ਵਿਚ ਸਮਾਣਾ ਦੇ ਰਹਿਣ ਵਾਲੇ ਸਕੂਲੀ ਬੱਚਿਆਂ ਦੀਆਂ ਅਜਾਈਂ ਗਈਆਂ ਜਾਨਾਂ ਪ੍ਰਤੀ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਇੱਕ ਪੱਤਰ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਜਾਣੂ ਕਰਾਇਆ ਕਿ ਇਸ ਹਾਦਸੇ ਨਾਲ ਜਿੱਥੇ ਪਰਿਵਾਰਾਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ, ਉੱਥੇ ਅਜਿਹੇ ਦਰਦਨਾਕ ਹਾਦਸਿਆਂ ਨੂੰ ਟਾਲਣ ਪਲਾਈ ਪੰਜਾਬ ਸਰਕਾਰ ਨੂੰ ਸੰਜੀਦਾ ਕਦਮ ਚੁੱਕਣੇ ਚਾਹੀਦੇ ਹਨ। ਪ੍ਰੋ. ਬਡੂੰਗਰ ਨੇ ਪੱਤਰ ਵਿੱਚ ਲਿਖਿਆ ਹੈ ਕਿ ਪਟਿਆਲਾ ਸਮਾਣਾ ਰੋਡ 'ਤੇ ਭੁਪਿੰਦਰਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਦੀ ਜਾਨ ਚਲੀ ਗਈ ਸੀ ਤੇ ਹਾਦਸੇ ਪ੍ਰਤੀ ਵੱਖ-ਵੱਖ ਸੰਸਥਾਵਾਂ, ਸਿਆਸੀ ਪਾਰਟੀਆਂ ਤੇ ਹਮਦਰਦ ਲੋਕਾਂ ਨੇ ਇਸ ਹਾਦਸੇ ਪ੍ਰਤੀ ਆਪਣੀ ਸੰਵੇਦਨਾ ਸਾਂਝੀ ਕੀਤੀ ਸੀ। ਇਸ ਦੌਰਾਨ ਲੋਕਾਂ ਨੇ ਇਸ ਪੱਖ ਤੋਂ ਵੀ ਸਰਕਾਰ ਧਿਆਨ ਦਿਵਾਇਆ ਕਿ ਪਟਿਆਲਾ ਸਮਾਣਾ ਰੋਡ ਹਾਦਸਿਆਂ ਦਾ ਵੱਡਾ ਕਾਰਨ ਬਣਦੀ ਜਾ ਰਹੀ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਆਪਣੇ ਪੱਤਰ ਵਿੱਚ ਦੱਸਿਆ ਕਿ ਪਟਿਆਲਾ ਸਮਾਣਾ, ਘੱਗਾ ਅਤੇ ਪਾਤੜਾਂ ਲਈ ਇਸ ਰੋਡ ਨੂੰ ਆਵਾਜਾਈ ਲਈ ਚੁਣਿਆ ਜਾਂਦਾ ਹੈ ਅਤੇ ਬਲਕਿ ਦਿੱਲੀ ਤੋਂ ਆਉਣ-ਜਾਣ ਵਾਲਿਆਂ ਵੱਲੋਂ ਇਹ ਮਾਰਗ ਚੁਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਮੇਂ ਨਾਲ ਆਵਾਜਾਈ ਵਧ ਰਹੀ ਹੈ ਅਤੇ ਰੋਡ ਏਨਾ ਤੰਗ ਹੈ ਕਿ ਅਕਸਰ ਹਾਦਸਿਆਂ ਕਾਰਨ ਕਈਆਂ ਦੀ ਜਾਨ ਅਜਾਈਂ ਜਾ ਰਹੀ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਪਟਿਆਲਾ ਤੋਂ ਸਮਾਣਾ ਜਾਣ ਵਾਲੇ ਰਾਸਤੇ ਵਿੱਚ ਮਿਲਟਰੀ ਏਰੀਆ ਵੀ ਪੈਂਦਾ ਹੈ, ਜਿੱਥੋਂ ਅਕਸਰ ਮਿਲਟਰੀ ਦੇ ਉਚ ਅਧਿਕਾਰੀ ਆਪਣੇ ਵਾਹਨਾਂ ਨਾਲ ਇਸ ਰਸਤੇ ਨੂੰ ਅਪਣਾਉਂਦੇ ਹਨ। ਪ੍ਰੋ ਬਡੂੰਗਰ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਹੈ ਕਿ ਪਟਿਆਲਾ ਤੋਂ ਪਾਤੜਾਂ ਵਾਇਆ ਸਮਾਣਾ ਘੱਗਾ ਸੜਕ ਨੂੰ ਚਹੁੰ ਮਾਰਗੀ ਬਣਾਇਆ ਜਾਵੇ ਤਾਂ ਜੁ ਲੋਕਾਂ ਦੀ ਕੀਮਤੀ ਜਾਨ ਬਚ ਸਕੇ।

## ਸਵੈ-ਰੁਜ਼ਗਾਰ ਸਕੀਮਾਂ ਦਾ ਵਧੀਕ ਡਿਪਟੀ ਕਮਿਸ਼ਨਰ ਨੇ ਲਿਆ ਜਾਇਜ਼ਾ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਜ਼ਿਲ੍ਹਾ ਪੱਧਰੀ ਆਰ. ਸੇਟੀ ਸਲਾਹਕਾਰ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰੀਸਦ ਦਫਤਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਏ.ਡੀ.ਸੀ. ਸੁਰਿੰਦਰ ਸਿੰਘ ਢਿੱਲੋਂ ਨੇ ਆਰ.ਸੇਟੀ ਟਰੇਨਿੰਗ ਇੰਸੀਚਿਊਟ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਰੁਜ਼ਗਾਰ ਕੋਰਸਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਰੀਬ ਤੇ ਲੋੜਵੰਦ ਵਿਅਕਤੀਆਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਤੇ ਹੁਨਰਮੰਦ ਬਨਾਉਣ ਲਈ ਵੱਧ ਤੋਂ ਵੱਧ ਰੁਜ਼ਗਾਰ ਕੋਰਸਾਂ ਦੀ ਸਿਖਲਾਈ ਦਿੱਤੀ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਜੋ ਵੀ ਲੋੜਵੰਦ ਸਿਖਲਾਈ ਪ੍ਰਾਪਤ ਕਰ ਲੈਂਦਾ ਹੈ, ਉਸ ਨੂੰ ਆਪਣਾ ਖੁਦ ਦਾ ਕਿੱਤਾ ਸ਼ੁਰੂ ਕਰਨ ਲਈ ਕਰਜ਼ਾ ਦਿਵਾਉਣ ਵਿੱਚ ਸਹਾਇਤਾ ਕੀਤੀ ਜਾਵੇ ਤੇ ਸਬੰਧਤ ਸਿਖਲਾਈ ਪ੍ਰਾਪਤ ਸਿਖਿਆਰਥੀਆਂ ਪਾਸੋਂ ਕਰਜ਼ੇ ਨਾਲ ਸਬੰਧਤ ਦਸਤਾਵੇਜ਼ ਪ੍ਰਾਪਤ ਕਰਕੇ ਬੈਂਕਾਂ ਨੂੰ ਕਰਜ਼ਾ ਦੇਣ ਦੀ ਸਿਫ਼ਾਰਸ਼ ਕੀਤੀ ਜਾਵੇ।



## ਦੇਸ਼ ਭਗਤ ਯੂਨੀਵਰਸਿਟੀ ਇੰਟਰਨੈਸ਼ਨਲ ਐਸੋਸੀਏਸ਼ਨ ਆਫ਼ ਯੂਨੀਵਰਸਿਟੀਜ਼ 'ਚ ਹੋਈ ਸ਼ਾਮਲ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)** ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ), ਇੱਕ ਨੈਕ ਏ+ ਮਾਨਤਾ ਪ੍ਰਾਪਤ ਸੰਸਥਾ, ਇੰਟਰਨੈਸ਼ਨਲ ਐਸੋਸੀਏਸ਼ਨ ਆਫ਼ ਯੂਨੀਵਰਸਿਟੀਜ ਵਿੱਚ ਆਪਣੀ ਅਧਿਕਾਰਤ ਮੈਂਬਰਸ਼ਿਪ ਦਾ ਐਲਾਨ ਕਰਦੇ ਹੋਏ ਮਾਣ ਮਹਿਸੂਸ ਕਰ ਰਹੀ ਹੈ। ਆਈਏਯੂ ਯੂਨੈਸਕੋ ਦੇ ਅਧੀਨ ਇੱਕ ਵਿਸ਼ਵ ਪੱਧਰ 'ਤੇ ਸਨਮਾਨਿਤ ਨੈੱਟਵਰਕ ਹੈ, ਜਿਸ ਵਿੱਚ 130 ਤੋਂ ਵੱਧ ਦੇਸਾਂ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਸ਼ਾਮਲ ਹਨ, ਜੋ ਉੱਚ ਸਿੱਖਿਆ ਵਿੱਚ ਗੁਣਵੱਤਾ, ਸਹਿਯੋਗ ਤੇ ਨਵੀਨਤਾ ਨੂੰ ਅੱਗੇ ਵਧਾਉਣ ਲਈ ਵਚਨਬੱਧ ਹਨ। ਇਹ ਪ੍ਰਾਪਤੀ ਅਕਾਦਮਿਕ ਉੱਤਮਤਾ, ਉਦਯੋਗ ਏਕੀਕਰਨ ਤੇ ਅੰਤਰਰਾਸ਼ਟਰੀ ਪਹੁੰਚ ਨੂੰ ਸਮਰਪਿਤ ਇੱਕ ਬਹੁ-ਅਨੁਸ਼ਾਸਨੀ ਸੰਸਥਾ ਵਜੋਂ ਡੀਬੀਯੂ ਦੀ ਵਿਸ਼ਵਵਿਆਪੀ ਸਥਿਤੀ ਨੂੰ ਹੋਰ ਮਜ਼ਬੂਤ ਕਰਦੀ ਹੈ। ਦੇਸ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਕਿਹਾ, 'ਦੇਸ਼ ਭਗਤ ਯੂਨੀਵਰਸਿਟੀ ਲਈ ਅੰਤਰਰਾਸ਼ਟਰੀ ਯੂਨੀਵਰਸਿਟੀਆਂ ਦੀ ਐਸੋਸੀਏਸ਼ਨ ਵਿੱਚ ਸ਼ਾਮਲ ਹੋਣਾ ਮਾਣ ਵਾਲੀ ਗੱਲ ਹੈ। ਇਹ ਮਾਨਤਾ ਸਾਡੀਆਂ ਕਦਰਾਂ-ਕੀਮਤਾਂ ਵਿੱਚ ਡੂੰਘੀਆਂ ਜੜ੍ਹਾਂ ਰੱਖਦੇ ਹੋਏ ਵਿਸ਼ਵ ਪੱਧਰੀ ਮਿਆਰਾਂ ਨੂੰ ਪੂਰਾ ਕਰਨ ਵਾਲੀ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਹ ਵਿਦਿਆਰਥੀਆਂ ਨੂੰ ਨਵੀਨਤਾਕਾਰੀ ਤੇ ਵਿਸਵ ਨੇਤਾ ਬਣਨ ਲਈ ਸਮਰੱਥ ਬਣਾਉਣ ਦੇ ਸਾਡੇ ਮਿਸ਼ਨ ਵਿੱਚ ਇੱਕ ਕਦਮ ਹੈ।'

## ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ

**ਮਾਨਸਾ (ਆਤਮਾ ਸਿੰਘ ਪਮਾਰ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਧਾਇਕ ਡਾ. ਵਿਜੈ ਸਿੰਗਲਾ ਦੁਆਰਾ ਪਿੰਡ ਸਮਾਓਂ, ਖੀਵਾ ਖੁਰਦ ਤੇ ਹੀਰੋ ਕਲਾਂ ਦੇ ਸਕੂਲਾਂ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਵਿਧਾਇਕ ਸਿੰਗਲਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੀ ਬਿਹਤਰੀ ਲਈ ਸਰਕਾਰ ਵਚਨਬੱਧ ਹੈ।ਸਕੂਲਾਂ ਵਿੱਚ ਕਿਸੇ ਕਿਸਮ ਦੀ ਕੋਈ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ। ਸਕੂਲਾਂ ਨੂੰ ਪਹਿਲ ਦੇ ਅਧਾਰ 'ਤੇ ਗ੍ਰਾਂਟਾਂ ਵੀ ਜਾਰੀ ਕੀਤੀਆਂ ਜਾ ਰਹੀਆਂ ਹਨ।ਵਿਧਾਇਕ ਨੇ ਸਰਕਾਰੀ ਪ੍ਰਾਇਮਰੀ ਸਕੂਲ ਸਮਾਓਂ ਵਿਖੇ 03 ਲੱਖ 76 ਹਜ਼ਾਰ ਰੁਪਏ, ਸਰਕਾਰੀ ਹਾਈ ਸਕੂਲ ਸਮਾਓਂ ਵਿਖੇ 10,11,250 ਰੁਪਏ ਤੇ ਸਰਕਾਰੀ ਪ੍ਰਾਇਮਰੀ ਸਕੂਲ ਖੀਵਾ ਖੁਰਦ ਵਿਖੇ 03 ਲੱਖ 40 ਹਜ਼ਾਰ ਰੁਪਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਹੀਰੋ ਕਲਾਂ ਵਿਖੇ 11 ਲੱਖ 70 ਹਜ਼ਾਰ ਰੁਪਏ ਦੀ ਲਾਗਤ ਨਾਲ ਹੋਏ ਵੱਖ ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।



## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਬੀਬੀ ਮਾਣੂੰਕੇ ਵੱਲੋਂ ਕੋਠੇ ਰਾਹਲਾਂ, ਅਗਵਾੜ ਲਧਾਈ ਤੇ ਅਗਵਾੜ ਗੁੱਜਰਾਂ 'ਚ ਜਲਸੇ

**ਜਗਰਾਉਂ (ਨਛੱਤਰ ਸੰਧੂ)**- ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਨੌਜੁਆਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹਲਕੇ ਦੇ ਪਿੰਡ ਕੋਠੇ ਰਾਹਲਾਂ, ਅਗਵਾੜ ਲਧਾਈ ਅਤੇ ਅਗਵਾੜ ਗੁੱਜਰਾਂ ਵਿੱਚ ਨਗਰ ਨਿਵਾਸੀਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ ਅਤੇ ਚਿੱਟੇ ਵਰਗੇ ਮਾਰੂ ਨਸ਼ਿਆਂ ਨੂੰ ਰੋਕਣ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਕੇ ਹੋਏ ਜਲਸੇ ਕੀਤੇ। ਇਹਨਾਂ ਪਿੰਡਾਂ ਦੇ ਰੱਖੇ ਗਏ ਵੱਖ-ਵੱਖ ਸਮਾਗਮਾਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਖਿਆ ਕਿ ਲੋਕੋ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਤੁਹਾਡੇ ਧੀਆਂ-ਪੁੱਤਰਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਈ ਹੈ, ਇਸ ਲਈ ਆਓ ਸਾਰੇ ਸਰਕਾਰ ਦਾ ਸਾਥ ਦੇ ਕੇ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰੀਏ। ਉਹਨਾਂ ਆਖਿਆ ਕਿ ਨਸ਼ਿਆਂ ਦੀ ਅੱਗ ਨੇ ਬਹੁਤ ਸਾਰੇ ਲੋਕਾਂ ਦੇ ਘਰ ਉਜਾੜ ਦਿੱਤੇ ਹਨ, ਮਾਂਵਾਂ ਵਿਲਕ ਰਹੀਆਂ ਹਨ ਅਤੇ 25-30 ਸਾਲ ਦੀਆਂ ਕੁੜੀਆਂ ਚਿੱਟੇ ਕਾਰਨ ਵਿਧਵਾ ਹੋ ਰਹੀਆਂ ਹਨ ਤੇ ਬੱਚੇ ਰੁਲ ਰਹੇ ਹਨ। ਇਹ ਪਿਛਲੀਆਂ ਸਰਕਾਰਾਂ ਦੇ ਬੀਜੇ ਹੋਏ ਕੰਡੇ ਹਨ, ਜੋ ਲੋਕਾਂ ਦੇ ਘਰ ਤਬਾਹ ਕਰ ਰਹੇ ਹਨ। ਉਹਨਾਂ ਨਸ਼ਾ ਸਮੱਗਲਰਾਂ ਨੂੰ ਸਖਤ ਤਾੜਨਾ ਕਰਦੇ ਹੋਏ ਆਖਿਆ ਕਿ ਜੇਕਰ ਕੋਈ ਨਸ਼ਾ ਤਸਕਰ ਸਖਤ ਕਾਰਵਾਈ ਲਈ ਤਿਆਰ ਰਹੇ, ਕਿਉਂਕਿ ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਨੂੰ ਟੰਗਣ ਲਈ ਪੂਰੀ ਵਿਉਂਤਬੰਦੀ ਨਾਲ ਤਿਆਰੀ ਕੀਤੀ ਹੋਈ ਹੈ। ਇਸ ਮੌਕੇ ਉਹਨਾਂ ਦੇ ਨਾਲ ਕੋਆਰਡੀਨੇਟਰ ਵਿਕਰਮਜੀਤ ਸਿੰਘ ਵਿੱਕੀ ਥਿੰਦ, ਸਿੱਖਿਆ ਕੋਆਰਡੀਨੇਟਰ ਮਾ.ਪਰਮਿੰਦਰ ਸਿੰਘ ਗਿੱਦੜਵਿੰਡੀ, ਯੂਥ ਪ੍ਰਧਾਨ ਸਤਿੰਦਰ ਸਿੰਘ ਗਾਲਿਬ, ਥਾਣਾ ਸਿਟੀ ਜਗਰਾਉਂ ਦੇ ਐਸ.ਐਚ.ਓ.ਵਰਿੰਦਰਪਾਲ ਸਿੰਘ ਉਪਲ ਆਦਿ ਵੀ ਨੇ ਵੀ ਲੋਕਾਂ ਨੂੰ ਮਾਰੂ ਨਸ਼ਿਆਂ ਦੇ ਖਾਤਮੇ ਲਈ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਛਿੰਦਰਪਾਲ ਸਿੰਘ ਮੀਨੀਆਂ, ਡਾ. ਜਸਵਿੰਦਰ ਸਿੰਘ ਲੋਪੋ, ਜਸਵੀਰ ਸਿੰਘ ਏ.ਪੀ.ਓ.,ਬਲਜਿੰਦਰ ਸਿੰਘ, ਸੈਕਟਰੀ ਨਰਿੰਦਰਵੀਰ ਸਿੰਘ, ਸੈਕਟਰੀ ਬਲਵੰਤ ਸਿੰਘ, ਪ੍ਰਮਾਤਮਾ ਸਿੰਘ ਟੀ.ਏ., ਸੈਕਟਰੀ ਰਾਜੇਸ਼ ਕੁਮਾਰ ਰਾਜੂ, ਸੈਕਟਰੀ ਜਗਦੇਵ ਸਿੰਘ ਧਾਲੀਵਾਲ, ਮਾ.ਜਤਿੰਦਰ ਸਹੋਤਾ, ਸਰਪੰਚ ਅਮਨਜੋਤ ਸਿੰਘ ਕੋਠੇ ਰਾਹਲਾਂ, ਜਗਪਾਲ ਸਿੰਘ ਪੰਚ, ਸਿਕੰਦਰ ਸਿੰਘ ਪੰਚ, ਤੇਜਿੰਦਰ ਸਿੰਘ ਪੰਚ, ਗਗਨਦੀਪ ਸਿੰਘ ਪੰਚ, ਸਾਬਕਾ ਸਰਪੰਚ ਗੁਰਚਰਨ ਸਿੰਘ, ਸਾਬਕਾ ਸਰਪੰਚ ਬਲਵੀਰ ਸਿੰਘ, ਨੰਬਰਦਾਰ ਦਿਲਬਾਗ ਸਿੰਘ, ਰੀਤ ਕੌਰ ਸਰਪੰਚ ਅਗਵਾੜ ਲਧਾਈ, ਸਵਰਨ ਸਿੰਘ ਪੰਚ, ਬੂਟਾ ਸਿੰਘ ਪੰਚ, ਜੀਤ ਸਿੰਘ, ਸਿਕੰਦਰ ਸਿੰਘ, ਹਰਪ੍ਰੀਤ ਸਿੰਘ ਸੋਨੀ ਸਰਪੰਚ ਕੋਠੇ ਖੰਜੂਰਾਂ, ਸਾਬਕਾ ਸਰਪੰਚ ਪਰਮਜੀਤ ਸਿੰਘ, ਸੋਨੀ ਪੰਚ, ਬਿਰਜੂ, ਰਾਜਿੰਦਰ ਸਿੰਘ ਲਾਲੀ, ਭਾਗ ਸਿੰਘ ਪੰਚ ਆਦਿ ਵੀ ਹਾਜ਼ਰ ਸਨ।



## ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਵੱਲੋਂ ਸੁਰਜੀਤ ਤਲਵਾਰ ਨਾਲ ਰੂਬਰੂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀ ਇਕਾਈ ਬਰਨਾਲਾ ਵੱਲੋਂ ਉੱਘੇ ਤਰਕਸ਼ੀਲ ਆਗੂ ਸੁਰਜੀਤ ਤਲਵਾਰ ਨਾਲ ਸਰਕਾਰੀ ਹਾਈ ਸਕੂਲ ਸਹੌਰ ਵਿਖੇ ਰੂ-ਬਰੂ ਕਰਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗੀਤਾਂ ਨਾਲ ਹੋਈ।ਸਮਾਗਮ ਦੇ ਆਰੰਭ ਵਿੱਚ ਅਧਿਆਪਕ ਮਨਪ੍ਰੀਤ ਸਿੰਘ ਕਹਿਲ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਸਕੂਲ ਵਿੱਚ ਹੁੰਦੀਆਂ ਸਾਹਿਤਕ ਤੇ ਸੱਭਿਆਚਾਰਕ ਬਾਰੇ ਜਾਣਕਾਰੀ ਦਿੱਤੀ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਿਹਾ ਕਿ ਸੰਘ ਵੱਲੋਂ ਪਿੰਡੋ-ਪਿੰਡੀ ਸਾਹਿਤ ਦੀ ਲੜੀ ਇਸ ਕਰਕੇ ਸ਼ੁਰੂ ਕੀਤੀ ਗਈ ਹੈ ਤਾਂ ਜੁ ਲੇਖਕ, ਪਾਠਕਾਂ ਦੇ ਅਤੇ ਪਾਠਕ, ਲੇਖਕਾਂ ਦੇ ਰੂ-ਬਰੂ ਹੋ ਸਕਣ।ਇਹ ਸਮਾਗਮ ਲੇਖਕਾਂ ਅਤੇ ਆਮ ਲੋਕਾਂ ਵਿਚ ਪਈ ਵਿਥ ਨੂੰ ਘਟਾਉਣ ਵਿਚ ਸਹਾਈ ਹੋਣਗੇ।ਸੁਰਜੀਤ ਤਲਵਾਰ ਨੇ ਕਿਹਾ ਕਿ ਮੈਂ ਬਚਪਨ ਤੋਂ ਹੀ ਵਿਗਿਆਨਕ ਸੋਚ ਦਾ ਧਾਰਨੀ ਰਿਹਾ ਹਾਂ।ਇਸੇ ਵਿਚਾਰਧਾਰਾ ਨੂੰ ਆਮ ਲੋਕਾਂ ਦੀ ਸੋਚ ਦਾ ਹਿੱਸਾ ਬਣਾਉਣ ਲਈ ਤਰਕਸ਼ੀਲ ਸਾਹਿਤ ਦੀ ਸਿਰਜਣਾ ਕੀਤੀ ਹੈ।ਮੈਂ ਬਿਨਾਂ ਕਿਸੇ ਸੁਆਰਥ ਤੋਂ ਪਿੰਡ-ਪਿੰਡ ਜਾ ਕੇ ਪਰਵਾਰਾਂ ਦੀ ਮੁਸ਼ਕਲਾਂ ਹੱਲ ਕਰਨ ਦਾ ਯਤਨ ਕਰਦਾ ਰਿਹਾ ਹਾਂ।ਮਾਸਟਰ ਰਜਿੰਦਰ ਭਦੌੜ ਨੇ ਆਪਣੇ ਜੀਵਨ ਦੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਕੁਝ ਚਾਲਾਕ ਕਿਸਮ ਦੇ ਲੋਕ ਅੱਜ ਵੀ ਸਾਡੇ ਆਮ ਲੋਕਾਂ ਨੂੰ ਵਹਿਮਾਂ ਭਰਮਾਂ ਦੇ ਚੱਕਰ ਵਿਚ ਪਾ ਕੇ ਲੁੱਟ ਰਹੇ ਹਨ।ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਵੱਲੋਂ ਆਰੰਭੀ ਗਈ ਇਹ ਮੁਹਿੰਮ ਸਹੀ ਅਰਥਾਂ ਵਿੱਚ ਸਾਹਿਤ ਦੇ ਮਕਸਦ ਨੂੰ ਇਕ ਲਹਿਰ ਬਣਾਉਣ ਵਿਚ ਸਹਾਈ ਸਿੱਧ ਹੋਵੇਗੀ।ਉਘੇ ਤਰਕਸ਼ੀਲ ਆਗੂ ਮੇਘ ਰਾਜ ਮਿੱਤਰ ਅਤੇ ਰਾਮ ਸਰੂਪ ਸ਼ਰਮਾ ਨੇ ਸਾਂਝੇ ਤੌਰ 'ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸੰਘ ਵੱਲੋਂ ਕਿਸੇ ਲੇਖਕ ਦਾ ਉਸ ਦੇ ਜੱਦੀ ਪਿੰਡ ਜਾ ਕੇ ਸਨਮਾਨ ਕਰਨਾ ਇਕ ਚੰਗੀ ਪਿਰਤ ਹੈ।

## ਚੀਫ਼ ਜਸਟਿਸ ਨਾਲ ਹੋਈ ਬੇਅਦਬੀ ਦੀ ਰਾਸ਼ਟਰੀ ਅਨੁਸੂਚਿਤ ਜਾਤੀ ਆਯੋਗ ਜਾਂਚ ਕਰੇ : ਅਟਵਾਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਭਾਰਤੀ ਸੁਪਰੀਮ ਕੋਰਟ ਦੇ ਮਾਨਯੋਗ ਮੁਖੀ ਜਸਟਿਸ ਡਾ. ਭੂਸ਼ਣ ਰਾਮਕ੍ਰਿਸ਼ਨ ਗਵਈ ਨਾਲ ਮਹਾਂਰਾਸ਼ਟਰ ਦੌਰੇ ਦੌਰਾਨ ਹੋਈ ਪ੍ਰੋਟੋਕੋਲ ਉਲੰਘਣਾ ਤੇ ਬੇਅਦਬੀ ਦੇ ਮਾਮਲੇ 'ਤੇ ਭਾਜਪਾ ਦੇ ਸੂਬਾ ਉਪ-ਪ੍ਰਧਾਨ ਇੰਦਰ ਇਕਬਾਲ ਸਿੰਘ ਅਟਵਾਲ ਨੇ ਰਾਸ਼ਟਰੀ ਅਨੁਸੂਚਿਤ ਜਾਤੀ ਆਯੋਗ ਕੋਲੋਂ ਜਾਂਚ ਦੀ ਮੰਗ ਕੀਤੀ ਹੈ। ਐੱਸ.ਸੀ./ਐੱਸ.ਟੀ. ਵਿਧਾਇਕਾਂ ਤੇ ਸੰਸਦ ਮੈਂਬਰਾਂ ਦੇ ਰਾਸ਼ਟਰੀ ਫੋਰਮ ਦੇ ਕਾਰਜਕਾਰੀ ਪ੍ਰਧਾਨ ਹੋਣ ਦੇ ਨਾਤੇ ਅਟਵਾਲ ਵੱਲੋਂ ਆਯੋਗ ਦੇ ਚੇਅਰਮੈਨ ਕਿਸ਼ੋਰ ਮਕਵਾਨਾ ਨੂੰ ਲਿਖੀ ਗਈ ਸ਼ਿਕਾਇਤ ਵਿਚ ਆਖਿਆ ਗਿਆ ਕਿ ਸੀ.ਜੇ.ਆਈ. ਗਵਈ, ਜੋ ਦਲਿਤ ਸਮਾਜ ਨਾਲ ਸਬੰਧਤ ਹਨ, ਦੇ ਮੁੰਬਈ ਦੌਰੇ ਦੌਰਾਨ ਰਾਜ ਦੇ ਮੁੱਖ ਸਕੱਤਰ, ਡੀ.ਜੀ.ਪੀ. ਜਾਂ ਪੁਲਸ ਕਮਿਸ਼ਨਰ ਵੱਲੋਂ ਲਾਜ਼ਮੀ ਸਵਾਗਤ ਨਾ ਕਰਨਾ, ਇੱਕ ਗੰਭੀਰ ਪ੍ਰੋਟੋਕੋਲ ਉਲੰਘਣਾ ਹੈ। ਅਟਵਾਲ ਨੇ ਦਾਅਵਾ ਕੀਤਾ ਕਿ ਇਹ ਕੇਵਲ ਪ੍ਰੋਟੋਕੋਲ ਦੀ ਲਾਪ੍ਰਵਾਹੀ ਨਹੀਂ, ਸਗੋਂ ਉੱਚ ਸੰਵਿਧਾਨਕ ਅਹੁਦੇ 'ਤੇ ਬੈਠੇ ਦਲਿਤ ਅਧਿਕਾਰੀ ਨਾਲ ਜਾਤੀ ਅਧਾਰਤ ਭੇਦਭਾਵ ਦੀ ਉਦਾਹਰਣ ਹੈ। ਉਨ੍ਹਾਂ ਨੇ ਆਯੋਗ ਨੂੰ ਅਪੀਲ ਕੀਤੀ ਕਿ ਮੁੱਖ ਸਕੱਤਰ, ਡੀ.ਜੀ.ਪੀ. ਤੇ ਹੋਰ ਜ਼ਿੰਮੇਵਾਰ ਅਧਿਕਾਰੀਆਂ ਨੂੰ ਤਲਬ ਕਰਕੇ ਜਾਂਚ ਕੀਤੀ ਜਾਵੇ ਤੇ ਦੋਸ਼ ਸਾਬਤ ਹੋਣ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਅਟਵਾਲ ਨੇ ਕਿਹਾ ਕਿ ਸੰਵਿਧਾਨ ਦੇ ਆਰਟੀਕਲ 17 ਦੇ ਤਹਿਤ ਮਿਲੇ ਹੱਕਾਂ ਦੀ ਇਹ ਸਰਾਸਰ ਉਲੰਘਣਾ ਹੈ ਤੇ ਦਲਿਤ ਸਮਾਜ ਵਿੱਚ ਇਸ ਘਟਨਾ ਕਾਰਨ ਗਹਿਰੀ ਨਾਰਾਜ਼ਗੀ ਹੈ। ਅਟਵਾਲ ਨੇ ਅਖੀਰ 'ਚ ਕਿਹਾ ਕਿ ਇਹ ਮਾਮਲਾ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਸੰਵਿਧਾਨਕ ਅਦਾਲਤੀ ਸੰਸਥਾ ਤੇ ਦਲਿਤ ਸਮਾਜ ਦੀ ਇਜ਼ਤ ਨਾਲ ਜੁੜਿਆ ਹੋਇਆ ਹੈ, ਜਿਸ ਦੀ ਰਾਸ਼ਟਰੀ ਪੱਧਰ 'ਤੇ ਜਾਂਚ ਹੋਣੀ ਚਾਹੀਦੀ ਹੈ।

## ਭਾਈ ਘਨ੍ਹੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਨੇ ਵਾਤਾਵਰਣ ਤੇ ਪਾਣੀ ਸੰਬੰਧੀ ਸੈਮੀਨਾਰ ਕਰਾਇਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਪਿੰਡ ਅਰਾਈਆਂ ਵਾਲਾ ਕਲਾਂ ਵਿਖੇ ਭਾਈ ਘਨ੍ਹੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਵੱਲੋਂ ਵਾਤਾਵਰਣ ਪਲੀਤ ਹੋਣ ਤੇ ਹੋਰ ਸਮਾਜਿਕ ਬੁਰਾਈਆ ਦੇ ਖਾਤਮੇ ਸਬੰਧੀ ਸੈਮੀਨਾਰ ਕਰਾਇਆ ਗਿਆ। ਇਹ ਸੈਮੀਨਾਰ ਭਾਈ ਘਨ੍ਹੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਦੇ ਸੰਸਥਾਪਕ ਗੁਰਪ੍ਰੀਤ ਸਿੰਘ ਚੰਦਬਾਜਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗਰੁੱਪ ਆਫ਼ ਫੈਮਿਲੀਜ ਬਰੈਂਪਟਨ (ਕੈਨੇਡਾ) ਕੋਟਕਪੂਰਾ ਦੇ ਸਹਿਯੋਗ ਨਾਲ ਸਿਹਤ, ਸਿੱਖਿਆ, ਵਾਤਾਵਰਣ ਤੇ ਸਿਹਤਮੰਦ ਪੰਜਾਬ ਸਬੰਧੀ ਸਕੂਲੀ ਬੱਚਿਆਂ ਨੂੰ ਸੈਮੀਨਾਰ ਰਾਹੀ ਵਾਤਵਰਣ, ਪਾਣੀ ਤੇ ਹਵਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਹਰਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਨੇ ਦੱਸਿਆ ਕਿ ਸੰਸਥਾ ਵਾਤਾਵਰਣ ਸਬੰਧੀ, ਕੈਂਸਰ ਸਬੰਧੀ ਤੇ ਹੋਰ ਸਮਾਜਿਕ ਬੁਰਾਈਆਂ ਖਿਲਾਫ਼ ਆਵਾਜ਼ ਚੁੱਕਣ ਲਈ, ਧਰਤੀ, ਹਵਾ, ਪਾਣੀ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਸੰਸਥਾ ਵਡਮੁੱਲਾ ਯੋਗਦਾਨ ਪਾ ਰਹੀ ਹੈ।ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਸੈਮੀਨਾਰ ਕਰਕੇ ਬੱਚਿਆਂ ਨੂੰ ਸਮਾਜਿਕ ਬੁਰਾਈਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਬੱਚਿਆਂ ਨੂੰ ਗਰੁੱਪ ਆਫ ਫੈਮਿਲੀਜ ਬਰੈਂਪਟਨ (ਕੈਨੇਡਾ) ਕੋਟਕਪੂਰਾ ਦੇ ਸਹਿਯੋਗ ਨਾਲ ਭਾਈ ਘਨ੍ਹੱਈਆ ਕੈਂਸਰ ਰੋਕੋ ਸੇਵਾ ਸੋਸਾਇਟੀ ਵੱਲੋਂ ਜਾਗਰੂਕਤਾ ਸਬੰਧੀ ਕਾਪੀਆਂ ਬੱਚਿਆਂ ਨੂੰ ਦਿੱਤੀਆਂ ਗਈਆਂ। ਕਾਰਜਕਾਰੀ ਪ੍ਰਧਾਨ ਮੱਘਰ ਸਿੰਘ ਨੇ ਕੋਟਕਪੂਰਾ ਗਰੁੱਪ ਆਫ਼ ਫ਼ੈਮਿਲੀਸ ਕੈਨੇਡਾ ਦਾ ਧੰਨਵਾਦ ਕੀਤਾ ਤੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਇਸ ਸੰਸਥਾ ਵੱਲੋਂ ਸੁਸਾਇਟੀ ਨੂੰ ਕਾਪੀਆਂ ਦੀ ਸੇਵਾ ਕੀਤਾ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਸੰਸਥਾ ਪਿਛਲੇ 18 ਸਾਲਾਂ ਤੋਂ ਕੈਂਸਰ ਦੀ ਰੋਕਥਾਮ, ਇਲਾਜ ਤੇ ਦਵਾਈਆ ਬਾਰੇ ਕੰਮ ਕਰ ਰਹੀ ਹੈ । ਉਹਨਾਂ ਦੱਸਿਆ ਕਿ ਸੰਸਥਾ ਦੇ ਉਪਰਾਲੇ ਸਦਕਾ ਹੀ ਕੈਂਸਰ ਰਾਹਤ ਫੰਡ 150000 ਰੁਪਏ ਤੱਕ ਮੁਫ਼ਤ ਇਲਾਜ, ਦਵਾਈਆਂ ਵਿੱਚ ਐਮ ਆਰ ਪੀ ਦੇ ਨਾਂਅ 'ਤੇ ਹੁੰਦੀ ਲੁੱਟ ਰੋਕਣ ਲਈ ਮਾਨਯੋਗ ਹਾਈਕੋਰਟ ਰਾਹੀਂ 150 ਦਵਾਈਆਂ ਦੇ ਰੇਟ ਨਿਰਧਾਰਤ ਕਰਾਏ।ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਲੋੜਵੰਦ ਕੈਂਸਰ ਪੀੜਤ ਪਰਿਵਾਰਾਂ ਦੀ ਆਰਥਿਕ ਸਹਾਇਤਾ ਵੀ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਲਗਾਤਾਰ ਮਾਨਵਤਾ ਭਲਾਈ ਲਈ ਕਾਰਜ ਜਾਰੀ ਰਹਿਣਗੇ।

## ਲੜਕੀ ਨਾਲ ਬਦਸਲੂਕੀ ਕਰਨ ਵਾਲੇ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਘਰ ਜਾਣ ਲਈ ਆਟੋ ਦਾ ਇੰਤਜ਼ਾਰ ਕਰ ਰਹੀ ਇੱਕ ਲੜਕੀ ਨਾਲ ਬਦਸਲੂਕੀ ਕਰਨ ਦੇ ਦੋਸ਼ ਹੇਠ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਪੀੜਤ ਲੜਕੀ ਨੇ ਦੱਸਿਆ ਕਿ ਉਹ ਮੋਹਾਲੀ ਵਿਖੇ ਨੌਕਰੀ ਕਰਦੀ ਹੈ, ਜਿੱਥੋਂ ਵਾਪਸ ਘਰ ਨੂੰ ਪਰਤਦੇ ਸਮੇਂ ਜਦੋਂ ਉਹ ਬਡਾਲੀ ਆਲਾ ਸਿੰਘ ਵਿਖੇ ਖੜ੍ਹ ਕੇ ਆਟੋ ਰਿਕਸ਼ਾ ਦਾ ਇੰਤਜ਼ਾਰ ਕਰ ਰਹੀ ਸੀ ਤਾਂ ਮੋਟਰਸਾਈਕਲ 'ਤੇ ਸਵਾਰ ਦੋ ਵਿਅਕਤੀ ਉਸ ਕੋਲ ਆ ਕੇ ਕਹਿਣ ਲੱਗੇ ਕਿ ਆਜਾ ਸਾਡੇ ਮੋਟਰਸਾਈਕਲ ਵਿਚਾਲੇ ਬੈਠ ਜਾ ਤੈਨੂੰ ਅਸੀਂ ਲੈ ਚੱਲਦੇ ਹਾਂ। ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਉਕਤ ਮੋਟਰਸਾਈਕਲ ਸਵਾਰਾਂ ਨੇ ਉਸ ਨੂੰ ਗੰਦੇ ਸ਼ਬਦ ਬੋਲੇ, ਜਿਸ ਤੋਂ ਬਾਅਦ ਲੋਕਾਂ ਦਾ ਮੌਕੇ 'ਤੇ ਇਕੱਠ ਹੋਣ ਲੱਗ ਪਿਆ ਤੇ ਉਹ ਮੋਟਰਸਾਈਕਲ ਲੈ ਕੇ ਉੱਥੋਂ ਭੱਜ ਗਏ।ਇਸ ਸਬੰਧੀ ਥਾਣਾ ਬਡਾਲੀ ਆਲਾ ਸਿੰਘ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਅਮਨਪ੍ਰੀਤ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰਕੇ ਖੇੜਾ ਪੁਲਸ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਬਲਜਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਵਿਧਾਇਕ ਪੰਡੋਰੀ ਲਗਾਤਾਰ ਚੌਥੀ ਵਾਰ ਬਣੇ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਅਹਿਮ ਨਿਯੁਕਤੀ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਲਗਾਤਾਰ ਚੌਥੀ ਵਾਰ ਵਿਸ਼ੇਸ਼ ਅਧਿਕਾਰ ਕਮੇਟੀ ਪੰਜਾਬ ਵਿਧਾਨ ਸਭਾ, ਚੰਡੀਗੜ੍ਹ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਵਿਧਾਇਕ ਕੁਲਵੰਤ ਸਿੰਘ ਪੰਡੋਰੀ ਪਿਛਲੇ ਤਿੰਨ ਸਾਲਾਂ ਤੋਂ ਲਗਾਤਾਰ ਪੰਜਾਬ ਵਿਧਾਨ ਸਭਾ, ਚੰਡੀਗੜ੍ਹ ਦੀ ਸਭ ਤੋਂ ਸ਼ਕਤੀਸ਼ਾਲੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਵਜੋਂ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਆ ਰਹੇ ਹਨ।ਪੰਜਾਬ ਵਿਧਾਨ ਸਭਾ ਦੇ ਇਤਿਹਾਸ 'ਚ ਇਹ ਪਹਿਲਾ ਮੌਕਾ ਹੈ ਕਿ ਕਿਸੇ ਵਿਧਾਇਕ ਨੂੰ ਲਗਾਤਾਰ ਚੌਥੀ ਵਾਰ ਇਸ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਹੋਵੇ।ਜ਼ਿਕਰਯੋਗ ਹੈ ਕਿ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਆਪਣੇ ਪਿਛਲੇ ਤਿੰਨ ਸਾਲਾਂ ਦੇ ਕਾਰਜ ਕਾਲ ਦੌਰਾਨ ਆਪਣੀ ਸੂਝ-ਬੂਝ ਤੇ ਲਿਆਕਤ ਦੇ ਸਦਕਾ ਪੰਜਾਬ ਰਾਜ ਵਿਧਾਇਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਸਮੇਂ ਸਿਰ ਕਰਨ ਅਤੇ ਅਫਸਰਸ਼ਾਹੀ ਨੂੰ ਲੋਕਾਂ ਦੀ ਸੇਵਾ ਪ੍ਰਤੀ ਜਵਾਬਦੇਹ ਦੇ ਬਣਾਉਣ ਲਈ ਵੱਖ-ਵੱਖ ਅਧਿਕਾਰੀਆਂ ਨੂੰ ਤਲਬ ਕੀਤਾ ਹੈ।ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਲਗਾਤਾਰ ਚੌਥੀ ਵਾਰ ਸੌਂਪੀ ਇਸ ਜ਼ਿੰਮੇਵਾਰੀ ਨੂੰ ਪਹਿਲਾਂ ਨਾਲੋਂ ਵੀ ਵਧੇਰੇ ਤਨਦੇਹੀ ਨਾਲ ਨਿਭਾਉਣ ਲਈ ਯਤਨਸ਼ੀਲ ਰਹਿਣਗੇ।

## ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਤੇ ਪੂਸਾ-44 ਦੇ ਬੀਜ ਦੀ ਪਾਬੰਦੀ ਸੰਬੰਧੀ ਚੈਕਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਜਸਵੰਤ ਸਿੰਘ, ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਹੁਕਮਾਂ ਤਹਿਤ ਸਾਉਣੀ-2025 ਦੌਰਾਨ ਸੂਬੇ ਵਿੱਚ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਬੀਜ ਦੀ ਵਿਕਰੀ/ਬਿਜਾਈ ਤੇ ਪੂਰਨ ਪਾਬੰਦੀ ਲਗਾਈ ਗਈ ਹੈ।ਜ਼ਿਲ੍ਹੇ ਅਧੀਨ ਗਠਿਤ ਜ਼ਿਲ੍ਹਾ ਪੱਧਰੀ ਤੇ ਬਲਾਕ ਪੱਧਰੀ ਟੀਮ ਵੱਲੋਂ ਬਲਾਕ ਮਲੋਟ ਦੀਆਂ ਬੀਜ ਫਰਮਾਂ ਦੀ ਚੈਕਿੰਗ ਕੀਤੀ ਗਈ। ਡਾ. ਕਰਨਜੀਤ ਸਿੰਘ ਗਿੱਲ, ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਬੀਜ ਵਿਕਰੇਤਾ ਨੂੰ ਹਦਾਇਤ ਕੀਤੀ ਗਈ ਕਿ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਤੇ ਪੂਸਾ-44 ਦੇ ਬੀਜਾਂ ਦੀ ਸੇਲ ਨਾ ਕੀਤੀ ਜਾਵੇ।ਜੇਕਰ ਕੋਈ ਵੀ ਡੀਲਰ ਇਸ ਦੀ ਉਲੰਘਣਾ ਕਰਦਾ ਹੈ ਤਾਂ ਉਸ ਖਿਲਾਫ਼ ਬੀਜ ਐਕਟ ਅਧੀਨ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਇਸ ਸਾਲ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਦੀ ਬਿਜਾਈ ਤੋਂ ਗੁਰੇਜ਼ ਕਰਨ।



## ਪੌੜ ਗੋਤ ਦੇ ਜਠੇਰਿਆਂ ਦਾ ਸਾਲਾਨਾ ਮੇਲਾ 25 ਨੂੰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੌੜ ਗੋਤ ਦੇ ਜਠੇਰਿਆਂ ਦਾ ਮੇਲਾ 25 ਮਈ ਨੂੰ ਨਹਿਰ ਕਿਨਾਰੇ ਪੈਂਦੇ ਪਿੰਡ ਕੀੜੀ ਅਫ਼ਗਾਨਾ (ਨੇੜੇ ਬਹਿਲੋਲਪੁਰ) ਵਿਖੇ ਕਰਾਇਆ ਜਾ ਰਿਹਾ ਹੈ। ਚੇਅਰਮੈਨ ਬਿਸ਼ਨ ਦਾਸ ਮਜਾਰੀ, ਮੁੱਖ ਸੇਵਾਦਾਰ ਨਿਰਮਲ ਸਿੰਘ, ਚੌਧਰੀ ਕਿਰਪਾ ਰਾਮ ਕੰਘਾ, ਡਾਇਰੈਕਟਰ ਗੁਰਮੁਖ ਦੀਪ ਤੇ ਸੁਖਵੀਰ ਸਿੰਘ ਨੇ ਦੱਸਿਆ ਕਿ ਮੇਲੇ ਵਿੱਚ 25 ਮਈ ਨੂੰ ਸਵੇਰੇ 9 ਵਜੇ ਝੰਡਾ ਚੜ੍ਹਾਉਣ ਦੀ ਰਸਮ ਤੇ ਪਿੱਤਰ ਪੂਜਾ ਹੋਵੇਗੀ, ਜਦਕਿ 11 ਵਜੇ ਤੋਂ ਪ੍ਰਸਿੱਧ ਗਾਇਕ ਜੱਸਾ ਫ਼ਤਹਿਪੁਰੀਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਸਮਾਗਮ ਵਿੱਚ ਜਸਵੀਰ ਸਿੰਘ ਗੜ੍ਹੀ ਚੇਅਰਮੈਨ ਅਨੁਸੂਚਿਤ ਜਾਤੀ ਕਮਿਸ਼ਨ ਪੰਜਾਬ ਤੇ ਉੱਘੇ ਮਹਾਂਪੁਰਸ਼ ਗੁਲਾਮ ਪੰਮੇ ਸ਼ਾਹ ਵੀ ਉਚੇਚੇ ਤੌਰ 'ਤੇ ਪਹੁੰਚਣਗੇ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਏ ਜਾਣਗੇ।

## ਭਾਜਪਾ ਬੁੱਧੀਜੀਵੀ ਸੈੱਲ ਨੇ ਲਾਈਆਂ ਵਰਕਸ਼ਾਪਾਂ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਭਾਜਪਾ ਬੁੱਧੀਜੀਵੀ ਸੈੱਲ ਦੀਆਂ ਦੋ ਸੰਪੂਰਨ ਵਰਕਸ਼ਾਪਾਂ ਮਾਨਯੋਗ ਸੰਗਠਨ ਇੰਚਾਰਜ ਜਨਰਲ ਸਕੱਤਰ ਪੰਜਾਬ ਤੇ ਚੰਡੀਗੜ੍ਹ ਮੰਤਰੀ ਸ੍ਰੀ ਸ੍ਰੀਨਿਵਾਸਲੂ ਜੀ ਅਤੇ ਸਟੇਟ ਕਨਵੀਨਰ ਸ੍ਰੀ ਪੀ ਕੇ ਐਸ ਭਾਰਦਵਾਜ ਦੀ ਅਗਵਾਈ ਹੇਠ ਬੁੱਧੀਜੀਵੀ ਸੈੱਲ ਦੇ ਦਫ਼ਤਰ ਵਿਖੇ ਆਯੋਜਤ ਕੀਤੀਆਂ ਗਈਆਂ। ਇਸ ਭਾਜਪਾ ਬੁੱਧੀਜੀਵੀ ਸੈੱਲ ਦੀ ਪਹਿਲੀ ਵਰਕਸ਼ਾਪ ਦੀ ਪ੍ਰਧਾਨਗੀ ਡਾਕਟਰ ਆਸ਼ੀਸ਼ ਸ਼ਰਮਾ ਅਤੇ ਡਾਕਟਰ ਕਰਨ ਸ਼ਰਮਾ ਨੇ ਕੀਤੀ। ਵਰਕਸ਼ਾਪ ਵਿੱਚ ਪੰਜਾਬ ਅਤੇ ਪੀਜੀਆਈ ਵਰਗੇ ਵੱਡੇ ਅਦਾਰਿਆਂ ਵਿੱਚ ਸਿਹਤ ਸੰਭਾਲ ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ ਚਰਚਾਂ ਕੀਤੀ ਗਈ ਤੇ ਦਵਾਈਆਂ ਦੀ ਘੱਟੋ ਘੱਟ ਵਰਤੋਂ ਕਰਕੇ ਸਰੀਰ ਨੂੰ ਸਿਹਤਮੰਦ ਬਣਾਉਣ ਲਈ ਕਸਰਤਾਂ ਅਤੇ ਸੰਤੁਲਤ ਖੁਰਾਕ ਦੀਆਂ ਜੀਵਨ ਸੈਲੀ ਅਪਨਾਉਣ ਦੀ ਮਹੱਤਤਾ 'ਤੇ ਚਾਨਣਾ ਪਾਇਆ ਗਿਆ।ਇਸ ਦੇ ਨਾਲ ਹੀ ਦੂਜੀ ਵਰਕਸ਼ਾਪ ਪ੍ਰਸਿੱਧ ਸਿੱਖਿਆ ਸ਼ਾਸਤਰੀ ਡਾਕਟਰ ਰਾਜ ਮਲੋਹਤਰਾ ਦੀ ਅਗਵਾਈ ਵਿੱਚ ਲਾਈ ਗਈ। ਉਨ੍ਹਾਂ ਦੱਸਿਆ ਕਿ ਸਾਨੂੰ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਉਤਸ਼ਾਹਤ ਕਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਬੀਆਈਸੀ ਪਰਿਵਾਰਾਂ ਅਤੇ ਉਹਨਾਂ ਦੇ ਵਿਦਿਆਰਥੀਆਂ ਲਈ ਮੁਫਤ ਟੈਸਟ ਅਤੇ ਸਿਖਲਾਈ ਵੀ ਦਿੱਤੀ ਜਾਵੇਗੀ।ਇਸ ਦੇ ਨਾਲ ਹੀ ਵਿਸ਼ਵ ਪ੍ਰਸਿੱਧ ਪਰਿਵਾਰ ਦੇ ਮੁੱਖੀ ਸ੍ਰੀ ਨਿਤਾਸ਼ ਖੰਨਾ ਜੀ ਸਟੇਟ ਕੋ ਕਨਵੀਨਰ ਅਤੇ ਜਰਨਲ ਸਕੱਤਰ ਬੀਆਈਸੀ ਨੇ ਬੁੱਧੀਜੀਵੀ ਸੈੱਲ ਦੇ ਕਾਰਜਾਂ ਨੂੰ ਮਜਬੂਤ ਕਰਨ ਲਈ 31 ਦਸੰਬਰ 2025 ਤੱਕ 50 ਹਜ਼ਾਰ ਮੈਂਬਰਾਂ ਤੱਕ ਦੇ ਸੰਗਠਨਾਤਮਕ ਢਾਂਚੇ ਨੂੰ ਸਥਾਪਤ ਕਰਕੇ 2027 ਵਿੱਚ ਪੂਰੇ ਦੇਸ਼ ਅੰਦਰ ਅਤੇ ਪੰਜਾਬ ਅੰਦਰ ਭਾਜਪਾ ਸਰਕਾਰ ਬਣਾਉਣ ਦੀ ਘੋਸ਼ਣਾ ਕੀਤੀ।ਇਸ ਦੋਵੇਂ ਵਰਕਸ਼ਾਪਾਂ ਵਿੱਚ ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਬੁੱਧੀਜੀਵੀ ਸੈੱਲ ਦੇ ਕਨਵੀਨਰ ਮੁਨੀਸ਼ ਵਰਮਾ ਨੇ ਸ਼ਮੂਲੀਅਤ ਕੀਤੀ ਤੇ ਬੁੱਧੀਜੀਵੀ ਸੈੱਲ ਦੇ ਸਾਰੇ ਆਗੂ ਸਾਹਿਬਾਨਾਂ ਨੂੰ ਸੰਬੋਧਨ ਕੀਤਾ ਤੇ ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਭਾਜਪਾ ਪਾਰਟੀ ਦੇ ਅੰਦਰ ਪਾਰਟੀ ਦੀ ਮਜ਼ਬੂਤੀ ਲਈ ਜੋ ਬੁੱਧੀਜੀਵੀ ਸੈੱਲ ਬਣਾਇਆ ਗਿਆ ਹੈ, ਉਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਅਜਿਹੀਆਂ ਵਰਕਸ਼ਾਪਾਂ ਪੂਰੇ ਦੇਸ਼ ਅੰਦਰ ਲੱਗਦੀਆ ਰਹਿਣਗੀਆਂ, ਕਿਉਂਕਿ ਭਾਜਪਾ ਪਾਰਟੀ ਦੂਰ ਅੰਦੇਸ਼ੀ ਸੋਚ ਲੈ ਕੇ ਪੰਜਾਬ ਨੂੰ ਬੁਲੰਦੀਆਂ ਤੇ ਲੈ ਕੇ ਜਾਣਾ ਚਾਹੁੰਦੀ ਹੈ ਅਤੇ ਬੁੱਧੀਜੀਵੀ ਦੇ ਕਨਵੀਨਰ ਅਤੇ ਆਗੂ ਸਾਹਿਬਾਨ ਸਮੇਂ ਸਮੇਂ ਤੇ ਸਮਾਜ ਦੇ ਲੋਕਾਂ ਦੀਆਂ ਮੁਸਕਿਲਾਂ ਹੱਲ ਕਰਨ ਲਈ ਆਪਣੇ ਸੁਝਾਅ ਪਾਰਟੀ ਨੂੰ ਦਿੰਦੇ ਰਹਿਣਗੇ।

## ਬਾਬਾ ਨਾਮਦੇਵ ਭਵਨ 'ਚ ਕਰਾਇਆ ਧਾਰਮਿਕ ਸਮਾਗਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਟਾਂਕ ਕਸ਼ੱਤਰੀ ਸਭਾ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਅਮਰ ਦਾਸ ਜੀ ਦੇ ਪਵਿੱਤਰ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਥਾਨਕ ਕੱਚਾ ਥਾਂਦੇਵਾਲਾ ਰੋਡ 'ਤੇ ਸਥਿਤ ਬਾਬਾ ਨਾਮਦੇਵ ਭਵਨ ਵਿਖੇ ਧਾਰਮਿਕ ਸਮਾਗਮ ਕਰਾਇਆ ਗਿਆ। ਇਸ ਮੌਕੇ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਜਾਪ ਕੀਤਾ ਗਿਆ। ਭਵਨ ਦੇ ਹੈੱਡ ਗ੍ਰੰਥੀ ਭਾਈ ਰਛਪਾਲ ਸਿੰਘ ਬਾਵਾ ਵਲੋਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਸਮਾਗਮ ਦੌਰਾਨ ਜੁੜੀਆਂ ਸੰਗਤਾਂ ਨੂੰ ਸਬੋਧਨ ਕਰਦਿਆਂ ਟਾਂਕ ਕਸ਼ੱਤਰੀ ਸਭਾ ਦੇ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਨੇ ਸ੍ਰੀ ਗੁਰੂ ਅਮਰ ਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ ਤੇ ਕਿਹਾ ਸਾਨੂੰ ਗੁਰੂਆਂ ਵੱਲੋਂ ਵਿਖਾਏ ਰਸਤੇ 'ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾ ਸਕਦੇ ਹੋ। ਇਸ ਸਮਾਗਮ ਵਿੱਚ ਰਾਮਗੜ੍ਹੀਆਂ ਸਿੱਖ ਫਾਊਡੇਸ਼ਨ ਦੇ ਪ੍ਰਧਾਨ ਅਮਰੀਕ ਸਿੰਘ ਸੈਕਟਰੀ ਰਜਿੰਦਰ ਸਿੰਘ, ਸਾਹਿਤਕਾਰ ਜਸਵੀਰ ਸ਼ਰਮਾ ਦੱਦਾਹੂਰ ਤੇ ਬਲਜੀਤ ਸਿੰਘ ਨੇ ਹਾਜ਼ਰੀ ਲਵਾਈ। ਇਸ ਮੌਕੇ ਰਾਮਗੜ੍ਹੀਆ ਸਿੱਖ ਫਾਊਂਡੇਸ਼ਨ ਦੇ ਸੈਕਟਰੀ ਰਜਿੰਦਰ ਸਿੰਘ ਨੇ ਕਿਹਾ ਕਿ ਆਪ ਸਾਰੇ ਕਰਮਾਂ ਵਾਲੇ ਹੋ, ਜੋ ਗੁਰੂ ਸਾਹਿਬਾਨਾਂ ਦੇ ਦਿਹਾੜੇ ਬੜੀ ਸ਼ਾਨੋ ਸ਼ੌਕਤ ਨਾਲ ਮਨਾ ਰਹੇ ਹਨ। ਸਭਾ ਦੇ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਅਤੇ ਸਾਰੀ ਪ੍ਰਬੰਧਕ ਕਮੇਟੀ ਨੂੰ ਰਾਮਗੜ੍ਹੀਆ ਸਿੱਖ ਫਾਊਂਡੇਸ਼ਨ ਵੱਲੋਂ ਸਿਰੋਪਾਉ ਦੀ ਬਖਸਿਸ਼ ਨਾਲ ਸਤਿਗੁਰਾਂ ਦੀ ਹਜ਼ੂਰੀ ਅੰਦਰ ਸਨਮਾਨਤ ਕੀਤਾ। ਸਮਾਗਮ ਦੇ ਮੁੱਖ ਪ੍ਰਬੰਧਕ ਪਰੀਤਮ ਸਿੰਘ ਤੱਗੜ ਨੂੰ ਵਿਸ਼ੇਸ ਤੌਰ 'ਤੇ ਸਨਮਾਨਤ ਕੀਤਾ। ਇਹ ਸਮਾਗਮ ਪਰਵਾਰ ਵੱਲੋਂ ਸਭਾ ਦੇ ਸਾਬਕਾ ਪ੍ਰਧਾਨ ਰਾਜਵਿੰਦਰ ਸਿੰਘ ਤੱਗੜ ਦੇ ਵਿਦੇਸ਼ ਵਿੱਚ ਜਾਣ ਦੀ ਖੁਸ਼ੀ ਵਿੱਚ ਰੱਖਿਆ ਗਿਆ।

## ਦੇਸ਼ ਭਗਤ ਗਲੋਬਲ ਸਕੂਲ 'ਚ ਨਸ਼ਿਆਂ ਸੰਬੰਧੀ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਦੇਸ਼ ਭਗਤ ਗਲੋਬਲ ਸਕੂਲ, ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਦੀ ਯੋਗ ਅਗਵਾਈ ਹੇਠ ਸਕੂਲ ਵੱਲੋਂ ਨਸ਼ਿਆਂ ਨੂੰ ਕਹੋ ਨਾਂਹ ਸਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਅਧਿਆਪਕਾਂ ਨੇ ਨਸ਼ਿਆਂ ਦੇ ਵਧ ਰਹੇ ਦਿਨੋ ਦਿਨ ਪ੍ਰਭਾਵ ਨੂੰ ਰੋਕਣ ਅਤੇ ਉਸ ਤੋਂ ਹੋਣ ਵਾਲੇ ਨੁਕਸਾਨ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ। ਉਹਨਾਂ ਨੂੰ ਦੱਸਿਆ ਕਿ ਨਸ਼ੇ ਸਾਨੂੰ ਸਮਾਜਿਕ ਹੀ ਨਹੀਂ ਬਲਕਿ ਆਰਥਿਕ ਅਤੇ ਮਾਨਸਿਕ ਤੌਰ 'ਤੇ ਵੀ ਖੋਖਲਾ ਕਰ ਦਿੰਦੇ ਹਨ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਹਨਾਂ ਨੂੰ ਵੱਧ ਤੋਂ ਵੱਧ ਖੇਡਾਂ, ਕਲਾ ਅਤੇ ਸੰਗੀਤ ਆਦਿ ਗਤੀਵਿਧੀਆਂ ਵੱਲ ਆਕਰਸ਼ਿਤ ਕਰਨ ਦੀ ਲੋੜ ਹੈ ਤਾਂ ਜੋ ਬੱਚਿਆਂ ਦਾ ਰੁਝਾਨ ਨਸ਼ਿਆਂ ਵੱਲ ਨਾ ਹੋ ਸਕੇ। ਉਨਾਂ ਮਾਪਿਆਂ ਅਤੇ ਬੱਚਿਆਂ ਨੂੰ ਭਰੋਸਾ ਦਿਵਾਇਆ ਕਿ ਅਸੀਂ ਅੱਗੇ ਤੋਂ ਵੀ ਆਪਣੇ ਬੱਚਿਆਂ ਦਾ ਸਹੀ ਮਾਰਗ ਦਰਸ਼ਨ ਕਰਨ ਲਈ ਨਸ਼ਿਆਂ ਪ੍ਰਤੀ ਸੁਚੇਤ ਕਰਦੇ ਰਹਾਂਗੇ ਅਤੇ ਇਹੋ ਜਿਹੇ ਹੋਰ ਵੀ ਸੈਮੀਨਾਰ ਅਤੇ ਗਤੀਵਿਧੀਆਂ ਵੀ ਕਰਵਾਉਂਦੇ ਰਹਾਂਗੇ। ਸੈਮੀਨਾਰ ਦੇ ਅਖੀਰ ਵਿੱਚ ਬੱਚਿਆਂ ਅਤੇ ਅਧਿਆਪਕਾਂ ਨੇ ਮਿਲ ਕੇ ਸੌਂਹ ਖਾਧੀ ਕੇ ਅਸੀਂ ਨਸ਼ਿਆਂ ਨੂੰ ਜੜ੍ਹ ਤੋਂ ਮੁਕਾ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਵਾਂਗੇ ਅਤੇ ਨਸ਼ਿਆਂ ਨੂੰ ਨਾਂਹ ਕਹਾਂਗੇ।

## ਵਿਦਿਆਰਥੀਆਂ ਲਈ ਸਖਤ ਮਿਹਨਤ ਹੀ ਸਫ਼ਲਤਾ ਦਾ ਰਾਜ਼ : ਡਿਪਟੀ ਕਮਿਸ਼ਨਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)** ਵਿਦਿਆਰਥੀਆਂ ਲਈ ਸਖਤ ਮਿਹਨਤ ਹੀ ਸਫਲਤਾ ਦਾ ਰਾਜ ਹੈ, ਉਹ ਜ਼ਿੰਦਗੀ ਵਿੱਚ ਸਖਤ ਮਿਹਨਤ ਕਰਕੇ ਹੀ ਤਰੱਕੀ ਦੀਆਂ ਮੰਜ਼ਿਲਾਂ ਪਾ ਸਕਦੇ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ ਪਿੰਡ ਕੋਟਸ਼ਮੀਰ ਦੇ ਸਕੂਲ ਆਫ਼ ਐਮੀਨੈਂਸ ਵਿਖੇ ਮੈਂਟਰਸਿਪ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨਾਲ ਗੱਲ-ਬਾਤ ਕਰਦਿਆਂ ਕੀਤਾ।ਉਨ੍ਹਾਂ ਵਿਦਿਆਰਥੀਆਂ ਦੇ ਗਿਆਨ ਦੀ ਪਰਖ ਕਰਦਿਆਂ ਜਿੱਥੇ ਉਨ੍ਹਾਂ ਨਾਲ ਸਵਾਲ-ਜਵਾਬ ਵੀ ਕੀਤੇ ਉਥੇ ਹੀ ਸਕੂਲ ਤੇ ਉਨ੍ਹਾਂ ਦੀ ਪੜ੍ਹਾਈ ਨੂੰ ਹੋਰ ਬੇਹਤਰ ਬਣਾਉਣ ਲਈ ਸੁਝਾਅ ਵੀ ਲਏ। ਡਿਪਟੀ ਕਮਿਸ਼ਨਰ ਨੇ ਜਿਥੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ, ਉਥੇ ਹੀ ਉਨ੍ਹਾਂ ਕੋਲੋਂ ਉਨ੍ਹਾਂ ਦੀਆਂ ਭਵਿੱਖੀ ਯੋਜਨਾਵਾਂ ਬਾਰੇ ਵੀ ਜਾਣਿਆ।ਉਨ੍ਹਾਂ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੁ ਉਹ ਪੜ੍ਹ-ਲਿਖ ਕੇ ਆਪਣੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕਰ ਸਕਣ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜਿਥੇ ਗਿਆਨ ਦਾ ਪਸਾਰ ਹੁੰਦਾ ਹੈ, ਉਥੇ ਹੀ ਇਸ ਗਿਆਨ ਰੂਪੀ ਪਸਾਰੇ ਨਾਲ ਇਨਸਾਨ ਚ ਚੰਗੇ ਗੁਣ ਉਜਾਗਰ ਹੁੰਦੇ ਹਨ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਸਕੂਲ ਦੇ ਕਲਾਸ ਰੂਮਾਂ, ਸਾਇੰਸ ਲੈਬਜ਼ ਤੇ ਲਾਇਬ੍ਰੇਰੀ ਦਾ ਦੌਰਾ ਕਰਕੇ ਜਾਇਜ਼ਾ ਵੀ ਲਿਆ।ਇਸ ਦੌਰਾਨ ਉਨ੍ਹਾਂ ਵਿਦਿਆਰਥੀਆਂ ਦੀ ਮੰਗ ਅਨੁਸਾਰ ਉਨ੍ਹਾਂ ਨੂੰ ਲੋੜੀਂਦਾ ਸਾਜੋ-ਸਮਾਨ ਮੁਹੱਈਆ ਕਰਾਉਣ ਲਈ ਪ੍ਰਿੰਸੀਪਲ ਨੂੰ ਆਦੇਸ਼ ਦਿੱਤੇ ਤਾਂ ਜੁ ਵਿਦਿਆਰਥੀਆਂ ਨੂੰ ਪੜ੍ਹਾਈ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਾ ਆਵੇ।ਇਸ ਦੌਰਾਨ ਉਨ੍ਹਾਂ ਅਧਿਆਪਕਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਆਪਣੀਆਂ ਸੇਵਾਵਾਂ ਸਮਰਪਤ ਭਾਵਨਾ ਨਾਲ ਨਿਭਾਉਣ।

## ਗੁਰਦੁਆਰਾ ਸਾਹਿਬ ਮੱਥਾ ਟੇਕਣ ਆਏ ਅਣਪਛਾਤੇ ਸ਼ਰਧਾਲੂ ਦੀ ਤਬੀਅਤ ਵਿਗੜੀ, ਇਲਾਜ ਦੌਰਾਨ ਮੌਤ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬੀਤੇ ਦਿਨੀਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਆਏ ਇੱਕ ਅਣਪਛਾਤੇ ਸ਼ਰਧਾਲੂ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪ੍ਰਿਥਵੀ ਰਾਜ ਸਿੰਘ ਨੇ ਦੱਸਿਆ ਅਮਨਦੀਪ ਸਿੰਘ ਨਾਮਕ ਵਿਅਕਤੀ ਨੇ ਪੁਲਸ ਨੂੰ ਦੱਸਿਆ ਸੀ ਕਿ ਇੱਕ ਬਜ਼ੁਰਗ ਜਿਸ ਦੀ ਦਿਮਾਗੀ ਹਾਲਤ ਠੀਕ ਨਹੀਂ ਲੱਗਦੀ, ਗੁਰਦੁਆਰਾ ਸਾਹਿਬ ਦੇ ਨੇੜਿਓਂ ਉਸ ਨੂੰ ਮਿਲਿਆ ਹੈ ਜੋ ਕਿ ਬਿਮਾਰ ਹੋਣ ਕਾਰਨ ਮੈਂ ਉਸ ਨੂੰ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਵਿਖੇ ਦਾਖਲ ਕਰਵਾ ਦਿੱਤਾ ਹੈ। ਡਾਕਟਰਾਂ ਦੀ ਰਾਏ ਮੁਤਾਬਕ ਉਕਤ ਬਜ਼ੁਰਗ ਨੂੰ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ ਸੀ ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ । ਥਾਣੇਦਾਰ ਪ੍ਰਿਥਵੀਰਾਜ ਸਿੰਘ ਨੇ ਅਪੀਲ ਕੀਤੀ ਕਿ ਜੇਕਰ ਉਪਰੋਕਤ ਅਣਪਛਾਤੇ ਮ੍ਰਿਤਕ ਵਿਅਕਤੀ ਸਬੰਧੀ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਥਾਣਾ ਫਤਿਹਗੜ੍ਹ ਸਾਹਿਬ ਦੀ ਪੁਲਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਮ੍ਰਿਤਕ ਦੇ ਵਾਰਸਾਂ ਨਾਲ ਸੰਪਰਕ ਕੀਤਾ ਜਾ ਸਕੇ।

## ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਨਤੀਜੇ ਸ਼ਾਨਦਾਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਸਮੁੱਚੇ ਪ੍ਰਦੇਸ਼ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਵਿਆਪਕ ਯੋਜਨਾ 'ਤੇ ਕੰਮ ਚੱਲ ਰਿਹਾ ਹੈ। ਸਿੱਖਿਆ ਮੰਤਰੀ ਦੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਦੇ ਸਰਕਾਰੀ ਕੰਨਿਆ ਸੀਨੀ.ਸੈਕੰ.ਸਕੂਲ ਦੇ ਸ਼ਾਨਦਾਰ ਨਤੀਜੇ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਵਿਸ਼ੇਸ਼ ਸਨਮਾਨ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਇਨ੍ਹਾਂ ਉਪਰਾਲਿਆਂ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਸਹਿਯੋਗ ਦੇਣ ਲਈ ਵਧਾਈ ਦਿੱਤੀ ਗਈ। ਸਕੂਲ ਦੇ ਪ੍ਰਿੰ. ਨੀਰਜ ਵਰਮਾ ਨੇ ਦੱਸਿਆ ਕਿ 12ਵੀਂ ਜਮਾਤ ਦੇ ਨਤੀਜੇ ਅਨੁਸਾਰ ਸਾਇੰਸ ਵਿਭਾਗ ਵਿੱਚ ਹਰਪ੍ਰੀਤ ਕੌਰ ਨੇ 93.4% ਨਾਲ ਪਹਿਲਾ, ਈਰਾ ਸ਼ਰਮਾ 88.2% ਨਾਲ ਦੂਜਾ, ਜੈਸਮੀਨ ਕੌਰ ਨੇ 88% ਨਾਲ ਤੀਜਾ ਸਥਾਨ ਹਾਸਲ ਕੀਤਾ। ਕਾਮਰਸ ਵਿੱਚ ਪਰਨੀਤ ਕੌਰ ਨੇ 92.2% ਨਾਲ ਅੱਗੇ ਰਹੀ, ਨਵਨੂਰ ਰੰਧਾਵਾ ਨੇ 92.0% ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ ਦੂਜਾ ਸਥਾਨ ਹਾਸਲ ਕੀਤਾ। ਦਿਕਸ਼ਾ ਸ਼ਰਮਾ ਨੇ 88% ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ। ਉਨ੍ਹਾਂ ਦੱਸਿਆ ਕਿ ਆਰਟਸ 'ਚ ਰਿਸ਼ਿਕਾ ਨੇ 94.8%, ਪ੍ਰਾਪਤ ਕਰਕੇ ਪਹਿਲਾ, ਰਾਧਿਕਾ ਨੇ 93.4% ਨਾਲ ਦੂਜਾ, ਮਮਤਾ ਨੇ 92.4% ਨਾਲ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਨੀਰਜ ਕੁਮਾਰ ਵਰਮਾ ਨੇ ਦੱਸਿਆ ਕਿ ਕਾਮਰਸ ਵਿਭਾਗ ਦਾ ਨਤੀਜਾ 100% ਰਿਹਾ। ਸਾਇੰਸ ਅਤੇ ਆਰਟਸ ਵਿਭਾਗਾਂ ਦਾ ਨਤੀਜਾ 95% ਰਿਹਾ।

## ਨਸ਼ਿਆਂ ਖਿਲਾਫ਼ ਮੁਹਿੰਮ ਲਈ ਪੁਲਸ ਨੇ ਮੰਗਿਆ ਸਹਿਯੋਗ



**ਦੋਰਾਹਾ (ਹਰਮਿੰਦਰ ਸੇਠ)** ਪੁਲਸ ਵੱਲੋਂ ਛੇੜੀ ਨਸ਼ਿਆਂ ਖਿਲਾਫ ਮੁਹਿੰਮ ਦੇ ਚੱਲਦਿਆਂ ਪ੍ਰੈਸ ਕਲੱਬ ਹਲਕਾ ਪਾਇਲ ਦੇ ਪ੍ਰਧਾਨ ਰਣਧੀਰ ਸਿੰਘ ਧੀਰਾ ਤੇ ਹੋਰ ਅਹੁਦੇਦਾਰਾਂ ਨਾਲ ਮੀਟਿੰਗ ਕਰਕੇ ਇਸ ਮੁਹਿੰਮ ਲਈ ਇੱਕ-ਦੂਜੇ ਦਾ ਸਾਥ ਦੇਣ ਦੀ ਅਪੀਲ ਕੀਤੀ ਤਾਂ ਜੁ ਅਸੂਲਾਂ ਦੇ ਆਧਾਰ ਤੇ ਸੁੰਦਰ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।ਉਪ ਪੁਲਸ ਕਪਤਾਨ ਪਾਇਲ ਹੇਮੰਤ ਮਲਹੋਤਰਾ ਨੇ ਪ੍ਰੈਸ ਕਲੱਬ ਹਲਕਾ ਪਾਇਲ ਦੇ ਅਹੁਦੇਦਾਰਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਲੋਕਤੰਤਰ ਦਾ ਚੌਥਾ ਥੰਮ ਜਾਣਿਆ ਜਾਂਦਾ ਪੱਤਰਕਾਰ ਭਾਈਚਾਰਾ ਪੁਲਸ ਦੇ ਹਰ ਕੰਮ ਵਿੱਚ ਸਹਿਯੋਗ ਵਜੋਂ ਸਹਾਈ ਹੋ ਸਕਦਾ ਹੈ ਤੇ ਪੁਲਸ ਨੇ ਹੁਣ ਨਸ਼ਿਆਂ ਖਿਲਾਫ ਛੇੜੀ ਹੋਈ ਅੰਤਮ ਪੜਾਅ ਦੀ ਮੁਹਿੰਮ ਵੀ ਪ੍ਰੈਸ ਦੇ ਸਹਿਯੋਗ ਨਾਲ ਹੀ ਅੱਗੇ ਵੱਧ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਨੂੰ ਨਸ਼ਿਆਂ ਦੀ ਬਿਮਾਰੀ ਨੇ ਬੁਰੀ ਤਰ੍ਹਾਂ ਖਾ ਲਿਆ ਹੈ ਤੇ ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਵੱਡੇ-ਵੱਡੇ ਨਸ਼ਾ ਤਸਕਰਾਂ ਖਿਲਾਫ਼ ਜਿਸ ਤਰ੍ਹਾਂ ਕਾਰਵਾਈਆਂ ਅਮਲ ਵਿੱਚ ਲਿਆਂਦੀਆਂ ਗਈਆਂ ਹਨ, ਇਸ ਨਾਲ ਪੰਜਾਬ ਨਸ਼ਾ ਮੁਕਤੀ ਵੱਲ ਵਧੇਗਾ। ਐਸ ਐਚ ਓ ਸੰਦੀਪ ਕੁਮਾਰ ਨੇ ਵੀ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਚ ਪੱਤਰਕਾਰ ਭਾਈਚਾਰੇ ਵੱਲੋਂ ਨਿਭਾਏ ਜਾ ਰਹੇ ਰੋਲ ਦੀ ਸ਼ਲਾਘਾ ਕੀਤੀ।

# ਤਲਵੰਡੀ ਸਿਪਾਹੀ ਮੱਲ ਅਜਨਾਲਾ ਹਲਕੇ ਦਾ ਪਹਿਲਾ ਨਸ਼ਾ ਮੁਕਤ ਪਿੰਡ

## *ਧਾਲੀਵਾਲ ਨੇ ਆਪਣੇ ਅਖਤਿਆਰੀ ਕੋਟੇ 'ਚੋਂ ਪਿੰਡ ਨੂੰ ਦਿੱਤੀ 5 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਛੇੜੇ ਯੁੱਧ ਵਿੱਚ ਉਸ ਵੇਲੇ ਵੱਡੀ ਸਫਲਤਾ ਮਿਲੀ ਜਦ ਸਰਹੱਦੀ ਪੱਟੀ ਦਾ ਪਿੰਡ ਤਲਵੰਡੀ ਸਿਪਾਹੀ ਮੱਲ ਹਲਕੇ ਦਾ ਪਹਿਲਾ ਨਸ਼ਾ ਮੁਕਤ ਪਿੰਡ ਐਲਾਨਿਆ ਗਿਆ। ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਹਾਜ਼ਰੀ ਵਿੱਚ ਪਿੰਡ ਵਾਸੀਆਂ ਨੇ ਐਲਾਨ ਕਰਦਿਆਂ ਭਰੋਸਾ ਦਿਵਾਇਆ ਕਿ ਪਿੰਡ ਵਿੱਚ ਕੋਈ ਵੀ ਵਿਅਕਤੀ ਅਜਿਹਾ ਨਹੀਂ ਹੈ ਜੋ ਹੁਣ ਨਸ਼ੇ ਦਾ ਆਦੀ ਰਿਹਾ ਹੋਵੇ। ਧਾਲੀਵਾਲ ਨੇ ਇਹ ਖੁਸ਼ੀ ਜੈਕਾਰਿਆਂ ਦੀ ਗੂੰਜ ਨਾਲ ਸਾਂਝੀ ਕਰਦੇ ਹੋਏ ਆਪਣੇ ਅਖਤਿਆਰੀ ਕੋਟੇ ਵਿੱਚੋਂ 5 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਪਿੰਡ ਨੂੰ ਦਿੱਤੀ। ਉਨ੍ਹਾਂ ਇਸ ਮੌਕੇ ਇਹ ਵੀ ਭਰੋਸਾ ਦਿਵਾਇਆ ਕਿ ਪਿੰਡ ਦੀਆਂ ਹੋਰ ਵੀ ਜੋ ਜ਼ਰੂਰਤਾਂ ਹੋਣਗੀਆਂ, ਸਰਕਾਰ ਉਨ੍ਹਾਂ ਨੂੰ ਪਹਿਲ ਦੇ ਅਧਾਰ ਉੱਤੇ ਪੂਰਾ ਕਰੇਗੀ ਤਾਂ ਜੋ ਇਸ ਪਿੰਡ ਵੱਲ ਵੇਖ ਕੇ ਹੋਰ ਪਿੰਡਾਂ ਵਿੱਚ ਵੀ ਉਤਸ਼ਾਹ ਆਵੇ ਅਤੇ ਉਹ ਜਿੱਥੇ ਨਸ਼ੇ ਦੇ ਤਸਕਰਾਂ ਨੂੰ ਨੱਥ ਪਾਉਣ ਲਈ ਅੱਗੇ ਆਉਣ ਉੱਥੇ ਉਹ ਨਸ਼ੇ ਦੇ



ਰੋਗੀਆਂ ਦਾ ਇਲਾਜ ਕਰਵਾ ਕੇ ਆਪਣੇ ਪਿੰਡਾਂ ਦੇ ਬੱਚਿਆਂ ਨੂੰ ਸੁਰੱਖਿਅਤ ਮਾਹੌਲ ਦੇਣ। ਨਸ਼ਾ ਮੁਕਤੀ ਯਾਤਰਾ ਦੌਰਾਨ ਅੱਜ ਕੈਬਨਿਟ ਮੰਤਰੀ ਨੇ ਹਲਕੇ ਦੇ ਪਿੰਡ ਸੱਲੋਦੀਨ ਅਤੇ ਤਲਵੰਡੀ ਸਿਪਾਹੀ ਮੱਲ ਵਿਖੇ ਭਰਵੀਆਂ ਯਾਤਰਾਵਾਂ ਵਿੱਚ ਭਾਗ ਲਿਆ। ਉਨ੍ਹਾਂ ਨੇ ਇਸ ਮੌਕੇ ਸੰਬੋਧਨ ਕਰਦੇ ਨਸ਼ਾ ਤਸਕਰਾਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਨਸ਼ਾ ਤਸਕਰਾਂ ਦੀ ਹੁਣ ਖੈਰ ਨਹੀਂ ਹੈ। ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਮੁੱਚੀ ਸਰਕਾਰ, ਪੁਲਸ ਰਾਜਸੀ ਲੀਡਰ ਅਤੇ ਹੁਣ ਪੰਜਾਬ ਦੇ ਲੋਕ ਨਸ਼ਾ ਤਸਕਰਾਂ ਦੇ ਮਗਰ ਪੈ ਚੁੱਕੇ ਹਨ ਅਤੇ ਹੁਣ ਉਹ ਦਿਨ ਦੂਰ ਨਹੀਂ ਜਦ ਇਹ ਲੋਕ ਜਾਂ ਤਾਂ ਜੇਲਾਂ ਦੇ ਵਿੱਚ ਹੋਣਗੇ ਜਾਂ ਪੰਜਾਬ ਛੱਡ ਕੇ ਭੱਜ ਜਾਣਗੇ। ਉਨ੍ਹਾਂ ਕਿਹਾ ਕਿ ਨਸ਼ੇ ਦੇ ਰੋਗੀਆਂ ਦਾ ਇਲਾਜ ਕਰਵਾਓ ਅਤੇ ਇਨ੍ਹਾਂ ਨੂੰ ਨਵੀਂ ਜ਼ਿੰਦਗੀ ਦਿਓ। ਉਨ੍ਹਾਂ ਕਿਹਾ ਕਿ ਇਹ ਇਲਾਜ ਤੁਹਾਡੇ ਲਈ ਬਿਲਕੁਲ ਮੁਫਤ ਹੈ ਅਤੇ ਇਸ ਦਾ ਪੈਸਾ ਪੰਜਾਬ ਸਰਕਾਰ ਭਰੇਗੀ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਏਜੰਡਾ ਬਿਲਕੁਲ ਸਪੱਸ਼ਟ ਹੈ ਕਿ ਕਿਸੇ ਵੀ ਨਸ਼ਾ ਤਸਕਰ ਦੀ ਸਿਫਾਰਿਸ਼ ਨਹੀਂ ਕਰਨੀ ਅਤੇ ਮੈਂ ਤੁਹਾਡੇ ਤੋਂ ਵੀ ਇਹੀ ਆਸ ਰੱਖਦਾ ਹਾਂ ਕਿ ਜੇਕਰ ਕੋਈ ਤੁਹਾਡੇ ਪਿੰਡਾਂ ਵਿੱਚ ਨਸ਼ਾ ਵੇਚਦਾ ਫੜਿਆ ਜਾਂਦਾ ਹੈ ਤਾਂ ਉਸ ਦੇ ਮਗਰ ਪੁਲਸ ਥਾਣੇ ਨਹੀਂ ਜਾਣਾ, ਉਸਦੀ ਜ਼ਮਾਨਤ ਨਹੀਂ ਦੇਣੀ।

# ਪਿੰਡਾਂ 'ਚ ਫਿਰਦੇ ਫੇਰੀ ਵਾਲਿਆਂ ਦੇ ਲਾਊਡ ਸਪੀਕਰਾਂ ਤੋਂ ਵਿਦਿਆਰਥੀ ਤੇ ਲੋਕ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)-ਪਿੰਡਾਂ ਵਿਚ ਸਮਾਨ ਵੇਚਣ ਲਈ ਫੇਰੀ ਲਗਾਉਣ ਵਾਲਿਆਂ ਦੇ ਵਲੋਂ ਪ੍ਰਸ਼ਾਸਨ ਦੀ ਬਿਨਾਂ ਇਜਾਜ਼ਤ ਤੋਂ ਚਲਾਏ ਜਾ ਰਹੇ ਵੱਡੇ-ਵੱਡੇ ਲਾਊਡ ਸਪੀਕਰਾਂ ਤੋਂ ਪੜ੍ਹਨ ਵਾਲੇ ਵਿਦਿਆਰਥੀ ਡਾਢੇ ਪ੍ਰੇਸ਼ਾਨ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਸੀਬ ਸਿੰਘ, ਮੱਖਣ ਸਿੰਘ ਆਦਿ ਨੇ ਦੱਸਿਆ ਕਿ ਹਰ ਪਿੰਡ ਵਿਚ ਕਈ ਸਾਮਾਨ ਵੇਚਣ ਵਾਲੇ ਜਿਵੇਂ ਸਬਜ਼ੀ, ਮਨਿਆਰੀ, ਕੱਪੜੇ, ਕਬਾੜੀਆਂ ਇੱਥੋਂ ਤੱਕ ਕਿ ਮੰਗਣ ਵਾਲੇ ਵੀ ਆਪਣਾ ਖ਼ੁਦ ਦਾ ਲਾਊਡ ਸਪੀਕਰ ਉੱਚੀ ਆਵਾਜ਼ ਵਿਚ ਲਗਾ ਕੇ ਕਈ ਚੱਕਰ ਲਗਾਉਂਦੇ ਹਨ ਜਿਸ ਨਾਲ ਆਵਾਜ਼ ਪ੍ਰਦੂਸ਼ਣ ਤਾਂ ਵੱਧ ਹੀ ਰਿਹਾ ਹੈ ਅਤੇ ਉਸ ਦੇ ਨਾਲ-ਨਾਲ ਵਿਦਿਆਰਥੀਆਂ ਦੇ ਪੱਕੇ ਪੇਪਰਾਂ ਵਿਚ ਸਾਰਾ ਦਿਨ ਇਨ੍ਹਾਂ ਦਾ ਕੰਨ ਪਾੜ ਰੌਲਾ ਉਨ੍ਹਾਂ ਦੀ ਪੜ੍ਹਾਈ ਵਿਚ ਵਿਘਨ ਪਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਫੇਰੀ ਵਾਲਿਆਂ ਨੂੰ ਇੰਨੇ ਵੱਡੇ ਪੱਧਰ 'ਤੇ ਲਾਊਡ ਸਪੀਕਰਾਂ ਦੀ ਇਜਾਜ਼ਤ ਕਿਸ ਥਾਣੇ, ਉਪ ਮੰਡਲ ਅਧਿਕਾਰੀਆਂ ਜਾਂ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਵਲੋਂ ਨਹੀਂ ਦਿੱਤੀ ਗਈ। ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਘਰਾਂ ਲਾਗੇ ਵੀ ਇਹ ਸ਼ੋਰ ਪ੍ਰਦੂਸ਼ਣ ਪੂਰੇ ਜ਼ੋਰਾਂ 'ਤੇ ਹੈ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਆਪਣੀ ਕੁੰਭਕਰਨੀ ਨੀਂਦ ਤੋਂ ਜਾਗ ਕੇ ਇਲਾਕੇ ਦੀ ਇਸ ਵੱਡੀ ਸਮੱਸਿਆ ਦੇ ਹੱਲ ਲਈ ਜਲਦੀ ਕੋਈ ਠੋਸ ਕਦਮ ਚੁੱਕੇਗਾ ਜਾਂ ਫਿਰ ਇਹ ਸਭ ਕੁੱਝ ਇਸੇ ਤਰ੍ਹਾਂ ਚੱਲਦਾ ਰਹੇਗਾ? ਲੋਕਾਂ ਦੀ ਮੰਗ ਹੈ ਕਿ ਪਿੰਡਾਂ, ਸ਼ਹਿਰਾਂ ਵਿਚ ਅਜਿਹੇ ਫੇਰੀ ਲਾਉਣ ਵਾਲਿਆਂ ਨੂੰ ਲਾਊਡ ਸਪੀਕਰਾਂ ਦੀ ਦੁਰਵਰਤੋਂ ਕਰਨ ਤੋਂ ਰੋਕਿਆ ਜਾਵੇ।

# ਰੰਧਾਵਾ ਵੱਲੋਂ ਰੱਤਾ, ਮਾਹਲ ਨੰਗਲ, ਭੁਗਤਾਣਾ ਤੁੱਲੀਆਂ ਤੇ ਸ਼ਕਰੀ ਦੇ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਵੱਲੋਂ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਰੱਤਾ, ਮੁਹਾਲ ਨੰਗਲ, ਭੁਗਤਾਣਾ ਤੁੱਲੀਆਂ ਅਤੇ ਸ਼ਕਰੀ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਇਸ ਮੌਕੇ ਸਕੂਲਾਂ ਵਿੱਚ ਕਰਵਾਏ ਵਿਸ਼ੇਸ਼ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੁਆਰਾ ਰਾਜ ਵਿੱਚ ਲਿਆਂਦੀ ਸਿੱਖਿਆ ਕ੍ਰਾਂਤੀ ਨੇ ਪੰਜਾਬ ਦੇ ਸਕੂਲਾਂ ਦੀ ਨੁਹਾਰ ਬਦਲ ਦਿੱਤੀ ਹੈ।ਉਨ੍ਹਾਂ ਕਿਹਾ ਕਿ ਕਦੇ ਸਮਾਂ ਸੀ ਸੂਬੇ ਵਿੱਚ ਸਰਕਾਰੀ ਸਕੂਲਾਂ ਵੱਲ ਕੋਈ ਧਿਆਨ ਨਹੀਂ ਸੀ ਦਿੱਤਾ ਜਾਂਦਾ ਪਰੰਤੂ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਬਾਅਦ ਸਾਰਾ ਜ਼ੋਰ ਸਿੱਖਿਆ ਅਤੇ ਸਿਹਤ ਸੁਧਾਰਾਂ ਤੇ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਰਕਾਰੀ ਸਕੂਲ ਪ੍ਰਾਈਵੇਟ ਸਕੂਲਾਂ ਨੂੰ ਮਾਤ ਪਾਉਂਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਾਰਾ ਸਟਾਫ਼ ਬਹੁਤ ਕਾਬਲ ਅਤੇ ਤਜ਼ਰਬੇਕਾਰ ਹੈ ਅਤੇ ਮਾਪਿਆਂ ਨੂੰ ਵੀ ਅਪੀਲ ਹੈ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਹੀ ਪੜ੍ਹਾਉਣ।ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਮੁਹਾਲ ਨੰਗਲ ਵਿਖੇ ਚਾਰਦੀਵਾਰੀ ਦਾ ਉਦਘਾਟਨ ਕਰਨ ਉਪਰੰਤ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁਹਾਲ ਨੰਗਲ ਪਿੰਡ ਦਾ ਸਕੂਲ ਜਦੋਂ ਦਾ



ਬਣਿਆ,ਇਸ ਸਕੂਲ ਦੀ ਚਾਰਦੀਵਾਰੀ ਨਹੀ ਸੀ, ਸੋ ਸਾਡੀ ਪੰਜਾਬ ਸਰਕਾਰ ਵੱਲੋਂ ਇਸ ਸਕੂਲ ਨੂੰ ਚਾਰਦੀਵਾਰੀ ਕਰਵਾਉਣ ਲਈ 12 ਲੱਖ 50 ਹਜ਼ਾਰ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਸੀ,ਸਕੂਲ ਅਧਿਆਪਕਾਂ ਸੋਨੀਆਂ ਪੁਰੀ ਵੱਲੋਂ ਬੜੀ ਮਿਹਨਤ ਨਾਲ ਸਕੂਲ ਦੀ ਚਾਰਦੀਵਾਰੀ ਦਾ ਕੰਮ ਵਧੀਆ ਤਰੀਕੇ ਨਾਲ ਕਰਵਾਇਆ ਗਿਆ ਹੈ, ਅਤੇ ਸਕੂਲ ਨੂੰ ਸੋਹਣਾ ਗੇਟ ਵੀ ਲਗਾਇਆ ਗਿਆ ਹੈ।ਅੱਜ ਮੈਂ ਇਸ ਸਕੂਲ ਦੀ ਚਾਰਦੀਵਾਰੀ ਦਾ ਉਦਘਾਟਨ ਕਰਨ ਆਇਆਂ ਹਾ ,ਮੈਨੂੰ ਇਸ ਸਕੂਲ ਵਿੱਚ ਆ ਕੇ ਬਹੁਤ ਖੁਸ਼ੀ ਮਹਿਸੂਸ ਹੋਈ ਹੈ।ਇਸ ਮੌਕੇ ਉਨ੍ਹਾਂ ਪਿੰਡ ਮੁਹਾਲ ਨੰਗਲ ਦੀ ਪੰਚਾਇਤ ਨੂੰ ਕਿਹਾ ਕਿ ਉਹ ਵੀ ਇਸ ਸਕੂਲ ਵਿੱਚ ਵੱਧ ਤੋਂ ਵੱਧ ਬੱਚੇ ਦਾਖਲ ਕਰਾਉਣ ਲਈ ਲੋਕਾਂ ਨੂੰ ਪ੍ਰੇਰਿਤ ਕਰਨ ।ਇਸ ਮੌਕੇ ਸਕੂਲ ਇੰਚਾਰਜ ਮੈਡਮ ਸੋਨੀਆਂ ਪੁਰੀ ਵੱਲੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ,ਬੀਪੀਈਓ ਭਾਰਤ ਰਤਨ, ਸੀਐਚਟੀ ਮੈਡਮ ਮਮਤਾ, ਸਰਪੰਚ ਗੁਰਮੀਤ ਸਿੰਘ, ਸਾਬਕਾ ਸਰਪੰਚ ਟੇਕ ਚੰਦ ਸ਼ਰਮਾ, ਆਂਗਨਵਾੜ੍ਹੀ ਵਰਕਰ ਅਨੀਤਾ ਰਾਣੀ,ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ,ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਕੌਂਸਲਰ ਹਰਿੰਦਰ ਸਿੰਘ, ਕੌਂਸਲਰ ਸੁਖਜਿੰਦਰ ਸਿੰਘ ਪੱਖਕੇ, ਕੌਂਸਲਰ ਬਲਦੇਵ ਰਾਜ ਡਾਇਮੰਡ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਐੱਸਐੱਮਸੀ ਚੇਅਰਮੈਨ ਰਾਜ, ਪੀ ਏ ਲਵਪ੍ਰੀਤ ਸਿੰਘ, ਰਾਜਾ ਮੱਲੀ, ਹਲਕਾ ਨੋਡਲ ਅਫ਼ਸਰ (ਸਿੱਖਿਆ) ਹਰਮਿੰਦਰ ਸਿੰਘ ਪੰਛੀ, ਮੇਜਰ ਸਿੰਘ ਠੇਠਰਕੇ, ਹਰਪ੍ਰੀਤ ਸਿੰਘ ਹੈਪੀ ਸਰਪੰਚ ਬਹਿਲੋਲਪੁਰ, ਇੰਦਰਜੀਤ ਸਿੰਘ ਚਾਕਾਂਵਾਲੀ, ਸਰਪੰਚ ਸੁਖਜਿੰਦਰ ਸਿੰਘ ਜੌੜੀਆਂ ਕਲਾ,ਮੈਂਬਰ ਕੁਲਦੀਪ ਸਿੰਘ,ਮਾਸਟਰ ਰਾਮਜੀ, ਰਾਜ ਸੁਖਵਿੰਦਰ, ਰਘਬੀਰ ਸਿੰਘ, ਮੈਡਮ ਰੁਪਿੰਦਰ ਕੌਰ, ਮੈਡਮ ਕਰਮਜੀਤ ਕੌਰ, ਮੈਡਮ ਰੀਚਾ ਸ਼ਰਮਾ, ਹੈੱਡਮਾਸਟਰ ਅਰਵਿੰਦਰ ਪਾਲ ਸਿੰਘ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਮਾਸਟਰ ਵਿਜੇ ਕੁਮਾਰ, ਮਾਸਟਰ ਦੀਪਕ ਕੁਮਾਰ, ਰਾਜੇਸ਼ ਸ਼ਰਮਾ, ਸੁਰਿੰਦਰ ਸਿੰਘ, ਜਸਵੰਤ ਸਿੰਘ, ਜਗੀਰੋ, ਬੱਬੂ ਮਸੀਹ, ਹੰਸ ਰਾਜ ਸ਼ਰਮਾ ਤੋ ਇਲਾਵਾ ਬੱਚਿਆਂ ਦੇ ਮਾਪੇ ਹਾਜ਼ਰ ਸਨ ।

# ਕਟਾਰੂਚੱਕ ਵੱਲੋਂ 17.66 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਕੈਬਨਿਟ ਮੰਤਰੀ ਪੰਜਾਬ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਭੋਆ ਹਲਕੇ ਦੇ ਤਿੰਨ ਸਰਕਾਰੀ ਸਕੂਲਾਂ ਵਿੱਚ 17.66 ਲੱਖ ਰੁਪਏ ਦੇ ਵਿਕਾਸ ਦੇ ਕੰਮਾਂ ਦੇ ਉਦਘਾਟਨ ਕੀਤੇ ਅਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧੀ ਗੱਲ ਕਰਕੇ ਸਕੂਲਾਂ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਬੁਨਿਆਦੀ ਸਹੂਲਤਾਂ ਬਾਰੇ ਫੀਡਬੈਕ ਹਾਸਲ ਕੀਤੀ। ਸਭ ਤੋਂ ਪਹਿਲਾਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਸਰਕਾਰੀ ਪ੍ਰਾਇਮਰੀ ਸਕੂਲ ਸੈਦੀਪੁਰ ਵਿੱਚ ਪਹੁੰਚੇ, ਜਿੱਥੇ ਉਨ੍ਹਾਂ ਨੇ 4.20 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਦਾ ਉਦਘਾਟਨ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨੇ ਸਰਕਾਰੀ ਪ੍ਰਾਇਮਰੀ ਸਕੂਲ (ਕੰਨਿਆ) ਬੇਗੋਵਾਲ ਵਿਖੇ 7.51 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣਾਏ ਇੱਕ ਸਮਾਰਟ ਕਲਾਸ-ਰੂਮ ਦਾ ਉਦਘਾਟਨ ਕੀਤਾ।ਇਸ ਉਪਰੰਤ ਉਨ੍ਹਾ ਸ਼ਹੀਦ ਸਿਪਾਹੀ ਸੁਨੀਲ ਕੁਮਾਰ ਮੈਮੋਰੀਅਲ ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਬੇਗੋਵਾਲ ਵਿਖੇ 5.95 ਲੱਖ ਰੁਪਏ ਨਾਲ ਸਕੂਲ ਵਿੱਚ ਹੋਰ ਉਸਾਰੀ ਕੰਮਾਂ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਠਾਨਕੋਟ ਦੇ ਲਈ ਹੋਰ ਵੀ ਖੁਸ਼ੀ ਦੀ ਗੱਲ ਹੈ ਕਿ ਜ਼ਿਲ੍ਹਾ ਪਠਾਨਕੋਟ ਸਿੱਖਿਆ ਦੇ ਖੇਤਰ ਅੰਦਰ ਪੰਜਾਬ ਪੱਧਰ ਤੇ ਮੱਲਾਂ ਮਾਰ ਰਿਹਾ ਹੈ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੰਜਾਬ ਪੱਧਰ ਤੇ ਪੋਜੀਸ਼ਨਾਂ ਪ੍ਰਾਪਤ ਕੀਤੀਆਂ ਜਾ ਰਹੀਆਂ ਹਨ ਅਤੇ ਆਪਣੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਇਸ ਮੌਕੇ ਤੇ ਸਰਕਾਰੀ ਸਕੂਲਾਂ ਦੇ ਵਧੀਆ ਨਤੀਜੇ ਆਉਣ ਤੇ ਅਧਿਆਪਕਾਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਹਾਰਦਿੱਕ ਸ਼ੁਭਕਾਮਨਾਵਾਂ ਵੀ ਦਿੱਤੀਆਂ। ਕੈਬਨਿਟ ਮੰਤਰੀ ਪੰਜਾਬ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਵੱਖ-ਵੱਖ ਸਕੂਲਾਂ ਵਿੱਚ ਬੱਚਿਆਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਅਤੇ ਬੱਚਿਆ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਡੀਈਓ ਪ੍ਰਾਇਮਰੀ ਕਮਲਜੀਤ ਕੌਰ, ਡੀਈਓ. ਸੈਕੰਡਰੀ ਰਾਜੇਸ਼ ਮਹਾਜਨ, ਪਿਆਰੀ ਦੇਵੀ, ਪ੍ਰਿੰਸੀਪਲ ਰਾਜ ਕੁਮਾਰ ਗੁਪਤਾ, ਜੋਤੀ, ਬਲਕਾਰ ਅੱਤਰੀ ਮੀਡੀਆ ਕੋਆਰਡੀਨੇਟਰ, ਜੁਵਰਾਜ ਸਿੰਘ, ਅਨੀਸ਼ਾ ਸੈਣੀ, ਪਵਨ ਕੁਮਾਰ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਵੀ ਹਾਜ਼ਰ ਸਨ।

# ਪੁਲਸ ਵੱਲੋਂ 15 ਹਜ਼ਾਰ ਐੱਮ ਐੱਲ ਨਜਾਇਜ਼ ਸ਼ਰਾਬ ਬਰਾਮਦ, ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਨਜਾਇਜ਼ ਸ਼ਰਾਬ ਵੇਚਣ ਦੇ ਦੋਸ਼ਾਂ ਹੇਠ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਏ. ਐੱਸ. ਆਈ. ਰਣਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਅੱਡਾ ਪੁਰਾਣਾ ਸ਼ਾਲਾ ਮੌਜੂਦ ਸੀ ਕਿ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਰੌਬਿਨ ਪੁੱਤਰ ਘੁੰਨਾ ਮਸੀਹ ਵਾਸੀ ਨਵਾਂ ਪਿੰਡ ਬਹਾਦਰ ਜੋ ਕਿ ਜਹਿਰੀਲੇ/ਗੈਰ ਸਿਹਮੰਦ ਪਦਾਰਥਾ ਤੋਂ ਤਿਆਰ ਕੀਤੀ ਹੋਈ ਸ਼ਰਾਬ ਨਜਾਇਜ ਵੇਚਣ ਦਾ ਧੰਦਾ ਕਰਦੇ ਹਨ, ਜਿਸ ਦੀ ਕੋਈ ਡਿਗਰੀ ਨਹੀਂ ਹੁੰਦੀ ਇਹ ਜਾਣਦੇ ਹੋਏ ਕਿ ਇਸਦਾ ਸੇਵਨ ਕਰਨ ਨਾਲ ਮਨੁੱਖੀ ਜ਼ਿੰਦਗੀ ਨੂੰ ਖਤਰਾ ਹੋ ਸਕਦਾ ਹੈ। ਇਸ ਬਾਰੇ ਇਤਲਾਹ ਮਿਲਣ 'ਤੇ ਤਫਤੀਸ਼ੀ ਅਫਸਰ ਨੇ ਸਮੇਤ ਪੁਲਿਸ ਪਾਰਟੀ ਸੇਮ ਨਹਿਰ (ਬੀਬੀ ਸੁੰਦਰੀ ਮੋੜ) ਵਿਖੇ ਨਾਕਾਬੰਦੀ ਕਰਕੇ ਦੋਸ਼ੀ ਨੂੰ 15000 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਗੁਰੂ ਕਾ ਬਾਗ, ਕਿਆਮਪੁਰਾ, ਤੇੜੀ, ਭੋਏਵਾਲੀ ਤੇ ਜਗਦੇਵ ਕਲਾਂ ਦੇ ਸਕੂਲਾਂ 'ਚ ਨਵ-ਨਿਰਮਾਣ ਕਾਰਜਾਂ ਦਾ ਉਦਘਾਟਨ

## * ਮਾਨ ਸਰਕਾਰ ਨੇ ਪਹਿਲੀ ਵਾਰ ਸਿੱਖਿਆ ਦੇ ਬਜਟ 'ਚ 12 ਫੀਸਦੀ ਵਾਧਾ ਕਰਕੇ ਇਤਿਹਾਸ ਸਿਰਜਿਆ: ਧਾਲੀਵਾਲ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਗੱਲਬਾਤ ਦੌਰਾਨ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦੇ ਹੁਣ ਤੱਕ ਦੇ ਇਤਿਹਾਸ 'ਚ ਪਹਿਲੀ ਵਾਰ ਸਿੱਖਿਆ ਬਜਟ 'ਚ 12 ਫੀਸਦੀ ਵਾਧਾ ਕਰਕੇ ਸਿੱਖਿਆ ਕ੍ਰਾਂਤੀ ਨਾਲ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਇਨਕਲਾਬ ਲਿਆ ਕੇ ਨਵਾਂ ਇਤਿਹਾਸ ਸਿਰਜਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮਿਆਰੀ ਬਣਾਉਣ ਲਈ 20 ਹਜ਼ਾਰ ਦੇ ਕਰੀਬ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਆਈ. ਏ. ਐਸ., ਆਈ. ਪੀ. ਐੱਸ., ਪੀ. ਸੀ. ਐੱਸ. , ਆਈ. ਆਈ. ਐੱਮ. ਅਤੇ ਆਈ. ਆਈ. ਟੀ., ਪ੍ਰੀਖਿਆਵਾਂ ਦੇ ਹਾਣੀ ਬਣਾਉਣ ਲਈ ਇਨ੍ਹਾਂ ਉੱਚ ਆਹੁਦਿਆਂ ਦੀਆਂ ਪ੍ਰੀਖਿਆਵਾਂ ਵੱਲ ਆਕਰਸ਼ਿਤ ਕਰਨ ਹਿੱਤ ਬਕਾਇਦਾ ਰੋਲ ਮਾਡਲ ਵਜੋਂ ਆਈਪੀਐਸ ਤੇ ਆਈਏਐੱਸ ਅਧਿਕਾਰੀਆਂ ਨੂੰ ਐਮੀਨੈਂਸ ਸਕੂਲ ਸੌਂਪੇ ਗਏ ਹਨ। ਸ: ਕੁਲਦੀਪ ਸਿੰਘ ਧਾਲੀਵਾਲ ਵਲੋਂ ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਜਨਾਲਾ ਤਹਿਤ ਪੈਂਦੇ ਸਰਕਾਰੀ ਸਕੂਲ ਕਿਆਮਪੁਰ ਦੇ ਸੀਨੀਅਰ ਸੈਕੰਡਰੀ ਤੇ ਪ੍ਰਾਇਮਰੀ ਸਕੂਲ 'ਚ 57 ਲੱਖ ਰੁਪਏ ਦੀ ਲਾਗਤ ਨਾਲ, ਸਕੂਲ ਗੁਰੂ ਕਾ ਬਾਗ ਵਿਖੇ 21.26 ਲੱਖ ਰੁਪਏ, ਪਿੰਡ ਭੋਏਵਾਲੀ ਦੇ ਮਿਡਲ ਸਕੂਲ ਵਿਖੇ 4.15



ਲੱਖ ਤੇ ਪਿੰਡ ਤੇੜੀ ਦੇ ਪ੍ਰਾਇਮਰੀ ਸਕੂਲ ਵਿਖੇ 4 ਲੱਖ ਰੁਪਏ ਦੀ ਲਾਗਤ ਨਾਲ ਜਦੋਂਕਿ ਆਪਣੇ ਜੱਦੀ ਪਿੰਡ ਜਗਦੇਵ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ 31 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ ਵੱਖ ਵਿਕਾਸ ਕਾਰਜਾਂ ਦਾ ਤਾੜੀਆਂ ਦੀ ਗੂੰਜ 'ਚ ਉਦਘਾਟਨ ਸਮਾਰੋਹਾਂ ਨੂੰ ਸੰਬੋਧਨ ਕਰਦਿਆਂ ਕੀਤਾ। ਸ: ਧਾਲੀਵਾਲ ਨੇ ਉਦਘਾਟਨੀ ਸਮਾਰੋਹਾਂ 'ਚ ਸ਼ਾਮਲ ਵਿਦਿਆਰਥੀਆਂ, ਅਧਿਆਪਕਾਂ, ਬੱਚਿਆਂ ਦੇ ਮਾਪਿਆਂ, ਸਕੂਲ ਮੈਨੇਜਮੈਂਟ ਕਮੇਟੀਆਂ ਦੇ ਅਹੁਦੇਦਾਰਾਂ ਤੇ ਪਤਵੰਤੇ ਸੱਜਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀ ਹਰ ਸੰਭਵ ਕੋਸ਼ਿਸ ਹੈ ਕਿ ਸਰਕਾਰੀ ਸਕੂਲਾਂ 'ਚ ਆਧੁਨਿਕ ਸਿਖਿਆ ਪ੍ਰਣਾਲੀ ਨੂੰ ਤਰਜੀਹਾਂ ਦਿੱਤੀਆਂ ਜਾਣ ਜਿਸ ਦਾ ਪ੍ਰਤੱਖ ਪ੍ਰਮਾਣ ਹੈ ਕਿ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਸਕੂਲਾਂ 'ਚ ਸਮਾਰਟ ਕਲਾਸਰੂਮ, ਸਮਾਰਟ ਲੈਬਜ਼, ਕੰਪਿਊਟਰਜ਼, ਇੰਟਰਨੈੱਟ, ਵਧੀਆਂ ਫਰਨੀਚਰ ਤੇ ਲਾਈਬ੍ਰੇਰੀਆਂ ਨਾਲ ਲੈਸ ਕੀਤਾ ਗਿਆ ਹੈ। ਸਰਕਾਰੀ ਸਕੂਲਾਂ ਦੀ ਦਿੱਖ ਤੇ ਪੜ੍ਹਾਈ ਹੁਣ ਸਿੱਖਿਆ ਕ੍ਰਾਂਤੀ ਤਹਿਤ ਪ੍ਰਾਈਵੇਟ ਸਕੂਲਾਂ ਨਾਲੋਂ ਬਿਹਤਰ ਹੈ ਅਤੇ ਬੱਚਿਆਂ ਦੇ ਵਾਰਿਸਾਂ ਨੇ ਆਪਣੇ ਬੱਚਿਆਂ ਨੂੰ ਪੜ੍ਹਾਉਣ ਲਈ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਸਰਕਾਰੀ ਸਕੂਲਾਂ ਨੂੰ ਤਰਜੀਹ ਦੇਣੀ ਸ਼ੁਰੂ ਕਰ ਦਿੱਤੀ ਹੈ। ਸ.ਧਾਲੀਵਾਲ ਨੇ ਸਕੂਲਾਂ ਦੇ ਨਵ ਨਿਰਮਾਣ ਕਾਰਜਾਂ ਸਣੇ ਵਿਦਿਆਰਥੀਆਂ ਵਲੋਂ ਤਿਆਰ ਗਣਿਤ ਤੇ ਵਿਗਿਆਨ ਪ੍ਰਦਰਸ਼ਨੀਆਂ ਦਾ ਨਰੀਖਣ ਕੀਤਾ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਹਲਕਾ ਪੱਧਰੀ ਸਿੱਖਿਆ ਕੋਆਰਡੀਨੇਟਰ ਅਮਨਦੀਪ ਕੌਰ ਧਾਲੀਵਾਲ, ਓਐੱਸਡੀ ਚਰਨਜੀਤ ਸਿੰਘ ਸਿੱਧੂ, ਗੁਰਜੰਟ ਸਿੰਘ ਸੋਹੀ, ਸਰਪੰਚ ਸੁਬੇਗ ਸਿੰਘ ਗਿੱਲ ਜਗਦੇਵ ਕਲਾਂ, ਮਾਰਕਿਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਜਸਬੀਰ ਸਿੰਘ ਜੱਸ, ਸਰਪੰਚ ਹਰਦੇਵ ਸਿੰਘ ਜੰਗਾ ਭੋਏਵਾਲੀ ਆਦਿ ਮੌਜੂਦ ਸਨ।

# ਕੀਰਤਨ ਦਰਬਾਰ ਸੁਸਾਇਟੀ ਨੇ ਲੋੜਵੰਦਾਂ ਨੂੰ ਰਾਸ਼ਨ ਵੰਡਿਆ



ਪੱਟੀ (ਬਲਦੇਵ ਸਿੰਘ ਸੰਧੂ)-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਪੱਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਮਹੀਨਾਵਾਰ ਲੋੜਵੰਦ ਪਰਿਵਾਰਾਂ ਅਤੇ ਵਿਧਵਾ ਔਰਤਾਂ ਨੂੰ ਰਾਸ਼ਨ ਦੀ ਸੇਵਾ ਗੁਰਦਵਾਰਾ ਬੀਬੀ ਰਜਨੀ ਜੀ ਪੱਟੀ ਵਿਖੇ ਕੀਤੀ ਗਈ। ਬਾਬਾ ਦੀਪ ਸਿੰਘ ਜੀ ਦੀ ਕਿਰਪਾ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਹਰ ਮਹੀਨੇ ਸੰਗਤ ਦੇ ਉਦਮ ਨਾਲ ਇਹ ਸੇਵਾਵਾਂ ਚੱਲ ਰਹੀਆਂ ਹਨ।

ਇਸ ਮਹੀਨੇ ਦੀ ਰਾਸ਼ਨ ਦੀ ਸੇਵਾ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਹੈ।ਇਹ ਜਾਣਕਾਰੀ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੱਬੂ ਅਤੇ ਸਕੱਤਰ ਜੋਗਾ ਸਿੰਘ ਵੱਲੋ ਦਿੱਤੀ ਗਈ। ਇਸ ਮੌਕੇ ਪ੍ਰਧਾਨ ਗੁਰਦਵਾਰਾ ਬੀਬੀ ਰਜਨੀ ਜੀ ਬਲਬੀਰ ਸਿੰਘ ਲੁਹਾਰੀਆ, ਅਵਤਾਰ ਸਿੰਘ ਸੇਵਾ ਸਿੰਘ ਦੀ ਹੱਟੀ ਵਾਲੇ, ਭਾਈ ਕੰਵਲਜੀਤ ਸਿੰਘ ਰਾਗੀ ਜਥਾ ਪੱਟੀ, ਅਮਰੀਕ ਸਿੰਘ ਜੇਈ, ਰਜਵੰਤ ਸਿੰਘ ਜੇਈ, ਸੁਰਜੀਤ ਸਿੰਘ ਪ੍ਰਧਾਨ, ਜਸਪਾਲ ਸਿੰਘ ਮੈਡੀਕਲ ਸਟੋਰ ਵਾਲੇ ਮਨਕੀਰਤ ਸਿੰਘ ਕੈਨੇਡਾ, ਡਾ. ਸਰਵਪ੍ਰੀਤ ਸਿੰਘ, ਅੰਮ੍ਰਿਤ ਸਿੰਘ ਪੁੱਤਰ ਇਕਬਾਲ ਸਿੰਘ ਜੌਲੀ, ਸੁਖਚੈਨ ਸਿੰਘ ਰਾਜੂ ਕਲਾਥ ਹਾਊਸ ਵਾਲੇ, ਪ੍ਰਬਜੀਤ ਸਿੰਘ, ਨਰਿੰਦਰ ਸਿੰਘ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਕੈਪਟਨ ਮਹਿਲ ਸਿੰਘ ਸਿੱਧੂ, ਮਾਸਟਰ ਸਤਨਾਮ ਸਿੰਘ ਸਿੱਧੂ, ਮਾਸਟਰ ਅਰਸਦੀਪ ਸਿੰਘ, ਮਾਸਟਰ ਬਿਕਰਮਜੀਤ ਸਿੰਘ, ਮਾਸਟਰ ਅਮਨਦੀਪ ਸਿੰਘ ਕਰੀਰ, ਗੁਰਸੇਵਕ ਸਿੰਘ ਪਟਵਾਰੀ, ਅਵਤਾਰ ਸਿੰਘ ਫੌਜੀ ਚੀਮਾ, ਮੈਡਮ ਸ਼ਮਿੰਦਰ ਕੌਰ, ਪਰਮਜੀਤ ਸਿੰਘ ਬੈਂਕ ਵਾਲੇ, ਨਿਰਮਲ ਸਿੰਘ ਕਿਰਪਾਨਾਂ ਵਾਲੇ, ਗੁਰਦੇਵ ਸਿੰਘ ਲੁਹਾਰੀਆ, ਡੀਐੱਸਪੀ ਬਲਰਾਜ ਸਿੰਘ ਖਹਿਰਾ, ਬਲਜਿੰਦਰ ਸਿੰਘ ਬੀਟੀ, ਸੰਨਦੀਪ ਸਿੰਘ, ਜਗਦੀਪ ਸਿੰਘ ਪ੍ਰਿੰਸ, ਜੋਬਨਜੀਤ ਸਿੰਘ, ਜਸ਼ਨਪ੍ਰੀਤ ਸਿੰਘ ਪਟਿਆਲਾ, ਅਮਨ ਕਲਸੀ ਕਾਸਮੈਟਿਕ ਸੈਂਟਰ, ਪ੍ਰਭਜੋਤ ਸਿੰਘ, ਇੰਸਪੈਕਟਰ ਦਰਸ਼ਨ ਸਿੰਘ, ਹਰਚਰਨ ਸਿੰਘ ਵਿਰਦੀ, ਡਾਕਟਰ ਗੁਰਮੇਜ ਸਿੰਘ ਬੱਠੇਭੈਣੀ, ਜਗਤਾਰ ਸਿੰਘ ਮੁੱਕਰ, ਅਜੇਪਾਲ ਸਿੰਘ, ਹਰਵੇਲ ਸਿੰਘ ਕੈਰੋਂ, ਪਿੰਟੂ ਕਰਿਆਨਾ ਸਟੋਰ, ਹਰਪ੍ਰੀਤ ਸਿੰਘ ਲੇਡੀਜ਼ ਜ਼ੋਨ, ਨਿਰਮਲ ਸਿੰਘ, ਕਾਕਾ ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਭਾਈ ਮਨਪ੍ਰੀਤ ਸਿੰਘ ਕਾਨ੍ਹਪੁਰੀ ਵਾਲਿਆਂ ਬਰੈਂਪਟਨ ਦੀਆਂ ਸੰਗਤਾਂ ਨੂੰ ਕੀਤਾ ਨਿਹਾਲ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕਨੇਡਾ ਬਰੈਂਪਟਨ ਦੇ ਗੁਰਦੁਆਰਾ ਸਿੱਖ ਸੰਗਤ ਸਾਹਿਬ ਵਿਖੇ ਪੰਥ ਦੇ ਮਹਾਨ ਕੀਰਤਨਨੀ ਜਥੇਦਾਰ ਭਾਈ ਮਨਪ੍ਰੀਤ ਸਿੰਘ ਕਾਨਪੁਰੀ ਵੱਲੋਂ ਆਪਣੇ ਚਾਰ ਦਿਨਾਂ ਦੇ ਸਮਾਗਮਾਂ ਦੌਰਾਨ ਸੰਗਤਾਂ ਨੂੰ ਗੁਰੂ ਜਸ ਰਾਹੀਂ ਨਿਹਾਲ ਕੀਤਾ ਗਿਆ। ਭਾਈ ਮਨਪ੍ਰੀਤ ਸਿੰਘ ਕਾਨਪੁਰੀ ਪਿਛਲੇ ਚਾਰ ਦਿਨਾਂ ਤੋਂ ਸ਼ਾਮੀਂ 7 ਵਜੇ ਤੋਂ ਲੈ ਕੇ ਰਾਤ 8:30 ਵਜ ਤੱਕ ਗੁਰਦੁਆਰਾ ਸਿੱਖ ਸੰਗਤ ਬਰੈਂਪਟਨ ਵਿਖੇ ਕੀਰਤਨ ਸਮਾਗਮ ਦੌਰਾਨ ਕੈਨੇਡਾ ਦੀਆਂ ਸੰਗਤਾਂ ਨੂੰ ਗੁਰਬਾਣੀ ਸਿਮਰਨ ਦੇ ਨਾਲ ਜੋੜਦੇ ਹੋਏ ਸੰਗਤਾਂ ਨੂੰ ਦਸਾਂ ਨਹੁੰਆਂ ਦੀ ਕਿਰਤ ਕਰਨ ਅਤੇ ਵੰਡ ਕੇ ਛਕਣ ਦਾ ਹੋਕਾ ਦਿੰਦੇ ਹੋਏ ਇਹ ਕਹਿੰਦੇ ਹਨ ਕਿ ਸੰਗਤਾਂ ਨੂੰ ਗੁਰਬਾਣੀ ਦੇ ਲੜ ਲੱਗਣਾ ਚਾਹੀਦਾ ਹੈ ਅਤੇ ਜਿਨ੍ਹਾਂ ਪ੍ਰਾਣੀਆਂ ਨੇ ਅਜੇ ਤੱਕ ਅੰਮ੍ਰਿਤ ਦੀ ਦਾਤ ਭਾਵ ਅੰਮ੍ਰਿਤ ਨਹੀਂ ਛਕਿਆ ਉਨ੍ਹਾਂ ਨੂੰ ਅੰਮ੍ਰਿਤ ਛਕ ਕੇ ਸਿੰਘ ਸੱਜਣਾ ਚਾਹੀਦਾ ਹੈ। ਭਾਈ ਸਾਹਿਬ ਨੇ ਚਾਰ ਦਿਨਾਂ ਦੌਰਾਨ ਸੰਗਤਾਂ ਨੂੰ ਆਪਣੇ ਮਿੱਠੜੇ ਸੁਭਾਅ ਦੇ ਅਨੁਸਾਰ ਗੁਰਬਾਣੀ ਦੇ ਸੰਗ ਜੋੜਿਆ ਅਤੇ ਅਪੀਲ ਕੀਤੀ ਕਿ ਆਪਣੇ ਰੁਝੇਵਿਆਂ ਵਿੱਚੋਂ ਥੋੜ੍ਹਾ ਜਿੰਨਾ ਸਮਾਂ ਨਿਤਨੇਮ ਦੇ ਲਈ ਜ਼ਰੂਰ ਕੱਢਣਾ ਚਾਹੀਦਾ ਹੈ। ਸੰਗਤਾਂ ਨੇ ਬਹੁਤ ਹੀ ਉਤਸ਼ਾਹ ਨਾਲ ਕੀਰਤਨ ਦਾ ਆਨੰਦ ਮਾਣਿਆ। ਸਮਾਪਤੀ ਉਪਰੰਤ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਬੰਧਕਾਂ ਵੱਲੋਂ ਭਾਈ ਮਨਪ੍ਰੀਤ ਸਿੰਘ ਕਾਨਪੁਰੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ।

# ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਕੀਟਨਾਸ਼ਕ ਤੇ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ



ਗੁਰਦਾਸਪੁਰ, (ਜਨਕ ਮਹਾਜਨ)-ਕਿਸਾਨਾਂ ਨੂੰ ਚਾਲੂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਅਤੇ ਨਦੀਨਨਾਸ਼ਕ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਬਲਾਕ ਦੀਨਾਨਗਰ ਵਿੱਚ ਕੀਟਨਾਸ਼ਕ ਵਿਕ੍ਰੇਤਾਵਾਂ ਦੇ ਕਾਰੋਬਾਰੀ ਅਦਾਰਿਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ ਜਿਸ ਦੀ ਅਗਵਾਈ ਬਲਾਕ ਖੇਤੀਬਾੜੀ ਅਫ਼ਸਰ ਡਾ. ਬਲਜਿੰਦਰ ਸਿੰਘ ਨੇ ਕੀਤੀ। ਟੀਮ ਵਿਚ ਹੋਰਨਾਂ ਤੋਂ ਇਲਾਵਾ ਡਾ. ਹਰਮਨਦੀਪ ਸਿੰਘ, ਡਾ. ਅੰਮ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ, ਜਸਪ੍ਰੀਤ ਸਿੰਘ ਸਹਾਇਕ ਤਕਨਾਲੋਜੀ ਪ੍ਰਬੰਧਕ ਸ਼ਾਮਿਲ ਸਨ। ਟੀਮ ਵੱਲੋਂ ਵੱਖ-ਵੱਖ ਦੁਕਾਨਾਂ ਤੋਂ ਕੀਟਨਾਸ਼ਕਾਂ ਦੇ ਤਿੰਨ ਨਮੂਨੇ ਭਰ ਕੇ ਪਰਖ ਲਈ ਪ੍ਰਯੋਗਸ਼ਾਲਾ ਵਿਚ ਭੇਜ ਦਿੱਤੇ ਗਏ। ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਝੋਨੇ ਦੀ ਫ਼ਸਲ ਦੀ ਪਨੀਰੀ ਵਿਚ ਨਦੀਨਾਂ ਦੀ ਰੋਕਥਾਮ ਲਈ ਕਿਸਾਨਾਂ ਵੱਲੋਂ ਨਦੀਨ ਨਾਸ਼ਕਾਂ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਛੋਟੇ ਖੁਰਾਕੀ ਤੱਤਾਂ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਖਾਦਾਂ ਖ਼ਾਸ ਕਰਕੇ ਛੋਟੇ ਖੁਰਾਕੀ ਤੱਤਾਂ ਜਿਵੇਂ ਲੋਹਾ ਦਾ ਛਿੜਕਾਅ ਵੀ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮਿਆਰੀ ਨਦੀਨ ਨਾਸ਼ਕ ਅਤੇ ਹੋਰ ਖੇਤੀ ਸਮਗਰੀ ਮੁਹੱਈਆ ਕਰਵਾਉਣ ਖੇਤੀਬਾੜੀ ਅਤੇ ਕਿਸਾਨ ਭਲਾਈ ਦਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਪੂਰੇ ਕਰਕੇ ਰੱਖਣ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਖਾਦ ਦੀ ਹੋਈ ਵਿੱਕਰੀ ਦਾ ਸਟਾਕ ਪੋਸ ਮਸ਼ੀਨਾਂ ਵਿਚੋਂ ਰੋਜ਼ਾਨਾ ਕੱਢਿਆ ਜਾਵੇ ਤਾਂ ਖਾਦ ਦੀ ਸਪਲਾਈ ਵਿਚ ਕੋਈ ਵਿਘਨ ਨਾ ਪਵੇ। ਡਾ. ਬਲਜਿੰਦਰ ਸਿੰਘ ਬੈਂਸ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਾਦ, ਕੀਟਨਾਸ਼ਕ ਰਸਾਇਣ ਜਾਂ ਬੀਜ ਖ਼ਰੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ ਅਤੇ ਜੇਕਰ ਕੋਈ ਡੀਲਰ ਬਿੱਲ ਦੇਣ ਤੋਂ ਇਨਕਾਰੀ ਹੁੰਦਾ ਹੈ ਤਾਂ ਉਸ ਦੀ ਲਿਖਤੀ ਤੌਰ ਤੇ ਸ਼ਿਕਾਇਤ ਸੰਬੰਧਿਤ ਖੇਤੀਬਾੜੀ ਅਧਿਕਾਰੀ ਜਾਂ ਮੁੱਖ ਖੇਤੀਬਾੜੀ ਅਫ਼ਸਰ ਨੂੰ ਕਰਨ।

# ਬੀਪੀਓ ਤੇ ਸਕੂਲ ਮੁਖੀ ਦਾ ਵਾਦ-ਵਿਵਾਦ ਜਿਉਂ ਦਾ ਤਿਉਂ ਹੀ, ਸਕੂਲ 'ਚ ਵਿਕਾਸ ਕਾਰਜ ਜ਼ੋਰਾਂ 'ਤੇ



ਵੇਰਕਾ (ਰਾਣਾ)-ਸਿੱਖਿਆ ਵਿਭਾਗ (ਐਲੀ:) ਅੰਮ੍ਰਿਤਸਰ ਵਿਖੇ ਬੀਪੀਓ ਅਤੇ ਇੱਕ ਮਹਿਲਾ ਸਕੂਲ ਮੁਖੀ ਦਰਮਿਆਨ ਬੀਤੇ ਦਿਨ ਤੋਂ ਚੱਲ ਰਿਹਾ ਵਾਦ-ਵਿਵਾਦ ਉਦੋਂ, ਹੋਰ ਵੀ ਦਿਲਚਸਪ ਤੇ ਰੌਚਿਕ ਹੋ ਗਿਆ, ਜਦੋਂ ਸਕੂਲ ਦੀ ਦਿੱਖ ਸੁੰਦਰ ਬਨਾਉਣ, ਸਿੱਖਿਆ ਭਰਪੂਰ ਵਿਚਾਰ ਲਿਖਣ, ਐਜੂਕੇਸ਼ਨ ਪਾਰਕ ਦਾ ਨਿਰਮਾਣ, ਸਾਫ-ਸਫਾਈ, ਰੰਗ-ਰੋਗਨ ਕਰਨ ਭਾਵ ਬਹੁਪੱਖੀ ਵਿਕਾਸ ਦਾ ਕੰਮ ਸਕੂਲ 'ਚ ਜੋਰਾਂ ਤੇ ਆਰੰਭ ਹੋ ਗਿਆ ਜਿਸ ਨੂੰ ਲੈ ਕੇ ਅਧਿਆਪਕ ਵਰਗ, ਮਾਪੇ, ਇਲਾਕਾ ਨਿਵਾਸੀਆਂ ਅੰਦਰ ਨਵੀਂ ਚਰਚਾ ਛਿੜ ਗਈ ਹੈ। ਇਸ ਦੌਰਾਨ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਅਤੇ ਐਸਸੀ/ਬੀਸੀ ਅਧਿਆਪਕ ਯੂਨੀਅਨ ਪੰਜਾਬ ਦੀ ਜ਼ਿਲਾ ਇਕਾਈ ਅੰਮ੍ਰਿਤਸਰ ਦੇ ਦਰਜਾ-ਬਾ-ਦਰਜਾ ਅਹੁਦੇਦਾਰਾਂ ਨੇ ਸਕੂਲ ਮੁਖੀ ਸ: ਐਲੀ: ਸਕੂਲ ਪੁਤਲੀਘਰ (ਗਵਾਲਮੰਡੀ) ਬਲਾਕ ਅੰਮ੍ਰਿਤਸਰ-4 ਵੱਲੋਂ ਤਨਦੇਹੀ, ਇਮਾਨਦਾਰੀ ਅਤੇ ਲਗਨ ਨਾਲ ਕਰਵਾਏ ਜਾ ਰਹੇ ਸਕੂਲ ਵਿੱਚ ਉਪਰੋਕਤ ਕੰਮਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਹੈ। ਇੱਥੇ ਦੱਸਣਯੋਗ ਹੈ ਕਿ ਬੀਪੀਓ ਬਲਾਕ ਅੰਮ੍ਰਿਤਸਰ-4 ਤੇ ਉਕਤ ਸਕੂਲ ਮੁਖੀ ਦੇ ਵਿਚਾਲੇ ਉੱਠਿਆ ਵਾਦ-ਵਿਵਾਦ ਬੀਤੇ ਕਈ ਦਿਨਾਂ ਤੋਂ ਵੱਖ-ਵੱਖ ਅਖਬਾਰਾਂ ਦੀਆਂ ਸੁਰਖੀਆਂ ਬਣਿਆ ਹੋਇਆ ਹੈ। ਜਿਸ 'ਚ ਇੱਕ ਧਿਰ ਵੱਲੋਂ ਨਿਰੰਤਰ ਇਲਜ਼ਾਮ ਬਾਜ਼ੀਆਂ ਦਾ ਦੌਰ ਹੈ ਅਤੇ ਦੂਜੀ ਧਿਰ ਵੱਲੋਂ ਆਪਣੇ ਬਚਾਅ ਪੱਖ ਲਈ ਨਿਰਪੱਖ ਜਾਂਚ ਕਰਨ ਉਪਰੰਤ ਸਕੂਲ ਪੜ੍ਹਨ ਵਾਲੇ ਗਰੀਬ ਤੇ ਲੋੜਵੰਦ ਬੱਚਿਆਂ ਦੀ ਸਿੱਖਿਆ ਨੂੰ ਲੈ ਕੇ ਮਹਿਕਮੇ ਦੇ ਉੱਚ ਅਧਿਕਾਰੀਆਂ ਪਾਸੋਂ ਇਨਸਾਫ ਦੀ ਮੰਗ ਕੀਤੀ ਜਾ ਰਹੀ ਹੈ। ਇਹ ਵਾਦ-ਵਿਵਾਦ ਭਾਵੇਂ ਕਿ ਹਾਲੇ ਤੱਕ ਹੱਲ ਨਹੀਂ ਹੋਇਆ ਹੈ ਪ੍ਰੰਤੂ ਇਸ ਦੇ ਚੱਲਦਿਆਂ ਬੱਚਿਆਂ ਨੂੰ ਪੜ੍ਹਾਉਣਾ, ਮਿਲਣ ਵਾਲਾ ਪੌਸ਼ਟਿਕ ਭੋਜਨ ਮਿੱਡ-ਡੇ-ਮੀਲ ਹੋਰ ਵੀ ਵਧੀਆ ਅਤੇ ਸਕੂਲ ਦਾ ਪ੍ਰਬੰਧ ਸੁਚਾਰੂ ਢੰਗ ਨਾਲ ਜ਼ਰੂਰ ਚੱਲਣ ਲੱਗ ਪਿਆ ਹੈ ਜਿਸ ਸੰਬੰਧੀ ਅਧਿਆਪਕ ਸਫਾਂ 'ਚ ਵੀ ਭਰਪੂਰ ਚਰਚਾ ਹੈ।

# ਸਤਲੁਜ ਸਕੂਲ ਵੱਲੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚੇ ਸਨਮਾਨਿਤ



ਪੱਟੀ,(ਬਲਦੇਵ ਸਿੰਘ ਸੰਧੂ)-ਪੱਟੀ ਇਲਾਕੇ ਦੀ ਪੁਰਾਣੀ ਤੇ ਨਾਮਵਰ ਸਿੱਖਿਆ ਸੰਸਥਾ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਦਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਸਵੀਂ ਕਲਾਸ ਦਾ ਨਤੀਜਾ ਸ਼ਾਨਦਾਰ।

ਸਕੂਲ ਮੈਨੇਜਮੈਂਟ ਵੱਲੋਂ ਪੁਜੀਸ਼ਨਾ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਰਬੀਰ ਸਿੰਘ, ਹਰਨੂਰ ਸਿੰਘ ਮੈਡਮ ਪਰਮਿੰਦਰ ਕੌਰ, ਪ੍ਰਿੰਸੀਪਲ ਰਾਜਬੀਰ ਕੌਰ, ਵਾਈਸ ਪ੍ਰਿੰਸੀਪਲ ਦਲਬੀਰ ਕੌਰ ਵੱਲੋ ਸਟਰੀਮ ਆਰਟਸ, ਮੈਡੀਕਲ ਨਾਨ ਮੈਡੀਕਲ ਅਤੇ ਕਾਮਰਸ ਦੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਪ੍ਰਿੰਸੀਪਲ ਰਾਜਬੀਰ ਕੌਰ ਨੇ ਬੱਚਿਆ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।+

# ਪੀ ਐੱਮ ਕਿਸਾਨ ਸਕੀਮ ਤਹਿਤ ਲਾਭਪਾਤਰੀਆਂ ਨੂੰ ਈ ਕੇ ਵਾਈ ਸੀ ਕਰਵਾਉਣੀ ਜ਼ਰੂਰੀ: ਮੁੱਖ ਖੇਤੀਬਾੜੀ ਅਫ਼ਸਰ

ਗੁਰਦਾਸਪੁਰ (ਜਨਕ ਮਹਾਜਨ)- ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ 19 ਫਰਵਰੀ 2019 ਨੂੰ ਭਾਰਤ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਸੀ, ਇਸ ਯੋਜਨਾ ਤਹਿਤ ਕਿਸਾਨਾਂ ਨੂੰ ਹਰ ਚਾਰ ਮਹੀਨਿਆਂ ਬਾਅਦ ਸਾਲ ਵਿੱਚ ਤਿੰਨ ਵਾਰ ਕੁੱਲ ਛੇ ਹਜ਼ਾਰ ਰੁਪਏ ਦੀ ਰਕਮ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਜਮਾਂ ਹੁੰਦੀ ਹੈ। ਇਸ ਸਕੀਮ ਦਾ ਮੁੱਖ ਮਕਸਦ ਸਰਕਾਰ ਦੁਆਰਾ ਕਿਸਾਨਾਂ ਵੱਲੋਂ ਫ਼ਸਲਾਂ ਦੀ ਕਾਸ਼ਤ ਤੇ ਕੀਤੇ ਜਾਂਦੇ ਖ਼ਰਚੇ ਦੀ ਕੁੱਝ ਹੱਦ ਤੱਕ ਪੂਰਤੀ ਕਰਨਾ ਹੈ।

ਜੇਕਰ ਕਿਸਾਨ ਈ-ਕੇ ਵਾਈ ਸੀ ਨਹੀਂ ਕਰਵਾਉਂਦੇ ਤਾਂ ਉਹ ਇਸ ਯੋਜਨਾ ਦਾ ਲਾਭ ਨਹੀਂ ਲੈ ਸਕਦੇ ਅਤੇ ਈ ਕੇ ਵਾਈ ਸੀ ਨਾਂ ਕਰਵਾਉਣ ਦੀ ਸੂਰਤ ਵਿਚ ਲਾਭਪਾਤਰੀਆਂ ਦੇ ਖਾਤੇ ਬੰਦ ਹੋ ਸਕਦੇ ਹਨ। ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਬਾਰੇ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ 114514 ਕਿਸਾਨ ਇਸ ਯੋਜਨਾ ਲਈ ਯੋਗ ਹਨ ਅਤੇ 86560 ਕਿਸਾਨਾਂ ਦੀ ਈ-ਕੇਵਾਈਸੀ ਮੁਕੰਮਲ ਕੀਤੀ ਜਾ ਚੁੱਕੀ ਹੈ ਅਤੇ 27954 ਕਿਸਾਨਾਂ ਦੀ ਈ-ਕੇ ਵਾਈ ਸੀ ਦੀ ਪ੍ਰਕਿਰਿਆ ਬਕਾਇਆ ਰਹਿੰਦੀ ਹੈ।


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 27.02.2025 ਨੂੰ ਇਕ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਬਲਵਿੰਦਰ ਸਿੰਘ ਪੁੱਤਰ ਹਰਬੰਸ ਸਿੰਘ, ਵਾਸੀ ਚੱਕ ਟਿੱਬੀ ਤਾਇਬ, ਫਿਰੋਜ਼ਪੁਰ, ਪੰਜਾਬ-142044 2. ਸ੍ਰੀਮਤੀ ਬਿਮਲਾ ਰਾਣੀ ਪਤਨੀ ਬਲਵਿੰਦਰ ਸਿੰਘ, ਵਾਸੀ ਚੱਕ ਟਿੱਬੀ ਤਾਇਬ, ਫਿਰੋਜ਼ਪੁਰ, ਪੰਜਾਬ-142044 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਪ੍ਰਮਜੀਤ ਸਿੰਘ ਪੁੱਤਰ ਬਲਵੀਰ ਸਿੰਘ, ਵਾਸੀ ਡਾਕਖਾਨਾ ਫਤਹਿਗੜ੍ਹ ਪੰਜਤੂਰ, ਟਿੱਬੀ ਰੰਗਾ, ਫਿਰੋਜ਼ਪੁਰ, ਮਖੂ, ਪੰਜਾਬ-142044 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਐੱਲ ਏ ਪੀ/013602004916 'ਚ ਡਿਮਾਂਡ ਨੋਟਿਸ ਦੀ ਮਿਤੀ 'ਤੇ ਬਕਾਇਆ ਰਕਮ ਰੁ. 12,23,735.70 ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਸੱਦਾ ਦਿੱਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ/ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਐੱਲ ਏ ਪੀ/013602004916 'ਚ ਬਕਾਇਆ ਰਾਸ਼ੀ ਰੁਪਏ ਰੁ. 12,23,735.70 ਸਮੇਤ 01.02.2025 ਭਵਿੱਖੀ ਵਿਆਜ ਲਈ ਦੇਣਦਾਰੀ ਦਾ ਵਿਸ਼ਾ ਹੋਵੇਗਾ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ ਨੰ. 2023-24/119/1/113 ਮਿਤੀ 02.05.2023 ਅਨੁਸਾਰ ਸ੍ਰੀਮਤੀ ਬਿਮਲਾ ਰਾਣੀ ਪਤਨੀ ਬਲਵਿੰਦਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 14 ਮਰਲੇ, ਪਿੰਡ ਟਿੱਬੀ ਤਾਇਬਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਨਾਲ ਸੰਬੰਧਤ ਸਭ ਕੁਝ।

ਮਿਤੀ 20.05.2025, ਸਥਾਨ : ਜ਼ੀਰਾ, ਪੰਜਾਬ (ਅਧਿਕਾਰਤ ਅਫ਼ਸਰ)

**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 19.02.2025 ਨੂੰ ਇਕ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਗੁਰਮੇਲ ਸਿੰਘ ਪੁੱਤਰ ਸ੍ਰੀ ਪੰਜੂ ਸਿੰਘ, ਵਾਸੀ ਦੂਲੇਕੇ ਨੱਥੂਵਾਲਾ, ਫਿਰੋਜ਼ਪੁਰ, ਪੰਜਾਬ-152024 2. ਸ੍ਰੀਮਤੀ ਸੋਮਾ ਰਾਣੀ ਪਤਨੀ ਗੁਰਮੇਲ ਸਿੰਘ, ਵਾਸੀ ਦੂਲੇਕੇ ਨੱਥੂਵਾਲਾ, ਅਮੀਰ ਖਾਸ, ਫਿਰੋਜ਼ਪੁਰ, ਪੰਜਾਬ-152024 3. ਸ੍ਰੀਮਤੀ ਬੀਬੋ ਰਾਣੀ ਪਤਨੀ ਪੰਜੂ ਸਿੰਘ, ਵਾਸੀ ਦੂਲੇਕੇ ਨੱਥੂਵਾਲਾ, ਅਮੀਰ ਖਾਸ, ਫਿਰੋਜ਼ਪੁਰ, ਪੰਜਾਬ-152024 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 4. ਸ੍ਰੀ ਬਗੀਚ ਸਿੰਘ ਪੁੱਤਰ ਕਿਸ਼ੋਰ ਸਿੰਘ ਵਾਸੀ ਦੂਲੇਕੇ ਨੱਥੂਵਾਲਾ ਅਮੀਰ ਖਾਸ, ਫਿਰੋਜ਼ਪੁਰ, ਪੰਜਾਬ-152024 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਐੱਲ ਏ ਪੀ/013602005126 ਡਿਮਾਂਡ ਨੋਟਿਸ ਦੀ ਮਿਤੀ 'ਤੇ ਬਕਾਇਆ ਰਕਮ 'ਚ ਰੁਪਏ 5,79,310.90 ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ/ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਐੱਲ ਏ ਪੀ/013602005126 'ਚ ਬਕਾਇਆ ਰਾਸ਼ੀ ਰੁ. 5,79,310.90 ਸਮੇਤ 01.02.2025 ਭਵਿੱਖੀ ਵਿਆਜ ਲਈ ਦੇਣਦਾਰੀ ਦਾ ਵਿਸ਼ਾ ਹੋਵੇਗਾ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ ਨੰ. 2023-24/114/1/768 ਮਿਤੀ 15.06.2023 ਅਨੁਸਾਰ ਸ੍ਰੀ ਗੁਰਮੇਲ ਸਿੰਘ ਪੁੱਤਰ ਸ੍ਰੀ ਪੰਜੂ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 12 ਮਰਲੇ 3 ਸਰਸਾਈ, ਦੂਲੇਕੇ ਨੱਥੂਵਾਲਾ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਨਾਲ ਸੰਬੰਧਤ ਸਭ ਕੁੱਝ।

ਮਿਤੀ 20.05.2025, ਸਥਾਨ : ਦੂਲੇਕੇ, ਫਿਰੋਜ਼ਪੁਰ (ਅਧਿਕਾਰਤ ਅਫ਼ਸਰ)

ਇੰਡਿਯਨ ਬੈਂਕ   Indian Bank   **Indian Bank**
ਇਲਾਹਾਬਾਦ   ALLAHABAD   Dugri, Ludhiana

**ਵਿਲਫੁੱਲ ਡਿਫਾਲਟਰ ਵਰਗੀਕ੍ਰਿਤ ਕਰਨ ਵਾਲੀ ਵਿਲਫੁੱਲ ਡਿਫਾਲਟਰ ਪਛਾਣ ਕਮੇਟੀ ਦੇ ਫੈਸਲੇ/ਮਨਜ਼ੂਰੀ ਸੰਬੰਧੀ ਕਰਜ਼ਦਾਰ ਨੂੰ ਪੱਤਰ**

ਸੇਵਾ ਵਿੱਚ   16.05.2025

| | |
|---|---|
| 1. ਸ੍ਰੀਮਤੀ ਪੂਨਮ ਮੂੰਗਾ (ਕਰਜ਼ਦਾਰ)<br>2. (ਸ੍ਰੀ ਰਜਿੰਦਰ ਕੁਮਾਰ (ਸਹਿ-ਕਰਜ਼ਦਾਰ) | ਵਿਲਫੁੱਲ ਡਿਫਾਲਟਰ ਵਜੋਂ ਵਰਗੀਕ੍ਰਿਤ ਕੀਤੇ ਜਾਣ ਲਈ ਤਜਵੀਜ਼ਤ ਕਰਜ਼ਦਾਰ ਕੰਪਨੀ, ਇਸ ਦੇ ਪ੍ਰੋਮੋਟਰਾਂ, ਡਾਇਰੈਕਟਰਾਂ, ਗਰੰਟਰਾਂ ਦਾ ਨਾਂਅ ਅਤੇ ਪਤਾ ਨਿੱਜੀ ਤੌਰ 'ਤੇ ਅਤੇ ਸਾਰੇ ਉਪਲੱਬਧ ਪਤਿਆਂ 'ਤੇ ਦਿੱਤਾ ਜਾਵੇਗਾ |

ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੇ ਸਾਡੀ ਦੁਗਰੀ ਬਰਾਂਚ ਤੋਂ ਕਰਜ਼ਾ ਸਹੂਲਤਾਂ ਪ੍ਰਾਪਤ ਕੀਤੀਆਂ ਹਨ। ਖਾਤਾ 29.08.2023 ਨੂੰ ਐੱਨ ਪੀ ਏ 'ਚ ਤਬਦੀਲ ਹੋ ਚੁੱਕਾ ਹੈ। 18.03.2025 ਨੂੰ ਕੁੱਲ ਬਕਾਇਆ ਰਕਮ ਰੁਪਏ 0.75 ਕਰੋੜ ਹੈ। ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਵੱਲੋਂ ਭੁੱਲ ਜਾਂ ਕਮਿਸ਼ਨ ਵਜੋਂ ਕੀਤੇ ਗਏ ਕੰਮਾਂ, ਜਿਨ੍ਹਾਂ ਕਰਕੇ ਖਾਤਾ ਡਿਫਾਲਟ ਹੋਇਆ ਦਾ ਨਿਰੀਖਣ ਆਰ ਬੀ ਆਈ ਦੇ ਦਿਸ਼ਾ-ਨਿਰਦੇਸ਼ਾਂ (ਜਾਣ-ਬੁੱਝ ਕੇ ਕਰਜ਼ਾ ਨਾ ਚੁਕਾਉਣ ਵਾਲਿਆਂ ਅਤੇ ਵੱਡੇ ਡਿਫਾਲਟਰਾਂ ਨਾਲ ਵਿਵਹਾਰ) 2024 ਅਨੁਸਾਰ ਵਿਲਫੁੱਲ ਡਿਫਾਲਟਰ ਪਛਾਣ ਕਮੇਟੀ (ਡਬਲਯੂ ਡੀ ਆਈ ਸੀ) ਵੱਲੋਂ 02.08.2024 ਨੂੰ ਕੀਤਾ ਗਿਆ। ਕਮੇਟੀ ਨੇ ਪਹਿਲੀ ਨਜ਼ਰੇ ਦੇਖਿਆ ਕਿ ਬੇਨਿਯਮੀਆਂ/ਭੁੱਲਾਂ ਬਿਲਕੁੱਲ ਡਿਫਾਲਟਰ ਵਜੋਂ ਵਰਗੀਕ੍ਰਿਤ ਕੀਤੇ ਜਾਣ ਵਾਲੇ ਮਾਪਦੰਡ ਰੱਖਦੀਆਂ ਹਨ ਅਤੇ ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੂੰ ਵਿਲਫੁੱਲ ਡਿਫਾਲਟਰ ਵਰਗੀਕ੍ਰਿਤ ਕਰਨ ਹਿੱਤ ਕਾਰਨ ਦੱਸੋ ਨੋਟਿਸ ਜਾਰੀ ਕਰਨ ਨੂੰ ਮਨਜ਼ੂਰੀ ਦਿੱਤੀ ਗਈ। ਵਿਲਫੁੱਲ ਡਿਫਾਲਟ ਦਾ ਅਧਾਰ ਦੱਸਦਾ ਕਾਰਨ ਦੱਸੋ ਨੋਟਿਸ (ਐੱਸ ਸੀ ਐੱਨ) ਜੋ ਹੇਠਾਂ ਦਰਸਾਏ ਤਿੰਨ ਕਾਲਮਾਂ 'ਚ ਦਰਸਾਇਆ ਗਿਆ ਹੈ, ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੂੰ ਪੱਤਰ ਮਿਤੀ 07.12.2024 ਰਾਹੀਂ ਭੇਜਿਆ ਗਿਆ ਸੀ ਕਿ ਕਿਉਂ ਨਾ ਉਨ੍ਹਾਂ ਨੂੰ "ਵਿਲਫੁੱਲ ਡਿਫਾਲਟਰ" ਵਰਗੀਕ੍ਰਿਤ ਕਰ ਦਿੱਤਾ ਜਾਵੇ, ਜਿਸ ਸੰਬੰਧੀ ਉਨ੍ਹਾਂ ਨੂੰ ਆਪਣੀ ਸ਼ਿਕਾਇਤ/ਨਿਵੇਦਨ ਜੇਕਰ ਕੋਈ ਹੈ, ਪੇਸ਼ ਕਰਨ ਲਈ 21 ਦਿਨਾਂ ਦਾ ਸਮਾਂ ਦਿੱਤਾ ਗਿਆ ਸੀ।

ਐੱਸ ਸੀ ਐੱਨ ਜਾਰੀ ਕਰਨਾ ਅਤੇ ਇਸ ਦਾ ਜਵਾਬ ਡਬਲਯੂ ਡੀ ਆਈ ਸੀ ਮਿਤੀ 02.08.2024 ਦੇ ਨਿਰਦੇਸ਼ ਅਨੁਸਾਰ, ਕਾਰਨ ਦੱਸੋ ਨੋਟਿਸ ਉਕਤ ਦਰਸਾਏ ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੂੰ ਮਿਤੀ 07.12.2024 ਦੇ ਪੱਤਰ ਰਾਹੀਂ ਜਾਰੀ ਕੀਤਾ ਗਿਆ ਸੀ। ਐੱਸ ਸੀ ਐੱਨ ਪਹੁੰਚਾਇਆ ਨਹੀਂ ਗਿਆ ਸੀ, ਕਿਉਂਕਿ ਐੱਸ ਸੀ ਐੱਨ ਪਹੁੰਚਾਇਆ ਨਹੀਂ ਗਿਆ ਸੀ ਤਾਂ ਇਹ ਦੋ ਸਥਾਨਕ ਅਖਬਾਰਾਂ "ਦਾ ਇਕਨਾਮਿਕ ਟਾਈਮਜ਼", "ਰੋਜ਼ਾਨਾ ਚੜ੍ਹਦੀਕਲਾ" ਪੰਜਾਬ 'ਚ 19.02.2025 ਨੂੰ ਪ੍ਰਕਾਸ਼ਤ ਕੀਤਾ ਗਿਆ ਸੀ। ਕਾਰਨ ਦੱਸੋ ਨੋਟਿਸ ਦਾ ਕੋਈ ਜਵਾਬ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਵੱਲੋਂ ਪ੍ਰਾਪਤ ਨਹੀਂ ਸੀ ਹੋਇਆ। ਐੱਸ ਸੀ ਐੱਨ ਦੀਆਂ ਸੇਵਾਵਾਂ ਤੋਂ ਹੋਈ ਪ੍ਰਾਪਤੀ ਬਾਰੇ ਡਬਲਯੂ ਡੀ ਆਈ ਸੀ ਦੇ ਅਗਲੇ ਵਿਚਾਰ-ਵਟਾਂਦਰੇ ਵਾਸਤੇ ਪੇਸ਼ ਕਰ ਦਿੱਤਾ ਗਿਆ ਸੀ।

ਵਿਲਫੁੱਲ ਡਿਫਾਲਟਰ ਪਛਾਣ ਕਮੇਟੀ ਵੱਲੋਂ 29.03.2025 ਨੂੰ ਮੀਟਿੰਗ ਕੀਤੀ ਗਈ, ਜਿਸ ਵਿੱਚ ਹੇਠ ਲਿਖੇ ਮੈਂਬਰ ਸ਼ਾਮਲ ਸਨ :
ਕੁਮਾਰੀ ਮਾਇਆ ਨਾਗਾਰਾਜਨ, ਚੀਫ ਜਨਰਲ ਮੈਨੇਜਰ, ਚੇਅਰਪਰਸਨ
ਸ੍ਰੀ ਰਾਮ ਕੁਮਾਰ ਦਾਸ, ਜਨਰਲ ਮੈਨੇਜਰ, ਮੈਂਬਰ ਅਤੇ ਸ੍ਰੀ ਰਕੇਸ਼ ਸਹਿਗਲ, ਜਨਰਲ ਮੈਨੇਜਰ, ਮੈਂਬਰ

ਵਿਲਫੁੱਲ ਡਿਫਾਲਟਰ ਪਛਾਣ ਕਮੇਟੀ ਨੇ ਰਿਕਾਰਡ ਕੀਤਾ ਕਿ ਮਿਤੀ 07.12.2024 ਨੂੰ ਕਾਰਨ ਦੱਸੋ ਨੋਟਿਸ (ਐੱਸ ਸੀ ਐੱਨ) ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੂੰ ਬਰਾਂਚ ਮੈਨੇਜਰ ਦੁਗਰੀ ਬਰਾਂਚ ਵੱਲੋਂ ਜਾਰੀ ਕੀਤਾ ਗਿਆ ਸੀ ਅਤੇ ਸਾਰੇ ਨੋਟਿਸ ਟਰੈਕਿੰਗ ਵੇਰਵੇ ਰਿਪੋਰਟ ਅਨੁਸਾਰ ਪਹੁੰਚਾਏ ਨਹੀਂ ਗਏ ਸਨ। ਨੋਟਿਸ ਦੋ ਅਖਬਾਰਾਂ ਦਾ "ਇਕਨਾਮਿਕ ਟਾਈਮਜ਼", "ਰੋਜ਼ਾਨਾ ਚੜ੍ਹਦੀਕਲਾ" ਪੰਜਾਬ 'ਚ 19.02.2025 ਨੂੰ ਪ੍ਰਕਾਸ਼ਤ ਵੀ ਕੀਤੇ ਗਏ ਸਨ। ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੇ ਕਾਰਨ ਦੱਸੋ ਨੋਟਿਸ ਦਾ ਜਵਾਬ ਨਹੀਂ ਸੀ ਦਿੱਤਾ, ਜਿਸ ਤੋਂ ਸੰਕੇਤ ਮਿਲਦਾ ਹੈ ਕਿ ਉਹ ਉਨ੍ਹਾਂ ਨੂੰ ਵਿਲਫੁੱਲ ਡਿਫਾਲਟਰ ਐਲਾਨ ਨਾ ਕੀਤੇ ਜਾਣ ਸੰਬੰਧੀ ਆਪਣੇ ਵਿਚਾਰ ਪੇਸ਼ ਕਰਨ 'ਚ ਕੋਈ ਦਿਲਚਸਪੀ ਨਹੀਂ ਰੱਖਦੇ ਅਤੇ ਕਾਰਨ ਦੱਸੋ ਨੋਟਿਸ 'ਚ ਦਰਸਾਏ ਇਲਜ਼ਾਮਾਂ ਨੂੰ ਸਵੀਕਾਰ ਨਾ ਕਰਨ 'ਚ ਵੀ ਇਹੋ ਵਤੀਰਾ ਦਰਸਾਇਆ।

| | |
|---|---|
| ਰਿਜ਼ਰਵ ਬੈਂਕ ਆਫ ਇੰਡੀਆ (ਵਿਲਫੁੱਲ ਡਿਫਾਲਟਰਜ ਅਤੇ ਵੱਡੇ ਡਿਫਾਲਟਰਜ਼ ਦੇ ਨਾਲ (ਵਿਵਹਾਰ) ਨਿਰਦੇਸ਼, 2024 ਦੀ ਪੈਰਾ 3 (1) (ਟੀ) ਦੀ ਉਪਯੁਕਤ ਕਲਾਜ਼। | ਧਨ ਦੀ ਹੇਰਾਫੇਰੀ : ਯੂਨਿਟ ਨੇ ਰਿਣਦਾਤਾ ਨੂੰ ਅਦਾਇਗੀ। ਮੁੜ ਅਦਾਇਗੀ ਦੀਆਂ ਜ਼ਿੰਮੇਵਾਰੀਆਂ ਪੂਰੀਆਂ ਨਹੀਂ ਕੀਤੀਆਂ ਅਤੇ ਧਨ 'ਚ ਹੇਰਾਫੇਰੀ ਕੀਤੀ, ਤਾਂ ਜੋ ਧਨ ਜਿਸ ਮੰਤਵ ਵਾਸਤੇ ਫਾਇਨਾਂਸ ਕਰਵਾਇਆ ਗਿਆ, ਉਸ ਵਿਸ਼ੇਸ਼ ਮੰਤਵ ਲਈ ਨਹੀਂ ਵਰਤਿਆ ਗਿਆ ਅਤੇ ਨਾ ਹੀ ਯੂਨਿਟ ਕੋਲ ਕਿਸੇ ਹੋਰ ਐੱਸਟਸ ਦੇ ਰੂਪ 'ਚ ਹੀ ਉਪਲੱਬਧ ਹੈ। |
| ਕਰਜ਼ਦਾਰਾਂ/ਪ੍ਰੋਮੋਟਰਾਂ/ਡਾਇਰੈਕਟਰਾਂ/ਗਰੰਟਰਾਂ ਨੂੰ ਵਿਲਫੁੱਲ ਡਿਫਾਲਟਰ ਵਰਗੀਕ੍ਰਿਤ ਕਰਨ ਸੰਬੰਧੀ ਭੁੱਲ ਜਾਂ ਕਮਿਸ਼ਨ ਦੇ ਕੰਮਾਂ ਨੂੰ ਵਿਲਫੁੱਲ ਡਿਫਾਲਟ ਦੱਸਣ ਵਾਸਤੇ ਸਬੂਤ | ਕਰਜ਼ਦਾਰ ਨੇ 4 ਬਰਾਬਰ ਪਲਾਟ, ਜਿਨ੍ਹਾਂ ਦੀਆਂ ਹੱਦਾਂ ਵੀ ਬਰਾਬਰ ਹਨ, ਦੁਰਭਾਵਪੂਰਨ ਇਰਾਦੇ ਨਾਲ, ਇੱਕ ਹੀ ਵਿਕਰੇਤਾ ਕੋਲੋਂ 4 ਵੱਖਰੇ ਬੈਨਾਮਿਆਂ ਰਾਹੀਂ ਖਰੀਦ ਕੀਤੇ ਸਨ। ਸਾਰੇ 4 ਪਲਾਟਾਂ ਲਈ ਕਰਜ਼ੇ ਚਾਰ ਵੱਖ-ਵੱਖ ਬੈਂਕਾਂ ਤੋਂ ਪ੍ਰਾਪਤ ਕੀਤੇ ਗਏ। ਬੇਸ਼ੱਕ ਉਸਾਰੀ ਸਿਰਫ 4 ਬਰਾਬਰ ਪਲਾਟਾਂ 'ਚੋਂ ਇੱਕ 'ਤੇ ਹੀ ਕੀਤੀ ਗਈ ਸੀ । ਉਪਰੋਕਤ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਕਰਜ਼ਦਾਰ ਨੇ ਬੈਂਕ ਦਾ ਧਨ ਐੱਸਟਸ ਬਣਾਉਣ ਲਈ ਵਰਤੋਂ ਨਹੀਂ ਕੀਤਾ ਅਤੇ ਕਿਸੇ ਹੋਰ ਮੰਤਵਾਂ ਲਈ ਧਨ ਦੀ ਹੇਰਾਫੇਰੀ ਕੀਤੀ ਗਈ। |
| ਕਰਜ਼ਦਾਰ ਕੰਪਨੀ, ਇਸ ਦੇ ਪ੍ਰੋਮੋਟਰਾਂ/ਡਾਇਰੈਕਟਰਾਂ ਅਤੇ ਗਰੰਟਰਾਂ ਵੱਲੋਂ ਬੇਨਤੀਆਂ | ਕਰਜ਼ਦਾਰ ਵੱਲੋਂ ਕੋਈ ਵੀ ਜਵਾਬ ਹਾਸਲ ਨਹੀਂ ਕੀਤਾ ਗਿਆ |
| ਬੇਨਤੀ ਦੀ ਸਵੀਕਾਰਤਾ/ਨਾਸਵੀਕਾਰਤਾ ਕਾਰਨਾਂ ਸਮੇਤ | ਜਿਵੇਂ ਕਿ ਕਰਜ਼ਦਾਰ ਵੱਲੋਂ ਕੋਈ ਵੀ ਜਵਾਬ ਹਾਸਲ ਨਹੀਂ ਕੀਤਾ ਗਿਆ, ਇਸ ਲਈ ਕਾਰਨ ਦੱਸੋ ਨੋਟਿਸ 'ਚ ਦਰਸਾਏ ਗਏ ਇਲਜ਼ਾਮ ਸਵੀਕਾਰ ਕਰਨ ਦੇ ਬਰਾਬਰ ਹਨ। |

ਇਸ ਦੇ ਅਨੁਸਾਰ ਵਿਚਾਰ-ਵਟਾਂਦਰੇ ਅਤੇ ਰਿਕਾਰਡ ਮੁਤਾਬਕ, ਵਿਲਫੁੱਲ ਡਿਫਾਲਟਰ ਪਛਾਣ ਕਮੇਟੀ ਨੇ ਸਰਬਸੰਮਤੀ ਨਾਲ ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੂੰ ਆਰ ਬੀ ਆਈ/ਮਾਸਟਰ ਸਰਕੂਲਰ (ਵਿਲਫੁੱਲ ਡਿਫਾਲਟਰਜ਼ ਅਤੇ ਵੱਡੇ ਡਿਫਾਲਟਰਜ਼ ਬਾਰੇ ਵਿਵਹਾਰ) 2024 ਦੀਆਂ ਸ਼ਰਤਾਂ ਅਨੁਸਾਰ ਧਨ 'ਚ ਹੇਰਾਫੇਰੀ ਕਰਨ ਦੀ ਕਲਾਜ ਵਿਲਫੁੱਲ ਤਹਿਤ ਡਿਫਾਲਟਰ ਐਲਾਨ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਪਰੋਕਤ ਅਨੁਸਾਰ ਅਸੀਂ ਤੁਹਾਨੂੰ ਡਬਲਯੂ ਡੀ ਆਈ ਸੀ ਵੱਲੋਂ "ਵਿਲਫੁੱਲ ਡਿਫਾਲਟਰ" ਵਰਗੀਕ੍ਰਿਤ ਕੀਤੇ ਜਾਣ ਬਾਰੇ ਫੈਸਲੇ ਦੀ ਜਾਣਕਾਰੀ ਦੇ ਰਹੇ ਹਾਂ। ਡਬਲਯੂ ਡੀ ਆਈ ਜੀ ਦੇ ਫੈਸਲੇ 'ਤੇ ਆਰ ਬੀ ਆਈ ਸਰਕੂਲਰ ਅਧੀਨ ਗਠਿਤ ਡਬਲਯੂ ਡੀ ਆਰ ਸੀ, ਜਿਸ ਵਿੱਚ ਐਗਜ਼ੀਕਿਊਟਿਵ ਡਾਇਰੈਕਟਰ ਅਤੇ 2 ਚੀਫ ਜਨਰਲ ਮੈਨੇਜਰ/ਜਨਰਲ ਮੈਨੇਜਰ 'ਚ ਸ਼ਾਮਲ ਹਨ ਵੱਲੋਂ ਨਜ਼ਰਸ਼ਾਨੀ/ ਪੁਸ਼ਟੀ ਕੀਤੀ ਜਾਵੇਗੀ। ਡਬਲਯੂ ਡੀ ਆਰ ਸੀ ਕਰਜ਼ਦਾਰਾਂ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ ਨੂੰ ਨਿੱਜੀ ਸੁਣਵਾਈ ਲਈ ਮੌਕਾ ਪੇਸ਼ ਕਰੇਗੀ।

ਕਰਜ਼ਦਾਰ ਸ੍ਰੀਮਤੀ ਪੂਨਮ ਮੂੰਗਾ ਅਤੇ ਸ੍ਰੀ ਰਜਿੰਦਰ ਕੁਮਾਰ, ਜੇਕਰ ਇਸ ਫੈਸਲੇ ਨਾਲ ਪੀੜਤ ਹੋਏ ਹਨ ਤਾਂ ਉਹ ਆਪਣੀ ਨੁਮਾਇੰਦਗੀ/ਬੇਨਤੀ ਬੈਂਕ ਦੀ ਵਿਲਫੁੱਲ ਡਿਫਾਲਟਰ ਨਜ਼ਰਸ਼ਾਨੀ ਕਮੇਟੀ (ਡਬਲਯੂ ਡੀ ਆਰ ਸੀ) ਸਨਮੁੱਖ ਇਸ ਜਾਣਕਾਰੀ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਲਿਖਤੀ ਰੂਪ 'ਚ ਨਿੱਜੀ ਸੁਣਵਾਈ ਲਈ ਪੇਸ਼ ਕਰ ਸਕਦੇ ਹਨ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਨਿਰਧਾਰਤ ਸਮੇਂ ਅੰਦਰ ਕੋਈ ਨੁਮਾਇੰਦਗੀ/ਬੇਨਤੀ ਨਿੱਜੀ ਸੁਣਵਾਈ ਲਈ ਪ੍ਰਾਪਤ ਨਹੀਂ ਹੁੰਦੀ ਤਾਂ ਇਹ ਮੰਨ ਲਿਆ ਜਾਵੇਗਾ ਕਿ ਤੁਸੀਂ ਨਿੱਜੀ ਸੁਣਵਾਈ ਦਾ ਮੌਕਾ ਪ੍ਰਾਪਤ ਕਰਨ ਦੇ ਚਾਹਵਾਨ ਨਹੀਂ ਜਾਂ ਜੇਕਰ ਡਬਲਯੂ ਡੀ ਆਰ ਸੀ ਤੁਹਾਡੀ ਨੁਮਾਇੰਦਗੀ/ਸਬਮਿਸ਼ਨ, ਜੋ ਤੁਹਾਡੇ ਵੱਲੋਂ ਨਿੱਜੀ ਤੌਰ 'ਤੇ ਜਾਂ ਲਿਖਤੀ ਰੂਪ 'ਚ (ਜਿਵੇਂ ਦਾ ਵੀ ਮਸਲਾ ਹੋਵੇ) ਤੋਂ ਸੰਤੁਸ਼ਟ ਨਹੀਂ ਹੁੰਦੀ ਤਾਂ ਬੈਂਕ ਦੀ ਡਬਲਯੂ ਡੀ ਆਰ ਸੀ ਤੁਹਾਨੂੰ ਵਿਲਫੁੱਲ ਡਿਫਾਲਟਰ ਵਰਗੀਕ੍ਰਿਤ ਕਰਨ ਸੰਬੰਧੀ ਹੁਕਮ ਪਾਸ ਕਰ ਦੇਵੇਗੀ ਅਤੇ ਡਬਲਯੂ ਡੀ ਆਰ ਸੀ ਵੱਲੋਂ ਅਜਿਹਾ ਵਰਗੀਕਰਨ, ਤੁਹਾਡੀ ਫੋਟੋ ਪ੍ਰਕਾਸ਼ਤ ਕੀਤੀ ਜਾਵੇਗੀ ਅਤੇ ਤੁਹਾਡਾ ਨਾਂਅ ਆਰ ਬੀ ਆਈ, ਸਿਬਲ ਅਤੇ ਹੋਰ ਕ੍ਰੈਡਿਟ ਇਨਫਰਮੇਸ਼ਨ ਕੰਪਨੀਆਂ ਨੂੰ ਆਰ ਬੀ ਆਈ ਦੇ ਦਿਸ਼ਾ-ਨਿਰਦੇਸ਼ਾਂ 'ਤੇ ਰਿਪੋਰਟ ਕੀਤਾ ਜਾਵੇਗਾ ਅਤੇ ਬੈਂਕ ਵੀ ਲਾਗੂ ਕਾਨੂੰਨ ਅਨੁਸਾਰ ਕਾਨੂੰਨੀ ਕਾਰਵਾਈ ਕਰੇਗਾ। ਇਹ ਜਾਣਕਾਰੀ ਬੈਂਕ ਦੀ ਵਿਲਫੁੱਲ ਡਿਫਾਲਟਰ ਪਛਾਣ ਕਮੇਟੀ ਵੱਲੋਂ ਜਾਰੀ ਕੀਤੀ ਗਈ।

ਬ੍ਰਾਂਚ ਮੈਨੇਜਰ
ਵਾਸਤੇ ਵਿਲਫੁੱਲ ਡਿਫਾਲਟਰ ਪਛਾਣ ਕਮੇਟੀ (ਡਬਲਯੂ ਡੀ ਆਈ ਸੀ)

